ਬੁੱਧਵਾਰ, 21 ਅਗਸਤ, 2024
6 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 80

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 21 AUGUST, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
nawan zamana TV

# ਮੋਦੀ ਸਰਕਾਰ ਬੈਕ ਮਾਰਨ ਲਈ ਮਜਬੂਰ

## ਲੋਕ ਰੋਹ ਤੋਂ ਬਾਅਦ ਯੂ ਪੀ ਐੱਸ ਸੀ ਵੱਲੋਂ ਅਫਸਰਾਂ ਦੀ ਸਿੱਧੀ ਭਰਤੀ ਦਾ ਇਸ਼ਤਿਹਾਰ ਵਾਪਸ

**ਨਵੀਂ ਦਿੱਲੀ** : ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ ਪੀ ਐੱਸ ਸੀ) ਨੇ ਕੇਂਦਰੀ ਮੰਤਰਾਲਿਆਂ ’ਚ ਅਫਸਰਾਂ ਦੀ ਬਿਨਾਂ ਰਿਜ਼ਰਵੇਸ਼ਨ ਦੇ ਲੇਟਰਲ ਐਂਟਰੀ (ਸਿੱਧੀ ਭਰਤੀ) ਲਈ ਜਾਰੀ ਇਸ਼ਤਿਹਾਰ ਵਾਪਸ ਲੈ ਲਿਆ ਹੈ। ਦੇਸ਼-ਭਰ ਵਿਚ ਹੋ ਰਹੇ ਤਿੱਖੇ ਵਿਰੋਧ ਦਰਮਿਆਨ ਕੇਂਦਰੀ ਅਮਲਾ ਰਾਜ ਮੰਤਰੀ ਜਤਿੰਦਰ ਸਿੰਘ ਨੇ ਯੂ ਪੀ ਐੱਸ ਸੀ ਦੀ ਚੇਅਰਪਰਸਨ ਪ੍ਰੀਤੀ ਸੂਦਨ ਨੂੰ ਪੱਤਰ ਲਿਖ ਕੇ ਇਸ਼ਤਿਹਾਰ ਰੱਦ ਕਰਨ ਲਈ ਕਿਹਾ ਸੀ ਤਾਂ ਜੋ ਕਮਜ਼ੋਰ ਵਰਗਾਂ ਨੂੰ ਸਰਕਾਰੀ ਸੇਵਾਵਾਂ ’ਚ ਉਨ੍ਹਾਂ ਦੀ ਬਣਦੀ ਨੁਮਾਇੰਦਗੀ ਮਿਲ ਸਕੇ। ਕਮਿਸ਼ਨ ਨੇ 17 ਅਗਸਤ ਨੂੰ 45 ਜਾਇੰਟ ਸੈਕਟਰੀਆਂ, ਡਾਇਰੈਕਟਰਾਂ ਅਤੇ ਡਿਪਟੀ ਸੈਕਟਰੀਆਂ ਦੀ ‘ਲੇਟਰਲ ਐਂਟਰੀ’ ਤਹਿਤ ਭਰਤੀ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਮੰਤਰੀ ਦੇ ਪੱਤਰ ਤੋਂ ਬਾਅਦ ਕਮਿਸ਼ਨ ਨੇ ਇਸ਼ਤਿਹਾਰ ਰੱਦ ਕਰਨ ਦਾ ਐਲਾਨ ਕੀਤਾ।

ਇਸ਼ਤਿਹਾਰ ਵਾਪਸ ਲੈਣ ਲਈ ਮਜਬੂਰ ਹੋਣ ਦੇ ਬਾਵਜੂਦ ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਕਮਿਸ਼ਨ ਨੂੰ ਲਿਖੇ ਪੱਤਰ ਵਿਚ ਸਾਬਤ ਕਰਨ ਦੀ




ਕੋਸ਼ਿਸ਼ ਕੀਤੀ ਹੈ ਕਿ ਲੇਟਰਲ ਐਂਟਰੀ ਦਾ ਸੁਝਾਅ 2005 ਵਿਚ ਗਠਿਤ ਦੂਜੇ ਪ੍ਰਸ਼ਾਸਨਕ ਸੁਧਾਰ ਕਮਿਸ਼ਨ ਨੇ ਦਿੱਤਾ ਸੀ, ਜਿਸਦੇ ਮੁਖੀ ਵੱਡੇ ਕਾਂਗਰਸੀ ਆਗੂ ਵੀਰੱਪਾ ਮੋਇਲੀ ਸਨ।

ਰਾਹੁਲ ਗਾਂਧੀ ਤੇ ਹੋਰ ਅਪੋਜ਼ੀਸ਼ਨ ਆਗੂਆਂ ਨੇ ਇਸ ਯੋਜਨਾ ਨੂੰ ਸੰਵਿਧਾਨ ਤੇ ਰਾਖਵਾਂਕਰਨ ਵਿਰੋਧੀ ਕਰਾਰ ਦਿੰਦਿਆਂ ਸਰਕਾਰ ਦੀ ਆਲੋਚਨਾ ਕੀਤੀ ਸੀ। ਹੁਕਮਰਾਨ ਐੱਨ ਡੀ ਏ ਵਿਚ ਸ਼ਾਮਲ ਜਨਤਾ ਦਲ (ਯੂ) ਤੇ ਲੋਕ ਜਨਸ਼ਕਤੀ (ਰਾਮ ਵਿਲਾਸ) ਨੇ ਵੀ ਵਿਰੋਧ ਕੀਤਾ ਸੀ। ਆਮ ਤੌਰ ’ਤੇ ਉਚ ਅਹੁਦਿਆਂ ’ਤੇ ਕੰਮ ਕਰ ਰਹੇ ਆਈ ਏ ਐੱਸ ਵਰਗੀਆਂ ਸੇਵਾਵਾਂ ਦੇ ਅਫਸਰਾਂ ਨੂੰ ਲਾਇਆ ਜਾਂਦਾ ਹੈ। ਇਸ ਵਿਚ ਉਨ੍ਹਾਂ ਨੂੰ ਤਰੱਕੀ ਵਿਚ ਰਿਜ਼ਰਵੇਸ਼ਨ ਦਾ ਲਾਭ ਮਿਲਦਾ ਹੈ। ਮੋਦੀ ਸਰਕਾਰ ਨੇ ਬੀਤੇ ਸਮੇਂ ਵਿਚ ਨਿੱਜੀ ਖੇਤਰ ਦੇ ਪੇਸ਼ੇਵਰਾਂ ਨੂੰ ਇਨ੍ਹਾਂ ਅਹੁਦਿਆਂ ’ਤੇ ਨਿਯੁਕਤ ਕੀਤਾ ਹੈ ਤੇ ਹੁਣ ਫਿਰ ਨਿਯੁਕਤ ਕਰਨ ਜਾ ਰਹੀ ਸੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਦਲਿਤ, ਆਦੀਵਾਸੀ, ਪੱਛੜੇ ਤੇ ਕਮਜ਼ੋਰ ਵਰਗਾਂ ਦੇ ਸਮਾਜੀ ਨਿਆਂ ਲਈ ਕਾਂਗਰਸ ਦੀ ਲੜਾਈ ਨੇ ਭਾਜਪਾ ਦੇ ਰਿਜ਼ਰਵੇਸ਼ਨ ਖੋਹਣ ਦੇ ਮਨਸੂਬਿਆਂ ’ਤੇ ਪਾਣੀ ਫੇਰ ਦਿੱਤਾ ਹੈ। ਮੋਦੀ ਸਰਕਾਰ ਦਾ ਪੱਤਰ ਦਰਸਾਉਂਦਾ ਹੈ ਕਿ ਤਾਨਾਸ਼ਾਹੀ ਸੱਤਾ ਦੇ ਹੰਕਾਰ ਨੂੰ ਸੰਵਿਧਾਨ ਦੀ ਤਾਕਤ ਹੀ ਹਰਾ ਸਕਦੀ ਹੈ। ਰਾਹੁਲ ਗਾਂਧੀ, ਕਾਂਗਰਸ ਤੇ ਇੰਡੀਆ ਗੱਠਜੋੜ ਵਿਚ ਸ਼ਾਮਲ ਪਾਰਟੀਆਂ ਦੀ ਮੁਹਿੰਮ ਕਾਰਨ ਸਰਕਾਰ ਇਕ ਕਦਮ ਪਿੱਛੇ ਹਟੀ ਹੈ ਪਰ ਜਦੋਂ ਤਕ ਭਾਜਪਾ-ਆਰ ਐੱਸ ਐੱਸ ਸੱਤਾ ਵਿਚ ਹੈ, ਉਹ ਰਿਜ਼ਰਵੇਸ਼ਨ ਖੋਹਣ ਦੇ ਨਵੇਂ-ਨਵੇਂ ਹਥਕੰਡੇ ਅਪਣਾਉਂਦੀ ਰਹੇਗੀ। ਸਭ ਨੂੰ ਸਾਵਧਾਨ ਰਹਿਣਾ ਪੈਣਾ ਹੈ। ਉਨ੍ਹਾ ਕਿਹਾ ਕਿ ਬੱਜਟ ਵਿਚ ਦਰਮਿਆਨ ਤਬਕੇ ’ਤੇ ਕੀਤਾ ਗਿਆ ਲੌਂਗ ਟਰਮ ਕੈਪੀਟਲ ਗੇਨ/ਇੰਡੈਕਸੇਸ਼ਨ ਵਾਲਾ ਹਮਲਾ ਹੋਵੇ, ਜਾਂ ਵਕਫ ਬਿੱਲ ਜੇ ਪੀ ਸੀ ਹਵਾਲੇ ਕਰਨਾ ਹੋਵੇ, ਜਾਂ ਫਿਰ ਪ੍ਰਸਾਰਨ ਬਿੱਲ ਨੂੰ ਠੰਢੇ ਬਸਤੇ ਵਿਚ ਪਾਉਣਾ ਹੋਵੇ, ਲੋਕਾਂ ਤੇ ਅਪੋਜ਼ੀਸ਼ਨ ਦੀ ਤਾਕਤ ਦੇਸ਼ ਨੂੰ ਮੋਦੀ ਸਰਕਾਰ ਤੋਂ ਬਚਾਅ ਰਹੀ ਹੈ।

## ਬੱਚੀਆਂ ਦੇ ਜਿਨਸੀ ਸ਼ੋਸ਼ਣ ’ਤੇ ਭੜਕੇ ਲੋਕ



**ਮੁੰਬਈ** : ਠਾਣੇ ਜ਼ਿਲ੍ਹੇ ਦੇ ਬਦਲਾਪੁਰ ’ਚ ਚਾਰ-ਚਾਰ ਸਾਲ ਦੀਆਂ ਦੋ ਬੱਚੀਆਂ ਦੇ ਕਥਿਤ ਜਿਨਸੀ ਸ਼ੋਸ਼ਣ ਦੇ ਵਿਰੋਧ ਵਿਚ ਭਾਰੀ ਭੀੜ ਦੀ ਪੁਲਸ ਨਾਲ ਝੜੱਪ ਹੋ ਗਈ। ਭੀੜ ਸਵੇਰੇ ਕਰੀਬ 8 ਵਜੇ ਬਦਲਾਪੁਰ ਦੇ ਰੇਲਵੇ ਸਟੇਸ਼ਨ ਦੀਆਂ ਪਟੜੀਆਂ ’ਤੇ ਆ ਗਈ। ਕੁਝ ਲੋਕਾਂ ਨੇ ਪੱਥਰ ਵੀ ਸੁੱਟੇ ਤੇ ਪੁਲਸ ਨੇ ਹੰਝੂ ਗੈਸ ਦੇ ਗੋਲੇ ਦਾਗੇ ਅਤੇ ਲਾਠੀਚਾਰਜ ਕੀਤਾ। ਲੋਕ ਗੁਨਾਹਗਾਰਾਂ ਨੂੰ ਸਖਤ ਸਜ਼ਾ ਦੀ ਮੰਗ ਕਰ ਰਹੇ ਸਨ।

ਬੱਚੀਆਂ ਦੇ ਮਾਂ-ਬਾਪ ਨੇ ਦੱਸਿਆ ਕਿ ਸਵੀਪਰ ਨੇ ਬੱਚੀਆਂ ਨੂੰ ਗਲਤ ਢੰਗ ਨਾਲ ਟੱਚ ਕੀਤਾ। ਇਸਦਾ ਪਤਾ ਉਦੋਂ ਲੱਗਾ ਜਦੋਂ ਇਕ ਬੱਚੀ ਨੇ ਗੁਪਤਾਂਗ ਵਿਚ ਦਰਦ ਦੀ ਸ਼ਿਕਾਇਤ ਕੀਤੀ। ਉਸਨੇ ਦੱਸਿਆ ਕਿ ਉਹ ਟਾਇਲਟ ਗਈ ਸੀ ਜਦੋਂ ਮੁਲਜ਼ਮ ਨੇ ਇਹ ਹਰਕਤ ਕੀਤੀ।

ਸਥਾਨਕ ਡਾਕਟਰ ਤੋਂ ਜਾਂਚ ਕਰਾਈ ਤਾਂ ਉਸਨੇ ਦੱਸਿਆ ਕਿ ਬੱਚੀ ਨਾਲ ਗਲਤ ਹੋਇਆ ਹੈ। ਇਸਦੇ ਬਾਅਦ ਪੁਲਸ ਨੇ ਪੋਕਸੋ ਵਿਚ ਕੇਸ ਦਰਜ ਕਰਕੇ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ। ਪੂਰੇ ਮਾਮਲੇ ਵਿਚ ਸਕੂਲ ਮੈਨੇਜਮੈਂਟ ਨੇ ਪ੍ਰਿੰਸੀਪਲ, ਟੀਚਰ ਤੇ ਮਹਿਲਾ ਅਟੈਂਡੈਂਟ ਨੂੰ ਮੁਅੱਤਲ ਕਰ ਦਿੱਤਾ ਅਤੇ ਮੁਆਫੀ ਵੀ ਮੰਗੀ। ਉਪ ਮੁੱਖ ਮੰਤਰੀ ਦਵਿੰਦਰ ਫੜਨਵੀਸ, ਜਿਨ੍ਹਾ ਕੋਲ ਗ੍ਰਿਹ ਮੰਤਰਾਲਾ ਵੀ ਹੈ, ਨੇ ਜਾਂਚ ਲਈ ਸਪੈਸ਼ਲ ਟਾਸਕ ਫੋਰਸ ਬਣਾ ਦਿੱਤੀ ਹੈ। ਮੁੱਖ ਮੰਤਰੀ ਸ਼ਿੰਦੇ ਨੇ ਕਿਹਾ ਕਿ ਗੁਨਾਹਗਾਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ।

## ਅਜਮੇਰ ਜਬਰ-ਜਨਾਹ ਕੇਸ ’ਚ 6 ਦੋਸ਼ੀਆਂ ਨੂੰ ਉਮਰ ਕੈਦ

**ਅਜਮੇਰ** : ਇੱਥੇ 100 ਵਿਦਿਆਰਥਣਾਂ ਨਾਲ ਸਮੂਹਕ ਜਬਰ ਜਨਾਹ ਅਤੇ ਬਲੈਕਮੇਲ ਦੇ ਮਾਮਲੇ ’ਚ ਮੰਗਲਵਾਰ ਵਿਸ਼ੇਸ਼ ਪੋਕਸੋ ਅਦਾਲਤ ਨੇ ਛੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ। ਉਨ੍ਹਾਂ ’ਤੇ 5-5 ਲੱਖ ਰੁਪਏ ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। ਨਫੀਸ ਚਿਸ਼ਤੀ, ਨਸੀਮ, ਸਲੀਮ ਚਿਸ਼ਤੀ, ਸੋਹਿਤ ਗਨੀ, ਸਈਦ ਜ਼ਮੀਰ ਹੁਸੈਨ ਅਤੇ ਇਕਬਾਲ ਭਾਟੀ ਨੂੰ ਸਜ਼ਾ ਸੁਣਾਈ ਗਈ ਹੈ। 1992 ਦੀ ਘਟਨਾ ’ਚ 100 ਤੋਂ ਵੱਧ ਸਕੂਲ ਤੇ ਕਾਲਜ ਦੀਆਂ ਵਿਦਿਆਰਥਣਾਂ ਸ਼ਿਕਾਰ ਹੋਈਆਂ ਸਨ। 18 ਦੋਸ਼ੀਆਂ ਵਿੱਚੋਂ 9 ਨੂੰ ਪਹਿਲਾਂ ਹੀ ਸਜ਼ਾ ਸੁਣਾਈ ਜਾ ਚੁੱਕੀ ਹੈ। ਇਕ ਦੋਸ਼ੀ ਦੂਜੇ ਮਾਮਲੇ ’ਚ ਜੇਲ੍ਹ ’ਚ ਸਜ਼ਾ ਕੱਟ ਰਿਹਾ ਹੈ। ਇੱਕ ਨੇ ਖ਼ੁਦਕੁਸ਼ੀ ਕਰ ਲਈ ਸੀ। ਵਾਰਦਾਤ ਦਾ ਖੁਲਾਸਾ ਹੋਣ ਤੋਂ ਬਾਅਦ ਇੱਕ ਫਰਾਰ ਹੋ ਗਿਆ ਸੀ। ਵਿਦਿਆਰਥਣਾਂ ਨੂੰ ਲਾਲਚ ਦੇ ਕੇ ਨੰਗੀਆਂ ਤਸਵੀਰਾਂ ਖਿੱਚੀਆਂ ਗਈਆਂ ਸਨ। ਇਸ ਤੋਂ ਬਾਅਦ ਉਨ੍ਹਾਂ ਨੂੰ ਬਲੈਕਮੇਲ ਕਰ ਕੇ ਜਬਰ ਜਨਾਹ ਕੀਤਾ ਗਿਆ। ਇਸ ਮਾਮਲੇ ’ਚ ਅਜਮੇਰ ਯੂਥ ਕਾਂਗਰਸ ਦਾ ਪ੍ਰਧਾਨ ਫਾਰੂਕ ਚਿਸ਼ਤੀ ਅਤੇ ਅਨਵਰ ਚਿਸ਼ਤੀ ਵੀ ਮੁਲਜ਼ਮ ਸਨ।

### ਫੋਗਾਟ ਚੋਣ ਲੜ ਸਕਦੀ ?



**ਨਵੀਂ ਦਿੱਲੀ** : ਭਲਵਾਨ ਵਿਨੇਸ਼ ਫੋਗਾਟ ਦੇ ਹਰਿਆਣਾ ਵਿਧਾਨ ਸਭਾ ਚੋਣਾਂ ਲੜਨ ਦੀ ਸੰਭਾਵਨਾ ਹੈ। ਹਾਲਾਂਕਿ ਉਸ ਨੇ ਪਹਿਲਾਂ ਕਿਹਾ ਸੀ ਕਿ ਉਹ ਸਰਗਰਮ ਰਾਜਨੀਤੀ ’ਚ ਨਹੀਂ ਆਵੇਗੀ, ਪਰ ਤਾਜ਼ਾ ਰਿਪੋਰਟ ਅਨੁਸਾਰ ਕੁਝ ਸਿਆਸੀ ਪਾਰਟੀਆਂ ਉਸ ਨੂੰ ਮਨਾਉਣ ਦੀ ਪੂਰੀ ਕੋਸ਼ਿਸ਼ ਕਰ ਰਹੀਆਂ ਹਨ।

### ਯੁਵਰਾਜ ’ਤੇ ਫਿਲਮ ਬਣੇਗੀ



**ਮੁੰਬਈ** : ਭੂਸ਼ਣ ਕੁਮਾਰ ਦੀ ਪ੍ਰੋਡਕਸ਼ਨ ਕੰਪਨੀ ਟੀ-ਸੀਰੀਜ਼ ਨੇ ਸਾਬਕਾ ਭਾਰਤੀ ਕ੍ਰਿਕਟਰ ਯੁਵਰਾਜ ਸਿੰਘ ’ਤੇ ਫਿਲਮ ਬਣਾਉਣ ਦਾ ਐਲਾਨ ਕੀਤਾ ਹੈ। ਫਿਲਮ ਦਾ ਨਾਂਅ ਹਾਲੇ ਤੈਅ ਨਹੀਂ ਹੋਇਆ ਹੈ। ਫਿਲਮ ਯੁਵਰਾਜ ਸਿੰਘ ਦੇ ਕ੍ਰਿਕਟ ਕਰੀਅਰ ਅਤੇ ਨਿੱਜੀ ਜ਼ਿੰਦਗੀ ਦੇ ਅਹਿਮ ਪਲਾਂ ਨੂੰ ਦਿਖਾਏਗੀ। ਇਸ ਦੀ ਕਹਾਣੀ 2007 ਦੇ ਟੀ-20 ਵਿਸ਼ਵ ਕੱਪ ’ਚ ਛੇ ਗੇਂਦਾਂ ’ਤੇ ਛੱਕੇ ਮਾਰਨ, ਕੈਂਸਰ ਨਾਲ ਲੜਾਈ ਤੇ ਫੇਰ ਕ੍ਰਿਕਟ ਦੁਨੀਆ ’ਚ ਪਰਤਣ ਦੇ ਦੁਆਲੇ ਘੁੰਮੇਗੀ।

### ਯੇਚੁਰੀ ਦੀ ਹਾਲਤ ’ਚ ਸੁਧਾਰ



**ਨਵੀਂ ਦਿੱਲੀ** : ਛਾਤੀ ਦੀ ਲਾਗ ਕਾਰਨ ਏਮਜ਼ ’ਚ ਦਾਖਲ ਸੀ ਪੀ ਆਈ (ਐੱਮ) ਦੇ 72 ਸਾਲਾ ਜਨਰਲ ਸਕੱਤਰ ਸੀਤਾਰਾਮ ਯੇਚੁਰੀ ਦੀ ਹਾਲਤ ’ਚ ਸੁਧਾਰ ਹੋ ਰਿਹਾ ਹੈ। ਯੇਚੁਰੀ ਨੂੰ 19 ਅਗਸਤ ਨੂੰ ਦਾਖਲ ਕਰਵਾਇਆ ਗਿਆ ਸੀ।

### ਕਿਰਨ ਚੌਧਰੀ ਦਾ ਅਸਤੀਫਾ



**ਚੰਡੀਗੜ੍ਹ** : ਸਾਬਕਾ ਮੁੱਖ ਮੰਤਰੀ ਬੰਸੀ ਲਾਲ ਦੀ ਨੂੰਹ ਕਿਰਨ ਚੌਧਰੀ ਨੇ ਹਰਿਆਣਾ ਵਿਧਾਨ ਸਭਾ ਤੋਂ ਅਸਤੀਫਾ ਸਪੀਕਰ ਗਿਆਨ ਚੰਦ ਗੁਪਤਾ ਨੂੰ ਸੌਂਪ ਦਿੱਤਾ ਹੈ। ਰਿਪੋਰਟਾਂ ਮੁਤਾਬਕ ਉਨ੍ਹਾ ਨੂੰ ਭਾਜਪਾ ਵੱਲੋਂ ਰਾਜ ਸਭਾ ਉਮੀਦਵਾਰ ਵਜੋਂ ਨਾਮਜ਼ਦ ਕੀਤਾ ਜਾ ਸਕਦਾ ਹੈ। ਤੋਸ਼ਾਮ ਤੋਂ ਵਿਧਾਇਕ 69 ਸਾਲਾ ਕਿਰਨ ਚੌਧਰੀ ਆਪਣੀ ਧੀ ਸ਼ਰੂਤੀ ਨਾਲ ਕਾਂਗਰਸ ਤੋਂ ਅਸਤੀਫਾ ਦੇ ਕੇ ਜੂਨ ’ਚ ਆਮ ਚੋਣਾਂ ਤੋਂ ਪਹਿਲਾਂ ਭਾਜਪਾ ’ਚ ਸ਼ਾਮਲ ਹੋ ਗਈ ਸੀ।

### ਕਸ਼ਮੀਰ ’ਚ ਭੂਚਾਲ ਦੇ ਦੋ ਝਟਕੇ

**ਸ੍ਰੀਨਗਰ** : ਮੰਗਲਵਾਰ ਸਵੇਰੇ ਇਕ ਤੋਂ ਬਾਅਦ ਇਕ ਭੂਚਾਲ ਦੇ ਦੋ ਝਟਕਿਆਂ ਨਾਲ ਲੋਕਾਂ ’ਚ ਦਹਿਸ਼ਤ ਫੈਲ ਗਈ। ਜਾਨ-ਮਾਲ ਦੇ ਨੁਕਸਾਨ ਦੀ ਖਬਰ ਨਹੀਂ ਸੀ। ਪਹਿਲਾ ਝਟਕਾ ਸਵੇਰੇ 6.45 ਵਜੇ ਮਹਿਸੂਸ ਕੀਤਾ ਗਿਆ, ਜਿਸ ਦੀ ਸ਼ਿੱਦਤ ਰਿਕਟਰ ਪੈਮਾਨੇ ’ਤੇ 4.9 ਦਰਜ ਕੀਤੀ ਗਈ। ਭੂਚਾਲ ਦਾ ਕੇਂਦਰ ਉੱਤਰੀ ਕਸ਼ਮੀਰ ਦੇ ਬਾਰਾਮੂਲਾ ਜ਼ਿਲ੍ਹੇ ’ਚ ਜ਼ਮੀਨ ਤੋਂ ਪੰਜ ਕਿਲੋਮੀਟਰ ਦੀ ਡੂੰਘਾਈ ’ਚ ਸੀ। ਦੂਜਾ ਝਟਕਾ ਸਵੇਰੇ 6.52 ਵਜੇ ਮਹਿਸੂਸ ਕੀਤਾ ਗਿਆ, ਜਿਸ ਦੀ ਸ਼ਿੱਦਤ 4.8 ਦਰਜ ਕੀਤੀ ਗਈ। ਇਸ ਦਾ ਕੇਂਦਰ ਵੀ ਬਾਰਾਮੂਲਾ ’ਚ ਜ਼ਮੀਨ ਤੋਂ 10 ਕਿਲੋਮੀਟਰ ਦੀ ਡੂੰਘਾਈ ’ਚ ਸੀ।

### ਆਟੋ ਟਰੱਕ ’ਚ ਵੱਜਾ, 7 ਮੌਤਾਂ

**ਛਤਰਪੁਰ** : ਮੱਧ ਪ੍ਰਦੇਸ਼ ਦੇ ਛਤਰਪੁਰ ਜ਼ਿਲ੍ਹੇ ’ਚ ਮੰਗਲਵਾਰ ਸਵੇਰੇ ਆਟੋ-ਰਿਕਸ਼ਾ ਸੜਕ ਕੰਢੇ ਖੜ੍ਹੇ ਟਰੱਕ ਨਾਲ ਟਕਰਾਉਣ ਕਰਕੇ ਇੱਕ ਸਾਲ ਦੇ ਬੱਚੇ ਸਮੇਤ 7 ਵਿਅਕਤੀਆਂ ਦੀ ਮੌਤ ਹੋ ਗਈ ਅਤੇ 6 ਜ਼ਖਮੀ ਹੋ ਗਏ। ਹਾਦਸਾ ਸਿਵਲ ਲਾਈਨ ਥਾਣਾ ਖੇਤਰ ’ਚ ਹੋਇਆ, ਜਦੋਂ ਸਵੇਰੇ ਕਰੀਬ 5 ਵਜੇ ਆਟੋ-ਰਿਕਸ਼ਾ ਖਜੂਰਾਹੋ-ਝਾਂਸੀ ਹਾਈਵੇਅ ’ਤੇ ਬਾਗੇਸ਼ਵਰ ਵੱਲ ਜਾ ਰਿਹਾ ਸੀ। ਉਸ ’ਚ 13 ਜਣੇ ਸਫਰ ਕਰ ਰਹੇ ਸਨ।

## ਸੁਪਰੀਮ ਕੋਰਟ ਨੇ ਬੰਗਾਲ ਸਰਕਾਰ ਨੂੰ ਝਾੜਿਆ

**ਨਵੀਂ ਦਿੱਲੀ** : ਕੋਲਕਾਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ ’ਚ ਡਾਕਟਰ ਨਾਲ ਬਲਾਤਕਾਰ ਅਤੇ ਹੱਤਿਆ ਦੀ ਘਟਨਾ ਨੂੰ ਭਿਆਨਕ ਕਰਾਰ ਦਿੰਦਿਆਂ ਸੁਪਰੀਮ ਕੋਰਟ ਨੇ ਮੰਗਲਵਾਰ ਪੱਛਮੀ ਬੰਗਾਲ ਸਰਕਾਰ ਨੂੰ ਮਾਮਲੇ ’ਚ ਐੱਫ ਆਈ ਆਰ ਦਰਜ ਕਰਨ ’ਚ ਦੇਰ ਲਈ ਝਾੜਿਆ। ਇਸ ਦੇ ਨਾਲ ਸੁਪਰੀਮ ਕੋਰਟ ਨੇ ਪ੍ਰਦਰਸ਼ਨ ਕਰ ਰਹੇ ਡਾਕਟਰਾਂ ਨੂੰ ਕੰਮ ’ਤੇ ਪਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਡਾਕਟਰਾਂ ਅਤੇ ਸਿਹਤ ਪੇਸ਼ੇਵਰਾਂ ਦੀ ਸੁਰੱਖਿਆ ਅਤੇ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਕੌਮੀ ਪ੍ਰੋਟੋਕੋਲ ਤਿਆਰ ਕਰਨ ਲਈ 10 ਮੈਂਬਰੀ ਟਾਸਕ ਫੋਰਸ ਕਾਇਮ ਕੀਤੀ ਗਈ ਹੈ। ਇਹ ਟਾਸਕ ਫੋਰਸ ਆਪਣੀ ਅੰਤਰਮ ਰਿਪੋਰਟ ਤਿੰਨ ਹਫਤਿਆਂ ’ਚ ਅਤੇ ਅੰਤਮ ਰਿਪੋਰਟ ਦੋ ਮਹੀਨਿਆਂ ’ਚ ਸੌਂਪੇਗੀ। ਮਾਮਲੇ ਦਾ ਖੁਦ ਨੋਟਿਸ ਲੈਂਦਿਆਂ ਸੁਪਰੀਮ ਕੋਰਟ ਨੇ ਕਿਹਾ ਕਿ ਇਹ ਘਟਨਾ ਪੂਰੇ ਭਾਰਤ ’ਚ ਡਾਕਟਰਾਂ ਦੀ ਸੁਰੱਖਿਆ ਨਾਲ ਸੰਬੰਧਤ ਹੈ। ਅਦਾਲਤ ਨੇ ਸੀ ਆਈ ਐੱਸ ਐੱਫ ਨੂੰ ਆਰ ਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ’ਚ ਸੁਰੱਖਿਆ ਮੁਹੱਈਆ ਕਰਾਉਣ ਦਾ ਹੁਕਮ ਦਿੱਤਾ। ਡਾਕਟਰ ਬਲਾਤਕਾਰ ਤੇ ਹੱਤਿਆ ਨਾਲ ਸੰਬੰਧਤ ਪਟੀਸ਼ਨਾਂ ’ਤੇ ਸੁਣਵਾਈ 22 ਅਗਸਤ ਨੂੰ ਹੋਵੇਗੀ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਜੇ ਔਰਤਾਂ ਕੰਮ ’ਤੇ ਨਹੀਂ ਜਾ ਸਕਦੀਆਂ ਅਤੇ ਕੰਮ ਕਰਨ ਦੀਆਂ ਸਥਿਤੀਆਂ ਸੁਰੱਖਿਅਤ ਨਹੀਂ ਹਨ, ਤਾਂ ਅਸੀਂ ਉਨ੍ਹਾਂ ਨੂੰ ਬਰਾਬਰੀ ਦੇਣ ਤੋਂ ਇਨਕਾਰ ਕਰ ਰਹੇ ਹਾਂ। ਐੱਫ ਆਈ ਆਰ ਦਰਜ ਕਰਨ ’ਚ ਦੇਰੀ ਲਈ ਪੱਛਮੀ ਬੰਗਾਲ ਸਰਕਾਰ ਦੀ ਆਲੋਚਨਾ ਕਰਦੇ ਹੋਏ ਸੁਪਰੀਮ ਕੋਰਟ ਨੇ ਪੁੱਛਿਆ ਕਿ ਹਸਪਤਾਲ ਦੇ ਅਧਿਕਾਰੀ ਕੀ ਕਰ ਰਹੇ ਸਨ? ਬੈਂਚ, ਜਿਸ ’ਚ ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਵੀ ਸ਼ਾਮਲ ਸਨ, ਨੇ ਕਿਹਾ-ਅਜਿਹਾ ਲੱਗਦਾ ਹੈ ਕਿ ਇਸ ਅਪਰਾਧ ਦਾ ਤੜਕੇ ਪਤਾ ਲੱਗਾ, ਪਰ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਨੇ ਇਸ ਨੂੰ ਖੁਦਕੁਸ਼ੀ ਕਹਿਣ ਦੀ ਕੋਸ਼ਿਸ਼ ਕੀਤੀ। ਬੈਂਚ ਨੇ ਕੋਲਕਾਤਾ ਪੁਲਸ ਨੂੰ ਵੀ ਝਾੜਿਆ ਅਤੇ ਪੁੱਛਿਆ ਕਿ ਹਜ਼ਾਰਾਂ ਲੋਕਾਂ ਦੀ ਭੀੜ ਆਰ ਜੀ ਮੈਡੀਕਲ ਕਾਲਜ ’ਚ ਕਿਵੇਂ ਦਾਖਲ ਹੋ ਗਈ? ਉਸ ਨੇ ਸਵਾਲ ਕੀਤਾ ਕਿ ਜਦੋਂ ਹਸਪਤਾਲ ਦੇ ਪ੍ਰਿੰਸੀਪਲ ਦਾ ਚਾਲ-ਚਲਣ ਜਾਂਚ ਦੇ ਘੇਰੇ ’ਚ ਹੈ ਤਾਂ ਉਸ ਨੂੰ ਤੁਰੰਤ ਕਿਸੇ ਹੋਰ ਕਾਲਜ ’ਚ ਕਿਵੇਂ ਨਿਯੁਕਤ ਕੀਤਾ ਗਿਆ।



### ਮਾਨ ਨੇ ਹਜ਼ੂਰ ਸਾਹਿਬ ਮੱਥਾ ਟੇਕਿਆ

ਨਾਂਦੇੜ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਤਖਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੀ ਤਰੱਕੀ ਤੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਅਰਦਾਸ ਕੀਤੀ।ਮੁੱਖ ਮੰਤਰੀ ਬੁੱਧਵਾਰ ਮੁੰਬਈ ’ਚ ਉੱਘੇ ਉਦਯੋਗਪਤੀਆਂ ਅਤੇ ਬਾਲੀਵੁੱਡ ਸਿਤਾਰਿਆਂ ਨਾਲ ਮੁਲਾਕਾਤ ਕਰਨਗੇ।

## ਵਿਦਿਆਰਥੀ ਦੀ ਲਾਸ਼ ਮਿਲੀ

**ਕੋਟਾ (ਰਾਜਸਥਾਨ)** : ਇਥੇ ਕੋਚਿੰਗ ਲੈ ਰਹੇ 18 ਸਾਲਾ ਵਿਦਿਆਰਥੀ ਦੀ ਸੋਮਵਾਰ ਹੋਸਟਲ ਦੇ ਬਾਥਰੂਮ ’ਚ ਸ਼ੱਕੀ ਹਾਲਤ ’ਚ ਲਾਸ਼ ਮਿਲੀ ਪਰ ਮਾਪਿਆਂ ਨੇ ਕੇਸ ਦਰਜ ਨਹੀਂ ਕਰਵਾਇਆ ਤੇ ਪੋਸਟਮਾਰਟਮ ਕਰਵਾਉਣ ਤੋਂ ਵੀ ਇਨਕਾਰ ਕਰ ਦਿੱਤਾ, ਜਿਸ ਤੋਂ ਬਾਅਦ ਲਾਸ਼ ਨੂੰ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਯੂ ਪੀ ਦੇ ਪ੍ਰਯਾਗਰਾਜ ਦੇ ਰਹਿਣ ਵਾਲੇ ਕੁਸ਼ਾਗਰ ਰਸਤੋਗੀ ਵਜੋਂ ਹੋਈ ਹੈ, ਜੋ ਜਵਾਹਰ ਨਗਰ ਖੇਤਰ ਦੇ ਹੋਸਟਲ ’ਚ ਆਪਣੀ ਮਾਂ ਨਾਲ ਰਹਿ ਰਿਹਾ ਸੀ। ਅਪਰੈਲ ’ਚ ਰਸਤੋਗੀ ਕੋਚਿੰਗ ਇੰਸਟੀਚਿਊਟ ’ਚ ਇੰਜਨੀਅਰਿੰਗ ਕੋਰਸ ’ਚ ਦਾਖਲੇ ਲਈ ਤਿਆਰੀ ਕਰਨ ਵਾਸਤੇ ਦਾਖਲ ਹੋਇਆ ਸੀ ਅਤੇ ਹੋਸਟਲ ਵਿੱਚ ਰਹਿਣ ਲੱਗ ਪਿਆ ਸੀ।

## ਖੜਗੇ ਤੇ ਰਾਹੁਲ ਅੱਜ ਤੋਂ ਦੋ ਦਿਨ ਜੰਮੂ-ਕਸ਼ਮੀਰ ’ਚ

**ਨਵੀਂ ਦਿੱਲੀ** : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ 21 ਅਤੇ 22 ਅਗਸਤ ਨੂੰ ਜੰਮੂ ਅਤੇ ਸ੍ਰੀਨਗਰ ਦਾ ਦੌਰਾ ਕਰਨਗੇ। ਦੋਵੇਂ ਆਗੂਆਂ ਵੱਲੋਂ ਇਹ ਦੌਰਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕੀਤਾ ਜਾਵੇਗਾ। ਖੜਗੇ ਅਤੇ ਰਾਹੁਲ ਗਾਂਧੀ ਨੇ ਸੋਮਵਾਰ ਚਾਰ ਰਾਜਾਂ, ਜਿਥੇ ਇਸ ਸਾਲ ਵਿਧਾਨ ਸਭਾ ਚੋਣਾਂ ਹੋਣੀਆਂ ਹਨ, ਦੇ ਜਨਰਲ ਸਕੱਤਰਾਂ, ਇੰਚਾਰਜਾਂ ਅਤੇ ਸਕ੍ਰੀਨਿੰਗ ਕਮੇਟੀ ਦੇ ਮੈਂਬਰਾਂ ਨਾਲ ਮੁਲਾਕਾਤ ਕੀਤੀ, ਜਿਸ ਤੋਂ ਬਾਅਦ ਇਸ ਦੌਰੇ ਸੰਬੰਧੀ ਫੈਸਲਾ ਕੀਤਾ ਗਿਆ।

### ਕੇਜਰੀਵਾਲ ਦੀ ਹਿਰਾਸਤ ਵਧੀ

**ਨਵੀਂ ਦਿੱਲੀ** : ਦਿੱਲੀ ਦੀ ਅਦਾਲਤ ਨੇ ਸੀ ਬੀ ਆਈ ਵੱਲੋਂ ਦਰਜ ਭ੍ਰਿਸ਼ਟਾਚਾਰ ਦੇ ਮਾਮਲੇ ’ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਂਇਕ ਹਿਰਾਸਤ ਦੀ ਮਿਆਦ 27 ਅਗਸਤ ਤੱਕ ਵਧਾ ਦਿੱਤੀ ਹੈ। ਕਥਿਤ ਆਬਕਾਰੀ ਘੁਟਾਲੇ ਦੇ ਸੰਬੰਧ ’ਚ ਆਮ ਆਦਮੀ ਪਾਰਟੀ ਦੇ ਆਗੂ ਨੂੰ ਪਹਿਲਾਂ ਦਿੱਤੀ ਗਈ ਨਿਆਂਇਕ ਹਿਰਾਸਤ ਦੀ ਮਿਆਦ ਖਤਮ ਹੋਣ ’ਤੇ ਵੀਡੀਓ ਕਾਨਫਰੰਸ ਰਾਹੀਂ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਸ ’ਤੇ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਕੇਜਰੀਵਾਲ ਦੀ ਹਿਰਾਸਤ ਵਿਚ ਵਾਧਾ ਕਰ ਦਿੱਤਾ।

## ਇੱਕ ਓਵਰ ’ਚ 39 ਦੌੜਾਂ



**ਅਪੀਆ (ਸਮੋਆ)** : ਸਮੋਆ ਦੇ ਮੱਧਕ੍ਰਮ ਦੇ ਬੱਲੇਬਾਜ਼ ਡੇਰਿਅਸ ਵਿਸਰ ਨੇ ਮੰਗਲਵਾਰ ਰਾਜਧਾਨੀ ਅਪੀਆ ’ਚ ਟੀ-20 ਵਿਸ਼ਵ ਕੱਪ ਈਸਟ ਏਸ਼ੀਆ ਪੈਸੀਫਿਕ ਜ਼ੋਨ ਕੁਆਲੀਫਾਇਰ ’ਚ ਵੈਨੂਆਟੂ ਖਿਲਾਫ ਇਕ ਓਵਰ ’ਚ 39 ਦੌੜਾਂ ਬਣਾ ਕੇ ਟੀ-20 ਕੌਮਾਂਤਰੀ ਕ੍ਰਿਕਟ ’ਚ ਨਵਾਂ ਰਿਕਾਰਡ ਬਣਾਇਆ। ਇਸ ਨਾਲ ਭਾਰਤੀ ਬੱਲੇਬਾਜ਼ ਯੁਵਰਾਜ ਸਿੰਘ ਵੱਲੋਂ 17 ਸਾਲ ਪਹਿਲਾਂ ਬਣਾਇਆ ਗਿਆ 36 ਦੌੜਾਂ ਦਾ ਰਿਕਾਰਡ ਟੁੱਟ ਗਿਆ। ਵਿਸਰ ਨੇ ਤੇਜ਼ ਗੇਂਦਬਾਜ਼ ਨਲਿਨ ਨਿਪਿਕੋ ਦੇ ਇਕ ਓਵਰ ’ਚ ਛੇ ਛੱਕੇ ਜੜੇ। ਇਸ ਓਵਰ ’ਚ ਤਿੰਨ ਨੋ ਬਾਲ ਵੀ ਸ਼ਾਮਲ ਸਨ, ਜਿਸ ਨਾਲ ਇਹ ਟੀ-20 ਕੌਮਾਂਤਰੀ ਕ੍ਰਿਕਟ ’ਚ ਇੱਕ ਓਵਰ ’ਚ ਸਭ ਤੋਂ ਵੱਧ ਦੌੜਾਂ ਬਣਾਉਣ ਦਾ ਨਵਾਂ ਰਿਕਾਰਡ ਬਣ ਗਿਆ। ਇਸ 28 ਸਾਲਾ ਬੱਲੇਬਾਜ਼ ਦਾ ਇਹ ਸਿਰਫ ਤੀਜਾ ਟੀ-20 ਮੈਚ ਸੀ। ਉਸ ਨੇ 62 ਗੇਂਦਾਂ ’ਚ ਪੰਜ ਚੌਕਿਆਂ ਅਤੇ 14 ਛੱਕਿਆਂ ਦੀ ਮਦਦ ਨਾਲ 132 ਦੌੜਾਂ ਬਣਾਈਆਂ। ਯੁਵਰਾਜ ਸਿੰਘ, ਵੈਸਟਇੰਡੀਜ਼ ਦੇ ਕੀਰੋਨ ਪੋਲਾਰਡ ਅਤੇ ਨੇਪਾਲ ਦੇ ਆਲਰਾਊਂਡਰ ਦੀਪੇਂਦਰ ਸਿੰਘ ਐਰੀ ਨੇ ਇੱਕ ਓਵਰ ’ਚ ਛੇ ਛੱਕੇ ਜੜੇ ਸਨ। ਯੁਵਰਾਜ ਨੇ 2007 ਦੇ ਟੀ-20 ਵਿਸ਼ਵ ਕੱਪ ਮੈਚ ’ਚ ਇੰਗਲੈਂਡ ਦੇ ਸਟੂਅਰਟ ਬ੍ਰਾਡ ਨੂੰ ਇੱਕ ਓਵਰ ’ਚ ਛੇ ਛੱਕੇ ਜੜੇ, ਪੋਲਾਰਡ ਨੇ 2021 ’ਚ ਸ੍ਰੀਲੰਕਾ ਦੇ ਅਕੀਲਾ ਦਾਨੰਜਯਾ ਨੂੰ 6 ਛੱਕੇ ਅਤੇ ਐਰੀ ਨੇ ਅਪਰੈਲ ’ਚ 6 ਛੱਕੇ ਜੜੇ ਸਨ। ਇਕ ਦਿਨਾ ਕੌਮਾਂਤਰੀ ਮੈਚਾਂ ਵਿਚ ਇਕ ਓਵਰ ’ਚ 36 ਦੌੜਾਂ ਦਾ ਰਿਕਾਰਡ ਦੱਖਣੀ ਅਫਰੀਕਾ ਦੇ ਹਰਸ਼ਿਲ ਗਿਬਜ਼ ਤੇ ਅਮਰੀਕਾ ਦੇ ਜਸਕਰਨ ਮਲਹੋਤਰਾ ਦੇ ਨਾਂਅ ਹੈ।

## ਪੀੜਤਾ ਦਾ ਨਾਂ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਹਟਾਉਣ ਦਾ ਹੁਕਮ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਕੋਲਕਾਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ ’ਚ ਬਲਾਤਕਾਰ ਮਗਰੋਂ ਕਤਲ ਕੀਤੀ ਗਈ ਸਿਖਿਆਰਥਣ ਡਾਕਟਰ ਦਾ ਨਾਂਅ, ਫੋਟੋਆਂ ਅਤੇ ਵੀਡੀਓਜ਼ ਨੂੰ ਸਾਰੇ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਹਟਾਉਣ ਦਾ ਹੁਕਮ ਦਿੱਤਾ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਜਿਨਸੀ ਸ਼ੋਸ਼ਣ ਦਾ ਸ਼ਿਕਾਰ ਹੋਈ ਲੜਕੀ ਦੀ ਪਛਾਣ ਦਾ ਖੁਲਾਸਾ ਨਿਪੁਨ ਸਕਸੈਨਾ ਮਾਮਲੇ ’ਚ ਦਿੱਤੇ ਹੁਕਮਾਂ ਦੀ ਉਲੰਘਣਾ ਹੈ। ਬੈਂਚ ਵਕੀਲ ਕਿੰਨੋਰੀ ਘੋਸ਼ ਅਤੇ ਹੋਰਾਂ ਦੁਆਰਾ ਸੋਸ਼ਲ ਮੀਡੀਆ ’ਤੇ ਪੀੜਤ ਡਾਕਟਰ ਦੀ ਪਛਾਣ ਦੇ ਖੁਲਾਸੇ ਵਿਰੁੱਧ ਦਾਇਰ ਪਟੀਸ਼ਨ ’ਤੇ ਸੁਣਵਾਈ ਕਰ ਰਹੀ ਸੀ। ਇਸ ਤੋਂ ਪਹਿਲਾਂ ਸਵੇਰੇ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਇਹ ਡੂੰਘੀ ਚਿੰਤਾ ਦਾ ਵਿਸ਼ਾ ਹੈ ਕਿ ਜਿਸ ਦਾ ਬਲਾਤਕਾਰ ਅਤੇ ਕਤਲ ਕੀਤਾ ਗਿਆ ਉਸ ਦਾ ਨਾਂਅ ਸ਼ੋਸ਼ਲ ਮੀਡੀਆ ’ਤੇ ਜ਼ਾਹਰ ਕੀਤਾ ਗਿਆ।

### ਡੁੱਬ ਗਈ ਦਿੱਲੀ



**ਨਵੀਂ ਦਿੱਲੀ** : ਉੱਤਰੀ-ਪੱਛਮੀ ਦਿੱਲੀ ’ਚ ਮੰਗਲਵਾਰ ਸਵੇਰੇ ਮੀਂਹ ਕਾਰਨ ਮਿੰਟੋ ਬ੍ਰਿਜ ਅੰਡਰਪਾਸ ’ਤੇ ਪਾਣੀ ਭਰਨ ਕਾਰਨ ਫਸੀ ਸਕੂਲੀ ਬੱਸ ’ਚੋਂ ਤਿੰਨ ਬੱਚਿਆਂ ਨੂੰ ਸੁਰੱਖਿਅਤ ਕੱਢ ਲਿਆ ਗਿਆ।

ਇੱਕ ਆਟੋ ਰਿਕਸ਼ਾ ਵੀ ਅੰਡਰਪਾਸ ’ਚ ਫਸ ਗਿਆ। ਬਚਾਅ ਟੀਮਾਂ ਤੇਜ਼ੀ ਨਾਲ ਪਹੁੰਚ ਗਈਆਂ ਅਤੇ ਇਨ੍ਹਾਂ ਵਿੱਚੋਂ ਕਿਸੇ ਵੀ ਘਟਨਾ ’ਚ ਕੋਈ ਜ਼ਖਮੀ ਨਹੀਂ ਹੋਇਆ ਹੈ। ਭਾਰੀ ਮੀਂਹ ਕਾਰਨ ਸ਼ਹਿਰ ਦੇ ਜ਼ਿਆਦਾਤਰ ਹਿੱਸੇ ਪਾਣੀ ’ਚ ਡੁੱਬ ਗਏ ਅਤੇ ਆਵਾਜਾਈ ’ਚ ਵਿਘਨ ਪਿਆ।

### ਦਿੱਲੀ ਦੇ ਹਸਪਤਾਲਾਂ ਨੂੰ ਧਮਕੀ

**ਨਵੀਂ ਦਿੱਲੀ** : ਏਮਜ਼ ਅਤੇ ਸਫਦਰਜੰਗ ਸਮੇਤ ਦਿੱਲੀ ਦੇ ਕਈ ਹਸਪਤਾਲਾਂ ਅਤੇ ਮਾਲ ਨੂੰ ਮੰਗਲਵਾਰ ਬੰਬ ਨਾਲ ਉਡਾਉਣ ਦੀ ਧਮਕੀ ਵਾਲੀਆਂ ਈਮੇਲਾਂ ਪ੍ਰਾਪਤ ਹੋਈਆਂ।

ਫਾਇਰ ਸਰਵਿਸ ਦੇ ਅਧਿਕਾਰੀ ਨੇ ਦੱਸਿਆ ਕਿ ਨੰਗਲੋਈ ਦੇ ਹਸਪਤਾਲ ਤੋਂ ਬਾਅਦ ਦੁਪਹਿਰ 1.04 ਵਜੇ ਅਤੇ ਚਾਣਕਿਆ ਪੁਰੀ ਦੇ ਪ੍ਰਾਈਮਸ ਹਸਪਤਾਲ ਤੋਂ ਬਾਅਦ ਦੁਪਹਿਰ 1.07 ਵਜੇ ਸੂਚਨਾ ਮਿਲੀ ਕਿ ਧਮਕੀ ਵਾਲੀ ਈਮੇਲ ਮਿਲੀ ਹੈ। ਈਮੇਲ ’ਚ ਏਮਜ਼, ਸਫਦਰਜੰਗ, ਅਪੋਲੋ, ਮੂਲਚੰਦ, ਮੈਕਸ ਅਤੇ ਸਰ ਗੰਗਾ ਰਾਮ ਹਸਪਤਾਲ ਸਮੇਤ ਲਗਪਗ 50 ਸਰਕਾਰੀ ਅਤੇ ਨਿੱਜੀ ਹਸਪਤਾਲਾਂ ਦੀ ਸੂਚੀ ਸੀ।

### ਅੱਜ-ਨਾਮਾ

ਹਰਿਆਣਾ ਵਿੱਚ ਹੈ ਚੋਣਾਂ ਦੀ ਬਾਤ ਚੱਲੀ,
ਆਏ ਪਏ ਆਗੂ ਆ ਵਿੱਚ ਮੈਦਾਨ ਬੇਲੀ।
ਕਿਸੇ ਨੂੰ ਕਿਸੇ ਦੀ ਖੋਹੀ ਹੈ ਮਿਲੀ ਟਿਕਟ,
ਕਿਸੇ ਦਾ ਹੁੰਦਾ ਨਹੀਂ ਅਜੇ ਐਲਾਨ ਬੇਲੀ।
ਰੱਖਿਆ ਪੈਸਾ ਜੀ ਕਿਸੇ ਨੇ ਟਿਕਟ ਖਾਤਰ,
ਟਿਕਟੋਂ ਬਾਝ ਪਈ ਨਿਕਲਦੀ ਜਾਨ ਬੇਲੀ।
ਦੂਸਰੀ-ਤੀਸਰੀ ਕਰੇ ਕੋਈ ਦਲ-ਬਦਲੀ,
ਬਦਲਦਾ ਜਿਸ ਤਰ੍ਹਾਂ ਕੋਈ ਮਕਾਨ ਬੇਲੀ।
ਮੌਕਾ-ਪ੍ਰਸਤੀ ਲਈ ਲੱਗਣ ਬਾਜ਼ਾਰ ਲੱਗਾ,
ਵਿਕਦੀ ਵੇਖ ਲਿਉ ਕਾਲੀ ਹਰ ਭੇਡ ਬੇਲੀ।
ਲੋਕਤੰਤਰ ਵਿੱਚ ਲੋਕ ਕੋਈ ਪੁੱਛਦਾ ਨਹੀਂ,
ਖੇਡਦੀ ਵੇਖਿਉ ਮਾਇਆ ਫਿਰ ਖੇਡ ਬੇਲੀ।

-ਤੀਸ ਮਾਰ ਖਾਂ

## ਸੰਸਦ ’ਚ ਰਾਜਸ਼ਾਹੀ ਦੇ ਚਿੰਨ੍ਹ ‘ਸੇਂਗੋਲ’ ਨੂੰ ਹਟਾਉਣ ਦੀ ਮੰਗ

**ਤਿਰੁਪਤੀ (ਗਿਆਨ ਸੈਦਪੁਰੀ)**

ਭਾਰਤੀ ਨਵ-ਨਿਰਮਾਣ ਪਾਰਲੀਮੈਂਟ ਵਿੱਚ ਸਥਾਪਿਤ ਕੀਤਾ ਗਿਆ ‘ਸੇਂਗੋਲ’ ਰਾਜਸ਼ਾਹੀ ਦਾ ਚਿੰਨ੍ਹ ਹੈ।ਅਸੀਂ ਇਸ ਦਾ ਵਿਰੋਧ ਕਰਦੇ ਹਾਂ।ਅਸੀਂ ਮੰਗ ਕਰਦੇ ਹਾਂ ਕਿ ਪਾਰਲੀਮੈਂਟ ਵਿੱਚ ‘ਸੇਂਗੋਲ’ ਨੂੰ ਹਟਾ ਕੇ ਸਾਡੇ ਮਾਣ-ਮੱਤੇ ਸੰਵਿਧਾਨ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ।ਮੰਗਲਵਾਰ ਨੂੰ ਇੱਥੇ ਕੁੱਲ ਹਿੰਦ ਦਲਿਤ ਅਧਿਕਾਰ ਅੰਦੋਲਨ ਦੀ ਨੈਸ਼ਨਲ ਕੌਂਸਲ ਦੀ ਮੀਟਿੰਗ ਵਿੱਚ ਬੋਲਣ ਵਾਲੇ ਬੁਲਾਰਿਆਂ ਦੇ ਵਿਚਾਰਾਂ ਵਿੱਚੋਂ ਉਕਤ ਮੁੱਦਾ ਉੱਭਰ ਕੇ ਸਾਹਮਣੇ ਆਇਆ।ਮੀਟਿੰਗ ਦੇ ਪਹਿਲੇ ਸੈਸ਼ਨ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਕੁੱਲ ਹਿੰਦ ਦਲਿਤ ਅਧਿਕਾਰ ਅੰਦੋਲਨ ਦੀ ਮੀਟਿੰਗ ਦੀ ਸਫਲਤਾ ਦੀ ਕਾਮਨਾ ਕਰਦਿਆਂ ਵਾਅਦਾ ਕੀਤਾ ਕਿ ਉਹ ਉਨ੍ਹਾਂ ਦੇ ਹਰ ਉਸ ਸੰਘਰਸ਼ ਵਿੱਚ ਸਹਿਯੋਗ ਕਰਨਗੇ ਜਿਸ ਵਿੱਚ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਦੀ ਗੱਲ ਹੋਵੇਗੀ, ਸਮੇਤ ਭਾਰਤੀ ਸੰਵਿਧਾਨ ਨੂੰ ਬਚਾਉਣ ਅਤੇ ਜਮਹੂਰੀਅਤ ਨੂੰ ਪ੍ਰਫੁੱਲਿਤ ਕਰਨ ਦੀ।ਸ਼ੁਰੂ ਵਿੱਚ ਆਂਧਰਾ ਪ੍ਰਦੇਸ਼ ਦੇ ਸਾਬਕਾ ਐੱਮ. ਐੱਲ. ਸੀ. ਕੇ. ਨਰਸਿਮ੍ਹਾ ਨੇ ਮੀਟਿੰਗ ਦੀ ਰੂਪਰੇਖਾ ਬਾਰੇ




ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਿੰ. ਮੁਰਲੀਧਰ ਮੰਚ ’ਤੇ ਹੋਰ ਆਗੂ ਤੇ (ਸੱਜੇ) ਕੌਮੀ ਕੌਂਸਲ ਦੇ ਮੈਂਬਰ।

ਦੱਸਦਿਆਂ ਕਿਹਾ ਕਿ ਮੌਜੂਦਾ ਦੌਰ ਵਿੱਚ ਗਰੀਬਾਂ ਅਤੇ ਅਮੀਰਾਂ ਵਿੱਚ ਪਾੜਾ ਹੋਰ ਵੱਧ ਗਿਆ ਹੈ ਅਤੇ ਦਲਿਤਾਂ ਉਪਰ ਹੁੰਦੇ ਸਮਾਜਿਕ ਅੱਤਿਆਚਾਰਾਂ ਵਿੱਚ ਹੋਰ ਤੇਜ਼ੀ ਆਈ ਹੈ।ਇਸ ਲਈ ਇਸ ਮੀਟਿੰਗ ਵਿੱਚ ਅਹਿਦ ਕਰਨਾ ਹੈ ਕਿ ਉਕਤ ਵਰਤਾਰੇ ਨੂੰ ਖਤਮ ਕਰਨ ਲਈ ਚੱਲ ਰਹੇ ਸੰਘਰਸ਼ ਨੂੰ ਹੋਰ ਪ੍ਰਚੰਡ ਕਰਨਾ ਹੈ।ਐੱਸ. ਵੀ. ਯੂਨੀਵਰਸਿਟੀ ਆਂਧਰਾ ਪ੍ਰਦੇਸ਼ ਦੇ ਸਾਬਕਾ ਪ੍ਰਿੰ. ਪ੍ਰੋ. ਮੁਰਲੀਧਰ ਨੇ ਆਪਣੇ ਭਰਾਤਰੀ ਸੰਦੇਸ਼ ਦੇ ਨਾਲ ਆਜ਼ਾਦੀ ਅੰਦੋਲਨ ਤੋਂ ਲੈ ਕੇ ਹੁਣ ਤੱਕ ਦੇ ਸਿਆਸੀ ਉਤਰਾਅ-ਚੜ੍ਹਾਅ ਦਾ ਵਿਸਥਾਰ ਨਾਲ ਵਰਨਣ ਕੀਤਾ।ਉਨ੍ਹਾਂ ਕਿਹਾ ਕਿ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਛੱਡ ਕੇ ਹੁਣ ਤੱਕ ਦੇ ਪ੍ਰਧਾਨ ਮੰਤਰੀਆਂ ਨੇ ਵੱਡੀਆਂ ਸਿਆਸੀ ਗਲਤੀਆਂ ਕੀਤੀਆਂ, ਜਿਸ ਦਾ ਖਮਿਆਜ਼ਾ ਮੁਲਕ ਨੂੰ ਵੀ ਤੇ ਉਨ੍ਹਾਂ ਨੂੰ ਨਿੱਜੀ ਤੌਰ ’ਤੇ ਵੀ ਭੁਗਤਣਾ ਪਿਆ।ਪ੍ਰੋ. ਮੁਰਲੀਧਰ ਨੇ ਡਾ. ਅੰਬੇਡਕਰ ਵੱਲੋਂ ਦਲਿਤਾਂ ਦੇ ਭਲੇ ਹਿੱਤ ਕੀਤੇ ਕੰਮਾਂ ਨੂੰ ਵੀ ਬਿਆਨ ਕੀਤਾ।ਸੀਪੀਆਈ (ਐੱਮ) ਦੇ ਆਂਧਰਾ ਰਾਜ ਦੇ ਸਕੱਤਰੇਤ ਮੈਂਬਰ ਜੀ. ਉਬਲੇਸ਼, ਪ੍ਰਦੇਸ਼ ਕਾਂਗਰਸ ਆਗੂ ਐੱਮ. ਗੋਪਾਲ ਰੈੱਡੀ, ਸੀਪੀਆਈ (ਐੱਮ) ਦੇ ਜ਼ਿਲ੍ਹਾ (ਚਿਤੂਰ) ਸਕੱਤਰ ਕਾਮਰੇਡ ਨਾਗਰਾਜ ਅਤੇ ਦਲਿਤ ਰਾਈਟਸ ਮੂਵਮੈਂਟ ਆਂਧਰਾ ਪ੍ਰਦੇਸ਼ ਦੇ ਜਨਰਲ ਸਕੱਤਰ ਕਾਮਰੇਡ ਸੁੱਬਾ ਰਾਓ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ। ਪ੍ਰਧਾਨਗੀ ਮੰਡਲ ਵਿੱਚ ਕਾਮਰੇਡ ਰਾਮਾ ਮੂਰਤੀ ਪੁੱਡੂਚਰੀ, ਕਾਮਰੇਡ ਵੀ. ਐੱਸ. ਨਿਰਮਲ, ਕਾਮਰੇਡ ਜਾਨਕੀ ਪਾਸਵਾਨ( ਬਿਹਾਰ), ਕਾਮਰੇਡ ਅਨਿਲ ਕੁਮਾਰ ਤਿਲੰਗਾਨਾ, ਡਾ. ਮਹੇਸ਼ ਕਰਨਾਟਕਾ, ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਤੇ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਆਦਿ ਸ਼ਾਮਿਲ ਸਨ।



ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਜੁਆਇੰਟ ਸਕੱਤਰ ਪੰਜਾਬ ਤੇ ਸੀਨੀਅਰ ਆਗੂ ਅਜੇ ਜਿੰਦਲ ਨੂੰ ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਉਨ੍ਹਾਂ ਦੀ ਭੈਣ ਆਪ ਵਿਧਾਇਕ ਰਾਜਪੁਰਾ ਨੀਨਾ ਮਿੱਤਲ ਰੱਖੜੀ ਬੰਨ੍ਹਦੇ ਹੋਏ। (ਫੋਟੋ ਤੇ ਵੇਰਵਾ : ਵਰਿੰਦਰ ਵਰਮਾ ਪੱਤਰਕਾਰ, ਨਾਭਾ)



ਸਿਸਟਮ ਦੇ ਹਨੇਰਿਆਂ 'ਚੋਂ ਇਨਸਾਫ਼ ਭਾਲਦੇ ਪੀ ਜੀ ਆਈ ਚੰਡੀਗੜ੍ਹ ਦੇ ਡਾਕਟਰਾਂ ਵੱਲੋਂ ਕਲਕੱਤਾ ਦੇ ਸਰਕਾਰੀ ਮੈਡੀਕਲ ਕਾਲਜ ਦੀ ਮਹਿਲਾ ਡਾਕਟਰ ਦੀ ਹੱਤਿਆ ਦੇ ਵਿਰੋਧ ਵਜੋਂ ਤੇ ਇਨਸਾਫ ਲਈ ਪੀ ਜੀ ਆਈ ਚੰਡੀਗੜ੍ਹ ਤੋਂ ਸੈਕਟਰ 17 ਤੱਕ ਕੈਂਡਲ ਮਾਰਚ ਕੀਤਾ ਗਿਆ। (ਫੋਟੋ ਤੇ ਵੇਰਵਾ : ਜਸਬੀਰ ਸਿੰਘ ਕੰਬੋਜ, ਮਮਦੋਟ)

# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸੰਤ ਲੌਂਗੋਵਾਲ ਦੀ ਸ਼ਹਾਦਤ ਨੂੰ ਨਮਨ

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ/ਪ੍ਰਵੀਨ ਸਿੰਘ)**

ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਸਥਾਨਕ ਅਨਾਜ ਮੰਡੀ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲਗਾਏ ਗਏ ਖ਼ੂਨਦਾਨ ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਨ੍ਹਾਂ ਦੀ ਸ਼ਹਾਦਤ ਨੂੰ ਨਮਨ ਕੀਤਾ।ਇਸ ਮੌਕੇ ਉਨ੍ਹਾ ਨਾਲ ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਨੇ ਵੀ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਬੂਟੇ ਵੀ ਵੰਡੇ ਗਏ ਤਾਂ ਜੋ ਵੱਧ ਤੋਂ ਵੱਧ ਬੂਟੇ ਲਗਵਾ ਕੇ ਜ਼ਿਲ੍ਹੇ ਨੂੰ ਹਰਿਆ-ਭਰਿਆ ਬਣਾਇਆ ਜਾ ਸਕੇ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੰਤ ਹਰਚੰਦ ਸਿੰਘ ਲੌਂਗੋਵਾਲ ਨੇ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਆਪਣੀ ਜਾਨ ਵਾਰ ਦਿੱਤੀ ਅਤੇ ਅੱਜ ਪੰਜਾਬ ਸਰਕਾਰ ਵੱਲੋਂ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਸ਼ਹਾਦਤ ਨੂੰ ਇਹ ਸੱਚੀ ਸ਼ਰਧਾਂਜਲੀ ਹੈ ਕਿ ਸੰਤਾਂ ਦੀ ਬਰਸੀ ਮੌਕੇ ਸਿਆਸੀ ਦੂਸ਼ਣਬਾਜ਼ੀਆਂ ਤੇ ਫੋਕੀਆਂ ਸ਼ੋਹਰਤਾਂ ਤੋਂ ਦੂਰ ਰਹਿ ਕੇ ਇੱਕ ਨੇਕ ਕੰਮ, ਖੂਨਦਾਨ ਕੈਂਪ ਲਾ ਕੇ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਉੱਤਮ ਦਾਨ ਹੈ, ਜਿਸ ਜ਼ਰੀਏ ਹਸਪਤਾਲਾਂ ਵਿੱਚ ਜ਼ੇਰੇ ਇਲਾਜ ਮਰੀਜ਼ਾਂ ਦੀਆਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਯੋਗਦਾਨ ਪਾਇਆ ਜਾ ਸਕਦਾ ਹੈ। ਕੈਬਨਿਟ ਮੰਤਰੀ ਨੇ ਸੰਤ ਲੌਂਗੋਵਾਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ ਦੀ ਸ਼ਹਾਦਤ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਯਾਦ ਰੱਖਦੀਆਂ ਹਨ, ਉਹ ਹਮੇਸ਼ਾ ਜਿਉਂਦੀਆਂ ਰਹਿੰਦੀਆਂ ਹਨ। ਅਮਨ ਅਰੋੜਾ ਨੇ ਕਿਹਾ ਕਿ ਸੰਤਾਂ ਦੀ ਯਾਦ ਨੂੰ ਸਮਰਪਤ ਇਸ ਖ਼ੂਨਦਾਨ ਕੈਂਪ ਰਾਹੀਂ ਇਕੱਤਰ ਹੋਣ ਵਾਲੇ ਖ਼ੂਨ ਦੀ ਇੱਕ ਇੱਕ ਬੂੰਦ ਕੀਮਤੀ ਜ਼ਿੰਦਗੀਆਂ ਨੂੰ ਬਚਾਉਣ ਵਿੱਚ ਸਹਾਈ ਸਾਬਿਤ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਵਿਨੀਤ ਕੁਮਾਰ, ਸਿਵਲ ਸਰਜਨ ਡਾ. ਕਿਰਪਾਲ ਸਿੰਘ, ਕਾਰਜਸਾਧਕ ਅਫ਼ਸਰ ਬਾਲਕ੍ਰਿਸ਼ਨ, ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਸੂਬੇਦਾਰ ਮੇਲਾ ਸਿੰਘ ਐੱਮ ਸੀ, ਬਲਵਿੰਦਰ ਸਿੰਘ ਢਿੱਲੋਂ, ਸੁਖ ਸਾਹੋਕੇ ਬਲਾਕ ਪ੍ਰਧਾਨ, ਜਗਰਾਜ ਸਿੰਘ ਬਲਾਕ ਪ੍ਰਧਾਨ, ਗੁਰਮੀਤ ਸਿੰਘ ਫੌਜੀ ਐੱਮ ਸੀ, ਭੀਮ ਦਾਸ ਬਾਵਾ, ਗੁਰਿੰਦਰ ਪਾਲ ਖੇੜੀ, ਬਲਜਿੰਦਰ ਸਿੰਘ ਈਲਵਾਲ, ਦੀਪ ਸਰਪੰਚ ਕਨੋਈ ਤੇ ਵੱਡੀ ਗਿਣਤੀ ਵਿੱਚ ਹੋਰ ਪਤਵੰਤੇ ਹਾਜ਼ਰ ਸਨ।



# ਐੱਸ ਸੀ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਕਮਿਸ਼ਨ ਵਚਨਬੱਧ : ਐਡਵੋਕੇਟ ਪਰਮਿਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਮੋਗਾ ਨਾਲ ਸਬੰਧਤ ਸ਼ਿਕਾਇਤਾਂ ਨੂੰ ਸੁਣਨ ਲਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੀ ਮੈਂਬਰ ਐਡਵੋਕੇਟ ਪਰਮਿਲਾ ਫਲੀਆਂਵਾਲਾ ਨੇ ਜ਼ਿਲ੍ਹਾ ਮੋਗਾ ਦਾ ਦੌਰਾ ਕੀਤਾ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੱਖੀ ਮੀਟਿੰਗ ਦੌਰਾਨ ਉਨ੍ਹਾਂ ਸ਼ਿਕਾਇਤਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਸ਼ਿਕਾਇਤਾਂ 'ਤੇ ਕੀਤੀ ਕਰਵਾਈ ਬਾਰੇ ਰਿਪੋਰਟ 24 ਅਗਸਤ 2024 ਤੋਂ ਪਹਿਲਾਂ ਭੇਜਣ ਦੀ ਹਦਾਇਤ ਕੀਤੀ। ਮੀਟਿੰਗ ਦੌਰਾਨ ਸ਼ਹਿਰ ਮੋਗਾ ਤੇ ਹੋਰ ਇਲਾਕਿਆਂ ਤੋਂ ਲੋਕਾਂ ਨੇ ਆਪਣੇ ਮਸਲੇ ਰੱਖੇ ਤੇ ਦੋਸ਼ ਲਗਾਇਆ ਕਿ ਪੁਲਸ ਅਤੇ ਸਰਕਾਰੀ ਧਿਰਾਂ ਵੱਲੋਂ ਉਨ੍ਹਾਂ ਨੂੰ ਇਨਸਾਫ਼ ਦੇਣ ਲਈ ਸਹਿਯੋਗ ਨਹੀਂ ਦਿੱਤਾ ਜਾ ਰਿਹਾ ਹੈ। ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਐਡਵੋਕੇਟ ਪਰਮਿਲਾ ਫਲੀਆਂਵਾਲਾ ਨੇ ਕਿਹਾ ਕਿ ਐੱਸ ਸੀ ਵਰਗ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹਾਲ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਪੱਤਰਕਾਰਾਂ ਵੱਲੋਂ ਪੁੱਛੇ ਜਾਣ 'ਤੇ ਉਨ੍ਹਾ ਕਿਹਾ ਕਿ ਜਾਤੀ ਸੂਚਕ ਸ਼ਬਦ ਵਰਤਣ ਦੀ ਸ਼ਿਕਾਇਤ ਨਾਲ ਢੁੱਕਵੇਂ ਸਬੂਤ ਵੀ ਲਗਾਏ ਜਾਣੇ ਜ਼ਰੂਰੀ ਹਨ। ਬਿਨਾਂ ਸਬੂਤ ਤੋਂ ਪੀੜਤ ਧਿਰ ਨੂੰ ਇਨਸਾਫ ਦਿਵਾਉਣ ਵਿੱਚ ਕਾਫੀ ਦਿੱਕਤ ਆ ਜਾਂਦੀ ਹੈ। ਉਨ੍ਹਾ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਕੋਈ ਫੈਸਲਾ ਲੈਣ ਤੋਂ ਪਹਿਲਾਂ ਜਾਂਚ ਕਰਵਾਈ ਜਾਂਦੀ ਹੈ ਤਾਂ ਜੋ ਕਿਸੇ ਨਾਲ ਬੇਇਨਸਾਫ਼ੀ ਨਾ ਹੋਵੇ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਐੱਸ ਸੀ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾ ਹੀ ਵਚਨਬੱਧ ਹੈ। ਉਨ੍ਹਾ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨਾਲ ਉਨ੍ਹਾਂ ਦੀ ਜਾਤੀ ਜਾਂ ਸਮਾਜਿਕ ਤੌਰ 'ਤੇ ਕੋਈ ਵਧੀਕੀ ਹੁੰਦੀ ਹੈ ਤਾਂ ਉਹ ਕਮਿਸ਼ਨ ਤੱਕ ਪਹੁੰਚ ਕਰ ਸਕਦੇ ਹਨ। ਕਮਿਸ਼ਨ ਵੱਲੋਂ ਉਨ੍ਹਾਂ ਦੀ ਪੂਰੀ ਸੁਣਵਾਈ ਕੀਤੀ ਜਾਵੇਗੀ ਤੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਭਲਾਈ ਅਫ਼ਸਰ ਸ੍ਰ. ਮਨਜੀਤ ਸਿੰਘ ਤੇ ਹੋਰ ਅਧਿਕਾਰੀ ਹਾਜ਼ਰ ਸਨ।

## ਭਾਰਤ ਬੰਦ ਦੀ ਹਮਾਇਤ 'ਚ ਉੱਤਰੀਆਂ ਸੰਸਥਾਵਾਂ ਤੇ ਸਮਾਜ ਦੇ ਲੋਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ, ਚਾਵਲਾ)**-ਸ੍ਰੀ ਗੁਰੂ ਰਵਿਦਾਸ ਮੰਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਰਿਟਾ: ਪ੍ਰਿੰਸੀਪਲ ਸ੍ਰ: ਇੰਦਰ ਸਿੰਘ ਦੀ ਅਗਵਾਈ ਹੇਠ ਮਾਨਯੋਗ ਸੁਪਰੀਮ ਕੋਰਟ ਦੇ ਦਲਿਤ ਵਿਰੋਧੀ ਫੈਸਲੇ ਖਿਲਾਫ਼ ਤੇ 21 ਨੂੰ ਭਾਰਤ ਬੰਦ ਦੇ ਹੱਕ ਵਿੱਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਵਰੂਪ ਚੰਦ ਸਾਮਰੀਆਂ ਨੇ ਕਿਹਾ ਕਿ ਜੋ ਦਲਿਤ ਵਿਰੋਧੀ ਤਾਕਤਾਂ ਸਮਾਜ ਵਿੱਚ ਵੰਡੀਆਂ ਪਾਉਣ ਦਾ ਕੰਮ ਕਰ ਰਹੀਆਂ ਹਨ, ਅਸੀਂ ਉਸ ਦੀ ਘੋਰ ਨਿੰਦਿਆ ਕਰਦੇ ਹਾਂ ਅਤੇ ਸਮੁੱਚੇ ਸਮਾਜ ਨੂੰ ਇੱਕਜੁਟ ਹੋ ਕੇ ਰਹਿਣ ਲਈ ਬੇਨਤੀ ਕਰਦੇ ਹਾਂ ਅਤੇ ਜੋ ਇਸ ਫੈਸਲੇ ਖਿਲਾਫ਼ ਸੋਸ਼ਲ ਮੀਡੀਆ 'ਤੇ 21 ਅਗਸਤ ਨੂੰ ਭਾਰਤ ਬੰਦ ਦੀ ਕਾਲ ਆਈ ਹੈ, ਉਸ ਦਾ ਸਮਰਥਨ ਕਰਦੇ ਹਾਂ। ਇਸ ਤੋਂ ਇਲਾਵਾ ਇੰਦਰ ਸਿੰਘ ਨੇ ਆਪਣੇ ਵਿਚਾਰਾਂ ਰਾਹੀਂ ਕਿਹਾ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਕੁੱਝ ਦਲਿਤ ਵਿਰੋਧੀ ਤਾਕਤਾਂ ਸਾਡੇ 'ਚ ਵੰਡੀਆਂ ਪਾ ਕੇ ਸਾਡੀ ਆਪਸੀ ਭਾਈਚਾਰਕ ਸਾਂਝ ਵਿੱਚ ਤਰੇੜਾਂ ਪਾਉਣ ਦੀ ਕੋਸ਼ਿਸ਼ ਕਰ ਰਹੀਆਂ ਨੇ, ਇਸ ਲਈ ਸਾਨੂੰ ਆਪਸੀ ਸਬੰਧ ਮਜ਼ਬੂਤ ਰੱਖਣ ਦੀ ਲੋੜ ਹੈ। ਇਸ ਤੋਂ ਇਲਾਵਾ ਉਨ੍ਹਾ ਮਾਨਯੋਗ ਸੁਪਰੀਮ ਕੋਰਟ ਨੂੰ ਬੇਨਤੀ ਕੀਤੀ ਕਿ ਇਸ ਫੈਸਲੇ 'ਤੇ ਗੌਰ ਫਰਮਾਈ ਜਾਵੇ ਅਤੇ ਦਲਿਤਾਂ ਵਿੱਚ ਵੰਡੀਆਂ ਪਾਉਣ ਵਾਲਾ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ, ਤਾਂ ਕਿ ਸਾਡਾ ਆਪਸੀ ਤਾਲਮੇਲ ਓਸੇ ਤਰ੍ਹਾਂ ਬਣਿਆ ਰਹੇ।ਅੰਤ ਵਿੱਚ ਐਡਵੋਕੇਟ ਨਰਿੰਦਰ ਪਾਲ ਖਿੱਚੀ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।

# ਸਰਕਾਰੀ ਕਾਲਜਾਂ ਨੂੰ ਪ੍ਰਾਈਵੇਟ ਕਰਨ ਦੀ ਨੀਤੀ ਲੋਕ ਵਿਰੋਧੀ : ਡਾ. ਗਾਂਧੀ

**ਸਰਕਾਰ ਦਾ ਸਿੱਖਿਆ ਮਾਡਲ ਨੰਗਾ ਹੋਇਆ : ਕਾਂਸਲ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿਖੇ ਡਾ. ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਦੇ ਵਿਦਿਆਰਥੀ ਵਿੰਗ ਐੱਨ. ਐੱਸ. ਯੂ. ਆਈ. ਦੇ ਸੂਬਾ ਜਰਨਲ ਸਕੱਤਰ ਅਨੀਸ਼ ਕਾਂਸਲ ਵੱਲੋਂ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੱਗਭੱਗ ਸਦੀ ਪੁਰਾਣੇ ਨਾਮੀਂ ਤੇ ਮਜ਼ਬੂਤ ਢਾਂਚੇ ਵਾਲੇ ਦਸ ਸਰਕਾਰੀ ਕਾਲਜਾਂ ਨੂੰ ਖੁਦ-ਮੁਖਤਿਆਰੀ ਦੇ ਨਾਂ 'ਤੇ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਤੇ ਨਿੱਜੀਕਰਨ ਦੀਆਂ ਕੋਸ਼ਿਸ਼ਾਂ ਦਾ ਜ਼ੋਰਦਾਰ ਵਿਰੋਧ ਕਰਨ ਦਾ ਐਲਾਨ ਕੀਤਾ ਹੈ।ਡਾਕਟਰ ਗਾਂਧੀ ਨੇ ਕਿਹਾ ਕਿ ਇਹ ਗਰੀਬਾਂ ਦੇ ਬੱਚਿਆਂ ਨੂੰ ਪੜ੍ਹਾਈ ਤੋਂ ਵਾਂਝੇ ਕਰਨ ਦੀ ਘਿਨਾਉਣੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਇਨ੍ਹਾਂ ਵਕਾਰੀ ਸਿੱਖਿਆ ਸੰਸਥਾਵਾਂ ਵਿੱਚ ਆਰ. ਐੱਸ. ਐੱਸ. ਦੀ ਵਿਚਾਰਧਾਰਾ ਵਾਲੇ ਪ੍ਰੋਫੈਸਰਾਂ ਦੀ ਭਰਤੀ ਕਰਕੇ ਫਿਰਕੂ ਵਿਚਾਰਧਾਰਾ ਦਾ ਦਬਦਬਾ ਕਾਇਮ ਕਰਨਾ ਹੈ।ਇਸ ਮੌਕੇ ਐੱਨ. ਐੱਸ. ਯੂ. ਆਈ. ਦੇ ਜਰਨਲ ਸਕੱਤਰ ਅਨੀਸ਼ ਕਾਂਸਲ ਨੇ ਸੰਬੋਧਨ ਕਰਦੇ ਹੋਏ ਅੰਕੜੇ ਪੇਸ਼ ਕਰਦਿਆਂ ਕਿਹਾ ਕਿ ਸਰਕਾਰਾਂ ਇੱਕ ਪਾਸੇ ਪ੍ਰਾਈਵੇਟ ਯੂਨੀਵਰਸਿਟੀਆਂ ਦੇ ਮਾਲਕਾਂ ਨੂੰ ਰਾਜ ਸਭਾ ਵਿੱਚ ਭੇਜ ਕੇ ਸਿੱਖਿਆ ਖੇਤਰ ਵਿੱਚ ਨਿੱਜੀ ਖੇਤਰ ਪੱਖੀ ਨੀਤੀਆਂ ਨੂੰ ਲਿਆ ਰਹੀ ਹੈ ਤੇ ਹੁਣ ਉਨ੍ਹਾਂ ਦੇ ਹਿੱਤਾਂ ਦੀ ਪੂਰਤੀ ਲਈ ਨਿੱਜੀਕਰਨ ਦੇ ਰਾਹ ਚੱਲ ਪਈ ਹੈ। ਸ੍ਰੀ ਕਾਂਸਲ ਨੇ ਕਿਹਾ ਕਿ ਸਰਕਾਰ ਦਾ ਸਿੱਖਿਆ ਮਾਡਲ ਨੰਗਾ ਹੋ ਗਿਆ ਹੈ।64 ਕਾਲਜਾਂ ਵਿੱਚ ਸਿਰਫ਼ 157 ਪ੍ਰੋਫੈਸਰ ਪੜ੍ਹਾ ਰਹੇ ਹਨ ਤੇ ਸਿਰਫ 38 ਪ੍ਰਿੰਸੀਪਲ ਕੰਮ ਕਰ ਰਹੇ ਹਨ।ਪੰਜਾਬ ਦੇ ਸਰਕਾਰੀ ਕਾਲਜਾਂ ਵਿੱਚ 2033 ਪੋਸਟਾਂ ਖਾਲੀ ਪਈਆਂ ਹਨ।ਇਸ ਮੌਕੇ ਪੰਜਾਬ ਕਾਂਗਰਸ ਦੇ ਸਾਬਕਾ ਜਨਰਲ ਸਕੱਤਰ ਲਖਵਿੰਦਰ ਸਿੰਘ ਭਿੰਡਰ, ਸੀਨੀਅਰ ਆਗੂ ਡਾ. ਨਰਿੰਦਰ ਸਿੰਘ ਸੰਧੂ, ਸੀਨੀਅਰ ਮਹਿਲਾ ਆਗੂ ਐਡਵੋਕੇਟ ਹਰਮੀਤ ਬਰਾੜ ਮੌਜੂਦ ਸਨ।ਬੁਲਾਰਿਆਂ ਨੇ ਮੰਗ ਕੀਤੀ ਕਿ ਜੇਕਰ ਸਰਕਾਰ ਨੇ ਇਹ ਲੋਕ ਵਿਰੋਧੀ ਨੀਤੀ ਰੱਦ ਨਾ ਕੀਤੀ ਤਾਂ ਵਿਸ਼ਾਲ ਜਨਤਕ ਲਹਿਰ ਖੜੀ ਕੀਤੀ ਜਾਵੇਗੀ।

# ਸਰਕਾਰੀ ਕੰਨਿਆ ਸਕੂਲ ਵਿਖੇ ਸਮਾਰਟ ਕਲਾਸ ਰੂਮਾਂ ਦਾ ਵਿਧਾਇਕਾ ਵੱਲੋਂ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਜੀ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਸਮਾਰਟ ਬਣਾਉਣ ਤੇ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਦੇ ਉਦੇਸ਼ ਨਾਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੋਗਾ ਵਿਖੇ ਸਕੂਲ ਦੇ ਸੱਤ ਕਲਾਸ ਰੂਮਾਂ ਨੂੰ ਸਮਾਰਟ ਕਲਾਸ ਰੂਮ ਬਣਾ ਕੇ ਉਨ੍ਹਾਂ ਦਾ ਉਦਘਾਟਨ ਹਲਕਾ ਵਿਧਾਇਕਾ ਡਾਕਟਰ ਅਮਨਦੀਪ ਕੌਰ ਅਰੋੜਾ ਵੱਲੋਂ ਕੀਤਾ ਗਿਆ। ਇਨ੍ਹਾਂ ਕਲਾਸ ਰੂਮਾਂ ਵਿੱਚ ਵਿਦਿਆਰਥੀ ਸਮਾਰਟ ਪ੍ਰੋਜੈਕਟਰਾਂ ਰਾਹੀਂ ਸਿੱਖਿਆ ਪ੍ਰਾਪਤ ਕਰਨਗੇ। ਇਸ ਮੌਕੇ ਹਲਕਾ ਵਿਧਾਇਕਾ ਡਾ. ਅਮਨਦੀਪ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਹਮੇਸ਼ਾ ਤੋਂ ਯਤਨਸ਼ੀਲ ਹੈ ਤੇ ਇਸੇ ਉਦੇਸ਼ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਸ ਮੌਕੇ ਤੇ ਹਲਕਾ ਐੱਮਐਲਏ ਡਾ.ਅਮਨਦੀਪ ਅਰੋੜਾ ਨੇ ਸਕੂਲ ਦੀਆਂ ਵਿਦਿਆਰਥਣਾਂ ਨੂੰ ਮਿਲਣ ਵਾਲੀ ਮੁਫ਼ਤ ਵਰਦੀਆਂ ਦੀ ਵੰਡ ਵੀ ਕੀਤੀ। ਸਕੂਲ ਪ੍ਰਿੰਸੀਪਲ ਮਨਪ੍ਰੀਤ ਕੌਰ ਨੇ ਕਿਹਾ ਕਿ ਸਕੂਲ ਦੇ ਸੱਤ ਪੁਰਾਣੇ ਕਲਾਸ ਰੂਮ ਜੋ ਕਿ ਕਾਫੀ ਪੁਰਾਣੇ ਸਨ, ਨੂੰ ਪੰਜਾਬ ਸਰਕਾਰ ਵੱਲੋਂ ਪ੍ਰਾਪਤ ਫੰਡ ਦੀ ਸਹਾਇਤਾ ਨਾਲ ਸਮਾਰਟ ਰੂਮ ਵਿੱਚ ਤਬਦੀਲ ਕੀਤਾ ਗਿਆ, ਜਿਨ੍ਹਾਂ ਵਿੱਚ ਸਮਾਰਟ ਫਰਨੀਚਰ ਮੁਹੱਈਆ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲਾਸ ਰੂਮਾਂ ਵਿੱਚ ਵਿਦਿਆਰਥੀ ਸਮਾਰਟ ਪ੍ਰੋਜੈਕਟਾਂ ਰਾਹੀਂ ਸਿੱਖਿਆ ਪ੍ਰਾਪਤ ਕਰਨਗੇ। ਇਸ ਮੌਕੇ ਵਿਧਾਇਕ ਅਮਨਦੀਪ ਅਰੋੜਾ ਨਾਲ ਮੋਗਾ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਕੁਲਵਿੰਦਰ ਚੱਕੀਆਂ, ਰਮੇਸ਼ ਕੁਮਾਰ ਮਖੀਜਾ, ਹਰਜੀਤ ਸਿੰਘ ਹੱਲਣ, ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਸਵਿੰਦਰ ਕੌਰ ਤੇ ਹੋਰ ਪਤਵੰਤੇ ਹਾਜ਼ਰ ਸਨ। ਸਕੂਲ ਵੱਲੋਂ ਮੈਡਮ ਜਸਵਿੰਦਰ ਕੌਰ, ਭੁਪਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਹਰਸਿਮਰਨ ਸਿੰਘ ਕਮਲਦੀਪ ਕੁਮਾਰ, ਰਾਣੀ ਬਾਲਾ, ਨਿਸ਼ੀ ਗੁਪਤਾ, ਯਾਦਵਿੰਦਰ ਸਿੰਘ, ਅਸ਼ੂ, ਚਰਨਜੀਤ ਕੌਰ, ਸੁਰਜੀਤ ਕੌਰ ਮੀਨੂ ਕੁਮਾਰੀ, ਗੀਤਿਕਾ ਕਾਂਸਲ, ਸਕੂਲ ਕੈਂਪਸ ਮੈਨੇਜਰ ਮੇਹਰ ਸਿੰਘ ਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

## ਨਗਰ ਕੌਂਸਲ ਮਾਛੀਵਾੜਾ ਵੱਲੋਂ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ੁਰੂ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸਵੱਛ ਭਾਰਤ ਮਿਸ਼ਨ ਤਹਿਤ ਮਾਨਯੋਗ ਸਥਾਨਕ ਸਰਕਾਰ ਵਿਭਾਗ ਪੰਜਾਬ ਚੰਡੀਗੜ੍ਹ ਤੇ ਪ੍ਰੋਜੈਕਟ ਡਾਇਰੈਕਟਰ ਸਵੱਛ ਭਾਰਤ ਮਿਸ਼ਨ ਸ੍ਰੀ ਪੂਰਣ ਸਿੰਘ, ਸਹਾਇਕ ਪ੍ਰੋਜੈਕਟ ਡਾਇਰੈਕਟਰ ਸ੍ਰੀ ਨਰੇਸ਼ ਕੁਮਾਰ (ਪੀ.ਐੱਮ.ਆਈ.ਡੀ.ਸੀ.), ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਲੁਧਿਆਣਾ ਡਾ. ਰੁਪਿੰਦਪਾਲ ਸਿੰਘ, ਸ੍ਰ. ਗੁਰਪਾਲ ਸਿੰਘ ਸਿੰਘ (ਕਾਰਜ ਸਾਧਕ ਅਫ਼ਸਰ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਮਾਛੀਵਾੜਾ ਵੱਲੋਂ ਸ਼ਹਿਰ ਵਿੱਚ 19 ਤੋਂ 23 ਅਗਸਤ ਤੱਕ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ, ਇਸ ਦੇ ਤਹਿਤ ਸਾਰੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਪਲਾਸਟਿਕ ਪਿਕਿੰਗ ਤੇ ਪਲੋਗਿੰਗ ਡਰਾਈਵ ਕਾਰਵਾਈ ਗਈ, ਜਿਸ ਤਹਿਤ ਨਗਰ ਕੌਂਸਲ ਦੇ ਕਰਮਚਾਰੀਆਂ ਤੇ ਸੈਨੀਟੇਸ਼ਨ ਬ੍ਰਾਂਚ ਵੱਲੋਂ (ਸਿੰਗਲ ਯੂਜ਼ ਪਲਾਸਟਿਕ) ਇਕੱਠੀ ਕੀਤੀ ਗਈ ਤੇ ਬੂਟੇ ਲਗਾਏ ਗਏ। ਇਸ ਮੌਕੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਆਪਣਾ ਆਲਾ-ਦੁਆਲਾ ਸਾਫ ਸੁਥਰਾ ਰੱਖੋ, ਕਿਸੇ ਵੀ ਤਰ੍ਹਾਂ ਦਾ ਕੂੜਾ ਆਲੇ-ਦੁਆਲੇ ਨਾ ਸੁੱਟੋ, ਖਾਸ ਕਰ ਸਟਰੀਟ ਫੂਡ ਦੀ ਵਰਤੋਂ ਕਰਨ ਉਪਰੰਤ ਪੈਦਾ ਹੋਣ ਵਾਲੇ ਵੇਸਟ ਨੂੰ ਗਲੀਆਂ ਨਾਲੀਆਂ ਵਿੱਚ ਨਾ ਸੁੱਟੋ।ਇਹ ਸ਼ਹਿਰ ਤੁਹਾਡਾ ਆਪਣਾ ਸ਼ਹਿਰ ਹੈ।ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਵਿੱਚ ਸਹਿਯੋਗ ਦਿਓ। ਕਾਰਜ ਸਾਦਕ ਅਫਸਰ ਅਤੇ ਸੈਨੇਟਰੀ ਇੰਸਪੈਕਟਰ ਵੱਲੋਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਉਤਸ਼ਾਹ ਨਾਲ ਕੌਂਸਲ ਦਾ ਸਾਥ ਦਿੱਤਾ ਜਾਵੇ।

## ਵਿਧਾਇਕ ਪੰਡੋਰੀ ਵੱਲੋਂ ਸ਼ਹੀਦ ਦੇ ਪਰਵਾਰ ਨੂੰ ਪੰਜ ਲੱਖ ਦਾ ਚੈੱਕ ਭੇਟ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਸਹਿਜੜਾ ਵਿਖੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨ ਜਗਤਾਰ ਸਿੰਘ ਸਹਿਜੜਾ ਦੇ ਸਪੁੱਤਰ ਈਸ਼ਰ ਸਿੰਘ ਨੂੰ 5 ਲੱਖ ਦੀ ਸਹਾਇਤਾ ਰਾਸ਼ੀ ਦਾ ਚੈੱਕ ਭੇਟ ਕੀਤਾ।ਇਸ ਮੌਕੇ ਵਿਧਾਇਕ ਪੰਡੋਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨ ਅੰਦੋਲਨ ਦੌਰਾਨ ਸ਼ਹਾਦਤਾਂ ਦੇਣ ਵਾਲੇ ਸ਼ਹੀਦ ਕਿਸਾਨਾਂ ਦੇ ਪਰਵਾਰਾਂ ਨੂੰ 5 ਲੱਖ ਦੀ ਸਹਾਇਤਾ ਅਤੇ ਇੱਕ ਸਰਕਾਰੀ ਨੌਕਰੀ ਪਹਿਲ ਦੇ ਅਧਾਰ 'ਤੇ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਹਮੇਸ਼ਾ ਹੀ ਸ਼ਹੀਦਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ।ਆਗੂਆਂ ਨੇ ਹਲਕਾ ਵਿਧਾਇਕ ਪੰਡੋਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਕਿਸਾਨੀ ਮਸਲਿਆਂ ਅਤੇ ਹਲਕੇ ਦੇ ਅਹਿਮ ਕੰਮਾਂ ਨੂੰ ਸਰਕਾਰ ਕੋਲ ਉਠਾ ਕੇ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ।ਇਸ ਮੌਕੇ ਭਾਈ ਮਨਜੀਤ ਸਿੰਘ ਸਹਿਜੜਾ, ਕਰਨੈਲ ਸਿੰਘ ਗਾਂਧੀ, ਬਲਵਿੰਦਰ ਸਿੰਘ ਸਹਿਜੜਾ, ਗੁਰਜੀਤ ਸਿੰਘ ਧਾਲੀਵਾਲ, ਨਿਰਮਲਜੀਤ ਸਿੰਘ, ਸੁਖਵਿੰਦਰ ਦਾਸ ਕੁਰੜ, ਦਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# ਐਸ ਸੀ, ਬੀ ਸੀ ਸਮਾਜ ਦੇ ਲੋਕ ਰਾਖਵੇਂਕਰਨ ਦੀ ਪ੍ਰਾਪਤੀ ਲਈ ਸੰਘਰਸ਼ੀ ਪਿੜ 'ਚ ਨਿੱਤਰਨ : ਸਮਾਓਂ



**ਮਾਨਸਾ (ਆਤਮਾ ਸਿੰਘ ਪਮਾਰ)** ਰਾਖਵੇਂਕਰਨ ਦੇ ਕੋਟੇ ਲਈ ਮਜ਼ਬੀ ਸਿੱਖ, ਵਾਲਮੀਕਿ ਤੇ ਰਾਮਦਾਸੀਏ ਸਿੱਖ ਇੱਕ-ਦੂਜੇ ਖ਼ਿਲਾਫ਼ ਲੜਨ ਦੀ ਬਜਾਏ ਐਸ.ਸੀ/ਬੀ.ਸੀ ਸਮਾਜ ਦੇ ਲੋਕ ਸੰਵਿਧਾਨਕ ਹੱਕਾਂ ਤੇ ਗਿਣਤੀ ਦੇ ਹਿਸਾਬ ਨਾਲ ਰਿਜ਼ਰਵੇਸ਼ਨ ਪ੍ਰਾਪਤੀ ਲਈ ਇਕੱਠੇ ਹੋ ਕੇ ਸੰਘਰਸ਼ ਦੇ ਮੈਦਾਨ ਵਿੱਚ ਨਿੱਤਰਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲੁੱਟ ਤੇ ਸਮਾਜਿਕ ਜਬਰ ਖ਼ਿਲਾਫ਼ ਲਾਮਬੰਦੀ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅੰਦਰ ਮਜ਼ਦੂਰ ਇਕੱਠਾਂ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕੀਤਾ।

ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਆਰ.ਐਸ.ਐਸ ਦੇ ਏਜੰਡੇ ਤਹਿਤ ਨਵੀਂ ਸਿੱਖਿਆ ਨੀਤੀ ਰਾਹੀਂ ਦਲਿਤਾਂ ਤੇ ਗਰੀਬਾਂ ਨੂੰ ਅਨਪੜ੍ਹ ਰੱਖਣ ਦੀ ਕੋਸ਼ਿਸ਼ ਕੀਤੀ ਜਾਂ ਰਹੀ ਹੈ।ਉਨ੍ਹਾਂ ਕਿਹਾ ਕਿ ਕਲਕੱਤਾ ਕਾਂਡ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਔਰਤਾਂ, ਲੜਕੀਆਂ ਦੇ ਬਲਾਤਕਾਰ, ਕਤਲ ਕਰਨ ਦੀਆਂ ਵਾਪਰੀਆਂ ਘਟਨਾਵਾਂ ਨੇ ਸਾਬਤ ਕਰ ਦਿੱਤਾ ਹੈ ਕਿ ਪੂੰਜੀਪਤੀ ਹਾਕਮਾਂ ਦੇ ਰਾਜ ਵਿੱਚ ਔਰਤਾਂ ਕਿਸੇ ਵੀ ਖੇਤਰ 'ਚ ਸੁਰੱਖਿਅਤ ਨਹੀਂ।ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਇਨਕਲਾਬੀ ਕਹਾਉਣ ਵਾਲਾ ਮੁੱਖ ਮੰਤਰੀ ਮਾਨ ਸਰਕਾਰੀ ਕਾਲਜਾਂ ਨੂੰ ਪ੍ਰਾਈਵੇਟ ਕਰਕੇ ਸਿੱਖਿਆ ਕ੍ਰਾਂਤੀ ਲਿਆਉਣਾ ਚਾਹੁੰਦਾ ਹੈ।

ਮਜ਼ਦੂਰ ਆਗੂ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਪੂੰਜੀਪਤੀ ਪੱਖੀ ਨੀਤੀਆਂ ਤਹਿਤ ਦਲਿਤਾਂ ਤੇ ਗਰੀਬਾਂ ਦੇ ਲੁੱਟੇ ਜਾ ਰਹੇ ਸੰਵਿਧਾਨਕ ਹੱਕਾਂ ਤੇ ਸਮਾਜਿਕ ਤੇ ਸਰਕਾਰੀ ਜਬਰ ਦੇ ਟਾਕਰੇ ਲਈ ਵੱਡੀ ਤੇ ਵਿਸ਼ਾਲ ਏਕਤਾ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਲਾਮਬੰਦੀ ਮੁਹਿੰਮ ਤਹਿਤ ਮਜ਼ਦੂਰ ਸਮਾਜ ਦੀ ਵਿਸ਼ਾਲ ਏਕਤਾ ਲਹਿਰ ਖੜੀ ਕੀਤੀ ਜਾਵੇਗੀ।

# ਆਦਰਸ਼ ਸਕੂਲ ਸੰਚਾਲਕ ਬੋਰਡ ਕਮੇਟੀ ਦੀ ਮੁੱਖ ਮੰਤਰੀ ਨਾਲ ਮੀਟਿੰਗ 23 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਦੇ ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ ਯੋਜਨਾ ਤਹਿਤ ਚੱਲਦੇ ਆਦਰਸ਼ ਸਕੂਲਾਂ ਦਾ ਸੰਚਾਲਕ ਸਿੱਖਿਆ ਵਿਕਾਸ ਬੋਰਡ ਕਮੇਟੀ ਦੀ ਮੀਟਿੰਗ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਜੋ ਉਕਤ ਸਕੂਲਾਂ ਦੇ ਚੇਅਰਮੈਨ ਹਨ, ਨਾਲ 23 ਅਗਸਤ ਨੂੰ ਹੋਣ ਜਾ ਰਹੀ ਹੈ।ਮੀਟਿੰਗ ਵਿੱਚ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਨੇ ਆਪਣੀਆਂ ਸਮੁੱਚੀਆਂ ਮੰਗਾਂ ਪੂਰੀਆਂ ਕੀਤੇ ਜਾਣ ਦੀ ਪੁਰਜ਼ੋਰ ਮੰਗ ਕੀਤੀ ਹੈ।

ਜਥੇਬੰਦੀ ਦੇ ਸੂਬਾਈ ਪ੍ਰਧਾਨ ਮੱਖਣ ਸਿੰਘ ਬੀਰ, ਜਨਰਲ ਸਕੱਤਰ ਸੁਖਬੀਰ ਸਿੰਘ ਪਾਤੜਾਂ, ਸਕੱਤਰ ਜਨਰਲ ਸੁਖਦੀਪ ਕੌਰ ਸਰਾਂ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਗਲੋਟੀ, ਮੀਤ ਪ੍ਰਧਾਨ ਵਿਸ਼ਾਲ ਭਠੇਜਾ, ਮੀਡੀਆ ਇੰਚਾਰਜ ਮੁਹੰਮਦ ਸਲੀਮ, ਪ੍ਰਚਾਰਕ ਸਕੱਤਰ ਅਮਨਦੀਪ ਸ਼ਾਸਤਰੀ, ਵਿੱਤ ਸਕੱਤਰ ਭੁਪਿੰਦਰ ਕੌਰ, ਜੁਆਇੰਟ ਵਿੱਤ ਸਕੱਤਰ ਸਰਬਜੀਤ ਕੌਰ, ਸੂਬਾ ਕਮੇਟੀ ਮੈਂਬਰ ਮੈਡਮ ਮੀਨੂੰ ਬਾਲਾ, ਓਮਾ ਮਾਧਵੀ, ਗਗਨਦੀਪ ਮਹਾਜਨ, ਹਰਪ੍ਰੀਤ ਕੌਰ ਪੱਕਾ, ਮਨਮੋਹਨ ਸਿੰਘ, ਦੀਪਕ ਜੰਡਿਆਲਾ ਨੇ ਕਿਹਾ ਕਿ ਯੂਨੀਅਨ ਨੂੰ ਪੂਰੀ ਉਮੀਦ ਹੈ ਕਿ 23 ਦੀ ਮੀਟਿੰਗ ਵਿੱਚ ਆਦਰਸ਼ ਸਕੂਲਾਂ ਦੇ ਕ੍ਰਮਚਾਰੀਆਂ ਨੂੰ ਗਰੇਡ ਪੇਅ ਮੁਤਾਬਕ ਤਨਖਾਹਾਂ ਜਾਰੀ ਹੋਣ, ਸਕੂਲਾਂ ਨੂੰ ਸਿੱਖਿਆ ਵਿਭਾਗ ਅਧੀਨ ਲੈ ਕੇ ਚਲਾਉਣ, ਇਧਰੋਂ ਉਧਰ ਬਦਲੀਆਂ ਕਰਨ ਦੀ ਵਿਵਸਥਾ ਕਰਨ ਸਮੇਤ ਤਮਾਮ ਮੰਗਾਂ ਪੂਰੀਆਂ ਹੋ ਜਾਣਗੀਆਂ।

ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲਾਂ ਦੇ ਕ੍ਰਮਚਾਰੀ ਚਿਰਾਂ ਤੋਂ ਨਿਗੂਣੀਆਂ ਤਨਖਾਹਾਂ ਤੇ ਕੰਮ ਕਰਦੇ ਆ ਰਹੇ ਹਨ, ਜਿਸ ਨਾਲ ਉਨ੍ਹਾਂ ਨੂੰ ਗੁਜ਼ਾਰਾ ਕਰਨਾ ਬੇਹੱਦ ਮੁਸ਼ਕਲ ਹੈ।ਆਗੂਆਂ ਨੇ ਕਿਹਾ ਹੈ ਕਿ ਸਰਕਾਰ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਦੇ ਮੰਗ ਪੱਤਰ ਵਿੱਚ ਸ਼ਾਮਲ ਸਮੁੱਚੀਆਂ ਮੰਗਾਂ ਪੂਰੀਆਂ ਕਰਕੇ ਤੁਰੰਤ ਇਨਸਾਫ਼ ਦੇਵੇ।ਹੋਰ ਦੇਰੀ ਹੋਣਾ ਆਦਰਸ਼ ਸਕੂਲਾਂ ਦੇ ਕ੍ਰਮਚਾਰੀਆਂ ਨੂੰ ਨਿਰਾਸ਼ਤਾ ਦੇ ਆਲਮ 'ਚ ਧੱਕ ਸਕਦੀ ਹੈ।ਆਗੂਆਂ ਨੇ ਕਿਹਾ ਹੈ ਕਿ ਅੱਜ ਪੰਜਾਬ ਦੇ ਆਦਰਸ਼ ਸਕੂਲਾਂ ਦੀ ਹਾਲਤ ਬੇਹੱਦ ਤਰਸਯੋਗ ਬਣੀ ਹੋਈ ਹੈ, ਜਿਨ੍ਹਾਂ ਵਿੱਚ ਵੱਡੀ ਤਦਾਦ ਦੇ ਵਿੱਚ ਬੱਚੇ ਪੜਦੇ ਹਨ ਤੇ ਮਹਿੰਗੀਆਂ ਸਰਕਾਰੀ ਜ਼ਮੀਨਾਂ ਤੇ ਸਥਾਪਤ ਕੀਤੇ ਹੋਏ ਹਨ ਅਤੇ ਮਿਡ ਡੇਅ ਮੀਲ ਦੀ ਵਿਵਸਥਾ ਵੀ ਹੈ।ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲਾਂ ਦੀ ਸਮੁੱਚੀ ਸਥਿਤੀ ਬਦ ਤੋਂ ਬਦਤਰ ਹੋ ਰਹੀ ਹੈ।

## ਹਰਚੰਦ ਬਰਸਟ ਦਾ ਐਮ.ਐਲ.ਏ ਦਫ਼ਤਰ ਪਹੁੰਚਣ 'ਤੇ ਦੇਵ ਮਾਨ ਦੀ ਟੀਮ ਨੇ ਕੀਤਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਹਰਾ ਭਰਾ ਰੱਖਣ ਲਈ ਹਰਿਆਵਲ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਅਨਾਜ ਮੰਡੀ ਵਿਖੇ ਬੂਟੇ ਲਾ ਕੇ ਇਸ ਦੀ ਸ਼ੁਰੂਆਤ ਕੀਤੀ ਗਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਨੇ ਹਲਕਾ ਐਮ.ਐਲ.ਏ ਗੁਰਦੇਵ ਸਿੰਘ ਦੇਵ ਮਾਨ ਦੇ ਦਫ਼ਤਰ ਵਿਖੇ ਕੀਤਾ।ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਦੀ ਟੀਮ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਸਨਮਾਨਤ ਹੋਣ ਉਪਰੰਤ ਉਨ੍ਹਾਂ ਦੱਸਿਆ ਕਿ ਵਾਤਾਵਰਣ ਦੀ ਸ਼ੁੱਧਤਾ ਲਈ ਮਾਨ ਸਰਕਾਰ ਵੱਲੋਂ ਵੱਡੇ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੂਬੇ ਦੇ ਕ੍ਰਾਂਤੀਕਾਰੀ ਮੁੱਖ ਮੰਤਰੀ ਤੇ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਮੰਡੀ ਬੋਰਡ ਵੱਲੋਂ ਪਿੰਡਾਂ ਦੀ ਲਿੰਕ ਸੜਕਾਂ ਦੀ ਜਲਦ ਹੀ ਮੁਰੰਮਤ ਸ਼ੁਰੂ ਕਰਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ।

## ਫੱਤਣਵਾਲਾ ਨੇ ਕੀਤੀ ਨਵੇਂ ਆਏ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਵੇਂ ਆਏ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨਾਲ ਮੁਲਾਕਾਤ ਕੀਤੀ ਅਤੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ 'ਤੇ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ।ਇਸ ਦੌਰਾਨ ਹਨੀ ਫੱਤਣਵਾਲਾ ਨੇ ਡਿਪਟੀ ਕਮਿਸ਼ਨਰ ਨੂੰ ਇਤਿਹਾਸਕ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਦੀਆਂ ਸਮੱਸਿਆਵਾਂ ਪ੍ਰਤੀ ਜਾਣੂ ਕਰਾਇਆ ਤੇ ਇਹਨਾਂ ਦਾ ਜਲਦ ਹੱਲ ਕਰਨ ਦੀ ਅਪੀਲ ਕੀਤੀ।ਇਸ ਮੌਕੇ ਜਸਪਾਲ ਸਿੰਘ ਵਧਾਈ, ਇਕਬਾਲ ਸਿੰਘ ਸੰਗੂਧੌਣ, ਗਗਨ ਸੰਧੂ ਕਾਨਿਆਂਵਾਲੀ, ਪੱਪੂ ਖੋਖਰ, ਗੁਰਜੰਟ ਸਿੰਘ ਮੱਤਾ ਤੇ ਜਗਸੀਰ ਸਿੰਘ ਵੀ ਹਾਜ਼ਰ ਸਨ।

# ਮਹਿਲਾ ਡਾਕਟਰ ਦੇ ਹੱਤਿਆਰਿਆਂ ਨੂੰ ਮਿਲੇ ਮੌਤ ਦੀ ਸਜ਼ਾ : ਭਾਵਨਾ ਬਾਂਸਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਕੋਲਕਾਤਾ ਵਿਖੇ ਮਹਿਲਾ ਡਾਕਟਰ ਨਾਲ ਜਬਰ ਜ਼ਨਾਹ ਤੇ ਹੱਤਿਆ ਦੇ ਘਿਨਾਉਣੇ ਮਾਮਲੇ ਦੇ ਦੋਸ਼ੀਆਂ ਨੂੰ ਸਿਰਫ਼ ਮੌਤ ਦੀ ਸਜ਼ਾ ਮਿਲਣੀ ਚਾਹੀਦੀ ਹੈ, ਤਾਂ ਜੋ ਭਵਿੱਖ ਵਿੱਚ ਕੋਈ ਵੀ ਅਜਿਹੀ ਘਟਨਾ ਨੂੰ ਅੰਜਾਮ ਦੇਣ ਤੋਂ ਪਹਿਲਾਂ ਦੋ ਵਾਰ ਸੋਚੇ। ਅਗਰਵਾਲ ਵੂਮੈਨ ਸੈੱਲ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਅਗਰਵਾਲ ਵੂਮੈਨ ਸੈੱਲ ਦੀ ਸੂਬਾ ਪ੍ਰਧਾਨ, ਮੋਗਾ ਵਿਕਾਸ ਮੰਚ ਦੀ ਚੇਅਰਪਰਸਨ, ਲਾਇਨ ਕਲੱਬ ਮੋਗਾ ਕਲਾਸਿਕ ਦੀ ਚੇਅਰਪਰਸਨ ਤੇ ਬਾਲ ਭਲਾਈ ਕਮੇਟੀ ਦੀ ਮੈਂਬਰ ਭਾਵਨਾ ਬਾਂਸਲ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਭਾਵਨਾ ਬਾਂਸਲ ਨੇ ਕਿਹਾ ਕਿ ਧੀਆਂ ਸਿੱਖਿਅਤ ਹੋ ਕੇ ਸਮਾਜ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੀਆਂ ਹਨ। ਅਜਿਹੇ ਸਮੇਂ ਧੀਆਂ ਨਾਲ ਅਸਹਿ ਤੇ ਬਰਬਰ ਸਲੂਕ ਦੁਖਦਾਈ ਤੇ ਦੁਖਦਾਈ ਹੈ। ਇਹ ਇੱਕ ਅਜਿਹੀ ਘਟਨਾ ਹੈ ਜੋ ਸਮਾਜ, ਡਾਕਟਰੀ ਕਰਮਚਾਰੀਆਂ ਤੇ ਧੀਆਂ ਦਾ ਮਨੋਬਲ ਤੋੜਦੀ ਹੈ। ਮੈਡੀਕਲ ਕਰਮਚਾਰੀਆਂ 'ਤੇ ਕੰਮ ਵਾਲੀ ਥਾਂ 'ਤੇ ਲਗਾਤਾਰ ਹੋ ਰਹੇ ਹਮਲੇ ਬਹੁਤ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਦੇਸ਼ ਭਰ ਵਿੱਚ ਆਪਣੇ ਕੰਮ ਵਾਲੇ ਸਥਾਨਾਂ 'ਤੇ ਧੀਆਂ ਤੇ ਸਿਹਤ ਕਰਮਚਾਰੀਆਂ ਦੀ ਸੁਰੱਖਿਆ ਲਈ ਪੁਖਤਾ ਪ੍ਰਬੰਧ ਕਰਨੇ ਚਾਹੀਦੇ ਹਨ, ਤਾਂ ਜੋ ਬੰਗਾਲ ਵਿੱਚ ਬੇਟੀ ਨਾਲ ਵਾਪਰੀ ਘਟਨਾ ਨੂੰ ਦੇਸ਼ ਭਰ ਵਿੱਚ ਮੁੜ ਵਾਪਰਨ ਤੋਂ ਰੋਕਿਆ ਜਾ ਸਕੇ। ਕੋਲਕਾਤਾ ਵਿੱਚ ਹੋਏ ਵਹਿਸ਼ੀਆਨਾ ਕਤਲ ਦੀ ਪਾਰਦਰਸ਼ੀ ਢੰਗ ਨਾਲ ਜਾਂਚ ਹੋਣੀ ਚਾਹੀਦੀ ਹੈ, ਪੀੜਤ ਨੂੰ ਇਨਸਾਫ਼ ਦਿਵਾਇਆ ਜਾਣਾ ਚਾਹੀਦਾ ਹੈ ਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਦਿੱਲੀ 'ਚ ਨਿਰਭਯਾ ਕਾਂਡ ਵਾਪਰਿਆ ਸੀ, ਪਰ ਇਸ ਦਾ ਦਰਦ ਅਜੇ ਖਤਮ ਨਹੀਂ ਹੋਇਆ ਅਤੇ ਹੁਣ ਮੁੜ ਕੋਲਕਾਤਾ 'ਚ ਅਜਿਹੀ ਘਟਨਾ ਨੂੰ ਅੰਜਾਮ ਦਿੱਤਾ ਗਿਆ ਹੈ, ਜੋ ਕਿ ਸ਼ਰਮਨਾਕ ਘਟਨਾ ਹੈ। ਉਨ੍ਹਾਂ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਡਾਕਟਰਾਂ ਤੇ ਸਿਹਤ ਮਹਿਲਾ ਕਰਮਚਾਰੀਆਂ ਨੂੰ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਇਆ ਜਾਵੇ, ਤਾਂ ਜੋ ਕਿਸੇ ਨੂੰ ਮੁੜ ਅਜਿਹੀ ਘਟਨਾ ਦਾ ਸ਼ਿਕਾਰ ਨਾ ਹੋਣਾ ਪਵੇ।

# ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ : ਹਰਿੰਦਰ ਸਿੰਘ ਖਹਿਰਾ

ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ) ਲਾ ਐਂਡ ਆਡਰ ਨੂੰ ਬਹਾਲ ਰੱਖਣ ਲਈ ਹਰ ਯਤਨ ਕੀਤਾ ਜਾਵੇਗਾ। ਇਹ ਵਿਚਾਰ ਨਵ-ਨਿਯੁਕਤ ਡੀ.ਐਸ.ਪੀ.ਹਰਿੰਦਰ ਸਿੰਘ ਖਹਿਰਾ ਨੇ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਨਰੇਸ਼ ਜਿੰਦਲ ਦੀ ਅਗਵਾਈ 'ਚ ਉਨ੍ਹਾਂ ਨੂੰ ਮਿਲਣ ਆਏ ਐਸੋਸੀਏਸ਼ਨ ਦੀ ਕਾਰਜਕਾਰਨੀ ਟੀਮ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ।

ਡੀਐਸਪੀ ਹਰਿੰਦਰ ਸਿੰਘ ਖਹਿਰਾ ਨੇ ਕੈਮਿਸਟ ਐਸੋਸੀਏਸ਼ਨ ਦੀ ਕਾਰਜਕਾਰਨੀ ਕਮੇਟੀ ਸੁਨਾਮ ਨੂੰ ਭਰੋਸਾ ਦਿੱਤਾ ਕਿ ਪੁਲਸ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

ਸੁਨਾਮ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਨਰੇਸ਼ ਜਿੰਦਲ ਨੇ ਨਵਨਿਯੁਕਤ ਡੀਐਸਪੀ ਹਰਿੰਦਰ ਸਿੰਘ ਖਹਿਰਾ ਨੂੰ ਭਰੋਸਾ ਦਿਵਾਇਆ ਕਿ ਕੈਮਿਸਟ ਭਾਈਚਾਰਾ ਉਨ੍ਹਾਂ ਦਾ ਪੂਰਾ ਸਹਿਯੋਗ ਕਰੇਗਾ।

ਫਿਲੌਰ ਦੇ ਭਗਵਾਨ ਮਈਆ ਜੀ ਦੇ ਦਰਬਾਰ ਦੇ ਸਾਹਮਣੇ ਪੁਲ ਹੇਠਾਂ ਲੰਘਦੀ ਸੜਕ ਦਾ ਇਨ੍ਹਾਂ ਮੰਦਾ ਹਾਲ ਹੈ ਕਿ ਇਸ ਸੜਕ ਤੇ ਵੱਡੇ-ਵੱਡੇ ਟੋਏ ਤੇ ਗੰਦਾ ਪਾਣੀ ਬਦਬੂ ਮਾਰ ਰਿਹਾ ਹੈ। ਮਈਆ ਦਰਬਾਰ 'ਤੇ ਸ਼ਰਧਾਲੂ ਦੂਰ-ਦੂਰ ਤੋਂ ਆਉਂਦੇ ਹਨ।


**AXIS BANK**

**Retail Assets Center:** AXIS Bank Ltd., "2nd and 3rd Floor, Property No. 7-E, Malhar Road, Saraabha Nagar, Ludhiana -141001.
**Corporate Office:** 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025.
**Registered Office:** 'Trishul', 3rd floor, Opposite Samartheswar Temple, Law Garden, Ellisbridge, Ahmedabad-380006.

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੇਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਿਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐਸੇਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੇਸਟ ਐਕਟ, 2002 ਅਤੇ ਸਕਿਉਰਟੀ ਇੰਟਰੇਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਿਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸ/ਪਤਾ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ | ਕਰਜ਼ਾ ਰਕਮ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ |
|---|---|---|---|---|---|---|
| 1. | 1. ਸ੍ਰੀ ਬਲਜਿੰਦਰ ਸਿੰਘ ਪੁੱਤਰ ਸ਼ਬੇਗ ਸਿੰਘ 2. ਸ੍ਰੀਮਤੀ ਅਮਨਦੀਪ ਕੌਰ ਪਤਨੀ ਬਲਜਿੰਦਰ ਸਿੰਘ ਅਤੇ 3. ਸ੍ਰੀ ਦਵਿੰਦਰ ਸਿੰਘ ਪੁੱਤਰ ਸ਼ਬੇਗ ਸਿੰਘ ਸਾਰੇ ਵਾਸੀ ਪਿੰਡ ਸੇਲਵਾਲਾ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ, ਜ਼ਿਲ੍ਹਾ ਪਟਿਆਲਾ-147105, ਨਾਲ ਹੀ : ਸ੍ਰੀ ਬਲਜਿੰਦਰ ਸਿੰਘ ਪੁੱਤਰ ਸ਼ਬੇਗ ਸਿੰਘ ਪ੍ਰੋਪ: ਮੈਸ: ਬਲਜਿੰਦਰ ਡੇਅਰੀ ਫਾਰਮ, ਨੇੜੇ ਗ੍ਰਾਮ ਪੰਚਾਇਤ ਦਫਤਰ, ਪਿੰਡ ਸੇਲਵਾਲਾ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ-147105 ਕਰਜ਼ਾ ਖਾਤਾ ਨੰ. ਪੀ ਐੱਚ ਆਰ 019508125407 | 04 ਜੁਲਾਈ 2024 | 22 ਜੁਲਾਈ 2024 | ਰੁਪਏ 16,08,682/- (ਸੋਲਾਂ ਲੱਖ ਅੱਠ ਹਜ਼ਾਰ ਛੇ ਸੌ ਬਿਆਸੀ ਰੁਪਏ ਕੇਵਲ) | ਰੁਪਏ 15, 53,927/- (ਪੰਦਰਾਂ ਲੱਖ ਤਰਵੰਜਾ ਹਜ਼ਾਰ ਨੌਂ ਸੌ ਸਤਾਈ ਰੁਪਏ ਕੇਵਲ) | ਤਬਾਦਲਾ ਬੈਨਾਮਾ 2022-23/83/1511 ਮਿਤੀ 29-07-2022 ਅਨੁਸਾਰ ਸ੍ਰੀ ਬਲਜਿੰਦਰ ਸਿੰਘ ਪੁੱਤਰ ਸ਼ਬੇਗ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 0 ਕਨਾਲ 09 ਮਰਲਾ ਜੋ ਕਿ 271.20 ਵਰਗ ਗਜ਼, ਖੇਵਟ ਖਤੌਨੀ ਨੰ. 16/32, ਖਸਰਾ ਨੰ. 11//21/ਮਿਨ (0-9) ਜਮ੍ਹਾਂਬੰਦੀ ਸਾਲ 2016-2017, ਪਿੰਡ ਸੇਲਵਾਲਾ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) ਪੂਰਬ : ਫਿਰਨੀ ਰੋਡ, ਪੱਛਮ : ਖੁਦੀ ਦੀ ਮਲਕੀਅਤ, ਉੱਤਰ : ਦਵਿੰਦਰ ਸਿੰਘ, ਦੱਖਣ : ਦੇਬਾ ਰਾਮ |
| 2. | 1. ਸ੍ਰੀ ਵਿਜੇ ਕੁਮਾਰ ਪੁੱਤਰ ਸ੍ਰੀ ਚੈਂਚਲ ਸਿੰਘ 2. ਸ੍ਰੀ ਵਿਲੀਅਮ ਮਸੀਹ ਪੁੱਤਰ ਚੈਂਚਲ ਸਿੰਘ ਅਤੇ 3. ਸ੍ਰੀਮਤੀ ਰਾਜ ਪਤਨੀ ਸ੍ਰੀ ਵਿਲੀਅਮ ਮਸੀਹ ਸਾਰੇ ਵਾਸੀ ਪਿੰਡ ਕੋਟਲਾ ਚਾਹਲ, ਡਾਕਖਾਨਾ ਨੌਸ਼ਹਿਰਾ ਮੱਝਾ ਸਿੰਘ, ਨੇੜੇ ਗੁਰਵਿੰਦਰ ਛੀਨਾ ਕਰਿਆਨਾ ਸਟੋਰ ਗੁਰਦਾਸਪੁਰ-143518, ਪੰਜਾਬ, ਨਾਲ ਹੀ : ਪਲਾਟ ਨੰ.232 (ਪ੍ਰਾਈਵੇਟ ਨਕਸ਼ੇ ਮੁਤਾਬਕ) ਪਿੰਡ ਲੇਹਲ (ਨੇੜੇ ਕ੍ਰਿਸਟਲ ਵਾਸ ਐਂਡ ਹਰਮਨ ਡੇਅਰੀ) ਹੱਦਬਸਤ ਨੰ. 386-ਗੁਰਦਾਸਪੁਰ-143518 ਕਰਜ਼ਾ ਖਾਤਾ ਨੰ. ਪੀ ਐੱਚ ਆਰ 068507028666 | 09 ਜੁਲਾਈ 2024 | 22 ਜੁਲਾਈ 2024 | ਰੁਪਏ 24,22,799/- (ਚੌਵੀ ਲੱਖ ਬਾਈ ਹਜ਼ਾਰ ਸੱਤ ਸੌ ਨੜਿਨਵੇਂ ਰੁਪਏ ਕੇਵਲ) | ਰੁਪਏ 23,21,726/- (ਤੇਈ ਲੱਖ ਇੱਕੀ ਹਜ਼ਾਰ ਸੱਤ ਸੌ ਛੱਬੀ ਰੁਪਏ ਕੇਵਲ) | ਜਾਇਦਾਦ ਪਲਾਟ ਨੰ. 232 (ਪ੍ਰਾਈਵੇਟ ਨਕਸ਼ੇ ਅਨੁਸਾਰ) ਰਕਬਾ 11 ਮਰਲੇ ਜਿਨ ਦਾ 2/487 ਹਿੱਸਾ ਜੋ ਕਿ ਕੁੱਲ 11 ਮਰਲਾ 'ਚੋਂ (0-2) ਖੇਵਟ ਨੰ. 128, ਖਤੌਨੀ ਨੰ. 247 ਤੋਂ 251, ਖਸਰਾ ਨੰ.10ਆਰ/7/2/(1-2) 9ਆਰ/23/2 (0-18) 16ਆਰ/4 ਮਿੰਨ(3-16), 9/1(0-1) 8/1(7-14) 14/1(3-15) 8ਆਰ/8/2/1(3-10) 8/2/2(1-15) 13/1/2 (1-16) ਕਿੱਤੇ 9 ਰਕਬਾ (24-7) ਅਤੇ 3/913 ਸ਼ੇਅਰ ਭਾਵ ਕੁੱਲ ਦਾ (0-3) ਖੇਵਟ ਵਿੱਚ ਸ਼ਾਮਲ ਖੇਵਟ ਨੰ. 129 ਖਤੌਨੀ 252 ਤੋਂ 257 ਖਸਰਾ ਨੰਬਰ 17ਆਰ/9/1(0-1)10/1(4-7) 16ਆਰ/3/1ਮਿੰਟ ਚਾਰਦਾ (3-6) 6 ਮਿੰਟ (3-0) 7 ਮਿੰਟ (4-0) 32/5/4 ਮਿੰਟ(1-2) 9ਆਰ/24(7-0) 26(1-0) 16ਆਰ/6 ਮਿੰਨ(2-0) 7 ਮਿੰਨ(3-4) 32/5/4 ਮਿੰਟ(1-0) 9ਆਰ/23/2 ਘੱਟੋ-ਘੱਟ (4-12) 16ਆਰ/3/1ਚਾਰਦਾ (2-13) 6 ਮਿੰਨ (3-0)7 ਮਿੰਨ (0-16) 32/5/4 ਮਿੰਨ (1-2) 8ਆਰ/13/1/ਮਿੰਨ(2-12) 13/1/1 ਮਿੰਟ (0-16) 18 ਰਕਬਾ (45-13) ਅਤੇ 1/65 ਸ਼ੇਅਰ ਭਾਵ ਕੁੱਲ ਦਾ (0-1) ਖੇਵਟ 6 ਖਤੌਨੀ 19 ਵਿੱਚ ਸ਼ਾਮਲ ਖੇਤਰ ਖਸਰਾ ਨੰ 9 ਆਰ/16/1/2/2 (1-6)17/1 (1-19) ਕਿੱਤਾ 2 ਰਕਬਾ (3-5) ਅਤੇ 3/117 ਸ਼ੇਅਰ ਭਾਵ ਕੁੱਲ ਦਾ (0-3) ਖੇਵਟ ਵਿੱਚ ਸ਼ਾਮਲ ਖੇਤਰ ਨੰ 12 ਖਤੌਨੀ ਨੰ 27 ਖਸਰਾ ਨੰ: 16 ਆਰ/15/2 (3-9) 17ਆਰ11/2/1(2-8) ਕਿੱਤੇ 2 ਰਕਬਾ (5-17) ਅਤੇ 1/20 ਸ਼ੇਅਰ ਭਾਵ (0-1) ਕਿੱਤੇ 9 ਰਕਬਾ (24-7) ਅਤੇ 3/913 ਹਿੱਸਾ, ਜੋ ਕਿ ਕੁੱਲ ਖੇਤਰ (0-3), ਖੇਵਟ ਨੰ. 129, ਖਤੌਨੀ ਨੰ. 252 ਤੋਂ 257, ਖਸਰਾ ਨੰ. ਕੁੱਲ ਰਕਬਾ (0-11) ਜਮ੍ਹਾਂਬੰਦੀ ਸਾਲ 2018-2019, ਪਿੰਡ ਲਹਿਲ (ਨੇੜੇ ਕ੍ਰਿਸਟਲ ਵਾਸ਼ ਅਤੇ ਹਰਮਨ ਡੇਅਰੀ) ਹੱਦਬਸਤ ਨੰ. 386, ਤਹਿਸੀਲ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਵਿਜੇ ਕੁਮਾਰ ਦੇ ਨਾਂਅ ਰਜਿਸਟਰਡ 1/2 ਹਿੱਸਾ ਅਤੇ ਸ੍ਰੀਮਤੀ ਰਾਜ ਪਤਨੀ ਸ੍ਰੀ ਵਿਲੀਅਮ ਮਸੀਹ ਦੇ ਨਾਂਅ 'ਤੇ 1/2 ਹਿੱਸਾ, ਬੈਨਾਮਾ ਨੰ. 2021-22/150/1/286 ਮਿਤੀ 08 ਫਰਵਰੀ 2022, ਹੱਦਾਂ-(ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 235 ਮਾਲਕ ਸਰਬਜੀਤ ਸਿੰਘ/ਬਾਹੀ 59', ਪੱਛਮ : ਲਾਂਘਾ 20' ਚੌੜਾ/ਬਾਹੀ 59', ਉੱਤਰ : ਲਾਂਘਾ 20' ਚੌੜਾ/ਬਾਹੀ 50'-3", ਦੱਖਣ : ਪਲਾਟ ਨੰ. 233 ਮਾਲਕ ਸਰਬਜੀਤ ਸਿੰਘ/ਬਾਹੀ 50'-3" |
| 3. | 1. ਸ੍ਰੀ ਰਾਕੇਸ਼ ਕੁਮਾਰ ਪੁੱਤਰ ਪਿਆਰੇ ਲਾਲ ਗਿੱਲ ਹਾਊਸ ਨੇੜੇ ਬਿੱਟੂ ਜਨਰਲ ਸਟੋਰ, ਬਸਤੀ ਬਾਵਾ ਖੇਲ, ਜਲੰਧਰ 1. ਪੰਜਾਬ-144021, ਨਾਲ ਹੀ : ਰਾਕੇਸ਼ ਕੁਮਾਰ ਪੁੱਤਰ ਪਿਆਰੇ ਲਾਲ ਮਕਾਨ ਨੰ. 23 ਗੁਰੂ ਰਾਮਦਾਸ ਇਨਕਲੇਵ ਬਸਤੀ ਦਾਨਿਸ਼ਮੰਦਾਂ, ਜ਼ਿਲ੍ਹਾ ਜਲੰਧਰ-144001, ਨਾਲ ਹੀ : ਸ੍ਰੀ ਰਾਕੇਸ਼ ਕੁਮਾਰ ਪੁੱਤਰ ਪਿਆਰੇ ਲਾਲ ਮੈਸਰਜ਼ ਐੱਸ ਪੀ ਐੱਮ ਐਨਰਜੀ ਲਿਮਟਿਡ, 22 ਕੈਮਲ ਸਟਰੀਟ ਬਲਾਕ-ਏ, ਤੀਸਰੀ ਮੰਜ਼ਲ, ਕੋਲਕੱਤਾ ਵੈੱਸਟ ਬੰਗਾਲ-700016. (2) ਸ੍ਰੀਮਤੀ ਸ਼ਿਵਾਲੀ ਪਤਨੀ ਰਾਕੇਸ਼ ਕੁਮਾਰ ਗਿੱਲ ਹਾਊਸ ਨਿਊ ਰਾਜ ਨਗਰ, ਨੇੜੇ ਬਿੱਟੂ ਜਨਰਲ ਸਟੋਰ, ਬਸਤੀ ਬਾਵਾ ਖੇਲ, ਜਲੰਧਰ-1, ਪੰਜਾਬ-144021, ਨਾਲ ਹੀ : ਸ੍ਰੀਮਤੀ ਸ਼ਿਵਾਲੀ ਪਤਨੀ ਰਾਕੇਸ਼ ਕੁਮਾਰ ਮਕਾਨ ਨੰ. 23 ਗੁਰੂ ਰਾਮਦਾਸ ਇਨਕਲੇਵ ਬਸਤੀ ਦਾਨਿਸ਼ਮੰਦਾਂ, ਜ਼ਿਲ੍ਹਾ ਜਲੰਧਰ-144001, ਕਰਜ਼ਾ ਖਾਤਾ ਨੰ. ਪੀ ਐੱਚ ਆਰ 015504915355 | 09 ਜੁਲਾਈ 2024 | 01 ਅਗਸਤ 2024 | ਰੁਪਏ 33,88,303/- (ਤੇਤੀ ਲੱਖ ਅਠਾਸੀ ਹਜ਼ਾਰ ਤਿੰਨ ਸੌ ਤਿੰਨ ਰੁਪਏ ਕੇਵਲ) | ਰੁਪਏ 33,12,291/- (ਤੇਤੀ ਲੱਖ ਬਾਰਾਂ ਹਜ਼ਾਰ ਦੋ ਸੌ ਇਕਾਨਵੇਂ ਰੁਪਏ ਕੇਵਲ) | ਬੈਨਾਮਾ ਨੰ. 2019-20/187/1/8425 ਮਿਤੀ 21-01-2020 ਅਨੁਸਾਰ ਸ੍ਰੀਮਤੀ ਸ਼ਿਵਾਲੀ ਪਤਨੀ ਰਾਕੇਸ਼ ਕੁਮਾਰ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 23 ਰਕਬਾ 05 ਮਰਲਾ 165 ਵਰਗ ਫੁੱਟ, ਖੇਵਟ/ਖਤੌਨੀ ਨੰ. 486/514, 539/567, ਖਸਰਾ ਨੰ. 694, 695, ਜਮ੍ਹਾਂਬੰਦੀ ਸਾਲ 2017-18, ਹੱਦਬਸਤ ਨੰ. 312, ਅਬਾਦੀ ਗੁਰੂ ਰਾਮਦਾਸ ਇਨਕਲੇਵ ਬਸਤੀ ਦਾਨਿਸ਼ਮੰਦਾਂ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ-(ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਵੇਚਣ ਵਾਲਾ, ਉੱਤਰ : ਹੋਰਾਂ ਦੀ ਜਾਇਦਾਦ, ਦੱਖਣ : ਸੜਕ। |
| 4. | (1) ਸ੍ਰੀ ਅਜੇ ਕੁਮਾਰ ਪੁੱਤਰ ਛੋਟੇ ਲਾਲ (2) ਸ੍ਰੀ ਛੋਟੇ ਲਾਲ ਪੁੱਤਰ ਅਯੁੱਧਿਆ ਪ੍ਰਸ਼ਾਦ ਦੋਵੇਂ ਵਾਸੀ ਮਕਾਨ ਨੰ. 101, ਟੋਬਰੀ ਮੁਹੱਲਾ, ਟਾਂਡਾ ਰੋਡ, ਜਲੰਧਰ-1, ਪੰਜਾਬ-144001, ਨਾਲ ਹੀ : ਮਕਾਨ ਨੰ. 59, ਥ੍ਰੀਸਟਾਰ ਪੈਰਾਡਾਈਜ਼ ਐਕਸਟੈਨਸ਼ਨ, ਪਿੰਡ ਨੰਗਲ ਸਲੇਮਪੁਰ, ਜ਼ਿਲ੍ਹਾ ਜਲੰਧਰ-144001, ਨਾਲ ਹੀ : ਸ੍ਰੀ ਅਜੇ ਕੁਮਾਰ ਪੁੱਤਰ ਛੋਟੇ ਲਾਲ ਪ੍ਰੋਪ: ਮੈਸ: ਅਜੇ ਕੁਮਾਰ ਨਾਨ ਵਾਲਾ, ਗੁੱਜਾਪੀਰ ਰੋਡ, ਜਲੰਧਰ-144001 ਕਰਜ਼ਾ ਖਾਤਾ ਨੰ. ਪੀ ਐੱਚ ਆਰ 015505784128 | 09 ਜੁਲਾਈ 2024 | 02 ਅਗਸਤ 2024 | ਰੁਪਏ 24,59,307/- (ਚੌਵੀ ਲੱਖ ਉਨਾਹਠ ਹਜ਼ਾਰ ਤਿੰਨ ਸੌ ਸੱਤ ਰੁਪਏ ਕੇਵਲ) | ਰੁਪਏ 24,13,752/- (ਚੌਵੀ ਲੱਖ ਤੇਰਾਂ ਹਜ਼ਾਰ ਸੱਤ ਸੌ ਬਵੰਜਾ ਰੁਪਏ ਕੇਵਲ) | ਬੈਨਾਮਾ ਨੰ. 2020-21/186/1/9614, ਮਿਤੀ 23-02-2021 ਅਨੁਸਾਰ ਛੋਟੇ ਲਾਲ ਪੁੱਤਰ ਅਯੁੱਧਿਆ ਪ੍ਰਸ਼ਾਦ ਦੇ ਨਾਂਅ ਰਿਹਾਇਸ਼ੀ ਜਾਇਦਾਦ/ਮਕਾਨ ਨੰ. 59 ਕੁੱਲ ਖੇਤਰ ਰਕਬਾ 02 ਮਰਲਾ 212 ਮੁਰੱਬਾ ਫੁੱਟ ਖਸਰਾ ਨੰ: 20//16/1, 23//26, 10, 11,20,21, 24//6, 15, 16, 25, 25//5 ਮਿੰਨ, 20//24,25, 21//20, 21, 23//1, 25//6/1, 26//10/1, 24//12, 25//5 ਮਿੰਨ, 24//26, 27, 4, 5, 7, 13, 14, 17, 18, 19, 20, 21, 22, 23, 24 ਜਮ੍ਹਾਂਬੰਦੀ ਸਾਲ 2013-14 ਹੱਦਬਸਤ ਨੰ. 208, ਥ੍ਰੀ ਸਟਾਰ ਪੈਰਾਡਾਈਜ਼ ਐਕਸਟੈਂਸ਼ਨ, ਪਿੰਡ ਨੰਗਲ ਸਲੇਮਪੁਰ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ ਦਾ ਪਲਾਟ, ਪੱਛਮ : ਸੜਕ, ਉੱਤਰ : ਹੋਰ ਦਾ ਮਕਾਨ, ਦੱਖਣ : ਹੋਰ ਦਾ ਮਕਾਨ। |
| 5. | (1) ਸ੍ਰੀ ਸੋਨੂੰ ਪੁੱਤਰ ਤ੍ਰਿਪੁਰਾਰੀ ਅਤੇ (2) ਸ੍ਰੀਮਤੀ ਅਨੀਤਾ ਪਤਨੀ ਤ੍ਰਿਪੁਰਾਰੀ ਦੋਵੇਂ ਵਾਸੀ ਗਲੀ ਨੰ. 7, ਗੁਰੂ ਤੇਗ ਬਹਾਦਰ ਨਗਰ, ਫਗਵਾੜਾ, ਨੇੜੇ ਗੌਰਮਿੰਟ ਸਕੂਲ ਜ਼ਿਲ੍ਹਾ ਕਪੂਰਥਲਾ ਪੰਜਾਬ-144402, ਨਾਲ ਹੀ : ਮਕਾਨ ਗੁਰੂ ਤੇਗ ਬਹਾਦਰ ਨਗਰ ਫਗਵਾੜਾ, ਗਰਬੀ ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ-144402 ਵਿਖੇ ਸਥਿਤ ਨਾਲ ਹੀ : ਸ੍ਰੀ ਸੋਨੂੰ ਪੁੱਤਰ ਤ੍ਰਿਪੁਰਾਰੀ ਪ੍ਰੋਪ: ਮੈਸ: ਸੋਨੂੰ ਗਾਰਮੈਂਟਸ ਗੁਰੂ ਤੇਗ ਬਹਾਦਰ ਰੋਡ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ-144402 ਕਰਜ਼ਾ ਖਾਤਾ ਨੰ. ਪੀ ਐੱਚ ਆਰ 015506273312 | 09 ਜੁਲਾਈ 2024 | 02 ਅਗਸਤ 2024 | ਰੁਪਏ 12,73,786/- (ਬਾਰਾਂ ਲੱਖ ਤਹਿੱਤਰ ਹਜ਼ਾਰ ਸੱਤ ਸੌ ਸਿਆਸੀ ਰੁਪਏ ਕੇਵਲ) | ਰੁਪਏ 12,39,200/- (ਬਾਰਾਂ ਲੱਖ ਉਨਤਾਲੀ ਹਜ਼ਾਰ ਦੋ ਸੌ ਰੁਪਏ ਕੇਵਲ) | ਬੈਨਾਮਾ ਨੰ. 2021-22/32/1/1290 ਮਿਤੀ 08-07-2021 ਅਨੁਸਾਰ ਸ੍ਰੀਮਤੀ ਅਨੀਤਾ ਪਤਨੀ ਤਿਰੀਪੁਰਾਰੀ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 04.75 ਮਰਲਾ ਕੁੱਲ ਖੇਤਰ ਦਾ 19/4216 ਹਿੱਸਾ, ਖਸਰਾ ਨੰਬਰ 2905 ਮਿੰਨ (1-9), 2906 (0-15), 2907 (0-8), 2908 ਮਿੰਨ (0-6), 2909 (1-14), 2911 (0-11), 2912 (0-11), 2913 (0-12), 2914 (0-9), 2915 (5-12), 2916 (1-9), 2918(0-15) 2919 (1-6), 2920 (1-9), 2921 (4-3), 2922 (2-5), 2923 (1-18), 2924 (4-10), 2927 (2-15), 2933 (2-9) 2934 (4-18), 2935/1(1-2), 2936 (0-19), 2940 (2-3), 2944 (4-15), 6924/6334/4236/2903 (1-4) 6932/2931 (1-2) 2902 (0-8), 2908 ਮਿੰਨ (0-5), 2909 ਮਿੰਨ (0-5), 2904 ਮਿੰਨ (0-5) 2909 ਮਿੰਨ (0-5) ਕਿੱਤਾ/32 ਖੱਤਾ ਨੰਬਰ 1268/1695 ਤੋਂ 1700, ਗੁਰੂ ਤੇਗ ਬਹਾਦਰ ਨਗਰ, ਫਗਵਾੜਾ ਗਰਬੀ, ਤਹਿਸੀਲ ਫਗਵਾੜਾ ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਰਸਤਾ, ਪੱਛਮ : ਜਸਵਿੰਦਰ ਸਿੰਘ, ਉੱਤਰ : ਦੇਵ ਰਾਮ, ਦੱਖਣ : ਮੋਹਣ ਲਾਲ |
| 6. | (1) ਸ੍ਰੀ ਹਰਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਅਤੇ ਸ੍ਰੀ ਰਣਜੀਤ ਸਿੰਘ ਪੁੱਤਰ ਸੋਹਨ ਸਿੰਘ ਦੋਵੇਂ ਵਾਸੀ ਨੇੜੇ ਬਸ਼ੇਰਾ ਗਊਸ਼ਾਲਾ ਵਾਰਡ ਨੰ. 10, ਗੋਨਿਆਣਾ ਮੰਡੀ, ਬਠਿੰਡਾ ਪੰਜਾਬ-151201, ਨਾਲ ਹੀ : ਲਿੰਕ ਮਕਾਨ ਰੇਵੈਨਿਊ ਲਿਮਟਸ ਬੂਪਾ ਸੋਹੀ ਵਾਲੀ ਗਲੀ, ਨੇੜੇ ਗਊਸ਼ਾਲਾ ਨਹਿਨਾ ਵਾਲਾ ਤਹਿਸੀਲ ਅਤੇ ਜ਼ਿਲ੍ਹਾ ਬਠਿੰਡਾ ਵਿਖੇ ਸਥਿਤ। ਨਾਲ ਹੀ : ਸ੍ਰੀ ਹਰਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਵਾਰਡ ਨੰ. 10, ਬੂਪਾ ਸਿੰਘ , ਗਲੀ ਨੰ. 1/5 ਨੇੜੇ ਬੇਸਹਾਰਾ ਗਊਸ਼ਾਲਾ ਗੋਨਿਆਣਾ ਬਠਿੰਡਾ ਕਰਜ਼ਾ ਖਾਤਾ ਨੰ. ਪੀ ਐੱਚ ਆਰ 024209487897 | 09 ਜੁਲਾਈ 2024 | 02 ਅਗਸਤ 2024 | ਰੁਪਏ 15,65,802/- (ਪੰਦਰਾਂ ਲੱਖ ਪੈਂਹਠ ਹਜ਼ਾਰ ਅੱਠ ਸੌ ਦੋ ਰੁਪਏ ਕੇਵਲ) | ਰੁਪਏ 15,36,580/- (ਪੰਦਰਾਂ ਲੱਖ ਛੱਤੀ ਹਜ਼ਾਰ ਪੰਜ ਸੌ ਅੱਸੀ ਰੁਪਏ ਕੇਵਲ) | ਬੈਨਾਮਾ ਨੰ. 1432 ਮਿਤੀ 6-2-2018 ਅਨੁਸਾਰ ਸ੍ਰੀ ਹਰਪ੍ਰੀਤ ਸਿੰਘ ਪੁੱਤਰ ਸ੍ਰੀ ਰਣਜੀਤ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 166.33 ਵਰਗ ਗਜ਼ ਜੋ ਕਿ 00 ਕਨਾਲ 5-1/2 ਮਰਲਾ, ਜੋ ਕਿ ਜ਼ਮੀਨ ਰਕਬਾ 357 ਕਨਾਲ 01 ਮਰਲਾ ਦਾ 11/14282 ਹਿੱਸਾ, ਖਸਰਾ ਨੰਬਰ: 31//17/25(0-3), 17/26 (0-2), 17/27 (0-2), 17/28 (0-2) 17/29 (0-2), 17/30 (0-2), 485/40 (0-2), 81//16 ਮਿੰਨ (5-0), 17 ਮਿੰਨ (5-0), 18 ਮਿੰਨ (5-0), 19 ਮਿੰਨ (5-0) 82//21 ਮਿੰਨ (6-0), 22 ਮਿੰਨ (4-0), 22//16/1/1 ਮਿੰਨ (0-13), 81//22 ਮਿੰਨ (7-0), 23 ਮਿੰਨ (3-0), 24 ਮਿੰਨ (3-0), 25 ਮਿੰਨ (2-6), 82//2(8-0), 3(8-0), 4 (8-0), 5(3-6), 7 ਮਿੰਨ (0-16), 8 ਮਿੰਨ (0-15), 9 ਮਿੰਨ (0-16), 18 ਮਿੰਨ (3-12), 19 ਮਿੰਨ (4-9), 22//16/1/1 ਮਿੰਨ (0-8), 16/1/1 ਮਿੰਨ (2-0),16/1/2/(1-0),25/1/1(1-1),21//11/2/1 (2-4), 11/2/2 ਮਿੰਨ (1-9), 20 ਮਿੰਨ (4-12), 81/1//20 ਮਿੰਨ (1-1),81//25 ਮਿੰਨ (4-0), 105//2 ਮਿੰਨ (1-2), 81//24 ਮਿੰਨ (3-0) 25 ਮਿੰਨ (1-0), 82//22 ਮਿੰਨ (2-0), 81//22 ਮਿੰਨ (1-0) 23 ਮਿੰਨ (3-0), 23 ਮਿੰਨ (2-0) 24 ਮਿੰਨ (2-0) 105//1 ਮਿੰਨ (1-11) 2 ਮਿੰਨ (0-9) 3 ਮਿੰਨ (1-1)21//21 ਮਿੰਨ (6-16) 22//16/2 (2-6)17/1 (1-12) 24/2 (0-6) 25/1/2 ਮਿੰਨ (1-15) 33//1 ਮਿੰਨ (1-10) 82//23 ਮਿੰਨ (3-18) 33//10(6-1)177//18 (8-0) 23 (8-0) 21//12/2 ਮਿੰਨ (1-16) 19/1 ਮਿੰਨ (1-8) 177//20 (8-0) 21 (7-11) 499(1-19) 33//1 ਮਿੰਨ (6-10) 177//19 (7-12) 22 (7-12) 21//11/2/2 ਮਿੰਨ (1-13) 12/2 ਮਿੰਨ (0-11) 19/1 ਮਿੰਨ (0-1) 20 ਮਿੰਨ (1-19) 82//7 ਮਿੰਨ (1-14) 14 ਮਿੰਨ (1-6) 81//20/2 ਮਿੰਨ (1-12) 82//7 ਮਿੰਨ (4-0)8 ਮਿੰਨ (2-10) 12 ਮਿੰਨ (4-0) 81//21 ਮਿੰਨ (5-2) 82//9 ਮਿੰਨ (2-13)19 ਮਿੰਨ (1- 3) 19 ਮਿੰਨ (2-11) 20 ਮਿੰਨ (1-1) 12 ਮਿੰਨ (4-0) 13 ਮਿੰਨ (1-11) 82//8 ਮਿੰਨ (3-5) 13 ਮਿੰਨ (6-9) 14 ਮਿੰਨ (1-6) 81//20/2 ਮਿੰਨ (5-0) 82//9 ਮਿੰਨ (2-1) 18 ਮਿੰਨ (2-11) 19 ਮਿੰਨ (1-0) 20 ਮਿੰਨ (2-10) 21//11/2/2 ਮਿੰਨ (1-4) 12/2 ਮਿੰਨ (2-9) 19/1 ਮਿੰਨ (2-8) 20 ਮਿੰਨ (1-7) 21//11/2/1 ਮਿੰਨ (0-3) 20 ਮਿੰਨ (0-4) 382/2ਮਿੰਨ (0-2) 382/2 ਮਿੰਨ (1-0) 382/2 ਮਿੰਨ (1-2) 382/1 (0- 8) 382/1 (0-12) 382/1(0- 3) 21//12 ਮਿੰਨ (1-8) 81//12 ਮਿੰਨ (5-0) 81//12 ਮਿੰਨ (3-0)13(8-0) 14(8-0)15/2 (4-9) 105//2 ਮਿੰਨ (6-9) 3 ਮਿੰਨ (5-1) 21//12/2 ਮਿੰਨ (0-9) 19/1ਮਿੰਨ (1- 7) 81/1//11/2 (0-16)81//16 ਮਿੰਨ (3-0) 17 ਮਿੰਨ (3-0) 18 ਮਿੰਨ (3-0) 19 ਮਿੰਨ (3-0) 81/1//20 ਮਿੰਨ (0-12) 105//1 ਮਿੰਨ (6-9) ਖਤਾਨੰ: 172/142, ਖਤੌਨੀ ਨੰ: 817 ਤੋਂ 856, ਜਮ੍ਹਾਂਬੰਦੀ ਸਾਲ 2013-14 ਬੂਪਾ ਸੋਹੀ ਵਾਲੀ ਗਲੀ ਦੀਆਂ ਰੇਵੈਨਿਊ ਹੱਦਾਂ ਦੇ ਅੰਦਰ ਬਾਹਰ ਨੇੜੇ ਗਊਸ਼ਾਲਾ, ਨੇਹੀਆਂਵਾਲਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਖਾਲੀ ਪਲਾਟ 21' 2" ਪੱਛਮ : ਗਲੀ 21' 0" ਉੱਤਰ : ਖਾਲੀ ਪਲਾਟ 73' 9" ਦੱਖਣ : ਖਾਲੀ ਪਲਾਟ 70' 01" |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੇਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। (ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।)

ਮਿਤੀ : 21-08-2024, ਸਥਾਨ : ਪੰਜਾਬ     ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

# ਪੰਜਾਬ ਸਰਕਾਰ ਨੇ ਊਰਜਾ ਦੇ ਖੇਤਰ 'ਚ ਵੱਡੀਆਂ ਮੱਲਾਂ ਮਾਰੀਆਂ : ਜਗਰੂਪ ਸਿੰਘ ਸੇਖਵਾਂ

## * ਰਾਜ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਦਿੱਤੀ ਜਾ ਰਹੀ ਮੁਫ਼ਤ ਬਿਜਲੀ ਦੀ ਸਹੂਲਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੇ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਸਦਕਾ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ।ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮਾਨ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ।ਸੂਬਾ ਸਰਕਾਰ ਵੱਲੋਂ ਊਰਜਾ ਦੇ ਖੇਤਰ ਵਿੱਚ ਹਾਸਲ ਕੀਤੀਆਂ ਪ੍ਰਾਪਤੀਆਂ ਬਾਰੇ ਗੱਲ ਕਰਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਈਵੇਟ ਕੰਪਨੀ ਜੀ. ਵੀ. ਕੇ. ਪਾਵਰ ਦੀ ਮਾਲਕੀ ਵਾਲਾ ਗੋਇੰਦਵਾਲ ਪਾਵਰ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ ਹੈ।ਇਸ ਪਲਾਂਟ ਦਾ ਨਾਮ ਤੀਜੇ ਪਾਤਿਸ਼ਾਹ ਦੇ ਨਾਮ ਉਤੇ ਸ੍ਰੀ ਗੁਰੂ ਅਮਰਦਾਸ ਥਰਮਲ ਪਾਵਰ ਪਲਾਂਟ ਰੱਖਿਆ ਗਿਆ ਹੈ।ਇਸ ਪਲਾਂਟ ਦੇ ਰਿਕਾਰਡ ਲੋਡ ਫੈਕਟਰ 'ਤੇ ਚੱਲਣ ਅਤੇ ਪਛਵਾੜਾ ਕੋਲਾ ਖਾਣ ਤੋਂ ਇਸ ਲਈ ਸਸਤਾ ਕੋਲਾ ਮਿਲਣ ਸਦਕਾ ਸਸਤੀਆਂ ਦਰਾਂ ਤੇ ਬਿਜਲੀ ਉਤਪਾਦਨ ਕਰਨ ਵਿੱਚ ਕਾਮਯਾਬੀ ਮਿਲੀ ਹੈ। ਸੇਖਵਾਂ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਸਾਲ 2024-25 ਦੌਰਾਨ ਮੁਫ਼ਤ ਬਿਜਲੀ ਦੀ ਸਹੂਲਤ ਲਈ ਕੁੱਲ 9330 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ।ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਨਿਰਵਿਘਨ ਲਵਾਈ/ਬਿਜਾਈ ਲਈ ਬਿਜਲੀ ਦੀ ਨਿਰੰਤਰ ਸਪਲਾਈ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਝੋਨੇ ਦੇ ਸੀਜ਼ਨ ਦੌਰਾਨ ਘਰੇਲੂ, ਵਪਾਰਕ, ਉਦਯੋਗਿਕ ਅਤੇ ਹੋਰ ਖਪਤਕਾਰਾਂ 'ਤੇ ਬਿਜਲੀ ਕੱਟ ਲਗਾਏ ਬਿਨਾਂ ਖੇਤੀਬਾੜੀ ਖਪਤਕਾਰਾਂ ਨੂੰ 8 ਘੰਟੇ ਤੋਂ ਵੱਧ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੀ. ਐੱਸ. ਪੀ. ਸੀ. ਐੱਲ. ਨੇ 21 ਜੁਲਾਈ ਨੂੰ 3666 ਲੱਖ ਯੂਨਿਟ ਦੀ ਹੁਣ ਤੱਕ ਦੀ ਬਿਜਲੀ ਦੀ ਸਭ ਤੋਂ ਉੱਚੀ ਮੰਗ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ।ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਬਿਜਲੀ ਸਬਸਿਡੀ ਦੀ ਅਦਾਇਗੀ ਨਾਲੋ-ਨਾਲ ਕੀਤੀ ਜਾ ਰਹੀ ਹੈ।ਵਿੱਤੀ ਵਰ੍ਹੇ 2023-24 ਲਈ ਪੰਜਾਬ ਸਰਕਾਰ ਦੁਆਰਾ ਪੀ. ਐੱਸ. ਪੀ. ਸੀ. ਐੱਲ. ਨੂੰ 18276.74 ਕਰੋੜ ਰੁਪਏ ਦੀ ਸਬਸਿਡੀ ਦਾ ਭੁਗਤਾਨ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 5829 ਕਰੋੜ ਰੁਪਏ ਦੀ ਸਬਸਿਡੀ ਦਾ ਭੁਗਤਾਨ ਕੀਤਾ ਗਿਆ ਹੈ ।

# ਬੜੇ ਉਤਸ਼ਾਹ ਨਾਲ ਮਨਾਇਆ ਪੰਧੇਰ ਕਾਲਜ 'ਚ 78ਵਾਂ ਆਜ਼ਾਦੀ ਦਿਹਾੜਾ

## * ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਸਿਰਜਣ ਲਈ ਅੱਜ ਵੀ ਪ੍ਰਣ ਲੈਣ ਦੀ ਲੋੜ : ਕੰਗ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਸ੍ਰੀ ਗੁਰੂ ਰਾਮਦਾਸ ਗਰੁੱਪ ਆਫ ਇੰਸਟੀਟਿਊਟਸ ਪੰਧੇਰ ਦੇ ਸਮੂਹ ਕਾਲਜਿਸ ਅਤੇ ਗੁਰੂ ਸਾਗਰ ਪਬਲਿਕ ਸਕੂਲ ਪੰਧੇਰ ਵੱਲੋਂ 78ਵੇਂ ਆਜ਼ਾਦੀ ਦਿਹਾੜੇ ਸਬੰਧੀ ਸਮਾਗਮ ਵਿੱਚ ਵਿਦਿਆਰਥੀਆਂ ਨੇ ਭਾਗ ਲੈ ਕੇ ਤਿਰੰਗੇ ਅਤੇ ਰਾਸ਼ਟਰ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ ਅਤੇ ਇਹ ਸਮਾਗਮ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ।ਝੰਡਾ ਲਹਿਰਾਉਣ ਦੀ ਰਸਮ ਪ੍ਰੈਜ਼ੀਡੈਂਟ ਹਰਜਿੰਦਰਪਾਲ ਕੌਰ, ਵਾਇਸ ਪ੍ਰੈਜ਼ੀਡੈਂਟ ਡਾ. ਗੁਲਵਤਨ ਸਿੰਘ ਕੰਗ ਅਤੇ ਡਾ. ਆਨੰਦਜੀਤ ਕੌਰ ਵੱਲੋ ਨਿਭਾਈ ਗਈ। ਇਸ ਮੌਕੇ ਐੱਨ. ਸੀ. ਸੀ. ਦੀ ਟੀਮ ਵੱਲੋਂ ਮਹਿਮਾਨਾਂ ਨੂੰ ਸਲੂਟ ਦਿੱਤਾ ਗਿਆ।ਨਰਸਿੰਗ, ਫਾਰਮੇਸੀ, ਡਿਗਰੀ, ਕਾਲਜ ਆਫ ਐਜੂਕੇਸਨ ਦੇ ਵਿਦਿਆਰਥੀ ਅਤੇ ਗੁਰੂ ਸਾਗਰ ਪਬਲਿਕ ਸਕੂਲ ਪੰਧੇਰ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਨਾਲ ਸਬੰਧਤ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਵਿਦਿਆਰਥੀਆਂ ਵੱਲੋਂ ਕਵਿਤਾ, ਗੀਤ, ਭਾਸ਼ਣ, ਸਕਿਟਾਂ, ਗਿੱਧਾ ਅਤੇ ਭੰਗੜਾ ਵੀ ਪੇਸ਼ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਾਲਜ ਦੇ ਪ੍ਰੈਜ਼ੀਡੈਂਟ ਹਰਜਿੰਦਰਪਾਲ ਕੌਰ ਕੰਗ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਆਜ਼ਾਦੀ ਦਿਹਾੜੇ ਦੀ ਵਧਾਈਆਂ ਦਿੱਤੀ ਅਤੇ ਦੱਸਿਆ ਕਿ ਕਿਵੇਂ ਸਾਡੇ ਦੇਸ਼ ਭਗਤਾਂ ਨੇ ਜਾਨਾਂ ਵਾਰ ਕੇ ਅੰਗਰੇਜ਼ਾਂ ਤੋਂ ਭਾਰਤ ਨੂੰ ਆਜ਼ਾਦ ਕਰਵਾਇਆ ਸੀ।ਉਨ੍ਹਾਂ ਦੇ ਕੀ ਸੁਪਨੇ ਸਨ ਜੋ ਦੇਸ਼ ਦੇ ਆਜ਼ਾਦ ਹੋਣ ਤੋਂ ਬਾਅਦ ਵੀ ਅਧੂਰੇ ਰਹਿ ਗਏ ਹਨ।ਉਨ੍ਹਾਂ ਦੇਸ਼ ਅੰਦਰ ਬੁਰੀਆਂ ਅਲਾਮਤਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਭਾਰਤ ਸ਼ਹੀਦ ਭਗਤ ਸਿੰਘ ਅਤੇ ਹੋਰ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਵਾਲਾ ਭਾਰਤ ਨਹੀਂ ਰਿਹਾ ਹੈ।ਵਾਇਸ ਪ੍ਰੈਜ਼ੀਡੈਂਟ ਡਾ ਗੁਲਵਤਨ ਸਿੰਘ ਕੰਗ ਨੇ ਸਮੂਹ ਹਾਜ਼ਰ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਆਜ਼ਾਦੀ ਦਿਵਸ ਦੀ ਵਧਾਈ ਦਿੰਦੇ ਹੋਏ ਇਸ ਆਜ਼ਾਦੀ ਵਿਚ ਪੰਜਾਬ ਦੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਆਨੰਦਜੀਤ ਕੌਰ ਨੇ ਹਾਜ਼ਰ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਹਾੜੇ ਦੀ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ 78ਵੇਂ ਆਜ਼ਾਦੀ ਦਿਹਾੜੇ ਮੌਕੇ ਸਾਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਦੇਸ਼ ਭਗਤਾ ਅਤੇ ਸ਼ਹੀਦਾਂ ਦੀ ਸੋਚ ਵਾਲਾ ਭਾਰਤ ਫਿਰ ਤੋਂ ਉਸਾਰਨ ਵਾਸਤੇ ਸਾਨੂੰ ਸ਼ਹੀਦਾਂ ਦੇ ਦਰਸਾਏ ਗਏ ਰਸਤੇ ਚੱਲਣਾ ਚਾਹੀਦਾ ਹੈ। ਡਾ. ਆਨੰਦਜੀਤ ਕੌਰ ਨੇ ਕਿਹਾ ਕਿ ਆਜ਼ਾਦੀ ਦੇ ਸ਼ਹੀਦਾਂ ਦੇ ਸੁਪਨਿਆਂ ਵਾਲਾ ਭਾਰਤ ਬਣਾਉਣ ਲਈ ਸਾਨੂੰ ਦੇਸ਼ ਦੀ ਤਰੱਕੀ ਕਰਨ ਵਾਲੀਆਂ ਸਰਕਾਰਾਂ ਦੀ ਚੋਣ ਕਰਨੀ ਚਾਹੀਦੀ ਹੈ ਅਤੇ ਭ੍ਰਿਸ਼ਟ ਲੋਕਾਂ ਨੂੰ ਨਕਾਰਨਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਇਸ ਮੌਕੇ ਗੁਰੂ ਸਾਗਰ ਪਬਲਿਕ ਸਕੂਲ ਦੇ ਪ੍ਰਿੰ. ਮੀਨਾਕਸ਼ੀ, ਐਡਵੋਕੇਟ ਮਨਦੀਪ ਸਿੰਘ ਬੋਪਾਰਾਏ, ਸ੍ਰੀ ਗੁਰੂ ਰਾਮਦਾਸ ਕਾਲਜ ਆਫ ਫਰਮੇਸੀ ਦੇ ਪ੍ਰਿੰ. ਸੁਪਨਦੀਪ ਕੌਰ, ਸਮੇਤ ਸ਼ਮੂਹ ਕਾਲਜਾਂ ਦਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਨਹਿਰ 'ਚ ਕਾਰ ਡਿੱਗਣ ਕਾਰਨ ਦੋ ਪਟਵਾਰੀਆਂ ਦੀ ਮੌਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਕੱਚਾ ਪੱਕਾ ਨਹਿਰ 'ਚ ਕਾਰ ਡੁੱਬਣ ਕਾਰਨ ਦੋ ਨੌਜਵਾਨ ਪਟਵਾਰੀਆਂ ਦੀ ਮੌਤ ਹੋ ਜਾਣ ਦੀ ਬੇਹੱਦ ਦੁਖਦਾਈ ਖ਼ਬਰ ਸਾਹਮਣੇ ਆਈ ਹੈ।ਹਾਦਸਾ ਸੋਮਵਾਰ ਰਾਤ ਨੂੰ ਦਸ ਤੋਂ ਸਾਢੇ ਦਸ ਦੇ ਵਿਚਕਾਰ ਵਾਪਰਿਆ।ਮ੍ਰਿਤਕਾਂ ਦੀ ਪਛਾਣ ਹਰਜਿੰਦਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਭਿੱਖੀਵਿੰਡ ਤੇ ਰਣਜੋਧ ਸਿੰਘ ਪੁੱਤਰ ਬਚਿੱਤਰ ਸਿੰਘ ਵਾਸੀ ਨਾਰਲੀ ਵਜੋਂ ਹੋਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਦੋਵੇਂ ਨੌਜਵਾਨ ਹਰੀਕੇ ਤੋਂ ਭਿੱਖੀਵਿੰਡ ਪਰਤ ਰਹੇ ਸਨ।ਜਦੋਂ ਉਹ ਕੱਚਾ ਪੱਕਾ ਨਹਿਰ ਨਜ਼ਦੀਕ ਪੁੱਜੇ ਤਾਂ ਉਨ੍ਹਾਂ ਦੀ ਕਾਰ ਦਾ ਸੰਤੁਲਨ ਵਿਗੜ ਗਿਆ ਤੇ ਕਾਰ ਨਹਿਰ 'ਚ ਡਿੱਗ ਗਈ।ਨਹਿਰ 'ਚ ਡਿੱਗਦਿਆਂ ਸਾਰ ਕਾਰ ਉਲਟੀ ਹੋ ਗਈ।ਨਹਿਰ 'ਚ ਪਾਣੀ ਜ਼ਿਆਦਾ ਹੋਣ ਕਾਰਨ ਤੇ ਕਾਰ ਦੇ ਉਲਟ ਜਾਣ ਨਾਲ ਨੌਜਵਾਨ ਕਾਰ ਵਿੱਚੋਂ ਬਾਹਰ ਨਹੀਂ ਨਿਕਲ ਸਕੇ ਤੇ ਕਾਰ ਨਹਿਰ ਵਿੱਚ ਡੁੱਬ ਗਈ। ਘਟਨਾ ਤੋਂ ਤੁਰੰਤ ਬਾਅਦ ਮੌਕੇ 'ਤੇ ਪਹੁੰਚੀ ਪੁਲਸ ਨੇ ਪਹਿਲਾਂ ਨਹਿਰ ਦੇ ਗੇਟ ਬੰਦ ਕਰਵਾਏ ਤੇ ਫ਼ਿਰ ਪਾਣੀ ਦਾ ਪੱਧਰ ਘਟਣ ਮਗਰੋਂ ਆਸ-ਪਾਸ ਦੇ ਲੋਕਾਂ ਦੀ ਮਦਦ ਨਾਲ ਕਾਰ ਨੂੰ ਸਿੱਧਾ ਕਰਕੇ ਦੋਵਾਂ ਨੌਜਵਾਨਾਂ ਨੂੰ ਬਾਹਰ ਕੱਢਿਆ, ਪ੍ਰੰਤੂ ਉਦੋਂ ਤੱਕ ਦੋਵਾਂ ਨੌਜਵਾਨਾਂ ਨੇ ਦਮ ਤੋੜ ਦਿੱਤਾ ਸੀ, ਜਿਸ ਤੋਂ ਬਾਅਦ ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਪੱਟੀ ਵਿਖੇ ਭੇਜ ਦਿੱਤਾ।ਦੱਸਣਯੋਗ ਹੈ ਕਿ ਹਰਜਿੰਦਰ ਸਿੰਘ ਪਟਵਾਰੀ ਦਾ ਛੇ ਕੁ ਮਹੀਨੇ ਪਹਿਲਾਂ ਵਿਆਹ ਹੋਇਆ ਸੀ ਤੇ ਰਣਜੋਧ ਸਿੰਘ ਪਟਵਾਰੀ ਦਾ ਦੋ ਸਾਲ ਦਾ ਪੁੱਤਰ ਹੈ।ਦੋਵਾਂ ਨੌਜਵਾਨਾਂ ਦੇ ਭਰ ਜਵਾਨੀ ਵਿੱਚ ਦੁਨੀਆਂ ਤੋਂ ਤੁਰ ਜਾਣ ਨਾਲ ਪਰਿਵਾਰ ਤੇ ਪੂਰੇ ਇਲਾਕੇ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਦੁਖਦਾਈ ਘਟਨਾ ਮਗਰੋਂ ਪੂਰੇ ਇਲਾਕੇ ਅੰਦਰ ਸੋਗ ਦੀ ਲਹਿਰ ਦੌੜ ਗਈ ਹੈ।ਖ਼ਬਰ ਲਿਖੇ ਜਾਣ ਤੱਕ ਦੋਵਾਂ ਮ੍ਰਿਤਕਾਂ ਦੇ ਪਰਿਵਾਰਕ ਮੈਂਬਰ ਆਪਣੇ ਪੁੱਤਰਾਂ ਦੀਆਂ ਦੇਹਾਂ ਦੀ ਉਡੀਕ ਕਰ ਰਹੇ ਸਨ।

# ਯੋਗਾ ਦੇ ਜ਼ੋਨਲ ਪੱਧਰੀ ਮੁਕਾਬਲੇ 'ਚ ਆਰ ਡੀ.ਖੋਸਲਾ ਸਕੂਲ ਦੇ ਬੱਚੇ ਛਾਏ



**ਬਟਾਲਾ (ਤਰਲੋਕ ਬੱਗਾ)**—ਆਰ. ਡੀ. ਖੋਸਲਾ ਡੀ. ਏ. ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਚ ਹੋਣ ਵਾਲੇ ਪੰਜਾਬ ਸਕੂਲ ਖੇਡਾਂ ਦੇ ਜ਼ੋਨਲ ਯੋਗਾ ਮੁਕਾਬਲੇ ਵਿੱਚ ਅੰਡਰ -14 ਤੇ ਅੰਡਰ -17 ਲੜਕੀਆਂ ਦੀ ਟੀਮ ਪਹਿਲੇ ਸਥਾਨ 'ਤੇ ਰਹੀ ਤੇ ਅੰਡਰ 14 ਲੜਕਿਆਂ ਦੀ ਟੀਮ ਦੂਜੇ ਅਤੇ ਅੰਡਰ -17 ਲੜਕਿਆਂ ਦੀ ਟੀਮ ਤੀਜੇ ਸਥਾਨ 'ਤੇ ਰਹੀ ।ਅੰਡਰ -17 ਲੜਕੀਆਂ ਦੀ ਟੀਮ ਵਿੱਚ ਖੁਸ਼ਮੀਤ ਕੌਰ ਤੇ ਅਨੁਰੀਤ ਕੌਰ ਦੀ ਚੋਣ ਜ਼ਿਲ੍ਹਾ ਪੱਧਰ ਤੇ ਹੋਣ ਵਾਲੇ ਮੁਕਾਬਲੇ ਵਿੱਚ ਹੋਈ ਅੰਡਰ -19 ਲੜਕਿਆਂ ਦੀ ਟੀਮ ਵਿੱਚ ਤਰੁਣ ਕੁਮਾਰ ਤੇ ਮਾਨਵ ਸ਼ਰਮਾ ਦੀ ਚੋਣ ਹੋਈ ਅੰਡਰ -14 ਅਸਮਨਪ੍ਰੀਤ ਤੇ ਅੰਡਰ -19 ਮਾਨਵ ਸ਼ਰਮਾ ਇਸ ਮੁਕਾਬਲੇ ਲਈ ਚੁਣੇ ਗਏ ਰਿਦਮਿਕ ਯੋਗਾ ਲੜਕਿਆਂ ਦੀ ਟੀਮ ਵਿੱਚ ਭਾਵਿਸ਼ ਅੰਡਰ-14 ਤੇ ਤਰਨ ਅੰਡਰ-19 ਲਈ ਚੁਣੇ ਗਏ ।ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾਨੇ ਇਸ ਮੁਕਾਬਲੇ ਵਿੱਚ ਚੁਣੇ ਗਏ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਯੋਗਾ ਅਧਿਆਪਕ ਊਸ਼ਾ ਕਿਰਨ ਅਤੇ ਵਿਨੈ ਪੁਸ਼ਕਰਨਾ ਨੂੰ ਹਾਰਦਿਕ ਵਧਾਈ ਦਿੱਤੀ ਤੇ ਕਿਹਾ ਕਿ ਹਰ ਵਿਦਿਆਰਥੀ ਨੂੰ ਯੋਗਾ ਕਰਨਾ ਚਾਹੀਦਾ ਹੈ ਕਿਉਂਕਿ ਯੋਗ ਕਰਨ ਨਾਲ ਮਨੁੱਖ ਦਾ ਸਰੀਰ ਤੰਦਰੁਸਤ ਤੇ ਨਿਰੋਗ ਰਹਿੰਦਾ ਹੈ। ਲੜਕੀਆਂ ਦੀ ਟੀਮ ਵਿੱਚ ਸਕਸ਼ਮ ਮਹਾਜਨ ਜ਼ਿਲਾ ਪੱਧਰ ਦੇ ਲਈ ਚੁਣੇ ਗਏ।ਅੰਡਰ -14 ਲੜਕੀਆਂ ਦੀ ਟੀਮ ਵਿੱਚ ਰਾਜਵੀਰ ਕੌਰ ਤੇ ਮਨੂਲੀਨ ਕੌਰ ਦੀ ਚੋਣ ਜ਼ਿਲਾ ਪੱਧਰ ਤੇ ਹੋਣ ਵਾਲੇ ਮੁਕਾਬਲੇ ਲਈ ਹੋਈ ਆਰਟਿਸਟਿਕ ਯੋਗਾ ਵਿੱਚ ਅੰਡਰ-14 ਮਨੂਲੀਨ ਕੌਰ ਅੰਡਰ-17 ਖੁਸ਼ਮੀਤ ਕੌਰ ਅੰਡਰ-19

# ਮਸੀਹ ਭਾਈਚਾਰੇ ਨੇ ਪੰਜਾਬ ਦੇ ਡੀ ਜੀ ਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੂੰ ਮੰਗ ਪੱਤਰ ਸੌਂਪਿਆ



**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਮੁਨੱਵਰ ਮਸੀਹ ਦੀ ਅਗਵਾਈ ਹੇਠ ਪੰਜਾਬ ਦੇ ਈਸਾਈ ਭਾਈਚਾਰੇ ਦੇ ਵਫ਼ਦ ਨੇ ਪੰਜਾਬ ਦੇ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਦੇ ਈਸਾਈ ਭਾਈਚਾਰੇ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਜਿਸ ਵਿੱਚ ਈਸਾਈ ਭਾਈਚਾਰੇ ਨਾਲ ਹੋ ਰਹੇ ਅੱਤਿਆਚਾਰਾਂ ਅਤੇ ਬੇਇਨਸਾਫ਼ੀ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਾਡਾ ਦੇਸ਼ ਧਰਮ ਨਿਰਪੱਖ ਰਾਜ ਹੈ, ਇੱਥੇ ਲੋਕਾਂ ਨੂੰ ਆਪਣੇ ਧਰਮ ਦਾ ਪ੍ਰਚਾਰ ਕਰਨ ਅਤੇ ਆਪਣੇ ਅਧਿਕਾਰਾਂ ਦੀ ਰਾਖੀ ਕਰਨ ਦੀ ਆਜ਼ਾਦੀ ਦਾ ਪੂਰਾ ਅਧਿਕਾਰ ਹੈ ਪਰ ਈਸਾਈ ਭਾਈਚਾਰਾ ਅਜੇ ਵੀ ਧਾਰਮਿਕ ਤੌਰ 'ਤੇ ਆਜ਼ਾਦ ਨਹੀਂ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਭਾਵੇਂ ਕਿਸੇ ਵੀ ਧਰਮ ਜਾਂ ਵਰਗ ਨਾਲ ਸਬੰਧਤ ਹੋਵੇ, ਜੇਕਰ ਉਹ ਫੇਸਬੁੱਕ ਜਾਂ ਸੋਸ਼ਲ ਮੀਡੀਆ 'ਤੇ ਕਿਸੇ ਵੀ ਧਰਮ ਬਾਰੇ ਟਿੱਪਣੀ ਕਰਦਾ ਹੈ ਤਾਂ ਉਸ ਵਿਰੁੱਧ ਕਾਨੂੰਨ ਦੇ ਆਧਾਰ 'ਤੇ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਲਾਰੈਂਸ ਮਲਿਕ, ਜ਼ਿਲ੍ਹਾ ਪ੍ਰਧਾਨ ਅਮਰੀਕ ਮਸੀਹ ਦੀਨਾਨਗਰ, ਜ਼ਿਲ੍ਹਾ ਪ੍ਰਧਾਨ ਸਾਬ ਮਸੀਹ ਮੰਗਲਸੈਨ, ਯੂਸਫ਼ ਮਸੀਹ ਬੱਬਾ, ਪਾਸਟਰ ਐਸੋਸੀਏਸ਼ਨ ਦੇ ਪ੍ਰਧਾਨ ਇਬਰਾਹਿਮ ਲੁਧਿਆਣਾ, ਡਾ: ਰਾਹੁਲ, ਪਾਸਟਰ ਸੈਮੂਅਲ, ਬਿਸ਼ਪ ਰਾਜ ਜਲੰਧਰ, ਸੁਮਿਤ, ਯਾਕੂਬ ਆਦਿ ਹਾਜ਼ਰ ਸਨ। ਡੀ. ਜੀ. ਪੀ. ਅਰਪਿਤ ਸ਼ੁਕਲਾ ਨੇ ਈਸਾਈ ਭਾਈਚਾਰੇ ਦੇ ਵਫ਼ਦ ਦੀ ਗੱਲ ਸੁਣ ਕੇ ਸਬੰਧਤ ਕਮਿਸ਼ਨਰ, ਡੀ. ਆਈ. ਜੀ., ਐੱਸ. ਐੱਸ. ਪੀ. ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਘੱਟ ਗਿਣਤੀਆਂ ਦਾ ਬਿਨਾਂ ਕਿਸੇ ਭੇਦਭਾਵ ਦੇ ਸਤਿਕਾਰ ਕੀਤਾ ਜਾਵੇ ਅਤੇ ਇਸ ਵਰਗ ਨਾਲ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਅਤੇ ਬੇਇਨਸਾਫ਼ੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਭਰੋਸਾ ਦਿੱਤਾ ਕਿ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

# ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਚੋਰੀ ਕਰਨ ਵਲੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਕੀਤੀ ਸ਼ਿਕਾਇਤ ਵਿਚ ਪੀੜਤ ਜਤਿੰਦਰ ਕੁਮਾਰ ਬਹਿਲ ਨੇ ਦੱਸਿਆ ਕਿ ਮਿਤੀ 18 ਅਗਸਤ ਨੂੰ ਉਹ ਅਤੇ ਉਸ ਦਾ ਪਰਿਵਾਰ ਸਵੇਰੇ 11 ਵਜੇ ਤੋਂ 2 ਵਜੇ ਤੱਕ ਘਰੋਂ ਬਾਹਰ ਗਏ ਸੀ ਕਿ ਜਦੋਂ ਉਹ ਦੁਪਹਿਰ 2.15 'ਤੇ ਘਰ ਵਾਪਸ ਆਏ ਤਾਂ ਦੇਖਿਆ ਕਿ ਰਸੋਈ ਦੀ ਗਰਿਲ ਟੁੱਟੀ ਹੋਈ ਸੀ ਅਤੇ ਸਮਾਨ ਇੱਧਰ ਉਧਰ ਖਿਲਰਿਆ ਪਿਆ ਸੀ। ਚੈਕ ਕਰਨ 'ਤੇ ਪਤਾ ਲੱਗਾ ਕਿ ਨਾ-ਮਾਲੂਮ ਵਿਅਕਤੀ ਰਸੋਈ ਦੀ ਗਰਿਲ ਤੋੜ ਕੇ ਘਰ ਅੰਦਰ ਦਾਖ਼ਲ ਹੋ ਕੇ ਇੱਕ ਪਰਸ, 5500 ਜਰਮਨ ਯੂਰੋ, 41 ਹਜ਼ਾਰ ਰੁਪਏ ਭਾਰਤੀ ਕਰੰਸੀ, ਜਰਮਨ ਡਰਾਇਵਿੰਗ ਲਾਇਸੰਸ, ਜਰਮਨ ਹੈਲਥ ਕਾਰਡ, ਜਰਮਨ ਕਰੈਡਿਟ ਅਤੇ ਡੈਬਿਟ ਕਾਰਡ ਅਤੇ ਸੋਨੇ ਦੇ ਜ਼ੇਵਰਾਤ ਚੋਰੀ ਕਰਕੇ ਲੈ ਗਏ ਹਨ। ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਪੀੜਤ ਦੇ ਬਿਆਨਾਂ 'ਤੇ ਕਾਰਵਾਈ ਕਰਦਿਆ ਚੋਰੀ ਕਰਨ ਵਾਲੇ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 331, 305 ਤਹਿਤ ਮਾਮਲਾ ਦਰਜ ਕਰਕੇ ਚੋਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੀੜਤ ਜਤਿੰਦਰ ਕੁਮਾਰ ਨੇ ਜ਼ਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਚੋਰਾਂ ਨੂੰ ਜਲਦ ਤੋਂ ਜਲਦ ਫੜ ਕੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾਵੇ।

# 31 ਨੂੰ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਸ਼ੰਭੂ ਮੋਰਚੇ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਐਲਾਨ



**ਗੁਰਦਾਸਪੁਰ, (ਜਨਕ ਮਹਾਜਨ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜੋਨ ਤੇਜਾ ਸਿੰਘ ਸੁਤੰਤਰ ਵਲੋਂ ਮੀਟਿੰਗ ਕੀਤੀ ਗਈ।ਮੀਟਿੰਗ ਪਿੰਡ ਡੁਗਰੀ ਵਿੱਚ ਕੀਤੀ ਗਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ, ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ ਨੇ ਦੱਸਿਆ ਕਿ ਸ਼ੰਭੂ ਬਾਰਡਰ ਤੇ ਲੱਗੇ ਧਰਨੇ ਦੇ 31 ਅਗਸਤ ਨੂੰ 200 ਦਿਨ ਪੂਰੇ ਹੋਣ 'ਤੇ 10 ਸਤੰਬਰ ਨੂੰ ਜ਼ਿਲ੍ਹਾ ਗੁਰਦਾਸਪੁਰ ਦੀ ਵਾਰੀ ਆਉਣ 'ਤੇ ਵੱਧ ਤੋਂ ਵੱਧ ਕਿਸਾਨਾਂ ਨੂੰ ਧਰਨੇ ਵਿੱਚ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਨੇ ਦੱਸਿਆ ਕਿ ਬਿਜਲੀ ਵਾਲੇ ਚਿੱਪ ਵਾਲੇ ਮੀਟਰ ਲਗਾਉਣ ਤੇ ਵਿਰੋਧ ਕਰਨਾ ਹੈ ਤੇ ਇਸ ਨੂੰ ਨਹੀਂ ਲੱਗਣ ਦੇਣਾ। ਇਸ ਤੋਂ ਇਲਾਵਾ ਉਨ੍ਹਾਂ ਨੇ ਹੋਰ ਵੀ ਮਸਲੇ ਦੱਸੇ ਤੇ ਨਾਲ ਹੀ ਜ਼ੋਨ ਵਿੱਚ ਵੱਧ ਤੋਂ ਵੱਧ ਪਿੰਡਾਂ ਨੂੰ ਸ਼ਾਮਿਲ ਕਰਨ ਦੀ ਅਪੀਲ ਵੀ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਜਥੇਬੰਦੀ ਜਿਸ ਤਰੀਕੇ ਨਾਲ ਕੰਮ ਕਰਦੀ ਹੈ ਉਹ ਸਾਰਾ ਢਾਂਚਾ ਕਿਸਾਨਾਂ ਦੇ ਸਾਹਮਣੇ ਰੱਖਿਆ। ਇਸ ਮੌਕੇ ਮੀਟਿੰਗ ਦੀ ਪ੍ਰਧਾਨਗੀ ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਅੱਲੜ ਪਿੰਡੀ, ਸਕੱਤਰ ਕਰਨੈਲ ਸਿੰਘ ਆਦਿ ਨੇ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਖਜਾਨਚੀ, ਰਣਬੀਰ ਸਿੰਘ ਡੁਗਰੀ, ਕਰਨੈਲ ਸਿੰਘ ਮੱਲ੍ਹੀ, ਬਲਵਿੰਦਰ ਸਿੰਘ ਬਲੱਗਣ, ਦਿਲਬਰ ਸਿੰਘ ਹਰਦੋਛੰਨੀ, ਨਿਰਮਲ ਸਿੰਘ ਆਦੀ, ਨਿਸ਼ਾਨ ਸਿੰਘ ਬਾਉਪੁਰ, ਨਰਿੰਦਰ ਸਿੰਘ ਆਲੀਨੰਗਲ, ਹਰਪਾਲ ਸਿੰਘ ਸਰਾਂਵਾਂ, ਕੁਲਜੀਤ ਸਿੰਘ ਹਯਾਤ ਨਗਰ, ਹਰਭਜਨ ਸਿੰਘ ਮੁਕੰਦਪੁਰ, ਕਿਸ਼ੋਰੀ ਲਾਲ, ਕੈਪਟਨ ਸੁੱਚਾ ਸਿੰਘ, ਬੀਬੀ ਮਨਜਿੰਦਰ ਕੌਰ, ਬੀਬੀ ਅਮਰਜੀਤ ਕੌਰ ਆਦਿ ਹਾਜ਼ਰ ਸਨ।

# ਜੀ ਐੱਨ ਡੀ ਯੂ ਦੇ ਵਿਦਿਆਰਥੀਆਂ ਲਗਾਈ ਘਰੇਲੂ ਰੱਖੜੀਆਂ ਦੀ ਪ੍ਰਦਰਸ਼ਨੀ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਐਪਰਲ ਐਂਡ ਟੈਕਸਟਾਈਲ ਟੈਕਨਾਲੋਜੀ ਵਿਭਾਗ (ਡੀਏਟੀਟੀ) ਵੱਲੋਂ ਰੱਖੜੀ ਦੇ ਤਿਉਹਾਰ ਮੌਕੇ ਐੱਮ. ਐੱਸ. ਸੀ. ਫੈਸ਼ਨ ਡਿਜ਼ਾਈਨਿੰਗ (ਐੱਫ. ਵਾਈ. ਆਈ. ਪੀ.) ਅਤੇ ਐੱਮ. ਐੱਸ. ਸੀ. ਫੈਸ਼ਨ ਡਿਜ਼ਾਈਨਿੰਗ (ਦੋ ਸਾਲਾ ਪ੍ਰੋਗਰਾਮ) ਦੇ ਵਿਦਿਆਰਥੀਆਂ ਵੱਲੋਂ ਹੱਥਾਂ ਨਾਲ ਬਣਾਈਆਂ ਰੱਖੜੀਆਂ, ਕੀ ਚੇਨ ਅਤੇ ਹੇਅਰ ਬੋ ਕਲਿਪਸ ਵਰਗੇ ਹੇਅਰ ਐਕਸੈਸਰੀਜ਼ ਦੀ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਇਸ ਮੌਕੇ ਆਪਣੀ ਸਿਰਜਣਾਤਮਕਤਾ, ਨਵੀਨਤਾਕਾਰੀ ਸੋਚ ਅਤੇ ਸਖ਼ਤ ਮਿਹਨਤ ਨਾਲ ਵਧੀਆ ਰੱਖੜੀਆਂ, ਕੀ ਚੇਨ ਅਤੇ ਹੋਰ ਬਹੁਤ ਤਰ੍ਹਾਂ ਦੇ ਕਲਿਪਸ ਆਦਿ ਬਣਾਏ ਹੋਏ ਸਨ।ਇਨ੍ਹਾਂ ਵਿਚ ਉਤਪਾਦਾਂ ਵਿਚ ਟਿਕਾਊ, ਫੈਸ਼ਨੇਬਲ, ਨਵੀਨਤਾਕਾਰੀ ਅਤੇ ਕਿਫਾਇਤੀ ਸੋਚ ਦੇ ਵੱਖ-ਵੱਖ ਅੰਸ਼ ਦਿਖਾਈ ਦੇ ਰਹੇ ਸਨ।ਵਿਭਾਗ ਦੇ ਮੁਖੀ ਡਾ. ਵਰਿੰਦਰ ਕੌਰ ਨੇ ਦੱਸਿਆ ਕਿ ਗੰਢਾਂ ਬੰਨ੍ਹਣ ਦੀਆਂ ਵੱਖ-ਵੱਖ ਤਕਨੀਕਾਂ ਨਾਲ ਬਣਾਈਆਂ ਰੱਖੜੀਆਂ ਨੂੰ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਵੱਲੋਂ ਬਹੁਤ ਸਲਾਹਿਆ ਗਿਆ।ਨਵੇਂ ਫੈਸ਼ਨ ਰੁਝਾਨਾਂ ਦੇ ਅਨੁਕੂਲ ਹੋਣ ਲਈ ਖਪਤਕਾਰਾਂ ਵਿੱਚ ਹੇਅਰ ਬੋ ਕਲਿਪਸ ਵਰਗੇ ਵਾਲਾਂ ਦੇ ਉਪਕਰਣਾਂ ਦੀ ਵਰਤੋਂ ਸਭ ਤੋਂ ਪ੍ਰਚਲਿਤ ਹੈ ਅਤੇ ਇਸ ਮੌਕੇ ਬਣੇ ਹੋਏ ਇਸ ਤਰ੍ਹਾਂ ਦੇ ਉਤਪਾਦ ਰੈਡੀਮੇਡ ਉਤਪਾਦਾਂ ਨਾਲੋਂ ਕਿਸੇ ਗੱਲੋਂ ਘੱਟ ਨਹੀਂ ਸਨ ।

# ਰਾਸ਼ਨ ਲੈਣ ਲਈ ਖਪਤਕਾਰਾਂ ਨੂੰ ਈ-ਕੇ ਵਾਈ ਸੀ ਕਰਵਾਉਣੀ ਲਾਜ਼ਮੀ : ਡੀ ਐੱਫ਼ ਐੱਸ ਸੀ



**ਗੁਰਦਾਸਪੁਰ, (ਜਨਕ ਮਹਾਜਨ)**- ਜ਼ਿਲ੍ਹਾ ਖ਼ੁਰਾਕ ਸਪਲਾਈ ਅਤੇ ਕੰਟਰੋਲਰ ਅਫ਼ਸਰ ਗੁਰਦਾਸਪੁਰ ਸੁਖਜਿੰਦਰ ਸਿੰਘ ਨੇ ਦੱਸਿਆ ਹੈ ਕਿ ਮਾਨਯੋਗ ਸੁਪਰੀਮ ਕੋਰਟ ਪਾਸੋਂ ਹਦਾਇਤਾਂ ਪ੍ਰਾਪਤ ਹੋਈਆਂ ਹਨ ਕਿ ਰਾਜ ਵਿੱਚ ਮੌਜੂਦਾ ਖਪਤਕਾਰਾਂ ਦੀ 100 ਫ਼ੀਸਦੀ ਈ-ਕੇ. ਵਾਈ. ਸੀ. ਕੀਤੀ ਜਾਣੀ ਹੈ। ਇਸ ਸਬੰਧ ਵਿੱਚ ਉਨ੍ਹਾਂ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਖਪਤਕਾਰਾਂ ਨੂੰ ਦੱਸਿਆ ਹੈ ਕਿ ਉਹ ਆਪਣੇ ਨੇੜੇ ਦੇ ਰਾਸ਼ਨ ਡੀਪੂ ਪਾਸ ਜਾ ਕੇ ਸਮੂਹ ਪਰਿਵਾਰ ਦੇ ਮੈਂਬਰਾਂ ਦੀ 100 ਫ਼ੀਸਦੀ ਈ-ਕੇ.ਵਾਈ.ਸੀ. ਕਰਵਾਉਣੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਇਹ ਕੰਮ ਵਿਭਾਗ ਵੱਲੋਂ ਮੁਫ਼ਤ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਜੇਕਰ ਕੋਈ ਵੀ ਵਿਅਕਤੀ ਪੈਸੇ ਦੀ ਮੰਗ ਕਰਦਾ ਹੈ ਤਾਂ ਇਸ ਸਬੰਧੀ ਤੁਰੰਤ ਜ਼ਿਲ੍ਹਾ ਕੰਟਰੋਲਰ ਖ਼ੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਗੁਰਦਾਸਪੁਰ ਦੇ ਧਿਆਨ ਵਿੱਚ ਲਿਆਂਦਾ ਜਾਵੇ।

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆਂ ਰੱਖੜ ਪੁੰਨਿਆ ਦਾ ਦਿਹਾੜਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮੁਹੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਅੱਜ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਰੱਖੜ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਦੇਸ਼-ਵਿਦੇਸ਼ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਬਾਬਾ ਜੀ ਦਾ ਅਸ਼ੀਰਵਾਦ ਲਿਆ ।ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਸਮੇਤ ਬਾਬਾ ਸ੍ਰੀਚੰਦ ਜੀ ਦਾ ਆਰਤਾਂ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ।ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਰੱਖੜ-ਪੁੰਨਿਆ ਦੇ ਦਿਹਾੜੇ ਦੀ ਵਧਾਈ ਦਿੱਤੀ ਤੇ ਕਿਹਾ ਕਿ ਅੱਜ ਦਾ ਇਹ ਪਾਵਨ ਦਿਹਾੜਾ ਭੈਣ ਭਰਾ ਦੇ ਪਵਿੱਤਰ ਰਿਸ਼ਤੇ ਦੇ ਪਿਆਰ ਦਾ ਪ੍ਰਤੀਕ ਹੈ ।ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਉਸ ਵਿੱਚੋਂ ਮਿਲੀਆਂ ਸਿੱਖਿਆਵਾਂ 'ਤੇ ਚੱਲਦਿਆਂ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਸਾਨੂੰ 84 ਲੱਖ ਜੂਨਾਂ ਭੋਗ ਕੇ ਇਹ ਮਨੁੱਖਾ ਜੀਵਨ ਨਸੀਬ ਹੋਇਆ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ ।

ਉਨ੍ਹਾਂ ਕਿਹਾ ਕਿ ਗੁਰੂ ਹੀ ਗਿਆਨ ਹੈ ਤੇ ਗਿਆਨ ਹੀ ਪ੍ਰਕਾਸ਼ ਹੈ ।ਇਸ ਲਈ ਸਾਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਗੁਰੂ ਮੰਨਣਾ ਚਾਹੀਦਾ ਹੈ ।ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ ।

# ਗੁਰਸ਼ਰਨ ਭਾਅ ਦੀ ਯਾਦ 'ਚ ਬਰਨਾਲਾ ਵਿਖੇ ਸਮਾਗਮ 27 ਨੂੰ

**ਬਰਨਾਲਾ (ਪੱਤਰ ਪ੍ਰੇਰਕ)** ਲੋਕ ਦਿਲਾਂ ਦੀ ਧੜਕਣ ਨਾਟਕਕਾਰ ਗੁਰਸ਼ਰਨ ਭਾਅ ਜੀ ਦੇ ਵਿਛੋੜੇ ਵਾਲੇ ਦਿਨ 27 ਸਤੰਬਰ ਦਿਨ ਸ਼ੁੱਕਰਵਾਰ ਦਿਨੇ 11 ਵਜੇ ਸ਼ਕਤੀ ਕਲਾ ਮੰਦਰ ਬਰਨਾਲਾ ਵਿਖੇ ਮਨਾਇਆ ਜਾਏਗਾ ਇਨਕਲਾਬੀ ਰੰਗ ਮੰਚ ਦਿਹਾੜਾ।ਪੰਜਾਬ ਲੋਕ ਸਭਿਆਚਾਰਕ ਮੰਚ (ਪਲਸ ਮੰਚ) ਦੀ ਸੂਬਾ ਕਮੇਟੀ ਦੀ ਮੀਟਿੰਗ 'ਚ ਹੋਏ ਗੰਭੀਰ ਵਿਚਾਰ ਵਟਾਂਦਰੇ ਉਪਰੰਤ ਲਏ ਫੈਸਲੇ ਪ੍ਰੈਸ ਨਾਲ ਸਾਂਝੇ ਕਰਦਿਆਂ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਦੱਸਿਆ ਕਿ ਇਸ ਰੋਜ਼ ਉੱਘੇ ਜਮਹੂਰੀ ਕਾਮੇਂ ਵਿਦਵਾਨ ਲੇਖਕ, ਰੰਗ ਕਰਮੀ ਡਾ. ਨਵਸ਼ਰਨ ਅਤੇ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ 'ਲੋਕ-ਪੱਖੀ ਰੰਗ ਮੰਚ ਨੂੰ ਦਰਪੇਸ਼ ਚੁਣੌਤੀਆਂ, ਰੰਗ ਮੰਚ ਅਤੇ ਲੋਕਾਂ ਦੀ ਗਲਵੱਕੜੀ' ਉਪਰ ਵਿਚਾਰ ਸਾਂਝੇ ਕਰਨਗੇ।ਲੋਕ ਸੰਗੀਤ ਮੰਡਲੀ ਭਦੌੜ, ਲੋਕ ਸੰਗੀਤ ਮੰਡਲੀ ਧੌਲਾ ਅਤੇ ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ਗੀਤ ਸੰਗੀਤ ਰਾਹੀਂ ਗੁਰਸ਼ਰਨ ਭਾਅ ਦੇ ਸੁਪਨਿਆਂ ਦੇ ਸਮਾਜ ਬਾਰੇ ਚਾਨਣ ਬਿਖੇਰਦੇ ਬੋਲ ਸਾਂਝੇ ਕਰਨਗੇ।ਇਸ ਮੌਕੇ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਮੰਚ ਰੰਗ ਮੰਚ ਅੰਮ੍ਰਿਤਸਰ ਨਾਟਕ ਪੇਸ਼ ਹੋਏਗਾ।

ਇਸ ਸਮਾਗਮ 'ਚ ਗਾਇਕ ਕੁਲਦੀਪ ਜਲੂਰ, ਕਵੀ ਸੁਰਜੀਤ ਪਾਤਰ ਅਤੇ ਸਾਡੇ ਕੋਲੋਂ ਵਿਛੜੇ ਸਾਹਿਤ ਕਲਾ ਜਗਤ ਦੇ ਹੋਰ ਸੰਗੀ ਸਾਥੀਆਂ ਨੂੰ ਵੀ ਯਾਦ ਕੀਤਾ ਜਾਏਗਾ।ਇਸ ਮੌਕੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਜਾਏਗੀ।ਪਲਸ ਮੰਚ ਦੀ ਸੂਬਾ ਕਮੇਟੀ ਨੇ ਸਮੂਹ ਲੋਕ-ਪੱਖੀ ਸੰਸਥਾਵਾਂ ਅਤੇ ਵਿਅਕਤੀਆਂ ਨੂੰ 27 ਸਤੰਬਰ ਸਮਾਗਮ ਅਤੇ 16 ਸਤੰਬਰ ਤੋਂ 27 ਸਤੰਬਰ ਤੱਕ ਮੁਹਿੰਮ ਦੀ ਸਫ਼ਲਤਾ ਲਈ ਸਹਿਯੋਗ ਅਤੇ ਸ਼ਮੂਲੀਅਤ ਦੀ ਅਪੀਲ ਕੀਤੀ ਹੈ।

# ਲੜਕੀਆਂ ਨੇ ਜ਼ੋਨ ਪੱਧਰੀ ਖੋ-ਖੋ 'ਚ ਬਾਜ਼ੀ ਮਾਰੀ




**ਤਰਨ ਤਾਰਨ (ਪ੍ਰਿਤਪਾਲ ਸਿੰਘ)-ਬੀਤੇ** ਦਿਨੀਂ 68ਵੀਆਂ ਜ਼ੋਨਲ ਖੇਡਾਂ ਸੈਸ਼ਨ 2024-2025 ਜ਼ੋਨਲ ਕਨਵੀਨਰ ਸ. ਬਲਦੇਵ ਸਿੰਘ ਬਸਰਾ ਦੀ ਯੋਗ ਅਗਵਾਈ ਅਧੀਨ ਕਰਵਾਈਆਂ ਗਈਆਂ।ਇਨ੍ਹਾਂ ਜ਼ੋਨਲ ਖੇਡਾਂ ਵਿੱਚ ਗੋਇੰਦਵਾਲ ਸਾਹਿਬ ਜ਼ੋਨ ਅਧੀਨ ਆਉਂਦੇ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਪਰ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀਆਂ ਵਿਦਿਆਰਥਣਾਂ ਨੇ ਖੋ-ਖੋ (ਅੰਡਰ-17) ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਪੂਰੇ ਜ਼ੋਨ ਵਿੱਚੋਂ ਬਾਜ਼ੀ ਮਾਰੀ ਅਤੇ ਲੜਕਿਆਂ ਦੀ ਟੀਮ ਖੋ-ਖੋ (ਅੰਡਰ-19) ਨੇ ਦੂਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਬੋਲਦਿਆਂ ਸੰਸਥਾ ਦੇ ਚੇਅਰਮੈਨ ਜਸਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਕੋਚ ਅਨੁਦੀਪ ਕੌਰ ਦੀ ਵਡਿਆਈ ਕਰਦਿਆਂ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੀ ਤਿਆਰੀ ਕਰਨ ਲਈ ਪ੍ਰੇਰਿਤ ਕੀਤਾ।

# ਸ਼੍ਰੀ ਲਕਸ਼ਮੀ ਨਾਰਾਇਣ ਮੰਦਰ 'ਚ ਧਾਰਮਿਕ ਸਮਾਗਮ 26 ਤੋਂ 28 ਤੱਕ : ਸੁਆਮੀ ਸੱਤ ਪ੍ਰਕਾਸ਼



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)** ਸਥਾਨਕ ਸ਼ਹਿਰ ਅਜਨਾਲਾ ਦੇ ਵਾਰਡ ਨੰਬਰ 7 ਲਕਸ਼ਮੀ ਨਰਾਇਣ ਮੰਦਰ ਵਿਖੇ ਭਗਵਾਨ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਂਦਿਆਂ 26 ਅਗਸਤ ਦਿਨ ਸੋਮਵਾਰ ਤੋਂ ਲੈ ਕੇ 28 ਅਗਸਤ ਬੁਧਵਾਰ ਤੱਕ 3 ਰੋਜ਼ਾ ਧਾਰਮਿਕ ਸਤਿਸੰਗ ਸਮਾਗਮ ਸਜਾਇਆ ਜਾਵੇਗਾ।ਇਹ ਜਾਣਕਾਰੀ ਮੰਦਰ ਦੇ ਸੁਆਮੀ ਸੱਤ ਪ੍ਰਕਾਸ਼ ਨੇ ਗੱਲਬਾਤ ਦੌਰਾਨ ਸਾਂਝੀ ਕੀਤੀ।ਉਨ੍ਹਾਂ ਗੱਲਬਾਤ ਦੌਰਾਨ ਦੱਸਿਆ ਕੀ ਜਿਸ ਵਿੱਚ ਅਚਾਰਿਆ ਕਮਲ ਕ੍ਰਿਸ਼ਨ ਜੀ ਭਾਰਦਵਾਜ ਜੀ ਆਪਣੇ ਪ੍ਰਵਚਨਾਂ ਦੁਆਰਾ ਭਗਵਾਨ ਸ਼੍ਰੀ ਕ੍ਰਿਸ਼ਨ ਲੀਲਾ ਦਾ ਗੁਣਗਾਨ ਕਰਨਗੇ।ਆਪ ਸਭ ਨੂੰ ਨਿਰਮਤਾ ਸਹਿਤ ਬੇਨਤੀ ਹੈ ਕੀ ਇਸ ਮਹਾਨ ਯੱਗ ਵਿੱਚ ਹਾਜ਼ਰੀ ਲਗਵਾ ਕੇ ਆਪਣਾ ਜੀਵਨ ਸਫ਼ਲ ਬਣਾਉ। ਸਤਿਸੰਗ ਦਾ ਟਾਇਮ 26 ਅਗਸਤ ਦਿਨ ਸੋਮਵਾਰ ਨੂੰ 8 ਤੋਂ 12 ਵਜੇ ਤੱਕ ਅਤੇ 27,28 ਨੂੰ 8 ਤੋਂ 10 ਤੱਕ ਸਤਿਸੰਗ ਹੋਵੇਗਾ। ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਜਾਵੇਂਗਾ।ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਬਾਊ ਯਸ਼ਪਾਲ ਮਹਿਤਾ, ਪ੍ਰਦੀਪ ਕੁਮਾਰ ਠਾਕੁਰ, ਪੰਡਿਤ ਤੁਲਸੀ ਦਾਸ, ਰਾਮ ਮੂਰਤੀ, ਪ੍ਰੈੱਸ ਸਕੱਤਰ ਮਨੀਸ਼ ਕੁਮਾਰ ਉਪਲ, ਪ੍ਰਦੀਪ ਕੁਮਾਰ ਤ੍ਰੇਹਣ, ਡਾ. ਮੋਹਣ ਲਾਲ ਅਜਨਾਲਾ, ਧਾਰਮਿਕ ਗਾਇਕ ਅਰਸ਼ ਕੁਮਾਰ ਅਰੋੜਾ, ਪਵਨ ਕੁਮਾਰ ਮਹਿਤਾ, ਬਬਲੂ , ਸਮਾਜ ਸੇਵੀ ਅਜੈ ਕੁਮਾਰ ਮਹਿਤਾ, ਰਾਜੀਵ ਕੁਮਾਰ, ਰਾਕੇਸ਼ ਕੁਮਾਰ ਆਦਿ ਸੇਵਾਦਾਰ ਹਾਜ਼ਰ ਸਨ।



*ਗੁਰਦਾਸਪੁਰ 'ਚ ਛੋਟੀਆਂ ਭੈਣਾਂ ਸੁਹਾਨੀ, ਸ੍ਰਿਸ਼ਟੀ, ਹਰਪ੍ਰੀਤ ਅਤੇ ਸਮ੍ਰਿਧੀ ਨੇ ਆਪਣੇ ਛੋਟੇ ਭਰਾ ਸਹਿਜ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ ਉਸ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ।(ਫੋਟੋ ਤੇ ਵੇਰਵਾ-ਜਨਕ ਮਹਾਜਨ, ਗੁਰਦਾਸਪੁਰ)*

# ਐੱਨ ਐੱਚ ਐੱਮ ਸਟਾਫ ਨਰਸਾਂ ਨੇ ਡਿਊਟੀ ਦੌਰਾਨ ਕਾਲੇ ਬਿੱਲੇ ਲਾ ਕੇ ਰੋਸ ਜਤਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਕੋਲਕਾਤਾ ਵਿੱਚ ਮਹਿਲਾ ਡਾਕਟਰ ਨਾਲ ਅਤੇ ਉੱਤਰਾਖੰਡ ਵਿੱਚ ਸਟਾਫ ਨਰਸ ਨਾਲ ਵਾਪਰੀਆਂ ਮੰਦਭਾਗੀ ਘਟਨਾਵਾਂ ਦੇ ਵਿਰੋਧ ਵਿੱਚ ਅੱਜ ਸਟਾਫ-ਨਰਸਿਜ਼ ਇੰਪਲਾਈਜ਼ ਐਸੋਸੀਏਸ਼ਨ ਐੱਨ. ਐੱਚ. ਐੱਮ. ਦੇ ਸੱਦੇ 'ਤੇ ਪੰਜਾਬ ਭਰ ਵਿੱਚ ਐੱਨ. ਐੱਚ. ਐੱਮ. ਸਟਾਫ ਨਰਸਾਂ ਵਲੋਂ ਆਪਣੇ ਆਪਣੇ ਡਿਊਟੀ ਸਥਾਨਾਂ 'ਤੇ ਕਾਲੇ ਬਿੱਲੇ ਲਾ ਕੇ ਰੋਸ਼ ਜ਼ਾਹਰ ਕੀਤਾ ਗਿਆ। ਇਸ ਤਹਿਤ ਕਮਿਊਨਿਟੀ ਸਿਹਤ ਕੇਂਦਰ (ਸੀਐੱਚਸੀ) ਧਾਰੀਵਾਲ ਅਤੇ ਸੀਐੱਚਸੀ ਨੌਸ਼ਹਿਰਾ ਮੱਝਾ ਸਿੰਘ ਅਤੇ ਸਿਹਤ ਵਿਭਾਗ ਦੇ ਹੋਰ ਵੱਖ-ਵੱਖ ਕੇਂਦਰਾਂ ਵਿੱਚ ਡਿਊਟੀ 'ਤੇ ਤਾਇਨਾਤ ਐੱਨ. ਐੱਚ. ਐੱਮ. ਸਟਾਫ ਨਰਸਾਂ ਨੇ ਆਪਣੇ ਡਿਊਟੀ ਦੌਰਾਨ ਕਾਲੇ ਬਿੱਲੇ ਲਾ ਕੇ ਰੋਸ ਜ਼ਾਹਰ ਕਰਦੇ ਹੋਏ ਆਪਣੀ ਡਿਊਟੀ ਕੀਤੀ। ਰੋਸ ਵਜੋਂ ਕਾਲੇ ਬਿੱਲੇ ਲਾ ਕੇ ਕਮਿਊਨਿਟੀ ਸਿਹਤ ਕੇਂਦਰ (ਸੀਐੱਚਸੀ) ਧਾਰੀਵਾਲ ਵਿੱਚ ਆਪਣੀ ਡਿਊਟੀ ਕਰਦੇ ਸਮੇਂ ਸਟਾਫ-ਨਰਸਿਜ਼ ਇੰਪਲਾਈਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਕੌਰ ਧਾਰੀਵਾਲ ਨੇ ਕਿਹਾ ਕਿ ਅੱਜ ਆਜ਼ਾਦੀ ਦੇ 78 ਸਾਲ ਹੋਣ ਦੇ ਬਾਜਵੂਦ ਵੀ ਭਾਰਤ ਦੇਸ ਅੰਦਰ ਔਰਤਾਂ/ਬੇਟੀਆਂ ਸੁਰੱਖਿਅਤ ਨਹੀਂ ਹੈ। ਸਰਕਾਰਾਂ ਦੀ ਨਾਕਾਮੀ ਕਾਰਨ ਦੇਸ ਅੰਦਰ ਔਰਤਾਂ ਨਾਲ ਆਏ ਦਿਨ ਅਜਿਹੀਆਂ ਸ਼ਰਮਨਾਕ ਘਟਨਾਵਾਂ ਵਾਪਰ ਰਹੀਆਂ ਹਨ। ਜੇਕਰ ਸਰਕਾਰ ਨੇ ਔਰਤਾਂ ਲਈ ਬਣੇ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕਰਕੇ ਪਹਿਲਾਂ ਵਾਪਰੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਹੁੰਦੀਆਂ ਤਾਂ ਹੁਣ ਕੋਈ ਵੀ ਵਿਅਕਤੀ ਇਸ ਤਰ੍ਹਾਂ ਦੀ ਦਰਿੰਦਗੀ ਕਰਨ ਦੀ ਹਿੰਮਤ ਨਾ ਕਰਦਾ। ਉਨ੍ਹਾਂ ਨੇ ਸਰਕਾਰ ਕੋਲੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਔਰਤਾਂ ਦੀ ਸੁਰੱਖਿਆ ਲਈ ਬਣੇ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਅਤੇ ਅਜਿਹੀਆਂ ਦਰਿੰਦਗੀ ਵਾਲੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ। ਜੇਕਰ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਕਾਰਵਾਈ ਅਮਲ ਵਿੱਚ ਨਾ ਲਿਆਂਦੀ ਤਾਂ ਐੱਨ. ਐੱਚ. ਐੱਮ. ਸਟਾਫ ਨਰਸਿਜ਼ ਇੰਪਲਾਈਜ਼ ਐਸੋਸੀਏਸ਼ਨ ਪੰਜਾਬ ਦੀ ਅਗਵਾਈ ਹੇਠ ਸਟਾਫ ਨਰਸਾਂ ਵੱਲੋਂ ਮਜਬੂਰਨ ਵੱਡੇ ਪੱਧਰ ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ ਜਿਸ ਦੀ ਜ਼ਿੰਮੇਵਾਰ ਸਰਕਾਰ ਹੋਵੇਗੀ। ਇਸ ਮੌਕੇ ਸਟਾਫ ਨਰਸ ਪਰਮਦੀਪ ਕੌਰ ਗੁਰਦਾਸਪੁਰ ਨਾਲ ਸਟਾਫ ਨਰਸਾਂ ਹਾਜ਼ਰ ਸਨ।

# ਸ਼ਰਾਬ ਤੇ ਦੂਜੇ ਨਸ਼ਿਆਂ ਨੂੰ ਰੋਕਣ ਲਈ...

(ਸਫ਼ਾ 4 ਦੀ ਬਾਕੀ)

ਹਾਈ ਬਲੱਡ ਪ੍ਰੈਸ਼ਰ, ਦਿਲ ਦੀ ਬਿਮਾਰੀ, ਸਟ੍ਰੋਕ, ਜਿਗਰ ਦੀ ਬਿਮਾਰੀ ਅਤੇ ਪਾਚਨ ਸਮੱਸਿਆਵਾਂ, ਛਾਤੀ, ਮੂੰਹ, ਗਲੇ, ਅਨਾੜੀ, ਵਾਇਸ ਬਾਕਸ, ਜਿਗਰ, ਕੋਲਨ ਅਤੇ ਗੁਦਾ ਦਾ ਕੈਂਸਰ ਵੀ ਹੋ ਸਕਦਾ ਹੈ।2009 ਦੇ ਅੰਕੜਿਆਂ ਦੇ ਆਧਾਰ 'ਤੇ ਸੰਯੁਕਤ ਰਾਜ ਵਿੱਚ ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਦਾ ਅੰਦਾਜ਼ਨ 3.5% (ਲਗਭਗ 19,500 ਮੌਤਾਂ ਸ਼ਰਾਬ ਨਾਲ ਸੰਬੰਧਤ ਸਨ । ਲਗਾਤਾਰ ਸ਼ਰਾਬ ਦਾ ਸੇਵਨ ਕਰਨ ਵਾਲੀਆਂ ਔਰਤਾਂ ਵਿੱਚ ਛਾਤੀ ਦੇ ਕੈਂਸਰ ਦੇ ਵਧੇ ਹੋਏ ਜੋਖਮ ਨੂੰ ਪਾਇਆ ਹੈ।

ਬਹੁਤ ਜ਼ਿਆਦਾ ਅਲਕੋਹਲ ਦੀ ਵਰਤੋਂ ਨੇ 2015 - 2019 ਤੱਕ ਸੰਯੁਕਤ ਰਾਜ ਅਮਰੀਕਾ ਵਿੱਚ ਹਰ ਸਾਲ 1,40,000 ਤੋਂ ਵੱਧ ਮੌਤਾਂ ਹੋ ਜਾਂਦੀਆਂ ਹਨ।- ਵਿਸ਼ਵ ਭਰ ਵਿੱਚ 2019 ਵਿੱਚ ਲਗਭਗ 2.6 ਮਿਲੀਅਨ ਮੌਤਾਂ ਸ਼ਰਾਬ ਦੇ ਸੇਵਨ ਕਾਰਨ ਹੋਈਆਂ।

ਵਿਸ਼ਵ ਸਿਹਤ ਸੰਗਠਨ ਰਿਪੋਰਟ ਅਗਲੇ ਛੇ ਸਾਲਾਂ ਵਿੱਚ ਭਾਰਤ ਵਿੱਚ ਪ੍ਰਤੀ ਵਿਅਕਤੀ ਸ਼ਰਾਬ ਦੀ ਖਪਤ ਵਿੱਚ ਤੇਜ਼ੀ ਨਾਲ ਵਾਧੇ ਦੀ ਭਵਿੱਖਬਾਣੀ ਕਰਦੀ ਹੈ।

ਇਮਿਊਨ (ਕੁਦਰਤੀ ਸੁਰੱਖਿਆ) ਸਿਸਟਮ ਦਾ ਕਮਜ਼ੋਰ ਹੋਣਾ, ਬਿਮਾਰ ਹੋਣ ਦੀ ਸੰਭਾਵਨਾ ਵਧ ਜਾਂਦੀ ਹੈ। ਸਿੱਖਣ ਅਤੇ ਯਾਦਾਸ਼ਤ ਦੀਆਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ। ਮਾਨਸਿਕ ਸਮੱਸਿਆਵਾਂ, ਡਿਪਰੈਸ਼ਨ ਅਤੇ ਚਿੰਤਾ ਸਮੇਤ ਸਮਾਜਿਕ ਸਮੱਸਿਆਵਾਂ, ਪਰਿਵਾਰਕ ਸਮੱਸਿਆਵਾਂ, ਨੌਕਰੀ ਨਾਲ ਸੰਬੰਧਤ ਸਮੱਸਿਆਵਾਂ ਅਤੇ ਬੇਰੁਜ਼ਗਾਰੀ ਸ਼ਾਮਲ ਹੈ।ਹਿੰਸਾ, ਜਿਸ ਵਿੱਚ ਕਤਲ, ਖੁਦਕੁਸ਼ੀ, ਜਿਨਸੀ ਹਮਲਾ ਅਤੇ ਗੂੜ੍ਹੇ ਸਾਥੀ ਦੀ ਹਿੰਸਾ ਸ਼ਾਮਲ ਹੈ।

ਨੈਸ਼ਨਲ ਕੈਂਸਰ ਇੰਸਟੀਚਿਊਟ ਦੇ ਅਨੁਸਾਰ : ਇਕ ਸਪੱਸ਼ਟ ਵਿਗਿਆਨਕ ਸਹਿਮਤੀ ਹੈ ਕਿ ਸ਼ਰਾਬ ਪੀਣ ਨਾਲ ਕਈ ਕਿਸਮਾਂ ਦੇ ਕੈਂਸਰ ਹੋ ਸਕਦੇ ਹਨ। ਕਾਰਸੀਨੋਜਨਾਂ ਬਾਰੇ ਆਪਣੀ ਰਿਪੋਰਟ ਵਿੱਚ ਯੂ ਐੱਸ ਡਿਪਾਰਟਮੈਂਟ ਆਫ਼ ਹੈੱਲਥ ਐਂਡ ਹਿਊਮਨ ਸਰਵਿਸਿਜ਼ ਦੇ ਨੈਸ਼ਨਲ ਟੌਕਸੀਕੋਲੋਜੀ ਪ੍ਰੋਗਰਾਮ ਨੇ ਅਲਕੋਹਲ ਵਾਲੇ ਪੀਣ ਵਾਲੇ ਪਦਾਰਥਾਂ ਦੀ ਖਪਤ ਨੂੰ ਸੂਚੀਬੱਧ ਕੀਤਾ ਹੈ।

ਪੂੰਜੀਵਾਦ ਦੀਆਂ ਸਭ ਤੋਂ ਵੱਡੀਆਂ ਬੇਇਮਾਨੀਆਂ ਵਿੱਚੋਂ ਇੱਕ ਇਹ ਮੰਨਣਾ ਹੈ ਕਿ ਮੁਨਾਫੇ ਦਾ ਉਦੇਸ਼ ਅਸਲ ਖਪਤਕਾਰਾਂ ਦੀਆਂ ਲੋੜਾਂ ਨਾਲ ਮੇਲ ਖਾਂਦਾ ਹੈ। ਪੂੰਜੀਵਾਦ ਦੇ ਸਮਰਥਕ ਦਾਅਵਾ ਕਰਦੇ ਹਨ ਕਿ ਜੇਕਰ ਕੋਈ ਉਦਯੋਗ ਜਾਂ ਕੰਪਨੀ ਵਧਦੀ ਹੈ, ਤਾਂ ਇਸ ਦਾ ਮਤਲਬ ਹੈ ਕਿ ਖਪਤਕਾਰ ਅਸਲ ਵਿੱਚ ਉਹ ਉਤਪਾਦ ਚਾਹੁੰਦੇ ਹਨ, ਜੋ ਉਹ ਵਿਸ਼ੇਸ਼ ਕੰਪਨੀ ਜਾਂ ਉਦਯੋਗ ਪੈਦਾ ਕਰਦਾ ਹੈ।

ਉਹ ਜਾਣਦੇ ਹਨ ਕਿ ਜੇਕਰ ਉਹ ਲੋਕਾਂ ਨੂੰ ਸਿਰਫ ਇੱਕ ਜਾਂ ਦੋ ਵਾਰ ਇਸ ਨੂੰ ਅਜ਼ਮਾਉਣ ਲਈ ਮਨਾ ਸਕਦੇ ਹਨ ਤਾਂ ਉਹ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਕੱਟੜ ਆਦੀ ਬਣਾ ਸਕਦੇ ਹਨ। ਇਸ ਲਈ ਉਹ ਟੀ ਵੀ, ਯੂਟਿਊਬ, ਗੂਗਲ, ਫੇਸਬੁਕ, ਪਬਲਿਕ ਸਪੇਸ, ਸਬਵੇਅ ਸਟੇਸ਼ਨ, ਮਾਲ ਹਰ ਥਾਂ ਇਸ਼ਤਿਹਾਰ ਚਲਾਉਣੇ ਸ਼ੁਰੂ ਕਰ ਦਿੰਦੇ ਹਨ।ਮਹਾਂਮਾਰੀ ਦੌਰਾਨ ਅਲਕੋਹਲ ਨਾਲ ਸੰਬੰਧਤ ਮੌਤਾਂ ਵਧੀਆਂ, ਇੱਕ ਅਧਿਐਨ ਦਰਸਾਉਂਦਾ ਹੈ ਕਿ 2019 ਦੇ ਮੁਕਾਬਲੇ 2020 ਵਿੱਚ ਮੌਤਾਂ ਵਿੱਚ 25 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਕਿਉਂਕਿ ਤਣਾਅ ਇਕੱਠਾ ਹੋਇਆ ਸੀ ਅਤੇ ਇਲਾਜ ਵਿੱਚ ਦੇਰੀ ਹੋਈ ਸੀ।

ਇਸ ਤੋਂ ਸਾਫ ਜ਼ਾਹਰ ਹੈ ਕਿ ਇਸ ਸਭ ਕੁਝ ਪਿਛੇ ਪੂੰਜੀਵਾਦ ਸਾਡੇ ਵਿੱਚੋਂ ਬਹੁਤਿਆਂ ਨੂੰ ਨਸ਼ੇੜੀ ਬਣਾ ਰਿਹਾ ਹੈ।ਨਸ਼ਿਆਂ ਤੋਂ ਮੁਕਤੀ ਪੂੰਜੀਵਾਦ ਤੋਂ ਮੁਕਤੀ ਨਾਲ ਜੁੜੀ ਹੋਈ ਹੈ ।ਇਸ ਦੇ ਲਈ ਲੋਕਾਂ ਨੂੰ ਸੜਕਾਂ 'ਤੇ ਆਉਣਾ ਪਵੇਗਾ।

**# ਸੰਪਰਕ : 98550-94500**

21-Aug-PAGE-4.qxd 8/20/2024 10:38 PM Page 1



# ਬਿਊਰੋਕਰੇਸੀ 'ਤੇ ਕਬਜ਼ੇ ਦੀ ਕੋਸ਼ਿਸ਼

ਨਰਿੰਦਰ ਮੋਦੀ ਨੇ ਕੇਂਦਰੀ ਮੰਤਰਾਲਿਆਂ ਵਿੱਚ 45 ਅਹੁਦਿਆਂ 'ਤੇ ਲੇਟਰਲ ਐਂਟਰੀ ਯਾਨੀ ਸਿੱਧੀ ਭਰਤੀ ਰਾਹੀਂ ਨਿਯੁਕਤੀਆਂ ਕਰਨ ਲਈ ਇਸ਼ਤਿਹਾਰ ਜਾਰੀ ਕੀਤਾ ਸੀ। ਇਸ ਉੱਤੇ ਸਮੁੱਚੇ ਦੇਸ਼ 'ਚ ਤਿੱਖਾ ਵਿਰੋਧ ਸ਼ੁਰੂ ਹੋ ਗਿਆ ਸੀ। ਇਸ ਭਾਰੀ ਵਿਰੋਧ ਕਾਰਨ ਆਖਰ ਮੋਦੀ ਸਰਕਾਰ ਨੂੰ ਫੈਸਲਾ ਵਾਪਸ ਲੈਣਾ ਪਿਆ ਹੈ।

ਲੇਟਰਲ ਐਂਟਰੀ ਸਿਸਟਮ ਦੀ ਗੱਲ ਕਰੀਏ ਤਾਂ ਇਸ ਰਾਹੀਂ ਉਨ੍ਹਾਂ ਅਹੁਦਿਆਂ 'ਤੇ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ, ਜਿਨ੍ਹਾਂ 'ਤੇ ਆਈ ਏ ਐਸ ਰੈਂਕ ਦੇ ਅਫ਼ਸਰ ਨਿਯੁਕਤ ਕੀਤੇ ਜਾਂਦੇ ਰਹੇ ਹਨ। ਇਨ੍ਹਾਂ ਵਿੱਚ ਉਪ ਸਕੱਤਰ, ਜਾਇੰਟ ਸਕੱਤਰ ਤੇ ਡਾਇਰੈਕਟਰ ਦੇ ਅਹੁਦੇ ਸ਼ਾਮਲ ਹਨ। ਇਹੋ ਅਧਿਕਾਰੀ ਹਰ ਮੰਤਰਾਲੇ ਦੀਆਂ ਨੀਤੀਆਂ ਤੇ ਯੋਜਨਾਵਾਂ ਘੜਦੇ ਹਨ। ਇਸ ਭਰਤੀ ਰਾਹੀਂ ਨਿੱਜੀ ਖੇਤਰ ਦੀਆਂ ਕੰਪਨੀਆਂ ਦੇ ਅਧਿਕਾਰੀਆਂ ਨੂੰ ਮਾਹਰਾਂ ਦੇ ਨਾਂਅ 'ਤੇ ਭਰਤੀ ਕੀਤਾ ਜਾਂਦਾ ਹੈ। ਇਨ੍ਹਾਂ ਕਥਿਤ ਮਾਹਰਾਂ ਨੂੰ ਕੋਈ ਇਮਤਿਹਾਨ ਨਹੀਂ ਦੇਣਾ ਪੈਂਦਾ, ਬਸ ਇੱਕ ਇੰਟਰਵਿਊ ਤੋਂ ਬਾਅਦ ਨਿਯੁਕਤੀ ਹੋ ਜਾਂਦੀ ਹੈ। ਇਸ ਵਿੱਚ ਕੋਈ ਰਿਜ਼ਰਵੇਸ਼ਨ ਨਹੀਂ ਹੁੰਦੀ। ਮੋਦੀ ਸਰਕਾਰ ਨੇ ਇਸ ਸਿਸਟਮ ਦੀ ਸ਼ੁਰੂਆਤ 2019 ਵਿੱਚ ਕਰ ਦਿੱਤੀ ਸੀ। ਪਿਛਲੇ 5 ਸਾਲਾਂ ਦੌਰਾਨ ਇਸ ਰਾਹੀਂ 63 ਅਧਿਕਾਰੀਆਂ ਦੀਆਂ ਨਿਯੁਕਤੀਆਂ ਹੋ ਚੁੱਕੀਆਂ ਹਨ। ਪਿਛਲੇ ਸਾਰੇ ਦੌਰ ਵਿੱਚ ਬਹੁਸੰਮਤੀ ਦੇ ਸਹਾਰੇ ਮੋਦੀ ਸਰਕਾਰ ਸਭ ਫੈਸਲੇ ਧੱਕੇਸ਼ਾਹੀ ਨਾਲ ਕਰਦੀ ਰਹੀ ਸੀ, ਪਰ ਇਸ ਸਮੇਂ ਉਹ ਐਨ ਡੀ ਏ ਦੀਆਂ ਫਹੁੜੀਆਂ ਦੇ ਸਹਾਰੇ ਚੱਲ ਰਹੀ ਹੈ।

ਪਿਛਲੀਆਂ ਨਿਯੁਕਤੀਆਂ ਨੂੰ ਦੇਖਿਆ ਜਾਵੇ ਤਾਂ ਇਨ੍ਹਾਂ ਅਹੁਦਿਆਂ 'ਤੇ ਮਾਹਰਾਂ ਦੇ ਨਾਂਅ 'ਤੇ ਪੂੰਜੀਪਤੀ ਘਰਾਣਿਆਂ ਦੇ ਵਫਾਦਾਰ ਪ੍ਰਬੰਧਕਾਂ ਤੇ ਟੈਕਨੋਕਰੇਟਾਂ ਨੂੰ ਬਿਠਾ ਦਿੱਤਾ ਗਿਆ ਸੀ। ਇਹ ਅਖੌਤੀ ਮਾਹਰ ਇਨ੍ਹਾਂ ਅਹੁਦਿਆਂ 'ਤੇ ਬੈਠ ਕੇ ਕਿਸ ਵਰਗ ਦੀ ਸੇਵਾ ਕਰਦੇ ਹਨ, ਇਸ ਦਾ ਮੂੰਹ ਬੋਲਦਾ ਸਬੂਤ ਸੇਬੀ ਦੀ ਪ੍ਰਮੁੱਖ ਮਾਧਵੀ ਪੁਰੀ ਬੁੱਚ ਤੋਂ ਮਿਲ ਜਾਂਦਾ ਹੈ। ਮਾਧਵੀ ਪੁਰੀ ਬੁੱਚ ਇਸ ਸਿਸਟਮ ਰਾਹੀਂ ਸੇਬੀ ਦੀ ਪ੍ਰਮੁੱਖ ਬਣਨ ਵਾਲੀ ਪਹਿਲੀ ਗੈਰ-ਆਈ ਏ ਐਸ ਅਧਿਕਾਰੀ ਹੈ। ਹੁਣੇ ਆਈ ਹਿੰਡਨਬਰਗ ਦੀ ਰਿਪੋਰਟ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਮਾਧਵੀ ਤੇ ਉਸ ਦੇ ਪਤੀ ਨੇ ਅਡਾਨੀ ਦੀਆਂ ਕੰਪਨੀਆਂ ਵਿੱਚ ਨਿਵੇਸ਼ ਕਰਕੇ ਲਾਭ ਕਮਾਇਆ ਹੈ। ਅਡਾਨੀ ਵੱਲੋਂ ਕੀਤੇ ਗਏ ਸ਼ੇਅਰ ਘੁਟਾਲੇ ਦੀ ਜਾਂਚ ਮਾਧਵੀ ਨੇ ਹੀ ਕੀਤੀ ਸੀ। ਉਸ ਜਾਂਚ ਵਿੱਚ ਸੇਬੀ ਨੇ ਅਡਾਨੀ ਨੂੰ ਕਲੀਨ ਚਿੱਟ ਦੇ ਦਿੱਤੀ ਸੀ।

ਅਸਲ ਵਿੱਚ ਮੋਦੀ ਸਰਕਾਰ ਆਰ ਐਸ ਐਸ ਦੇ ਸੰਵਿਧਾਨ ਬਦਲ ਕੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਦੇ ਏਜੰਡੇ ਉੱਤੇ ਕੰਮ ਕਰ ਰਹੀ ਹੈ। ਸਿੱਧੇ ਤੌਰ ਉੱਤੇ ਉਹ ਸੰਵਿਧਾਨ ਉੱਤੇ ਹਮਲਾ ਕਰਕੇ ਅਲੱਗ-ਥਲੱਗ ਹੋ ਜਾਣ ਤੋਂ ਡਰਦੀ ਹੈ, ਇਸ ਲਈ ਉਹ ਸੰਵਿਧਾਨ ਨੂੰ ਕਮਜ਼ੋਰ ਕਰਕੇ ਮਨੂੰਵਾਦੀ ਵਿਵਸਥਾ ਨੂੰ ਲਾਗੂ ਕਰ ਰਹੀ ਹੈ। ਇਹ ਕੰਮ ਅਟਲ ਬਿਹਾਰੀ ਵਾਜਪਈ ਦੀ ਸਰਕਾਰ ਸਮੇਂ ਹੀ ਸ਼ੁਰੂ ਹੋ ਗਿਆ ਸੀ। ਉਸ ਸਮੇਂ ਹੀ ਹਰ ਸੰਸਥਾ ਵਿੱਚ ਆਰ ਐੱਸ ਐਸ ਦੇ ਲੋਕ ਵਾੜੇ ਗਏ ਸਨ। ਅੱਜ ਜਿਹੜੇ ਰਿਟਾਇਰਡ ਜੱਜ ਤੇ ਫੌਜੀ ਅਫ਼ਸਰ ਖੁੱਲ੍ਹ ਕੇ ਐਲਾਨ ਕਰ ਰਹੇ ਹਨ ਕਿ ਉਹ ਆਰ ਐਸ ਐਸ ਨਾਲ ਜੁੜੇ ਰਹੇ ਹਨ, ਇਹ ਵਾਜਪਾਈ ਵੇਲੇ ਦੀ ਪੈਦਾਵਾਰ ਸਨ। ਆਰ ਐਸ ਐਸ ਦੇ ਲੋਕ ਅੱਜ ਹਰ ਸੰਸਥਾ ਵਿੱਚ ਘੁਸ ਚੁੱਕੇ ਹੀ ਨਹੀਂ, ਕਾਬਜ਼ ਵੀ ਹਨ। ਲੇਟਰਲ ਐਂਟਰੀ ਸਿਸਟਮ ਰਾਹੀਂ ਹੁਣ ਨੀਤੀਆਂ ਘੜਨ ਵਾਲੀ ਬਿਊਰੋਕਰੇਸੀ ਉੱਤੇ ਵੀ ਕਬਜ਼ਾ ਕਰ ਲੈਣ ਦੀ ਯੋਜਨਾ ਸੀ। ਇਸ ਸਾਰੀ ਸਥਿਤੀ ਦੇ ਬਾਵਜੂਦ ਹਾਲੇ ਵੀ ਆਪਣੀ ਯੋਗਤਾ ਦੇ ਅਧਾਰ 'ਤੇ ਯੂ ਪੀ ਐਸ ਸੀ ਦੀ ਪ੍ਰੀਖਿਆ ਪਾਸ ਕਰਕੇ ਆਈ ਏ ਐਸ ਬਣਨ ਵਾਲੇ ਆਮ ਘਰਾਂ ਦੇ ਹੋਣਹਾਰ ਬੱਚੇ ਵੀ ਹਨ। ਇਨ੍ਹਾਂ ਨੇ ਹੀ ਪ੍ਰਮੋਸ਼ਨ ਜ਼ਰੀਏ ਜਾਇੰਟ ਸਕੱਤਰ ਵਰਗੇ ਅਹੁਦੇ 'ਤੇ ਪਹੁੰਚ ਕੇ ਨੀਤੀਆਂ ਘੜਨੀਆਂ ਹੁੰਦੀਆਂ ਹਨ। ਇਸ ਲੇਟਰਲ ਐਂਟਰੀ ਰਾਹੀਂ ਉਨ੍ਹਾਂ ਦਾ ਰਾਹ ਰੋਕਣ ਦੀ ਵਿਉਂਤ ਘੜੀ ਗਈ ਸੀ। ਇਹ ਤਸੱਲੀ ਵਾਲੀ ਗੱਲ ਹੈ ਕਿ ਐਨ ਡੀ ਏ ਵਿੱਚ ਸ਼ਾਮਲ ਪਾਰਟੀਆਂ ਹੀ ਇਸ ਦੇ ਵਿਰੋਧ ਵਿੱਚ ਖੜ੍ਹੀਆਂ ਹੋ ਗਈਆਂ ਸਨ। ਲੋਕ ਜਨਸ਼ਕਤੀ ਦੇ ਮੁਖੀ ਚਿਰਾਗ ਪਾਸਵਾਨ, ਦਲਿਤ ਆਗੂ ਜੀਤਨ ਰਾਮ ਮਾਂਝੀ ਤੇ ਜੇ ਡੀ ਯੂ ਦੇ ਕੌਮੀ ਬੁਲਾਰੇ ਕੇ ਸੀ ਤਿਆਗੀ ਨੇ ਇਸ ਯੋਜਨਾ ਦਾ ਖੁੱਲ੍ਹ ਕੇ ਵਿਰੋਧ ਕੀਤਾ ਸੀ। ਇਸ ਲਈ ਮੋਦੀ ਸਰਕਾਰ ਨੂੰ ਇਸ ਯੋਜਨਾ ਨੂੰ ਵਾਪਸ ਲੈਣਾ ਪਿਆ ਹੈ। ਸੋਚਣ ਵਾਲੀ ਗੱਲ ਹੈ ਕਿ ਜੇਕਰ ਮੋਦੀ ਦਾ 400 ਪਾਰ ਦਾ ਨਾਅਰਾ ਸਫ਼ਲ ਹੋ ਜਾਂਦਾ ਤਾਂ ਹਾਲਾਤ ਕੀ ਬਣ ਜਾਣੇ ਸਨ।

-ਚੰਦ ਫਤਿਹਪੁਰੀ

# ਲਾਲ ਕਿਲ੍ਹੇ ਦੀ ਫਸੀਲ ਤੋਂ ਪ੍ਰਧਾਨ ਮੰਤਰੀ ਦੇ ਭਾਸ਼ਣ ਦਾ ਸੱਚ ?

ਨਰਾਇਣ ਦੱਤ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 11ਵੀਂ ਵਾਰ ਲਾਲ ਕਿਲ੍ਹੇ ਦੀ ਫਸੀਲ ਤੋਂ ਆਜ਼ਾਦੀ ਦਿਵਸ ਮੌਕੇ ਦੇਸ਼ ਵਾਸੀਆਂ ਨੂੰ ਸੰਬੋਧਨ ਕੀਤਾ ਹੈ। ਇਸ ਸੰਬੋਧਨ ਵਿੱਚ ਹੋਰ ਗੱਲਾਂ ਦੇ ਨਾਲ-ਨਾਲ ਬੇਰੁਜ਼ਗਾਰੀ ਨਾਲ ਜੂਝ ਰਹੇ ਕਰੋੜਾਂ ਨੌਜਵਾਨਾਂ ਨਾਲ ਭੱਦਾ ਮਜ਼ਾਕ ਕੀਤਾ ਹੈ। 2014 ਵਿੱਚ ਜਦੋਂ ਮੋਦੀ ਸਰਕਾਰ ਕੇਂਦਰੀ ਸੱਤਾ ਉੱਪਰ ਕਾਬਜ਼ ਹੋਈ ਸੀ ਤਾਂ ਉਸ ਸਮੇਂ ਵੀ ਮੁਲਕ ਵੱਡੀ ਪੱਧਰ 'ਤੇ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਿਹਾ ਸੀ। ਇਸੇ ਕਰਕੇ ਮੋਦੀ ਸਰਕਾਰ ਨੇ ਬੇਰੁਜ਼ਗਾਰਾਂ ਨਾਲ ਹਰ ਸਾਲ 2 ਕਰੋੜ ਸਰਕਾਰੀ ਨੌਕਰੀਆਂ ਦੇਣ ਦਾ ਵਾਅਦਾ ਕੀਤਾ ਸੀ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬੱਜਟ ਸੈਸ਼ਨ ਦੌਰਾਨ ਰੁਜ਼ਗਾਰ ਨੂੰ 1 ਲੱਖ ਬੇਰੁਜ਼ਗਾਰਾਂ ਨੂੰ 500 ਪ੍ਰਾਈਵੇਟ ਕੰਪਨੀਆਂ ਵਿੱਚ ਅਪ੍ਰੈਂਟਿਸਸ਼ਿਪ ਕਰਵਾਉਣ ਤੱਕ ਲਮਕਾ ਦਿੱਤਾ ਹੈ। ਹੋਰ ਵਧੇਰੇ ਸਪੱਸ਼ਟ ਕਰਨਾ ਹੋਵੇ ਤਾਂ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਨੂੰ ਪੜ੍ਹੇ-ਲਿਖੇ ਬੇਰੁਜ਼ਗਾਰਾਂ ਦੀ ਕਿਰਤ ਦੀ ਇੱਕ ਸਾਲ ਵਾਸਤੇ 5,000 ਰੁਪਏ ਪ੍ਰਤੀ ਮਹੀਨਾ ਦੇ ਕੇ ਲੁੱਟ ਕਰਨ ਦਾ ਲਾਇਸੈਂਸ ਦੇ ਦਿੱਤਾ ਗਿਆ ਹੈ। ਸਰਕਾਰੀ ਨੌਕਰੀਆਂ ਦੇਣ ਦਾ ਵਾਅਦਾ ਵਿੱਤ ਮੰਤਰੀ ਦੇ ਬੱਜਟ ਸੈਸ਼ਨ ਦੌਰਾਨ ਦਿੱਤੇ ਭਾਸ਼ਨ ਅਤੇ ਲਾਲ ਕਿਲ੍ਹੇ ਦੀ ਫਸੀਲ ਤੋਂ ਪ੍ਰਧਾਨ ਮੰਤਰੀ ਦੀ ਤਕਰੀਰ ਵਿੱਚੋਂ ਫੁਰਰ ਹੋ ਗਿਆ ਹੈ। ਮੋਦੀ ਦੇ ਰਾਮ ਰਾਜ ਤੇ ਅੰਮ੍ਰਿਤਕਾਲ ਦੇ ਸਮੇਂ ਵਿੱਚ ਭਾਰਤ ਬੇਰੋਜ਼ਗਾਰੀ ਦੀ ਸਮੱਸਿਆ ਨਾਲ ਜਿਸ ਕਦਰ ਜੂਝ ਰਿਹਾ ਹੈ, ਕੀ ਭਾਜਪਾ ਸਰਕਾਰ ਇਸ ਗੱਲ ਦਾ ਜਵਾਬ ਦੇਵੇਗੀ ਕਿ ਨੌਜਵਾਨਾਂ ਨੂੰ ਰੋਜ਼ਗਾਰ ਕਦੋਂ ਮਿਲੇਗਾ? ਮੈਡੀਕਲ ਕਾਲਜਾਂ ਵਿੱਚ ਡਾਕਟਰਾਂ ਦੀਆਂ 75000 ਸੀਟਾਂ ਵਧਾਉਣ ਦਾ ਵਾਅਦਾ ਕੀਤਾ ਗਿਆ ਹੈ। ਕੀ ਇਹ ਸੀਟਾਂ ਸਰਕਾਰੀ ਮੈਡੀਕਲ ਕੋਟੇ ਵਿੱਚ ਹੋਣਗੀਆਂ, ਜਿੱਥੇ ਆਮ ਮੱਧ ਵਰਗੀ ਘਰਾਂ ਦੇ ਵਿਦਿਆਰਥੀ ਡਾਕਟਰ ਬਣਨ ਦਾ ਸੁਪਨਾ ਪੂਰਾ ਕਰ ਸਕਣਗੇ ਜਾਂ ਕਰੋੜ-ਕਰੋੜ ਰੁਪਏ ਵਿੱਚ ਸੀਟਾਂ ਵੇਚਣ ਵਾਲੇ ਪ੍ਰਾਈਵੇਟ ਖੇਤਰ ਵਿੱਚ ਹੋਣਗੀਆਂ, ਇਹ ਵੱਡਾ ਸਵਾਲ ਹੈ। ਭਾਜਪਾ ਦੀ ਸਾਂਝੀਵਾਲਤਾ ਵਾਲੀ ਮਹਾਰਾਸ਼ਟਰ ਸਰਕਾਰ ਵਾਲੇ ਰਾਜ ਵਿੱਚ ਬੇਰੋਜ਼ਗਾਰੀ ਦਾ ਆਲਮ ਦੇਖਣ ਵਾਲਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਦੀ ਹਾਲਤ ਇਹ ਹੈ ਕਿ ਮੁੰਬਈ ਪੁਲਸ ਵਿੱਚ ਸਰਕਾਰ ਨੇ 1157 ਮਹਿਲਾ ਸਿਪਾਹੀਆਂ ਲਈ ਅਰਜ਼ੀਆਂ ਮੰਗੀਆਂ ਸਨ, ਜਿਸ ਲਈ ਇੱਕ ਲੱਖ ਗਿਆਰਾਂ ਹਜ਼ਾਰ ਅਰਜ਼ੀਆਂ ਆ ਗਈਆਂ। ਇਹਨਾਂ ਦੀ ਸਰੀਰਕ ਯੋਗਤਾ ਟੈਸਟ ਲਈ ਮੁੰਬਈ ਯੂਨੀਵਰਸਿਟੀ ਦਾ ਗਰਾਊਂਡ ਚੁਣਿਆ ਗਿਆ, ਜਿੱਥੇ ਛੇ-ਛੇ ਸੌ ਕਿਲੋਮੀਟਰ ਤੋਂ ਬੱਚਿਆਂ ਵਾਲੀਆਂ ਹਜ਼ਾਰਾਂ ਕੁੜੀਆਂ ਨੂੰ ਆਪਣੇ ਬੱਚੇ ਸਾਂਭਣ ਲਈ ਪਰਵਾਰਕ ਮੈਂਬਰ ਵੀ ਨਾਲ ਲਿਆਉਣੇ ਪਏ। ਇੰਡੀਅਨ ਐਕਸਪ੍ਰੈੱਸ ਨੇ ਆਪਣੀ ਰਿਪੋਰਟ ਵਿੱਚ ਇਹਨਾਂ ਲੜਕੀਆਂ ਦੇ ਦੋ ਮਹੀਨੇ ਤੋਂ ਸਾਲ ਸਾਲ ਤੱਕ ਦੇ ਬੱਚਿਆਂ ਨੂੰ ਟੈਸਟ ਦੇ 5-6 ਘੰਟਿਆਂ ਦੌਰਾਨ ਆਪਣੀਆਂ ਮਾਵਾਂ ਤੋਂ ਬਗੈਰ ਭੁੱਖਣਭਾਣੇ ਕਿਵੇਂ ਖੱਜਲ-ਖੁਆਰ ਹੋਣਾ ਪਿਆ, ਦੀ ਦਿਲ ਕੰਬਾਊ ਤਸਵੀਰ ਪੇਸ਼ ਕੀਤੀ ਹੈ।

ਮੁੰਬਈ ਏਅਰਪੋਰਟ ਲਈ ਲੋਡਰਜ਼ ਦੀਆਂ 1216 ਪੋਸਟਾਂ ਲਈ 25000 ਲੋਕ ਇੰਟਰਵਿਊ ਲਈ ਆ ਗਏ, ਜਿੱਥੇ ਭੀੜ ਕਾਰਨ ਭਗਦੜ ਦੇ ਹਾਲਾਤ ਬਣ ਗਏ। ਗੁਜਰਾਤ, ਜੋ ਭਾਜਪਾ ਰਾਜ ਵਾਲਾ ਦੂਜਾ ਸੂਬਾ ਹੈ, ਦੇ ਭਰੂਚ ਸ਼ਹਿਰ ਵਿੱਚ ਦਸ ਕੰਪਨੀਆਂ ਦੀ ਓਪਨਿੰਗ ਲਈ 1800 ਲੋਕ ਨੌਕਰੀ ਲਈ ਪਹੁੰਚ ਗਏ। ਅਖਬਾਰ ਨੇ ਅੱਗੇ ਲਿਖਿਆ ਹੈ ਕਿ ਮੁੰਬਈ ਪੁਲਸ ਵਿੱਚ 4230 ਸਿਪਾਹੀਆਂ, ਡਰਾਈਵਰਾਂ, ਜੇਲ੍ਹ ਵਾਰਡਨ ਤੇ ਬੈਂਡਸਮੈਨ ਦੀਆਂ ਕੱਢੀਆਂ ਆਸਾਮੀਆਂ ਲਈ ਪੰਜ ਲੱਖ ਅੱਸੀ ਹਜ਼ਾਰ ਅਰਜ਼ੀਆਂ ਆਈਆਂ ਸਨ।

ਰੇਲਵੇ ਦੇ ਸਹਾਇਕ ਲੋਕੋ ਡਰਾਈਵਰ ਦੀਆਂ 5696 ਅਸਾਮੀਆਂ ਲਈ 47.45 ਲੱਖ ਬੇਰੁਜ਼ਗਾਰਾਂ ਦੀਆਂ ਅਰਜ਼ੀਆਂ ਪ੍ਰਾਪਤ ਹੋਈਆਂ। ਯੂਪੀ ਪੁਲਸ ਦੀ ਪ੍ਰੀਖਿਆ 23, 24, 25, 30 ਅਤੇ 31 ਅਗਸਤ 2024 ਨੂੰ ਹੋਈ। 60244 ਕਾਂਸਟੇਬਲ ਦੀਆਂ ਅਸਾਮੀਆਂ ਲਈ 15 ਲੱਖ ਔਰਤਾਂ ਸਮੇਤ 50 ਲੱਖ ਤੋਂ ਵੱਧ ਉਮੀਦਵਾਰਾਂ ਨੇ ਅਪਲਾਈ ਕੀਤਾ। ਦੁਨੀਆ ਦੀ ਤੀਜੀ ਆਰਥਿਕਤਾ ਬਣਨ ਜਾ ਰਹੇ ਵਿਕਸਤ ਭਾਰਤ ਦੇ ਇਹ ਇੱਕ ਸਭ ਤੋਂ ਵਿਕਸਤ, ਉਦਯੋਗੀਕਰਨ ਵਾਲੇ ਸੂਬੇ ਸਮੇਤ ਮੁਲਕ ਦੇ ਕੁੱਝ ਚੁਣਵੇਂ ਸੂਬਿਆਂ ਦੀ ਉਦਾਹਰਣ ਵਜੋਂ ਤਸਵੀਰ ਹੈ। ਭੁੱਖਮਰੀ ਨਾਲ ਜੂਝ ਰਹੇ ਯੂ ਪੀ, ਬਿਹਾਰ ਵਰਗੇ ਸੂਬਿਆਂ ਦੀ ਹਾਲਤ ਦਾ ਅੰਦਾਜ਼ਾ ਲਾਉਣਾ ਕੋਈ ਔਖਾ ਨਹੀਂ ਹੈ।

ਸ਼ਹਿਰੀ ਖੇਤਰਾਂ ਵਿਚ ਵਧ ਰਹੀ ਬੇਰੁਜ਼ਗਾਰੀ ਚਿੰਤਾ ਦਾ ਵਿਸ਼ਾ ਬਣ ਰਹੀ ਹੈ। ਸ਼ਹਿਰੀ ਬੇਰੁਜ਼ਗਾਰੀ ਦੇ ਮਾਮਲੇ ਵਿੱਚ ਦੇਸ਼ ਅੰਦਰ ਜੰਮੂ ਕਸ਼ਮੀਰ ਤੋਂ ਪਿੱਛੋਂ ਹਰਿਆਣਾ ਦੂਜੇ ਨੰਬਰ 'ਤੇ ਹੈ। ਪੀਰਿਓਡਿਕ ਲੇਬਰ ਫੋਰਸ ਸਰਵੇ ਮੁਤਾਬਿਕ ਸ਼ਹਿਰੀ ਖੇਤਰ ਅੰਦਰ ਬੇਰੁਜ਼ਗਾਰੀ ਦੀ ਰਾਸ਼ਟਰੀ ਔਸਤ ਦਰ ਲੱਗਭੱਗ 8.2 ਫ਼ੀਸਦੀ ਹੈ; ਹਰਿਆਣੇ ਵਿਚ ਬੇਰੁਜ਼ਗਾਰੀ ਜਨਵਰੀ ਤੋਂ ਮਾਰਚ ਵਾਲੀ ਤਿਮਾਹੀ ਦੌਰਾਨ ਵਧ ਕੇ 13.5 ਫ਼ੀਸਦੀ ਹੋ ਗਈ ਹੈ। ਜੰਮੂ ਕਸ਼ਮੀਰ ਪਹਿਲੇ ਨੰਬਰ 'ਤੇ ਹੈ ਅਤੇ ਉੱਥੇ ਸ਼ਹਿਰੀ ਬੇਰੁਜ਼ਗਾਰੀ ਦੀ ਦਰ 15.6 ਫ਼ੀਸਦੀ ਤੱਕ ਪਹੁੰਚ ਗਈ ਹੈ। ਕੇਰਲ 13.2 ਫ਼ੀਸਦੀ ਦੀ ਦਰ ਨਾਲ ਬੇਰੁਜ਼ਗਾਰੀ ਵਿਚ ਤੀਸਰੇ ਨੰਬਰ ਉੱਤੇ ਹੈ। ਹਰਿਆਣਾ ਅੰਦਰ ਪਿਛਲੇ ਸਾਲ ਇਸੇ ਤਿਮਾਹੀ ਦੌਰਾਨ ਬੇਰੁਜ਼ਗਾਰੀ ਦੀ ਦਰ 11.5 ਫ਼ੀਸਦੀ ਸੀ।

CMIE ਦੇ ਕੰਜ਼ਿਊਮਰ ਪਿਰਾਮਿਡਜ਼ ਘਰੇਲੂ ਸਰਵੇਖਣ ਅਨੁਸਾਰ, ਭਾਰਤ ਵਿੱਚ ਬੇਰੁਜ਼ਗਾਰੀ ਦੀ ਦਰ ਮਈ 2024 ਵਿੱਚ 7 ਪ੍ਰਤੀਸ਼ਤ ਤੋਂ ਜੂਨ 2024 ਵਿੱਚ ਤੇਜ਼ੀ ਨਾਲ ਵਧ ਕੇ 9.2 ਪ੍ਰਤੀਸ਼ਤ ਹੋ ਗਈ। ਸ਼ਹਿਰੀ ਭਾਰਤ ਦੇ ਨਾਲ-ਨਾਲ ਪੇਂਡੂ ਭਾਰਤ ਵਿੱਚ ਵੀ ਬੇਰੁਜ਼ਗਾਰੀ ਦੀ ਦਰ ਵਧੀ ਹੈ। ਪੇਂਡੂ ਬੇਰੁਜ਼ਗਾਰੀ ਦਰ ਮਈ ਦੇ 6.3 ਫੀਸਦੀ ਦੇ ਮੁਕਾਬਲੇ ਜੂਨ ਵਿੱਚ ਵਧ ਕੇ 9.3 ਫੀਸਦੀ ਹੋ ਗਈ। ਸ਼ਹਿਰੀ ਬੇਰੋਜ਼ਗਾਰੀ ਦਰ 8.6 ਫੀਸਦੀ ਤੋਂ ਵਧ ਕੇ 8.9 ਫੀਸਦੀ ਹੋ ਗਈ ਹੈ।

22 ਜੁਲਾਈ ਨੂੰ ਸੰਸਦ ਵਿੱਚ ਪੇਸ਼ ਕੀਤਾ ਗਿਆ ਆਰਥਿਕ ਸਰਵੇਖਣ 2023-24 ਦਰਸਾਉਂਦਾ ਹੈ ਕਿ ਭਾਰਤ ਦੇ ਸਿਰਫ਼ 51.25% ਗ੍ਰੈਜੂਏਟ ਹੀ ਰੁਜ਼ਗਾਰ ਯੋਗ ਮੰਨੇ ਜਾਂਦੇ ਹਨ।

ਲੇਬਰ ਭਾਗੀਦਾਰੀ ਦਰ (LPR) ਵਿੱਚ ਵਾਧੇ ਅਤੇ ਰੁਜ਼ਗਾਰ ਦਰ ਵਿੱਚ ਗਿਰਾਵਟ ਦੇ ਨਾਲ-ਨਾਲ ਜੂਨ ਵਿੱਚ ਬੇਰੁਜ਼ਗਾਰੀ ਦਰ ਵਿੱਚ ਵਾਧਾ ਹੋਇਆ। ਭਾਰਤ ਵਿੱਚ LPR ਜੂਨ ਵਿੱਚ ਵਧ ਕੇ 41.4 ਪ੍ਰਤੀਸ਼ਤ ਹੋ ਗਿਆ, ਜੋ ਪਿਛਲੇ ਮਹੀਨੇ 40.8 ਪ੍ਰਤੀਸ਼ਤ ਸੀ। ਰੁਜ਼ਗਾਰ ਦਰ, ਜੋ ਕਿ ਕੰਮਕਾਜੀ ਉਮਰ ਦੀ ਆਬਾਦੀ ਵਿੱਚ ਰੁਜ਼ਗਾਰ ਪ੍ਰਾਪਤ ਵਿਅਕਤੀਆਂ ਦਾ ਅਨੁਪਾਤ ਹੈ, ਜੂਨ 2024 ਵਿੱਚ 38 ਪ੍ਰਤੀਸ਼ਤ ਤੋਂ ਘਟ ਕੇ 37.6 ਪ੍ਰਤੀਸ਼ਤ ਹੋ ਗਈ। ਦਿਹਾਤੀ ਖੇਤਰ ਵਿਚ ਵੀ ਬੇਰੁਜ਼ਗਾਰੀ ਦਾ ਸੰਕਟ ਡੂੰਘਾ ਹੋ ਰਿਹਾ ਹੈ। ਵਿਕਾਸ ਦੇ ਮੌਜੂਦਾ ਮਾਡਲ ਵਿਚ ਪੂੰਜੀ ਦਾ ਨਿਵੇਸ਼ ਤਾਂ ਹੋ ਰਿਹਾ ਹੈ ਪਰ ਰੁਜ਼ਗਾਰ ਪੈਦਾ ਨਹੀਂ ਹੋ ਰਿਹਾ। ਇਸ ਮਾਡਲ ਵਿਚ ਪੂੰਜੀ ਅਤੇ ਪ੍ਰਬੰਧ-ਤੰਤਰ (ਮੈਨੇਜਮੈਂਟ) ਨੂੰ ਸਰਬਉੱਚ ਮੰਨਿਆ ਜਾਂਦਾ ਹੈ। ਦਿਹਾਤੀ ਖੇਤਰ ਵਿੱਚ ਰੁਜ਼ਗਾਰ ਪੈਦਾ ਕਰਨ ਲਈ ਮਗਨਰੇਗਾ ਸਕੀਮ ਸ਼ੁਰੂ ਕੀਤੀ ਗਈ ਸੀ। ਇਹ ਸਾਲ ਵਿਚ ਸਿਰਫ ਸੌ ਦਿਨ ਕੰਮ ਦੇਣ 'ਤੇ ਆਧਾਰਿਤ ਹੈ। ਇਸ ਸਕੀਮ ਅਧੀਨ ਵੀ 100 ਦਿਨ ਦੇ ਰੁਜ਼ਗਾਰ ਦੀ ਥਾਂ 2023 ਵਿੱਚ ਔਸਤ ਸਿਰਫ 45 ਦਿਨ ਦਾ ਹੀ ਰੁਜ਼ਗਾਰ ਮਿਲਿਆ। ਫਿਰ ਵੀ ਕੋਰੋਨਾ ਦੇ ਦੌਰ ਵਿੱਚ ਕੇਂਦਰ ਸਰਕਾਰ ਨੂੰ 2020-21 ਦੇ ਵਿੱਤੀ ਸਾਲ ਦੌਰਾਨ ਮਗਨਰੇਗਾ ਦੇ ਬਜਟ ਵਿਚ 40 ਹਜ਼ਾਰ ਕਰੋੜ ਰੁਪਏ ਵਾਧੂ ਦੇਣੇ ਪਏ ਹਨ। ਰਾਜਸਥਾਨ ਸਰਕਾਰ ਨੇ ਸੂਬਾਈ ਪੱਧਰ 'ਤੇ ਸ਼ਹਿਰੀ ਬੇਰੁਜ਼ਗਾਰਾਂ ਵਾਸਤੇ ਮਗਨਰੇਗਾ ਵਰਗੀ ਸਕੀਮ ਬਣਾਉਣ ਦਾ ਐਲਾਨ ਕੀਤਾ ਹੈ। ਬੇਰੁਜ਼ਗਾਰੀ ਦਾ ਮਸਲਾ ਕੁੱਝ ਸਕੀਮਾਂ ਨਾਲ ਹੱਲ ਹੋਣ ਵਾਲਾ ਨਹੀਂ ਹੈ। ਇਸ ਸੰਕਟ ਦੇ ਪਸਾਰ ਬਹੁਤ ਵੱਡੇ ਹਨ। ਸਰਕਾਰਾਂ ਜਨਤਕ ਖੇਤਰ ਵਿਚ ਨਿਵੇਸ਼ ਕਰਨ ਤੋਂ ਹੱਥ ਖਿੱਚ ਰਹੀਆਂ ਹਨ। ਅਜਿਹੇ ਸਮੇਂ ਕਿਰਤ ਦੀ ਮਾਨਤਾ ਅਤੇ ਮਹੱਤਵ ਨੂੰ ਬਹਾਲ ਕਰਨ ਦਾ ਮੁੱਦਾ ਅਹਿਮ ਹੈ। ਪੰਜਾਬ ਅਤੇ ਹਰਿਆਣਾ ਤੋਂ ਬਹੁਤ ਸਾਰੇ ਨੌਜਵਾਨ ਰੁਜ਼ਗਾਰ ਦੀ ਤਲਾਸ਼ ਵਿਚ ਵਿਦੇਸ਼ ਜਾਣ ਲਈ ਮਜਬੂਰ ਹਨ। ਇੱਥੇ ਰੁਜ਼ਗਾਰ ਅਸਥਾਈ ਅਤੇ ਘੱਟ ਉਜਰਤ ਵਾਲਾ ਮਿਲਦਾ ਹੈ।

ਅਮਰੀਕਾ ਅੰਦਰ ਵੀ ਬੇਰੁਜ਼ਗਾਰੀ ਦੀ ਦਰ ਜੁਲਾਈ 2022 ਦੇ 3.6% ਤੋਂ ਵਧ ਕੇ ਜੂਨ 2024 ਵਿੱਚ 4.1 % ਤੱਕ ਪਹੁੰਚ ਗਈ ਹੈ। ਪੰਜ ਸਾਲਾਂ ਵਿੱਚ ਹਾਲ ਹੀ ਵਿੱਚ ਆਏ ਪ੍ਰਵਾਸੀਆਂ ਲਈ ਕੈਨੇਡਾ ਦੀ ਬੇਰੁਜ਼ਗਾਰੀ ਦਰ ਜੂਨ ਵਿੱਚ 12.6% ਸੀ। 2014 ਤੋਂ ਬਾਅਦ ਪ੍ਰਵਾਸੀਆਂ ਵਿੱਚ ਇਹ ਸਭ ਤੋਂ ਮਾੜੀ ਦਰ ਹੈ। ਨੌਜਵਾਨਾਂ ਦੀ ਬੇਰੁਜ਼ਗਾਰੀ ਦਰ ਵੀ ਉੱਚੀ ਹੈ। ਆਸਟਰੇਲੀਆ ਵਿੱਚ ਬੇਰੁਜ਼ਗਾਰੀ ਦੀ ਦਰ 4.2 % ਨੂੰ ਪੁੱਜ ਗਈ ਹੈ, ਇਹ 2022 ਤੋਂ ਬਾਅਦ ਸਭ ਤੋਂ ਉੱਚੀ ਦਰ ਹੈ। ਫਰਾਂਸ ਵਿੱਚ ਬੇਰੁਜ਼ਗਾਰੀ ਦੀ ਦਰ 7.7% ਅਤੇ ਇਟਲੀ ਵਿੱਚ 6.8% ਤੱਕ ਪੁੱਜ ਗਈ ਹੈ। ਗਵਾਂਢੀ ਮੁਲਕਾਂ ਦੀ ਗੱਲ ਕਰਨੀ ਹੋਵੇ ਤਾਂ ਬੰਗਲਾਦੇਸ਼ ਵਿੱਚ ਬੇਰੋਜ਼ਗਾਰੀ 2024 ਦੀ ਪਹਿਲੀ ਤਿਮਾਹੀ ਵਿੱਚ 3.5 ਪ੍ਰਤੀਸ਼ਤ 'ਤੇ ਸਥਿਰ ਰਹੀ। ਪਾਕਿਸਤਾਨ ਵਿੱਚ ਬੇਰੋਜ਼ਗਾਰੀ ਦਰ 2024 ਵਿੱਚ 8 % ਹੋਣ ਦਾ ਅਨੁਮਾਨ ਹੈ।

ਸੰਸਾਰ ਪੱਧਰ ਦਾ ਬੇਰੁਜ਼ਗਾਰੀ ਦੀ ਦਰ ਦਾ ਅੰਕੜਾ 4.9 % ਹੈ। ਜਿਨ੍ਹਾਂ ਮੁਲਕਾਂ ਨਾਲ ਭਾਰਤੀ ਹਾਕਮ ਸਾਡੇ ਦੇਸ਼ ਦੀ ਤੁਲਨਾ ਕਰ ਰਹੇ, ਉਹਨਾਂ ਦੀ ਬੇਰੁਜ਼ਗਾਰੀ ਦਰ ਸਾਡੇ ਨੇੜੇ-ਤੇੜੇ ਵੀ ਨਹੀਂ ਪਹੁੰਚਦੀ। ਗਵਾਂਢੀ ਮੁਲਕਾਂ ਪਾਕਿਸਤਾਨ ਅਤੇ ਬੰਗਲਾਦੇਸ਼ ਨਾਲੋਂ ਵੀ ਸਾਡੇ ਮੁਲਕ ਦੀ ਰੁਜ਼ਗਾਰ ਦੇ ਪ੍ਰਸੰਗ ਵਿੱਚ ਹਾਲਤ ਬੇਹੱਦ ਪਤਲੀ ਹੈ। ਇਸ ਤਰ੍ਹਾਂ ਅਸੀਂ ਵੇਖਦੇ ਹਾਂ ਕਿ ਇੱਕ ਪਾਸੇ ਭਾਰਤੀ ਹਾਕਮ ਮੁਲਕ ਨੂੰ 2047 ਤੱਕ 5 ਟ੍ਰਿਲੀਅਨ ਡਾਲਰ ਦੀ ਆਰਥਿਕਤਾ ਵੱਲ ਲੈ ਜਾਣ ਦੇ ਦਮਗਜੇ ਮਾਰ ਰਹੇ ਹਨ ਅਤੇ 2047 ਤੱਕ ਮੁਲਕ ਨੂੰ ਵਿਕਸਤ ਭਾਰਤ ਅਤੇ ਦੁਨੀਆ ਦੀ ਤੀਜੀ ਵੱਡੀ ਅਰਥਵਿਵਸਥਾ ਬਣਾਉਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਦੂਜੇ ਪਾਸੇ ਸੰਸਾਰ ਵਿਆਪੀ ਆਰਥਿਕ ਮੰਦਵਾੜੇ ਨਾਲ ਜੂਝ ਰਹੀ ਸੰਸਾਰ ਆਰਥਿਕਤਾ ਬੇਹੱਦ ਡਾਵਾਂਡੋਲ ਅਵਸਥਾ ਵਿੱਚੋਂ ਲੰਘਦੀ ਹੋਈ ਬੁਰੀ ਤਰ੍ਹਾਂ ਲੜਖੜਾ ਰਹੀ ਹੈ। ਅੱਜ ਵੀ ਸਾਡੇ ਮੁਲਕ ਵਿੱਚ ਪ੍ਰਤੀ ਵਿਅਕਤੀ ਪ੍ਰਤੀ ਸਾਲ ਆਮਦਨ 2500 ਅਮਰੀਕੀ ਡਾਲਰ ਦੇ ਇਰਦ-ਗਿਰਦ ਘੁੰਮ ਰਹੀ ਹੈ। ਅਮਰੀਕਾ ਦੀ ਪ੍ਰਤੀ ਵਿਅਕਤੀ ਪ੍ਰਤੀ ਸਾਲ ਆਮਦਨ 65020.35 ਅਮਰੀਕੀ ਡਾਲਰ ਹੈ। ਸੰਸਾਰ ਬੈਂਕ ਦੀ ਇੱਕ ਰਿਪੋਰਟ ਮੁਤਾਬਕ ਸਾਡੇ ਮੁਲਕ ਦੀ ਪ੍ਰਤੀ ਸਾਲ ਪ੍ਰਤੀ ਵਿਅਕਤੀ ਆਮਦਨ 75 ਸਾਲ ਤੱਕ ਵੀ ਅਮਰੀਕਾ ਦੇ ਪ੍ਰਤੀ ਵਿਅਕਤੀ ਆਮਦਨ ਦਾ ਮੁਕਾਬਲਾ ਨਹੀਂ ਕਰ ਸਕਦੀ। ਸੰਸਾਰ ਆਰਥਿਕਤਾ ਵਿੱਚ ਸਾਡੇ ਮੁਲਕ ਦਾ 139 ਮੁਲਕਾਂ ਵਿੱਚੋਂ 38ਵਾਂ ਸਥਾਨ ਹੈ। ਇਹ ਅੰਕੜੇ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲਾਲ ਕਿਲ੍ਹੇ ਦੀ ਫਸੀਲ ਤੋਂ ਦਿੱਤੇ ਭਾਸ਼ਨ ਅਤੇ ਹਕੀਕਤ ਤੋਂ ਕੋਹਾਂ ਦੂਰ ਹਨ।

ਮੁਲਕ ਦੇ ਹਾਕਮ ਵਿਦੇਸ਼ੀ ਨਿਵੇਸ਼ ਦੀ ਬੂ-ਦੁਹਾਈ ਪਾ ਰਹੇ ਹਨ। ਪਰ ਮੁਲਕ ਅੰਦਰ ਵਿਦੇਸ਼ੀ ਕਾਰਪੋਰੇਟ ਘਰਾਣੇ ਪੈਦਾਵਾਰ ਦੇ ਖੇਤਰ ਵਿੱਚ ਨਿਵੇਸ਼ ਕਰਨ ਦੀ ਥਾਂ ਵਾਅਦਾ ਵਪਾਰ (ਸੱਟਾ ਬਜ਼ਾਰ) ਵਿੱਚ ਨਿਵੇਸ਼ ਕਰ ਰਹੇ ਹਨ। ਮੁਲਕ ਦਾ ਪ੍ਰਧਾਨ ਮੰਤਰੀ ਸੁਧਾਰਾਂ ਦੀ ਪ੍ਰਕਿਰਿਆ ਨੂੰ ਤੇਜ਼ੀ ਨਾਲ ਲਾਗੂ ਕਰਨ ਦੇ ਵਾਅਦੇ ਕਰ ਰਿਹਾ ਹੈ। ਵੱਡਾ ਸਵਾਲ ਇਹ ਹੈ ਕਿ ਇਹ ਸੁਧਾਰ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਲਈ ਹੋਣਗੇ। ਜਿਹਾ ਕਿ ਪਿਛਲੇ ਸਮੇਂ ਵੱਡੀਆਂ ਕੁਰਬਾਨੀਆਂ ਦੇਣ ਤੋਂ ਬਾਅਦ ਹਾਸਲ ਕੀਤੇ ਕਿਰਤ ਕਾਨੂੰਨਾਂ ਨੂੰ 4 ਕਿਰਤ ਕੋਡਾਂ ਵਿੱਚ ਤਬਦੀਲ ਕਰਕੇ ਕੀਤਾ ਗਿਆ ਹੈ। ਉਲਟਾ ਨਰਾਇਣ ਮੂਰਤੀ ਵਰਗੇ ਦਿਉਕੱਦ ਇਨਫੋਸਿਸ ਵਰਗੇ ਕਾਰਪੋਰੇਟ ਘਰਾਣੇ ਕਿਰਤੀਆਂ ਨੂੰ ਹਫਤੇ ਵਿੱਚ 48 ਘੰਟਿਆਂ ਦੀ ਥਾਂ 70 ਘੰਟੇ ਕੰਮ ਕਰਨ ਦੀਆਂ ਨਸੀਹਤਾਂ ਦੇ ਰਹੇ ਹਨ। ਅਜਿਹੇ ਤਿੱਖੇ ਸੁਧਾਰਾਂ ਦੀ ਗੱਲ ਮੋਦੀ ਕਰ ਰਿਹਾ ਹੈ। ਰੋਬੋਟ ਤੋਂ ਅੱਗੇ ਆਰਟੀਫੀਸ਼ਲ ਇੰਟੈਲੀਜੈਂਸ ਵਰਗੀਆਂ ਤਕਨੀਕਾਂ ਰਾਹੀਂ ਮੌਜੂਦਾ ਰੁਜ਼ਗਾਰ ਦਾ ਵੀ ਕੀਰਤਨ ਸੋਹਿਲਾ ਪੜ੍ਹਨ ਲਈ ਤਹੂ ਹੈ। ਸਿਰਫ ਆਂਧਰਾ ਪ੍ਰਦੇਸ਼ ਦੇ ਬੇਰੁਜ਼ਗਾਰ ਨੌਜਵਾਨਾਂ ਦੀਆਂ ਖੁਦਕੁਸ਼ੀਆਂ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲ ਵਿੱਚ 21000 ਖੁਦਕਸ਼ੀਆਂ ਗੰਭੀਰ ਸੰਕਟ ਵੱਲ ਇਸ਼ਾਰਾ ਕਰਦੀ ਹੈ। ਇਸ ਤਰ੍ਹਾਂ ਮੁਲਕ ਦਾ ਹਾਕਮ ਨਿਵੇਸ਼ ਦੇ ਆਸਰੇ ਮੁਲਕ ਵਿੱਚ ਵਿਕਾਸ ਦਰ ਦੇ ਵਾਧੇ ਦੇ ਅੰਕੜੇ ਵਿਖਾ ਕੇ ਆਪਣੀ ਪਿੱਠ ਆਪ ਥਾਪੜਨ ਵਿੱਚ ਮਸ਼ਰੂਫ ਹੈ, ਜਦਕਿ ਮਨੁੱਖੀ ਵਿਕਾਸ ਰਿਪੋਰਟ 2022 ਦੇ ਅੰਕੜਿਆਂ ਮੁਤਾਬਿਕ ਮੁਲਕ ਦਾ ਮਨੁੱਖੀ ਵਿਕਾਸ ਸੂਚਕ ਅੰਕ ਵਿੱਚ 193 ਮੁਲਕਾਂ ਵਿੱਚੋਂ 134ਵਾਂ ਸਥਾਨ ਹੈ। ਭੁੱਖਮਰੀ ਵਿੱਚ 125 ਮੁਲਕਾਂ ਵਿੱਚੋਂ 111ਵਾਂ ਸਥਾਨ ਭਾਰਤੀ ਹਾਕਮਾਂ ਦੇ ਕੀਤੇ ਜਾ ਰਹੇ ਦਾਅਵਿਆਂ ਦਾ ਮੂੰਹ ਚਿੜਾਉਂਦਾ ਹੈ।

ਇਸ ਗੰਭੀਰ ਹੋ ਰਹੇ ਆਰਥਿਕ ਸੰਕਟ ਤੋਂ ਵਿਸ਼ਾਲ ਲੋਕਾਈ ਦਾ ਧਿਆਨ ਲਾਂਭੇ ਲਿਜਾਣ ਲਈ ਮੋਦੀ ਸਰਕਾਰ ਭਰਮਾਰ ਜੰਗ ਰਾਹੀਂ ਆਪਣਾ ਫਿਰਕੂ ਫਾਸ਼ੀ ਹੱਲਾ ਤੇਜ਼ ਕਰ ਰਹੀ ਹੈ। ਨਵੇਂ ਕਾਨੂੰਨਾਂ ਰਾਹੀਂ ਸੰਘਰਸ਼ਸ਼ੀਲ ਲੋਕਾਂ ਦੀ ਜ਼ੁਬਾਨ ਬੰਦ ਕਰਨ ਲਈ ਉਨ੍ਹਾਂ ਨੂੰ ਹੋਰ ਵਧੇਰੇ ਜਾਬਰ ਬਣਾ ਦਿੱਤਾ ਗਿਆ ਹੈ। ਲੋਕਾਈ ਨੂੰ ਮੋਦੀ ਹਕੂਮਤ ਦੇ ਇਸ ਜਾਬਰ ਹੱਲੇ ਦਾ ਜਵਾਬ ਦੇਣ ਲਈ ਸਾਂਝੇ ਸੰਘਰਸ਼ਾਂ ਦਾ ਪਿੜ ਮੱਲਣ ਲਈ ਅੱਗੇ ਆਉਣਾ ਹੋਵੇਗਾ।

# ਸੰਪਰਕ : 84275-11770

# ਦੁਨਿਆਵੀ ਮੰਚ 'ਤੇ ਵਿਚਰਦੇ ਫਰਿਸ਼ਤੇ



ਆਤਮਾ ਸਿੰਘ ਪਮਾਰ

ਮਨੁੱਖ ਇੱਕ ਸਮਾਜਿਕ ਪ੍ਰਾਣੀ ਹੈ। ਸਮਾਜ ਤੋਂ ਬਗੈਰ ਇਸ ਦਾ ਇਕੱਲਿਆਂ ਰਹਿਣਾ ਜੇਕਰ ਅਸੰਭਵ ਨਹੀਂ ਤਾਂ ਮੁਸ਼ਕਲ ਜ਼ਰੂਰ ਹੈ। ਬਹੁਤ ਸਾਰੇ ਲੋਕ ਹੋ ਸਕਦਾ ਹੈ ਇਸ ਧਾਰਨਾ ਨਾਲ ਸਹਿਮਤ ਨਾ ਵੀ ਹੋਣ, ਪ੍ਰੰਤੂ ਇਹ ਧਾਰਨਾ ਸਿਰਫ ਸਧਾਰਨ ਲੋਕਾਂ ਲਈ ਹੀ ਹੈ। ਅਸਧਾਰਨ ਲੋਕਾਂ 'ਤੇ ਸ਼ਾਇਦ ਇਹ ਨਾ ਵੀ ਢੁਕਦੀ ਹੋਵੇ, ਕਿਉਂਕਿ ਅਜਿਹੇ ਵਿਅਕਤੀ ਦੁਨਿਆਵੀ ਸਰੋਕਾਰਾਂ ਤੋਂ ਹਟ ਕੇ ਆਪਣਾ ਜੀਵਨ ਆਪਣੇ ਆਪ 'ਚ ਹੀ ਬਸਰ ਕਰ ਰਹੇ ਹੁੰਦੇ ਹਨ। ਦੁਨਿਆਵੀ ਮੰਚ 'ਤੇ ਵਿਚਰਦਿਆਂ ਹਰ ਕਿਸਮ ਦੇ ਕਿਰਦਾਰਾਂ ਨਾਲ ਵਾਹ-ਵਾਸਤਾ ਹੋਣਾ ਇੱਕ ਕੁਦਰਤੀ ਵਰਤਾਰਾ ਹੈ। ਜੀਵਨ ਤਜਰਬੇ 'ਚੋਂ ਦੂਸਰਿਆਂ ਤੋਂ ਸੁਣੇ-ਸੁਣਾਏ ਵਰਤਾਰਿਆਂ ਤੋਂ ਇਲਾਵਾ ਨਿੱਜੀ ਜ਼ਿੰਦਗੀ 'ਚ ਵਾਪਰੀਆਂ ਕੁਝ ਅਜਿਹੀਆਂ ਘਟਨਾਵਾਂ ਦਾ ਹੱਥਲੇ ਲੇਖ 'ਚ ਜ਼ਿਕਰ ਕਰਦਿਆਂ ਮੇਰੇ ਲਈ ਅਜਨਬੀ ਹੁੰਦਿਆਂ ਵੀ ਕੁਝ ਨਿਰਸਵਾਰਥ ਕਰ ਗੁਜ਼ਰਨ ਵਾਲੇ ਉਨ੍ਹਾਂ ਨੇਕ ਦਿਲ ਪੁਰਸ਼ਾਂ ਨੂੰ ਮੈਂ ਦਿਲ ਦੀਆਂ ਗਹਿਰਾਈਆਂ 'ਚੋਂ ਧੰਨਵਾਦ ਕਰਨ ਤੋਂ ਇਲਾਵਾ ਨਤਮਸਤਕ ਵੀ ਹੁੰਦਾ ਹਾਂ। ਉਨ੍ਹਾਂ ਅਤੇ ਉਹਨਾਂ ਦੇ ਪਰਵਾਰ ਲਈ ਸ਼ੁੱਭ ਕਾਮਨਾਵਾਂ ਭੇਜਦਾ ਹੋਇਆ ਅੰਦਰੂਨੀ ਖੁਸ਼ੀ ਵੀ ਮਹਿਸੂਸ ਕਰ ਰਿਹਾ ਹਾਂ। ਗੱਲ 17 ਦਸੰਬਰ 1977 ਦੀ ਹੈ, ਜਦੋਂ ਮੈਂ ਬਤੌਰ ਪ੍ਰਾਇਮਰੀ ਅਧਿਆਪਕ (ਹੁਣ ਮਾਨਸਾ) ਉਸ ਸਮੇਂ ਬਠਿੰਡਾ ਜ਼ਿਲ੍ਹੇ ਦੇ ਪਿੰਡ ਬੀਰੋਕੇ ਕਲਾਂ ਦੇ ਸਰਕਾਰੀ ਹਾਈ ਸਕੂਲ ਵਿਖੇ ਹਾਜ਼ਰ ਹੋਇਆ। ਉਸ ਸਮੇਂ ਮੇਰੀ ਵਿਦਿਅਕ ਯੋਗਤਾ ਸਿਰਫ ਮੈਟਰਿਕ ਅਤੇ ਜੇ ਬੀ ਟੀ ਹੀ ਸੀ। ਨੌਕਰੀ ਦੌਰਾਨ ਸਿੱਖਿਆ ਵਿਭਾਗ ਪੰਜਾਬ ਵੱਲੋਂ ਲਗਾਏ ਜਾਂਦੇ ਰਿਫਰੈਸ਼ਰ ਕੋਰਸਾਂ ਦੌਰਾਨ ਮੇਰੀ ਜਾਣ-ਪਛਾਣ ਇੱਕ ਹੋਰ ਪ੍ਰਾਇਮਰੀ ਅਧਿਆਪਕ ਨਾਲ ਹੋਈ। ਇਹਨਾਂ ਦਿਨਾਂ 'ਚ ਅਸੀਂ ਇਕੱਠੇ ਰਹਿੰਦਿਆਂ ਕਾਫੀ ਘੁਲ-ਮਿਲ ਗਏ ਤਾਂ ਮੈਨੂੰ ਪਤਾ ਲੱਗਾ ਕਿ ਪ੍ਰਾਇਮਰੀ ਅਧਿਆਪਕ ਹੁੰਦਿਆਂ ਹੋਇਆਂ ਵੀ ਉਸ ਕੋਲ ਬੀ.ਐੱਡ ਤੋਂ ਇਲਾਵਾ ਤਿੰਨ ਵਿਸ਼ਿਆਂ 'ਚ ਮਾਸਟਰ ਡਿਗਰੀ ਵੀ ਸੀ। ਸਮਾਜਿਕ ਦ੍ਰਿਸ਼ਟੀ ਅਤੇ ਭਾਰਤੀ ਰਹੁ-ਰੀਤਾਂ ਕਰਕੇ ਉਸ ਨੇ ਮੇਰੀ ਛੋਟੀ ਉਮਰ ਨੂੰ ਦੇਖਦਿਆਂ ਆਪਣੇ ਬੱਚਿਆਂ ਵਾਂਗ ਕਿਹਾ, 'ਦੇਖ ਮੁੰਡਿਆ ਅਜੇ ਤੇਰੀ ਉਮਰ ਬਹੁਤ ਛੋਟੀ ਐ ਆਪਣੀ ਵਿਦਿਅਕ ਯੋਗਤਾ ਵਧਾਉਣ ਵੱਲ ਧਿਆਨ ਦੇ, ਤੂੰ ਬੜੀਆਂ ਤਰੱਕੀਆਂ ਕਰਨੀਆਂ ਐ, ਇਸ ਕਾਰਜ ਲਈ ਮੇਰੀਆਂ ਸੇਵਾਵਾਂ ਹਰ ਸਮੇਂ ਹਾਜ਼ਰ ਹਨ। ਇੱਕ ਗੱਲ ਹੋਰ ਧਿਆਨ ਨਾਲ ਸੁਣ, ਇੱਕ ਦਿਨ ਮੈਂ ਤੈਨੂੰ ਐੱਮ.ਏ ਬੀ.ਐੱਡ ਦੇਖਣਾ ਚਾਹੁੰਦਾ ਹਾਂ, ਇਹ ਮੇਰੀ ਅੰਦਰੂਨੀ ਚਾਹਤ ਹੈ। ਸਮਾਂ ਬੀਤਦਾ ਗਿਆ ਅਤੇ ਉਹ ਦਿਨ ਵੀ ਆ ਗਿਆ, ਜਦੋਂ ਮੈਂ ਧੰਨਵਾਦ ਸਹਿਤ ਸਿਰ ਝੁਕਾ ਕੇ ਉਹਨਾਂ ਦਾ ਮੂੰਹ ਮਿੱਠਾ ਕਰਵਾਉਣ ਲਈ ਉਹਨਾਂ ਦੇ ਘਰ ਪਹੁੰਚ ਗਿਆ। ਉਨ੍ਹਾ ਦੀ ਖੁਸ਼ੀ ਦਾ ਵਿਖਿਆਨ ਕਰਨਾ ਸ਼ਾਇਦ ਸ਼ਬਦਾਂ ਦੀਆਂ ਸੀਮਤਾਈਆਂ ਦੇ ਦਾਇਰੇ 'ਚ ਨਹੀਂ ਆਉਂਦਾ।

ਹਰ ਰੋਜ਼ ਦੀ ਤਰ੍ਹਾਂ ਸਵੇਰੇ ਮੈਂ ਆਪਣੇ ਸਕੂਲ ਜਾ ਰਿਹਾ ਸੀ ਤਾਂ ਅਚਾਨਕ ਰਸਤੇ 'ਚ ਸਕੂਟਰ ਤੋਂ ਡਿੱਗਣ ਕਾਰਨ ਮੇਰੇ ਨਾਲ ਹਾਦਸਾ ਹੋ ਗਿਆ, ਜਿਸ ਕਾਰਨ ਮੇਰੀ ਸੱਜੀ ਲੱਤ ਬੁਰੀ ਤਰ੍ਹਾਂ ਫਰੈਕਚਰ ਹੋ ਗਈ। ਇਸੇ ਦੌਰਾਨ ਇੱਕ ਟਰੱਕ ਉੱਥੇ ਆ ਕੇ ਰੁਕਿਆ, ਡਰਾਈਵਰ ਅਤੇ ਕਲੀਨਰ ਨੇ ਚੁੱਕ ਕੇ ਮੈਨੂੰ ਆਪਣੇ ਟਰੱਕ 'ਚ ਪਾਇਆ। ਮੇਰੇ ਹੋਸ਼ 'ਚ ਹੋਣ ਕਾਰਨ ਉਹਨਾਂ ਮੇਰਾ ਨਾਂਅ-ਪਤਾ ਪੁੱਛਿਆ ਤਾਂ ਗੱਲਬਾਤ ਦੌਰਾਨ ਪਤਾ ਲੱਗਾ ਕਿ ਉਹ ਵੀ ਮੇਰੀ ਰਿਹਾਇਸ਼ ਵਾਲੇ ਸ਼ਹਿਰ ਮਾਨਸਾ ਦੇ ਹੀ ਸਨ। ਉਸੇ ਮੁੱਖ ਸੜਕ 'ਤੇ ਹੀ ਮੇਰੀ ਅਧਿਆਪਕਾ ਪਤਨੀ ਦਾ ਸਕੂਲ ਵੀ ਪੈਂਦਾ ਸੀ। ਮੇਰੇ ਕਹਿਣ 'ਤੇ ਉਹ ਉਹਨਾਂ ਨੂੰ ਵੀ ਲੈ ਆਏ। ਅਸੀਂ ਸਾਰੇ ਮਾਨਸਾ ਸ਼ਹਿਰ ਵੱਲ ਚੱਲ ਪਏ। ਰਸਤੇ 'ਚ ਉਹਨਾਂ ਕਿਹਾ ਕਿ ਇੱਥੇ ਇੱਕ ਮਾਲੀ ਰਹਿੰਦਾ ਹੈ ਅਤੇ ਉਹ ਟੁੱਟੀਆਂ-ਭੱਜੀਆਂ ਹੱਡੀਆਂ ਦਾ ਕੰਮ ਵੀ ਕਰਦਾ ਹੈ। ਉਸ ਨੂੰ ਹੀ ਨਾ ਦਿਖਾ ਲਈਏ? ਅਸੀਂ ਉਸ ਦੇ ਅੱਧਕੱਚੇ ਜਿਹੇ ਘਰ ਕੋਲ ਰੁਕੇ, ਉਸ ਨੇ ਮੇਰੀ ਹਾਲਤ ਦੇਖ ਕੇ ਨਾਂਹ 'ਚ ਸਿਰ ਫੇਰਦਿਆਂ ਕਿਹਾ, ਮੇਰੇ ਵੱਸੋਂ ਬਾਹਰੀ ਗੱਲ ਹੈ। ਉਸ ਤੋਂ ਬਾਅਦ ਅਸੀਂ ਸਰਕਾਰੀ ਹਸਪਤਾਲ ਨੂੰ ਹੋ ਤੁਰੇ। ਡਾਕਟਰਾਂ ਵੱਲੋਂ ਚੈੱਕਅਪ ਕਰਕੇ ਐਕਸਰੇ ਕਰਵਾਉਣ ਲਈ ਕਿਹਾ। ਡੇਢ ਮਹੀਨਾ ਹਸਪਤਾਲ 'ਚ ਦਾਖਲ ਰਹਿਣ ਉਪਰੰਤ ਵੀ ਸੰਪੂਰਨ ਇਲਾਜ ਲਈ ਲੱਗਭੱਗ ਛੇ ਮਹੀਨੇ ਦਾ ਸਮਾਂ ਲੱਗ ਗਿਆ।

ਇਸੇ ਤਰ੍ਹਾਂ ਹੀ ਗੱਲ ਤਕਰੀਬਨ 1981 ਦੇ ਸਤੰਬਰ ਮਹੀਨੇ ਦੀ ਹੋਵੇਗੀ। ਉਸ ਸਮੇਂ ਮੇਰੀ ਪਤਨੀ ਨੂੰ ਸਰਕਾਰੀ ਨੌਕਰੀ ਵੀ ਨਹੀਂ ਮਿਲੀ ਸੀ। ਉਨ੍ਹਾਂ ਵੱਲੋਂ ਪ੍ਰਾਈਵੇਟ ਤੌਰ 'ਤੇ ਹੀ ਕੋਈ ਪ੍ਰੀਖਿਆ ਦੇਣੀ ਸੀ। ਪ੍ਰੀਖਿਆ ਕੇਂਦਰ ਸਾਡੀ ਰਿਹਾਇਸ਼ ਤੋਂ ਕਾਫੀ ਦੂਰ ਹੋਣ ਕਾਰਨ ਸਾਨੂੰ ਉਸ ਸ਼ਹਿਰ 'ਚ ਰਹਿੰਦੇ ਸਾਡੇ ਰਿਸ਼ਤੇਦਾਰਾਂ ਕੋਲ ਇਹਨਾਂ ਦਿਨਾਂ 'ਚ ਰਹਿਣਾ ਪਿਆ। ਸਾਰੇ ਵਿਸ਼ਿਆਂ ਦੀ ਲਿਖਤੀ ਪ੍ਰੀਖਿਆ ਤਾਂ ਖਤਮ ਹੋ ਗਈ, ਪ੍ਰੰਤੂ ਸਿਰਫ ਇੱਕ ਵਿਸ਼ੇ ਦੀ ਪ੍ਰਯੋਗੀ ਪ੍ਰੀਖਿਆ ਹੀ ਬਾਕੀ ਸੀ। ਪ੍ਰੀਖਿਆ ਤੋਂ ਪਹਿਲੇ ਦਿਨ ਕਿਸੇ ਕਾਰਨ ਉਹਨਾਂ ਦੀ ਸਿਹਤ ਵਿਗੜ ਗਈ, ਜਿਸ ਕਾਰਨ ਹਸਪਤਾਲ 'ਚ ਦਾਖਲ ਹੋਣਾ ਪਿਆ। ਲਿਖਤੀ ਪੇਪਰਾਂ ਦੀ ਸਮਾਪਤੀ ਉਪਰੰਤ ਸਿਰਫ ਇਕ ਵਿਸ਼ੇ 'ਚ ਪ੍ਰਯੋਗੀ ਪ੍ਰੀਖਿਆ ਦੀ ਗੈਰ-ਹਾਜ਼ਰੀ ਕਾਰਨ ਅਸੀਂ ਸਖਤ ਪ੍ਰੇਸ਼ਾਨੀ ਦੇ ਆਲਮ 'ਚੋਂ ਗੁਜ਼ਰ ਰਹੇ ਸਾਂ। ਅਚਾਨਕ ਮੇਰੇ ਦਿਮਾਗ 'ਚ ਫੁਰਨਾ ਫੁਰਿਆ ਕਿ ਕਿਉਂ ਨਾ ਸੰਸਥਾ ਦੇ ਮੁਖੀ ਨੂੰ ਮਿਲ ਕੇ ਆਪਣੀ ਸਮੱਸਿਆ ਦੱਸੀ ਜਾਵੇ। ਸਿਆਣਿਆਂ ਦਾ ਕਥਨ ਹੈ ਕਿ ਹਰ ਸਮੱਸਿਆ ਦਾ ਕੋਈ ਨਾ ਕੋਈ ਹੱਲ ਨਿਕਲ ਹੀ ਆਉਂਦਾ ਹੈ। ਬੇਨਤੀ ਕਰਦਿਆਂ ਮੈਂ ਉਸ ਨੂੰ ਆਪਣੇ ਅਧਿਆਪਕ ਹੋਣ ਦਾ ਜ਼ਿਕਰ ਵੀ ਕਰ ਦਿੱਤਾ। ਉਨ੍ਹਾ ਮੇਰੀ ਬੇਨਤੀ ਨੂੰ ਸੁਣਨ ਉਪਰੰਤ ਝੱਟ ਇੱਕ ਕਰਮਚਾਰਨ ਨੂੰ ਬੁਲਾਇਆ ਅਤੇ ਕੋਈ ਗੁਪਤ ਹਦਾਇਤ ਦੇ ਕੇ ਮੈਨੂੰ ਚਿੰਤਾ ਮੁਕਤ ਹੋਣ ਲਈ ਕਹਿ ਕੇ ਮੁੜ ਵਾਲੀਬਾਲ ਖੇਡਣ 'ਚ ਮਗਨ ਹੋ ਗਿਆ।

ਬੱਚਿਆਂ ਵੱਲੋਂ ਉੱਚ ਵਿੱਦਿਆ ਲਈ ਬਾਹਰ ਦੇ ਕਾਲਜਾਂ ਜਾਂ ਯੂਨੀਵਰਸਿਟੀਆਂ 'ਚ ਦਾਖਲਾ ਲੈਣ ਕਾਰਨ ਘਰੇਲੂ ਆਰਥਿਕ ਸਥਿਤੀ ਕੁਝ ਡਾਵਾਂਡੋਲ ਜਿਹੀ ਹੋ ਗਈ, ਜਿਸ ਕਾਰਨ ਵੱਖ-ਵੱਖ ਤਰ੍ਹਾਂ ਦੀਆਂ ਕਿਸ਼ਤਾਂ ਦੀ ਅਦਾਇਗੀ ਕਰਨੀ ਕੁਝ ਮੁਸ਼ਕਲ ਜਿਹੀ ਜਾਪੀ ਅਤੇ ਨਤੀਜੇ ਵਜੋਂ ਅਸੀਂ ਫੈਸਲਾ ਕੀਤਾ ਕਿ ਕਿਉਂ ਨਾ ਬੀਮੇ ਦੀਆਂ ਕਿਸ਼ਤਾਂ ਬੰਦ ਕਰਵਾਈਆਂ ਜਾਣ। ਇਸ ਫੈਸਲੇ ਨੂੰ ਅਮਲੀ ਰੂਪ ਦੇਣ ਲਈ ਅਸੀਂ ਸੰਬੰਧਤ ਦਫਤਰ ਵਿਖੇ ਪਹੁੰਚ ਗਏ। ਜਦੋਂ ਪਾਲਿਸੀ ਨਾਲ ਸੰਬੰਧਤ ਕਰਮਚਾਰੀ ਨੂੰ ਅਸੀਂ ਆਪਣੀ ਸਮੱਸਿਆ ਦਾ ਵਿਖਿਆਨ ਕੀਤਾ ਤਾਂ ਉਸ ਨੇ ਸਾਡੇ ਦੋਵਾਂ ਦੇ ਚਿਹਰਿਆਂ ਨੂੰ ਨੀਝ ਨਾਲ ਤੱਕਦਿਆਂ ਸਾਡੇ ਕਿੱਤੇ ਬਾਰੇ ਸਵਾਲ ਕੀਤਾ। ਉੱਤਰ ਸੁਣ ਕੇ ਅਤੇ ਸਾਡੇ ਹੋ ਰਹੇ ਵੱਡੇ ਨੁਕਸਾਨ ਨੂੰ ਦੇਖਦਿਆਂ ਉਸ ਨੇ ਪਾਲਸੀਆਂ ਬੰਦ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ। ਉਸ ਦਾ ਅਗਲਾ ਸਵਾਲ ਸੀ ਕਿ ਕੀ ਤੁਹਾਡੇ ਕੋਲ ਕੋਈ ਐੱਫ.ਡੀ ਵਗੈਰਾ ਹੈ? ਤਾਂ ਮੈਂ ਹਾਂ 'ਚ ਸਿਰ ਹਿਲਾ ਦਿੱਤਾ। ਉਸ ਨੇ ਬੈਂਕ ਤੋਂ ਇਸ ਐੱਫ ਡੀ ਦੇ ਵਿਰੁੱਧ ਕਰਜ਼ਾ ਲੈਣ ਦੀ ਸਲਾਹ ਦਿੱਤੀ। ਕਰਜ਼ਾ ਸੌਖਿਆਂ ਹੀ ਮਿਲ ਗਿਆ ਅਤੇ ਸਾਡੀ ਵਕਤੀ ਜ਼ਰੂਰਤ ਦਾ ਪੁਖਤਾ ਹੱਲ ਹੋ ਗਿਆ, ਜਿਸ ਕਰਕੇ ਅਸੀਂ ਪਾਲਸੀ ਖਤਮ ਹੋਣ ਦੀ ਨਿਰਧਾਰਿਤ ਤਰੀਖ ਆਉਣ 'ਤੇ ਆਪਣੇ ਪੂਰੇ ਪੈਸੇ ਲੈਣ ਦੇ ਸਮਰੱਥ ਹੋ ਸਕੇ। ਮੈਂ ਅੱਜ ਵੀ ਉਹਨਾਂ ਸਾਰੇ ਕਿਰਦਾਰਾਂ ਵੱਲੋਂ ਅਦਾ ਕੀਤੀ ਗਈ ਨਿਰਸਵਾਰਥ ਭੂਮਿਕਾ ਨੂੰ ਯਾਦ ਕਰਕੇ ਖੁਦ ਉਹਨਾਂ ਦੇ ਪਦ ਚਿੰਨਾਂ 'ਤੇ ਚੱਲਣ ਦੀ ਨਿਗੂਣੀ ਜਿਹੀ ਕੋਸ਼ਿਸ਼ ਕਰਦਾ ਹਾਂ। ਉਕਤ ਸਾਰੇ ਘਟਨਾਕ੍ਰਮਾਂ ਤੋਂ ਇੱਕ ਗੱਲ ਸਪੱਸ਼ਟ ਹੋ ਜਾਂਦੀ ਹੈ ਕਿ ਦੁਨਿਆਵੀ ਮੰਚ 'ਤੇ ਜਿੱਥੇ ਤਰ੍ਹਾਂ-ਤਰ੍ਹਾਂ ਦੇ ਗੈਰ-ਕਾਨੂੰਨੀ, ਗੈਰ ਇਖ਼ਲਾਕੀ ਅਤੇ ਅਸਭਿਅਕ ਵਰਤਾਰੇ ਵਾਪਰ ਰਹੇ ਹਨ, ਉਥੇ ਹੀ ਇਸ ਮੰਚ 'ਤੇ ਅਜਿਹੇ ਪ੍ਰਤੱਖ ਫ਼ਰਿਸ਼ਤੇ ਵੀ ਵਿਚਰ ਰਹੇ ਹਨ, ਜਿਨ੍ਹਾਂ ਦੀ ਹੋਂਦ ਕਰਕੇ ਸੰਸਾਰ ਰੂਪੀ ਗੱਡੀ ਸਮਤੋਲ ਅਵਸਥਾ 'ਚ ਅਗਾਂਹ ਵੱਲ ਕਦਮ ਪੁੱਟਦੀ ਦਿਖਾਈ ਦੇ ਰਹੀ ਹੈ। ਇਸ ਲਈ ਸਾਨੂੰ ਚਾਹੀਦਾ ਹੈ ਕਿ ਜਿਸ ਵੀ ਖੇਤਰ 'ਚ ਅਸੀਂ ਕੰਮ ਕਰ ਰਹੇ ਹਾਂ, ਆਮ ਲੋਕਾਂ ਦੀਆਂ ਸਾਡੇ ਅਧਿਕਾਰ ਖੇਤਰ 'ਚ ਆਉਣ ਵਾਲੀਆਂ ਜਾਇਜ਼ ਸਮੱਸਿਆਵਾਂ ਦਾ ਸਮਾਧਾਨ ਕਰਨ ਲਈ ਆਪਣੀ ਸਮਰੱਥਾ ਤੋਂ ਵੀ ਵੱਧ ਯੋਗਦਾਨ ਪਾਉਣ ਦਾ ਹਰ ਸੰਭਵ ਯਤਨ ਕਰੀਏ।

# ਸੰਪਰਕ : 89680-56200

# ਸ਼ਰਾਬ ਤੇ ਦੂਜੇ ਨਸ਼ਿਆਂ ਨੂੰ ਰੋਕਣ ਲਈ ਲੋਕਾਂ ਨੂੰ ਸੜਕਾਂ 'ਤੇ ਉਤਰਨਾ ਹੋਵੇਗਾ



ਪਵਨ ਕੁਮਾਰ ਕੌਸ਼ਲ

ਨਸ਼ਿਆਂ ਵਿਚੋਂ ਸ਼ਰਾਬ ਇੱਕ ਅਜਿਹਾ ਭੈੜਾ ਨਸ਼ਾ ਹੈ, ਜਿਹੜਾ ਅਗਰ ਨਾ ਸੰਭਾਲਿਆ ਜਾਵੇ ਤਾਂ ਸ਼ਰਾਬ ਪੀਣ ਵਾਲਾ ਆਪਣੀ ਅਕਲ ਤੇ ਸੁੱਧ-ਬੁੱਧ ਗੁਆ ਬੈਠਦਾ ਹੈ ਅਤੇ ਸਮਾਜਕ ਰੁਤਬਾ, ਘਰ ਪਰਵਾਰ ਤੇ ਸਭ ਕੁੱਝ ਨੂੰ ਲੈ ਡੁੱਬਦਾ ਹੈ। ਨਸ਼ੇ ਦੀ ਪੂਰਤੀ ਲਈ ਕੁੱਝ ਵੀ ਕਰ ਸਕਦਾ ਹੈ। ਸ਼ਰਾਬ ਹਰ ਅਪਰਾਧਿਕ ਗਤੀ-ਵਿਧੀ ਦਾ ਪ੍ਰੇਰਨਾਸਰੋਤ ਹੈ।

ਪੂੰਜੀਵਾਦੀ ਸਮਾਜ ਅੰਦਰ ਪੂੰਜੀਪਤੀਆਂ ਅਤੇ ਉਨ੍ਹਾਂ ਦੀਆਂ ਸਰਕਾਰਾਂ ਦਾ ਮੁੱਖ ਟੀਚਾ ਪੈਸਾ ਕਮਾਉਣਾ ਹੁੰਦਾ ਹੈ। ਪੂੰਜੀਵਾਦ ਸਮਾਜ ਸਭ ਤੋਂ ਵੱਧ ਭ੍ਰਿਸ਼ਟ, ਬੇਈਮਾਨ, ਜਾਹਲ ਤੇ ਜ਼ਾਲਮ ਅਤੇ ਲੁਟੇਰੇ ਪ੍ਰਬੰਧ ਦੀ ਨੁਮਾਇੰਦਗੀ ਕਰਦਾ ਹੈ। ਪੂੰਜੀਵਾਦੀ ਪ੍ਰਬੰਧ ਨੂੰ ਚਲਾਉਣ ਵਾਲੀਆਂ ਰਾਜਨੀਤਕ ਪਾਰਟੀਆਂ ਅਤੇ ਇਨ੍ਹਾਂ ਦੇ ਨੇਤਾਵਾਂ ਸਦਕਾ ਜਨਤਾ ਦੀ ਲੁੱਟ ਦਿਨ-ਬ-ਦਿਨ ਵਧਦੀ ਜਾਂਦੀ ਹੈ। ਇਹ ਜੱਗ-ਜ਼ਾਹਰ ਹੈ ਕਿ ਇਨ੍ਹਾਂ ਦੇ ਨੇਤਾ ਸ਼ਰਾਬ ਦੀ ਤਸਕਰੀ ਦੇ ਨਾਲ ਨਾਲ ਦੂਸਰੇ ਘਾਤਕ ਤੇ ਰਸਾਇਣਕ ਨਸ਼ਿਆਂ ਦੀ ਸਪਲਾਈ ਲਈ ਨਸ਼ਾ ਤਸਕਰਾਂ, ਪੁਲਸ ਪ੍ਰਸ਼ਾਸਨ ਨਾਲ ਗੱਠਜੋੜ ਬਣਾਉਂਦੇ ਹਨ ਅਤੇ ਸਰਕਾਰ ਵੱਧ ਤੋਂ ਵੱਧ ਸ਼ਰਾਬ ਦੇ ਠੇਕੇ ਖੋਲ੍ਹ ਕੇ ਲੋਕਾਂ ਨੂੰ ਸ਼ਰਾਬੀ ਬਣਾ ਰਹੀ ਹੈ।

ਨਜਾਇਜ਼ ਸ਼ਰਾਬ ਦੀ ਤਸਕਰੀ, ਜਿਸ ਵਿੱਚ ਅਸਰ-ਰਸੂਖ ਵਾਲੇ ਰਾਜਨੀਤੀਵਾਨਾਂ ਦਾ ਥਾਪੜਾ ਹੁੰਦਾ ਹੈ, ਦਾ ਕੁਝ ਸੰਖੇਪ ਵਰਨਣ ਇਥੇ ਦੇਣਾ ਬਣਦਾ ਹੈ:

ਪਟਿਆਲਾ ਦੇ ਘਨੌਰ ਵਿੱਚ ਗੈਰ-ਕਾਨੂੰਨੀ ਸ਼ਰਾਬ ਦੀ ਫੈਕਟਰੀ ਦਾ ਪਰਦਾ ਫਾਸ਼, ਕਾਂਗਰਸੀ ਸਰਪੰਚ ਤੇ ਵਿਧਾਇਕ ਦੇ ਸਹਿਯੋਗੀ ਖਿਲਾਫ ਮਾਮਲਾ ਦਰਜ, 14 ਮਈ, 2020, ਇਸੇ ਤਰ੍ਹਾਂ ਦੀ ਇੱਕ ਗੈਰ-ਕਾਨੂੰਨੀ ਡਿਸਟਿਲਰੀ ਦਾ ਖੰਨਾ ਵਿੱਚ ਅਪ੍ਰੈਲ ਵਿੱਚ ਪਰਦਾ ਫਾਸ਼ ਕੀਤਾ ਗਿਆ ਸੀ।

2020 ਵਿੱਚ ਨਾਜਾਇਜ਼ ਸ਼ਰਾਬ ਪੀਣ ਨਾਲ 100 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੇ ਦੋ ਭਰਾਵਾਂ 'ਤੇ ਕੇਸ ਦਰਜ ਕੀਤਾ, ਪਰ ਇਹ ਵਪਾਰ ਰਾਜ ਦੀ ਸਿਆਸੀ ਆਰਥਿਕਤਾ ਵਿੱਚ ਡੂੰਘਾ ਚਲਦਾ ਹੈ।

ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਦੀ ਨਜਾਇਜ਼ ਸ਼ਰਾਬ ਦੇ ਵੱਡੇ ਪੱਧਰ 'ਤੇ ਉਤਪਾਦਨ ਅਤੇ ਵਿਕਰੀ ਨਾਲ ਨਜਿੱਠਣ ਲਈ ਸੂਬਾ ਸਰਕਾਰ ਦੇ ਯਤਨਾਂ ਦੀ ਢਿੱਲਮੱਠ ਨੂੰ ਲੈ ਕੇ ਖਿਚਾਈ ਕੀਤੀ।

(ਆਇਮਨ ਜੇ. ਚਿਸ਼ਤੀ, 8 ਜੂਨ 2024)

ਗੈਰ-ਕਾਨੂੰਨੀ ਸ਼ਰਾਬ ਦਾ ਨਿਰਮਾਣ ਸਮਾਜ ਵਿੱਚ ਤਬਾਹੀ ਮਚਾ ਸਕਦਾ ਹੈ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 7 ਨਕਲੀ ਸ਼ਰਾਬ ਦੇ ਕੇਸਾਂ ਵਿੱਚ ਦੋਸ਼ੀ ਔਰਤ ਨੂੰ ਗ੍ਰਿਫਤਾਰੀ ਤੋਂ ਪਹਿਲਾਂ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ।

ਜੂਨ 21, 2024, (ਰਾਇਟਰ) – ਦੱਖਣੀ ਭਾਰਤ ਦੇ ਰਾਜ ਤਾਮਿਲਨਾਡੂ ਵਿੱਚ ਦੂਸ਼ਿਤ ਸ਼ਰਾਬ ਦੇ ਤਾਜ਼ਾ ਮਾਮਲੇ ਵਿੱਚ ਮਰਨ ਵਾਲਿਆਂ ਦੀ ਗਿਣਤੀ 47 ਹੋ ਗਈ, 100 ਤੋਂ ਵੱਧ ਲੋਕ ਅਜੇ ਵੀ ਹਸਪਤਾਲ ਵਿੱਚ ਹਨ।

ਅਜਿਹੀਆਂ ਹਜ਼ਾਰਾਂ ਉਦਾਹਰਣਾਂ ਦਿੱਤੀਆ ਜਾ ਸਕਦੀਆਂ ਹਨ, ਜਿਨ੍ਹਾਂ ਵਿੱਚ ਦੋਸ਼ੀਆਂ ਦੀ ਪਿੱਠ ਉਪਰ ਰਾਜਨੀਤਕ ਤੇ ਪ੍ਰਭਾਵਸ਼ਾਲੀ ਵਿਆਕਤੀਆਂ ਦਾ ਥਾਪੜਾ ਹੁੰਦਾ ਹੈ।

ਨਸ਼ਿਆਂ ਕਾਰਨ ਘਰਾਂ ਦੀ ਹੋ ਰਹੀ ਬਰਬਾਦੀ ਬਾਰੇ ਲੋਕ ਜਾਗਰੂਕ ਹੋ ਰਹੇ ਹਨ ਅਤੇ ਇਨ੍ਹਾਂ ਵਿਰੁੱਧ ਅਵਾਜ਼ ਉਠਾ ਰਹੇ ਹਨ, ਬਾਰੇ ਇੱਕ ਨਸ਼ਿਆ ਦੀ ਪੜਤਾਲ ਕਰ ਰਹੇ ਈ ਡੀ ਅਧਿਕਾਰੀ ਨਿਰੰਜਨ ਸਿੰਘ ਦੀ ਅੰਗਰੇਜ਼ੀ 'ਟ੍ਰਿਬਿਊਨ' ਨਾਲ ਹੋਈ ਇੱਕ ਵਾਰਤਾ ਦਾ ਜ਼ਿਕਰ ਕਰਨਾ ਜ਼ਰੂਰੀ ਬਣਦਾ ਹੈ।

ਡਰੱਗ ਰੈਕੇਟ ਦੀਆਂ ਵੱਡੀਆਂ ਮੱਛੀਆਂ ਸਮਾਜ ਦੇ ਸਭ ਤੋਂ ਸਤਿਕਾਰਤ ਵਿਆਕਤੀ ਹਨ। ਸਾਬਕਾ ਅਧਿਕਾਰੀ ਦਾ ਕਹਿਣਾ ਹੈ ਕਿ ਲੋਕਾਂ ਨੂੰ ਖਤਰੇ ਨਾਲ ਲੜਨ ਲਈ ਸੜਕਾਂ 'ਤੇ ਉਤਰਨਾ ਪਵੇਗਾ।

(ਟ੍ਰਿਬਿਊਨ ਨਿਊਜ਼ ਸਰਵਿਸ, 03 ਅਗਸਤ, 2024)

ਐਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ, ਜਿਨ੍ਹਾ ਪੁਲਸ ਕਰਮਚਾਰੀਆਂ ਅਤੇ ਸਿਆਸਤਦਾਨਾਂ ਦੇ ਖਿਲਾਫ ਕਈ ਹਾਈ-ਪ੍ਰੋਫਾਈਲ ਮਨੀ ਲਾਂਡਰਿੰਗ ਅਤੇ ਡਰੱਗ ਤਸਕਰੀ ਦੇ ਮਾਮਲਿਆਂ ਦੀ ਜਾਂਚ ਕੀਤੀ ਹੈ, ਨੇ ਦਾਅਵਾ ਕੀਤਾ ਹੈ ਕਿ ਸਮਾਜ ਵਿੱਚ ਸਭ ਤੋਂ ਵੱਧ ਇੱਜ਼ਤ ਵਾਲੇ ਤਸਕਰੀ ਰੈਕੇਟ ਵਿੱਚ ਵੱਡੀਆਂ ਮੱਛੀਆਂ ਸਨ।

ਨਿਰੰਜਨ ਨੇ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਕਾਰੋਬਾਰ ਦੇ ਮਨੀ ਲਾਂਡਰਿੰਗ ਪਹਿਲੂ ਦੀ ਜਾਂਚ ਕਰਨ ਲਈ ਦਹਾਕਿਆਂ ਦੀ ਸੇਵਾ ਕਰਨ ਤੋਂ ਬਾਅਦ ਉਹ ਇਸ ਸਿੱਟੇ 'ਤੇ ਪਹੁੰਚਿਆ ਹੈ ਕਿ ਸਮੱਗਲਰ, ਪੁਲਿਸ ਕਰਮਚਾਰੀ ਅਤੇ ਸਿਆਸਤਦਾਨ ਇੱਕ-ਦੂਜੇ ਦੀ ਰੱਖਿਆ ਕਰ ਰਹੇ ਸਨ।

ਪੁਲਸ ਦੀ ਭੂਮਿਕਾ ਅਹਿਮ ਹੈ, ਨਸ਼ਿਆਂ ਦੀ ਤਸਕਰੀ ਨੂੰ ਰੋਕਣਾ ਪੁਲਸ ਦਾ ਮੁੱਖ ਕੰਮ ਹੈ। ਜੇ ਕੋਈ ਅਜਿਹਾ ਨਹੀਂ ਕਰ ਸਕਦਾ, ਤਾਂ ਉਸ ਨੂੰ ਕਿਸੇ ਹੋਰ ਨੂੰ ਸੌਂਪ ਦੇਣਾ ਚਾਹੀਦਾ ਹੈ।

ਜਗਦੀਸ਼ ਭੋਲਾ, ਇੱਕ ਅਰਜੁਨ ਐਵਾਰਡੀ ਪਹਿਲਵਾਨ ਅਤੇ ਮੁਅੱਤਲ ਪੰਜਾਬ ਪੁਲਸ ਅਧਿਕਾਰੀ, ਜਿਸ ਨੂੰ ਹਾਲ ਹੀ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ, ਵਿੱਚ ਸ਼ਾਮਲ ਬਦਨਾਮ ਡਰੱਗ ਰੈਕੇਟ ਦੀ ਜਾਂਚ ਕਰਨ ਤੋਂ ਬਾਅਦ ਨਿਰੰਜਨ ਨੇ ਕਿਹਾ ਕਿ ਨਾਜਾਇਜ਼ ਵਪਾਰ ਵਿੱਚ ਸਤਰ ਇੱਕ ਵਿਅਕਤੀ ਦੁਆਰਾ ਨਹੀਂ, ਬਲਕਿ ਕਈ ਦੋਸ਼ੀਆਂ ਦੁਆਰਾ ਫੜੇ ਗਏ ਸਨ। ਇੱਕ ਨਸ਼ਾ ਤਸਕਰ ਨੂੰ ਪੁਲਸ ਸੁਰੱਖਿਆ ਦੀ ਲੋੜ ਹੁੰਦੀ ਹੈ ਅਤੇ ਖਾਕੀ ਵਾਲੇ ਨੂੰ ਸਿਆਸੀ ਢਾਲ ਦੀ ਲੋੜ ਹੁੰਦੀ ਹੈ। ਇਹ ਗਠਜੋੜ 20 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਚੱਲ ਰਿਹਾ ਹੈ ਅਤੇ ਵੱਖ-ਵੱਖ ਸਰਕਾਰਾਂ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਇਸ ਨੂੰ ਢਾਹੁਣ ਵਿੱਚ ਅਸਫਲ ਰਹੀਆਂ ਹਨ।

ਬਰਖਾਸਤ ਪੁਲਸ ਅਧਿਕਾਰੀ ਰਾਜਜੀਤ ਸਿੰਘ ਦੇ ਮਾਮਲੇ ਦਾ ਹਵਾਲਾ ਦਿੰਦੇ ਹੋਏ ਨਿਰੰਜਨ ਸਿੰਘ ਨੇ ਯਾਦ ਕੀਤਾ ਕਿ ਕਿਵੇਂ ਪੰਜਾਬ ਪੁਲਸ ਨੇ ਮਾਮਲੇ ਦੀ ਜਾਂਚ ਕਰਨ ਵੇਲੇ ਉਸ ਨਾਲ ਕੇਸ ਦੇ ਵੇਰਵੇ ਸਾਂਝੇ ਨਹੀਂ ਕੀਤੇ। ਇਹ ਹਾਈ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਹੀ ਸੀ ਕਿ ਪੁਲਸ ਨੇ ਹਲਚਲ ਕੀਤੀ। ਐਨ ਡੀ ਪੀ ਐਸ ਐਕਟ ਦੇ ਤਹਿਤ ਹਰ ਐੱਫ ਆਈ ਆਰ ਦੇ ਮਨੀ ਲਾਂਡਰਿੰਗ ਪਹਿਲੂ ਦੀ ਡੂੰਘਾਈ ਨਾਲ ਜਾਂਚ ਕੀਤੇ ਜਾਣ ਦੀ ਲੋੜ ਹੈ। ਇਸ ਤੋਂ ਬਾਅਦ ਹੀ ਮਨੀ ਟਰੇਲ ਦਾ ਪਰਦਾ ਫਾਸ਼ ਕੀਤਾ ਜਾ ਸਕਦਾ ਹੈ।

ਪਿਛਲੀ ਕੈਪਟਨ ਅਮਰਿੰਦਰ ਸਿੰਘ ਸਰਕਾਰ (2017-21) ਦੀ ਆਲੋਚਨਾ ਕਰਦਿਆਂ ਨਿਰੰਜਨ ਸਿੰਘ ਨੇ ਕਿਹਾ- ਇਹ ਸਮਾਂ ਸ਼ਰਮਨਾਕ ਸੀ। ਮੁੱਖ ਤੌਰ 'ਤੇ ਕਿਉਂਕਿ ਸੱਤਾ ਵਿਚ ਆਉਣ ਤੋਂ ਪਹਿਲਾਂ ਉਨ੍ਹਾਂ ਦੀ ਪਾਰਟੀ ਨੇ ਨਸ਼ਿਆਂ ਦੇ ਨੈਟਵਰਕ ਨੂੰ ਖਤਮ ਕਰਨ ਦਾ ਵਾਅਦਾ ਕੀਤਾ ਸੀ।

ਦੂਜੇ ਨਸ਼ਿਆਂ ਵਿੱਚ ਸ਼ਰਾਬ ਪ੍ਰਮੁੱਖ ਹੈ, ਸਰਕਾਰੀ ਤੇ ਕਾਨੂੰਨੀ ਨਸ਼ੇ ਸ਼ਰਾਬ, ਜਿਸ ਨਾਲ ਸਰਕਾਰ ਜਵਾਨੀ ਨੂੰ ਬਰਬਾਦ ਕਰ ਰਹੀ ਹੈ, ਨੂੰ ਇੱਕ ਨਿਰਾਸ਼ਾਜਨਕ ਨਸ਼ਾ ਮੰਨਿਆ ਜਾਂਦਾ ਹੈ ਅਤੇ ਕੇਂਦਰੀ ਨਸ ਪ੍ਰਣਾਲੀ ਨੂੰ ਸਿੱਧਾ ਪ੍ਰਭਾਵਤ ਕਰਦਾ ਹੈ। ਇੱਕ ਵਾਰ ਅਲਕੋਹਲ ਖ਼ੂਨ ਦੇ ਪ੍ਰਵਾਹ ਵਿੱਚ ਦਾਖਲ ਹੋ ਜਾਂਦੀ ਹੈ, ਇਹ ਦਿਮਾਗ ਵਿੱਚ ਘੁੰਮਦੀ ਹੈ, ਜਿੱਥੇ ਇਹ ਨਿਊਰੋਨਸ ਦੀ ਗੋਲੀਬਾਰੀ ਨੂੰ ਹੌਲੀ ਕਰਨ ਲਈ ਅੱਗੇ ਵਧਦੀ ਹੈ ਅਤੇ ਦਿਮਾਗ, ਜਿਸ ਨੂੰ ਭਵਿੱਖ ਦੀ ਲੜਾਈ ਦਾ ਮੈਦਾਨ ਮੰਨਿਆ ਜਾਂਦਾ ਹੈ, ਉਪਰ ਭੈੜਾ ਪ੍ਰਭਾਵ ਪਾਉਂਦੀ ਹੈ।

ਇਸ ਵਿੱਚ ਸੁੰਗੜਣ ਪੈਦਾ ਕਰਦੀ ਹੈ, ਅਲਕੋਹਲ ਦਿਮਾਗ ਦੇ ਸੰਚਾਰ ਮਾਰਗਾਂ ਵਿੱਚ ਦਖ਼ਲਅੰਦਾਜ਼ੀ ਕਰਦੀ ਹੈ ਅਤੇ ਦਿਮਾਗ ਦੇ ਦਿੱਖ ਅਤੇ ਕੰਮ ਕਰਨ ਦੇ ਤਰੀਕੇ ਨੂੰ ਪ੍ਰਭਾਵਤ ਕਰ ਸਕਦੀ ਹੈ। ਇਹ ਸੋਚਣਾ ਅਤੇ ਤਾਲਮੇਲ ਨਾਲ ਅੱਗੇ ਵਧਣਾ ਔਖਾ ਬਣਾਉਂਦੀ ਹੈ। ਫਿਰ ਤੁਹਾਡੇ ਗੁਰਦਿਆਂ, ਫੇਫੜਿਆਂ ਅਤੇ ਜਿਗਰ ਨੂੰ। ਤੁਹਾਡੇ ਸਰੀਰ 'ਤੇ ਪ੍ਰਭਾਵ ਤੁਹਾਡੀ ਉਮਰ, ਲਿੰਗ, ਭਾਰ ਨੂੰ ਬੁਰੀ ਤਰ੍ਹਾਂ ਪ੍ਰਭਾਤ ਕਰਦੀ ਹੈ।

ਮਨੋਵਿਗਿਆਨਕ ਨਸ਼ਿਆਂ ਦੇ ਨਾਲ-ਨਾਲ ਸ਼ਰਾਬ ਵੀ ਸਰੀਰਕ ਨਿਰਭਰਤਾ ਪੈਦਾ ਕਰਦੀ ਹੈ। ਲੰਮੇ ਸਮੇਂ ਤੋਂ ਜ਼ਿਆਦਾ ਸ਼ਰਾਬ ਪੀਣ ਨਾਲ ਸਰੀਰ ਨੂੰ ਹਰ ਰੋਜ਼ ਅਲਕੋਹਲ ਦੀ ਜ਼ਰੂਰਤ ਹੁੰਦੀ ਹੈ। ਸ਼ਰਾਬ ਨੂੰ ਛੱਡਣ ਨਾਲ ਭਾਰ ਘਟਣਾ, ਸਰੀਰ ਦੀ ਬਣਤਰ ਵਿੱਚ ਸੁਧਾਰ, ਪੇਟ ਦੀ ਘੱਟ ਚਰਬੀ, ਟ੍ਰਾਈਗਲਿਸਰਾਈਡਸ (ਖ਼ੂਨ ਵਿੱਚ ਚਰਬੀ ਦੇ ਕਣਾਂ ਵਿੱਚੋਂ ਇੱਕ) ਵਿੱਚ ਸੁਧਾਰ ਦੇਖਣ ਨੂੰ ਮਿਲ ਸਕਦਾ ਹੈ।

(● ਬਾਕੀ ਸਫ਼ਾ 3 'ਤੇ)

# 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-3 ਦੀ ਮਸ਼ਾਲ ਜ਼ਿਲ੍ਹਾ ਮੋਗਾ ਪਹੁੰਚੀ

## ਜ਼ਿਲ੍ਹੇ ਦੇ ਖਿਡਾਰੀ ਵਧ ਚੜ੍ਹ ਕੇ ਹਿੱਸਾ ਲੈਣਗੇ : ਸੁਖਾਨੰਦ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਤੇ ਖੇਡ ਸੱਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉਤੇ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਦੋ ਸਾਲ ਦੀ ਸਫਲਤਾ ਤੋਂ ਬਾਅਦ ਸੀਜ਼ਨ-3 ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇਸ ਵਾਰ ਵੀ ਮਸ਼ਾਲ ਮਾਰਚ ਸ਼ੁਰੂ ਕੀਤਾ ਗਿਆ ਹੈ। ਇਹ ਮਸ਼ਾਲ ਅੱਜ ਸਵੇਰੇ ਜ਼ਿਲ੍ਹਾ ਮੋਗਾ ਵਿੱਚ ਪ੍ਰਵੇਸ਼ ਕੀਤੀ, ਜਿਸ ਦਾ ਅਜੀਤਵਾਲ ਵਿਖੇ ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਨਵਦੀਪ ਜਿੰਦਲ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਪ੍ਰਭਦੀਪ ਸਿੰਘ ਨੱਥੋਵਾਲ, ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਤੇ ਖਿਡਾਰੀ ਹਾਜ਼ਰ ਸਨ। ਇਸ ਉਪਰੰਤ ਬਾਘਾ ਪੁਰਾਣਾ ਵਿਖੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ। ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਦੱਸਿਆ ਕਿ ਖੇਡਾਂ ਦੀ ਰਵਾਇਤ ਮੁਤਾਬਕ ਖੇਡਾਂ ਵਤਨ ਪੰਜਾਬ ਦੀਆਂ ਦੇ ਸੀਜ਼ਨ-3 ਦੇ ਉਦਘਾਟਨੀ ਸਮਾਰੋਹ ਮੌਕੇ ਜਲਾਈ ਜਾਣ ਵਾਲੀ ਮਸ਼ਾਲ ਨੂੰ ਪੂਰੇ ਪੰਜਾਬ ਵਿੱਚ ਹਰ ਜ਼ਿਲ੍ਹਾ ਹੈੱਡਕੁਆਟਰ ਵਿੱਚ ਲਿਜਾਇਆ ਜਾ ਰਿਹਾ ਹੈ, ਜਿਸ ਦੀ ਸ਼ੁਰੂਆਤ ਅੱਜ ਸਵੇਰੇ ਲੁਧਿਆਣਾ ਤੋਂ ਹੋਈ ਹੈ। ਉਨ੍ਹਾਂ ਕਿਹਾ ਕਿ ਖੇਡਾਂ ਤਹਿਤ ਬਲਾਕ ਪੱਧਰੀ ਖੇਡਾਂ 1 ਸਤੰਬਰ ਤੋਂ 10 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਖੇਡਾਂ 15 ਤੋਂ 22 ਸਤੰਬਰ ਤੱਕ ਤੇ ਰਾਜ ਪੱਧਰੀ ਖੇਡਾਂ ਤਿੰਨ ਗੇੜਾਂ ਵਿੱਚ ਹੋਣਗੀਆਂ, ਜਿਨ੍ਹਾਂ ਦੀ ਤਰੀਕ ਬਾਅਦ ਵਿੱਚ ਘੋਸ਼ਿਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੋਗਾ ਵਿਖੇ 2 ਸਤੰਬਰ ਤੋਂ ਫੁੱਟਬਾਲ, ਐਥਲੈਟਿਕ, ਖੋ-ਖੋ, ਵਾਲੀਬਾਲ, ਸ਼ੂਟਿੰਗ, ਸਮੈਸ਼ਿੰਗ ਤੇ ਕਬੱਡੀ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ 'ਖੇਡਾਂ ਵਤਨ ਪੰਜਾਬ ਦੀਆਂ' ਦੀ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਸੰਗਰੂਰ ਵਿਖੇ 28 ਅਗਸਤ ਨੂੰ ਪਹੁੰਚੇਗੀ, ਜਿੱਥੇ ਖੇਡਾਂ ਦੇ ਤੀਜੇ ਸੀਜ਼ਨ ਦਾ ਉਦਘਾਟਨ ਹੋਵੇਗਾ। ਹਰ ਜ਼ਿਲ੍ਹਾ ਹੈੱਡਕੁਆਟਰ ਉਤੇ ਮਸ਼ਾਲ ਮਾਰਚ ਵਿੱਚ ਸਥਾਨਕ ਉੱਘੇ ਖਿਡਾਰੀ, ਖੇਡ ਵਿਭਾਗ ਦੇ ਕਰਮਚਾਰੀ, ਸਥਾਨਕ ਨੁਮਾਇੰਦੇ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹੋਣਗੇ। ਮਸ਼ਾਲ ਮਾਰਚ ਦੇ ਵੇਰਵੇ ਜਾਰੀ ਕਰਦਿਆਂ ਉਹਨਾਂ ਦੱਸਿਆ ਕਿ ਅੱਜ ਇਹ ਮਸ਼ਾਲ ਅਜੀਤਵਾਲ, ਬੁੱਘੀਪੁਰਾ ਚੌਕ, ਮੋਗਾ, ਬਾਘਾਪੁਰਾਣਾ ਹੁੰਦੀ ਹੋਈ ਜੀ ਟੀ ਬੀ ਗੜ੍ਹ ਰੋਡੇ ਹੁੰਦੀ ਹੋਈ ਮੁੜ ਗੋਧੇਵਾਲਾ ਸਟੇਡੀਅਮ ਵਿਖੇ ਪੁੱਜੇਗੀ। ਦੂਜੇ ਦਿਨ ਇੱਥੋਂ ਹੀ ਜ਼ਿਲ੍ਹਾ ਫਿਰੋਜ਼ਪੁਰ ਲਈ ਰਵਾਨਾ ਹੋਵੇਗੀ। ਵਿਧਾਇਕ ਨੇ ਜ਼ਿਲ੍ਹਾ ਮੋਗਾ ਦੇ ਖਿਡਾਰੀਆਂ ਨੂੰ ਇਨ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਖੇਡਾਂ ਦੇ ਸੁਚਾਰੂ ਪ੍ਰਬੰਧਾਂ ਵਿੱਚ ਕੋਈ ਵੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।



'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-3 ਦੀ ਮਸ਼ਾਲ ਹਾਸਲ ਕਰਦੇ ਹੋਏ ਖਿਡਾਰੀ ਤੇ ਵਿਧਾਇਕ ਅਮ੍ਰਿਤਪਾਲ ਸਿੰਘ ਸੁੱਖਾਨੰਦ।

# ਥਰਮਲ ਦੇ ਠੇਕਾ ਮੁਲਾਜ਼ਮਾਂ ਕੇਂਦਰ ਤੇ ਪੱਛਮੀ ਬੰਗਾਲ ਸਰਕਾਰ ਦਾ ਪੁਤਲਾ ਫੂਕਿਆ

## ਮਹਿਲਾ ਡਾਕਟਰ ਦੇ ਕਾਤਲਾਂ ਨੂੰ ਫਾਂਸੀ ਦੀ ਸਜ਼ਾ ਦੇਣ ਦੀ ਮੰਗ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਕਲਕੱਤਾ ਵਿਖੇ ਮਹਿਲਾ ਡਾਕਟਰ ਨੂੰ ਵਹਿਸ਼ਿਆਨਾ ਜਬਰ-ਜ਼ਨਾਹ ਉਪਰੰਤ ਕਤਲ ਕਰਨ ਦੇ ਰੋਸ ਵਜੋਂ ਥਰਮਲ ਪਲਾਂਟ ਦੇ ਮੁੱਖ ਗੇਟ 'ਤੇ ਨਾਅਰੇਬਾਜ਼ੀ ਕਰਦਿਆਂ ਕੇਂਦਰ ਸਰਕਾਰ ਤੇ ਪੱਛਮੀ ਬੰਗਾਲ ਸਰਕਾਰ ਦਾ ਪੁਤਲਾ ਫੂਕ ਕੇ ਕਾਤਲਾਂ ਨੂੰ ਫਾਂਸੀ ਦੀ ਸਜ਼ਾ ਦੇਣ ਦੀ ਮੰਗ ਕੀਤੀ। ਇਸ ਮੌਕੇ ਰੈਲੀ ਦੌਰਾਨ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ ਤੇ ਹਰਦੀਪ ਸਿੰਘ ਤੱਗੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਲਕੱਤਾ ਵਿਖੇ ਆਰ ਜੇ ਕਾਰ ਸਰਕਾਰੀ ਮੈਡੀਕਲ ਕਾਲਜ ਦੀ ਪੋਸਟ ਗਰੈਜੂਏਟ ਸਿਖਿਆਰਥੀ ਮਹਿਲਾ ਡਾਕਟਰ ਨੂੰ ਵਹਿਸ਼ਿਆਨਾ ਜਬਰ-ਜ਼ਨਾਹ ਉਪਰੰਤ ਕਤਲ ਕਰ ਦੇਣ ਦੀ ਇਹ ਘਟਨਾ ਦਿਲ ਦਹਿਲਾਉਣ ਵਾਲੀ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਕੇਂਦਰ ਸਰਕਾਰ ਵੱਲੋਂ 'ਬੇਟੀ ਬਚਾਓ-ਬੇਟੀ ਪੜ੍ਹਾਓ' ਦਾ ਦੰਭੀ ਨਾਅਰਾ ਪੂਰੇ ਜ਼ੋਰ-ਸ਼ੋਰ ਨਾਲ ਸਮੁੱਚੇ ਦੇਸ਼ ਵਿੱਚ ਉਭਾਰਿਆ ਜਾ ਰਿਹਾ ਹੈ, ਦੂਜੇ ਪਾਸੇ ਸਾਡੀਆਂ ਧੀਆਂ-ਭੈਣਾਂ ਦੀਆਂ ਇੱਜ਼ਤਾਂ ਨਾਲ ਸ਼ਰੇਆਮ ਖਿਲਵਾੜ ਕੀਤਾ ਜਾ ਰਿਹਾ ਹੈ। ਹਰ ਰੋਜ਼ ਬਲਾਤਕਾਰ/ਕਤਲ ਦੀਆਂ ਅਣਹੋਣੀਆਂ ਘਟਨਾਵਾਂ ਹੋ ਰਹੀਆਂ ਹਨ ਤੇ ਕੇਂਦਰ ਸਰਕਾਰ ਇਸ ਸਭ ਨੂੰ ਮੂਕ ਦਰਸ਼ਕ ਬਣ ਕੇ ਵੇਖ ਰਹੀ ਹੈ। ਕੇਂਦਰ ਸਰਕਾਰ ਵੱਲੋਂ ਮਹਿਲਾ ਡਾਕਟਰ ਨਾਲ ਹੋਏ ਜਬਰ-ਜ਼ਨਾਹ/ਕਤਲ ਦੇ ਸੰਬੰਧ ਵਿੱਚ ਅਜੇ ਤੱਕ ਆਪਣਾ ਮੂੰਹ ਤੱਕ ਨਹੀਂ ਖੋਲ੍ਹਿਆ ਗਿਆ, ਜਦੋਂ ਕਿ ਦੇਸ਼ ਦੇ ਸਮੁੱਚੇ ਲੋਕ ਮਹਿਲਾ ਡਾਕਟਰ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਸੜਕਾਂ 'ਤੇ ਨਿਕਲੇ ਹੋਏ ਹਨ। ਸਮੂਹ ਠੇਕਾ ਮੁਲਾਜ਼ਮਾਂ ਨੇ ਮੰਗ ਕੀਤੀ ਕਿ ਡਾਕਟਰ ਦੇ ਕਾਤਲਾਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ।

# ਸਲਾਈਟ ਵਿਖੇ ਸੰਤ ਲੌਂਗੋਵਾਲ ਨੂੰ ਬਰਸੀ ਮੌਕੇ ਨਿੱਘੀਆਂ ਸ਼ਰਧਾਂਜਲੀਆਂ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**

ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਯਾਦ ਵਿੱਚ ਸਥਾਪਤ ਕੀਤੀ ਆਲਮੀ ਪੱਧਰ ਦੀ ਤਕਨੀਕੀ ਯੂਨੀਵਰਸਿਟੀ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ ਐਂਡ ਟੈਕਨਾਲੋਜੀ ਵਿਖੇ ਸੰਤ ਜੀ ਦੇ 39ਵੇਂ ਸ਼ਹਾਦਤ ਦਿਵਸ ਮੌਕੇ ਸ਼ਰਧਾਂਜਲੀ ਸਮਾਗਮ ਸਥਾਨਕ ਮੁੱਖ ਆਡੀਟੋਰੀਅਮ ਵਿੱਚ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਸੰਤ ਲੌਂਗੋਵਾਲ ਜੀ ਦੇ ਸੰਗੀ ਮਹਿੰਦਰ ਸਿੰਘ ਦੁੱਲਟ, ਸੰਸਥਾ ਦੇ ਨਿਰਦੇਸ਼ਕ ਪ੍ਰੋ. ਮਣੀ ਕਾਂਤ ਪਾਸਵਾਨ, ਡੀਨ ਅਮਰਜੀਤ ਸਿੰਘ ਧਾਲੀਵਾਲ, ਰਜਿਸਟਰਾਰ ਹਰੀ ਮੋਹਨ ਅਰੋੜਾ ਨੇ ਸੰਤ ਜੀ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ, ਜਿੱਥੇ ਦੁੱਲਟ ਨੇ ਸੰਤ ਲੌਂਗੋਵਾਲ ਦੀਆਂ ਅਭੁੱਲ ਯਾਦਾਂ ਭਾਵੁਕਤਾ ਨਾਲ ਸਾਂਝੀਆਂ ਕੀਤੀਆਂ, ਉਥੇ ਨਿਰਦੇਸ਼ਕ ਪਾਸਵਾਨ ਨੇ ਸ਼ਹਾਦਤ ਨੂੰ ਰਾਸ਼ਟਰ ਦੀ ਏਕਤਾ, ਅਖੰਡਤਾ ਤੇ ਸ਼ਾਂਤੀ ਲਈ ਵੱਡਮੁੱਲੀ ਕੁਰਬਾਨੀ ਦੱਸਦਿਆਂ ਮੁਲਕ ਨੂੰ ਖੇਰੂੰ-ਖੇਰੂੰ ਕਰਨ ਵਾਲੀਆਂ ਤਾਕਤਾਂ ਖਿਲਾਫ ਇਕਜੁੱਟ ਹੋਣ ਦਾ ਸੁਨੇਹਾ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਪੇਂਡੂ ਵਿਦਿਆਰਥੀਆਂ ਨੂੰ ਬਾਹਰਲੇ ਮੁਲਕਾਂ ਵਿੱਚ ਸ਼ਿਰਕਤ ਕਰਨ ਤੋਂ ਪਹਿਲਾਂ ਉਚੇਰੀ ਸਿੱਖਿਆ ਨਾਲ ਲੈਸ ਹੋਣ ਦਾ ਸੱਦਾ ਵੀ ਦਿੱਤਾ।

ਡਾ. ਧਾਲੀਵਾਲ ਵੱਲੋਂ ਸੰਤ ਜੀ ਦੀ ਸ਼ਹਾਦਤ ਦੀ ਮੌਜੂਦਾ ਦੌਰ ਵਿੱਚ ਮਹੱਤਤਾ ਦੱਸਦਿਆਂ ਇਸ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ। ਸਮਾਗਮ ਦੇ ਮੁੱਖ ਪ੍ਰਬੰਧਕ ਡਾ. ਰਾਜ ਕੁਮਾਰ ਯਾਦਵ ਨੇ ਸੰਤ ਜੀ ਨੂੰ ਸ਼ਾਂਤੀ ਦਾ ਪੁੰਜ ਦੱਸਦਿਆਂ ਉਨ੍ਹਾਂ ਦੀ ਵਿਚਾਰਧਾਰਾ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਆ। ਇਸ ਮੌਕੇ ਕੇਂਦਰੀ ਵਿਦਿਆਲਿਆ ਦੇ ਪ੍ਰਿੰਸੀਪਲ ਹਰੀਹਰ ਯਾਦਵ ਤੇ ਮਹਿੰਦਰ ਸਿੰਘ ਦੁੱਲਟ ਦਾ ਸਨਮਾਨ ਵੀ ਕੀਤਾ ਗਿਆ, ਜਦੋਂ ਕਿ ਵੱਖ-ਵੱਖ ਈਵੈਂਟਾਂ ਦੇ ਕਰਵਾਏ ਮੁਕਾਬਲਿਆਂ ਵਿੱਚੋਂ ਅੱਵਲ ਰਹੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਸੰਤ ਜੀ ਦੀ ਸ਼ਹਾਦਤ ਤੇ ਵਿਚਾਰਧਾਰਾ ਨਾਲ ਜੋੜਦਿਆਂ ਮੰਚ ਸੰਚਾਲਨ ਜੁਝਾਰ ਲੌਂਗੋਵਾਲ ਵੱਲੋਂ ਕੀਤਾ ਗਿਆ। ਸੰਤ ਜੀ ਦੇ ਪੂਰੇ ਜੀਵਨ 'ਤੇ ਲਗਾਈ ਗਈ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਬਣੀ ਰਹੀ। ਸੰਤ ਜੀ ਦੇ ਬੁੱਤ 'ਤੇ ਫੁੱਲਾਂ ਦੀਆਂ ਮਾਲਾਵਾਂ ਚੜ੍ਹਾ ਕੇ ਸ਼ਰਧਾਂਜਲੀ ਦੇਣ ਮੌਕੇ ਸ਼੍ਰੀਮਤੀ ਪਾਸਵਾਨ, ਡਾ. ਅਜਾਤ ਸੱਤਰੂ ਅਰੋੜਾ, ਡੀਨ (ਅਕਾਦਮਿਕ) ਏ ਐੱਸ ਸ਼ਾਹੀ, ਡਾ. ਰਾਜੇਸ਼, ਪ੍ਰੋ. ਸਿਨਹਾ, ਡਾ. ਸ਼ੰਕਰ ਸਿੰਘ, ਪੀ ਆਰ ਓ ਡਾ. ਵੀ ਕੁਕਰੇਜਾ, ਡਾ. ਇੰਦਰਾਜ ਸਿੰਘ, ਮੋਹਣ ਕ੍ਰਿਸ਼ਨ ਡੀ ਆਰ, ਇੰਜ. ਮੇਵਾ ਸਿੰਘ, ਸਰਬਜੀਤ ਸਿੰਘ ਪੀ ਐੱਸ, ਮਨੋਜ ਪਾਂਡੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਟਾਫ, ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ। ਸਮਾਗਮ ਵਿੱਚ ਹਰਦੀਪ ਸਿੰਘ, ਪੂਰਨ ਸਿੰਘ, ਮਨਦੀਪ ਸਿੰਘ, ਲਖਵੀਰ ਸਿੰਘ, ਹਰਮੇਲ ਬਡਬਰ, ਸਾਬਕਾ ਸਰਪੰਚ ਬਾਬੂ ਸਿੰਘ ਤੇ ਸਮੂਹ ਪੰਚਾਇਤ ਪਿੰਡੀ ਸਮਾਧ ਨੇ ਭਰਵਾਂ ਯੋਗਦਾਨ ਪਾਇਆ। ਉਪਰੰਤ ਸਾਰਾ ਦਿਨ ਮਿੱਠੇ ਪਾਣੀ ਦੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ।

## ਕਾਤਰਾਂ

### ਮੈਡੀਕਲ ਸਟੋਰ 'ਚ ਨਗਦੀ ਚੋਰੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੈਂਟ ਫਿਰੋਜ਼ਪੁਰ ਵਿਖੇ ਘੁਮਾਰ ਮੰਡੀ 'ਚ ਐੱਸ ਜੀ ਮੈਡੀਕਲ ਸਟੋਰ ਦੇ ਅਣਪਛਾਤੇ ਵਿਅਕਤੀ ਤਾਲੇ ਤੋੜ ਕੇ 35 ਹਜ਼ਾਰ ਦੀ ਨਗਦੀ ਤੇ 2 ਕੈਮਰੇ ਡੀਵੀਆਰ ਚੋਰੀ ਕਰਕੇ ਲੈ ਗਏ। ਇਸ ਸਬੰਧੀ ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੰਜੇ ਕੁਮਾਰ ਪੁੱਤਰ ਜਾਨਕੀ ਰਾਮ ਵਾਸੀ ਮਕਾਨ ਨੰਬਰ 114 ਗਲੀ ਨੰਬਰ 3 ਕੈਂਟ ਫਿਰੋਜ਼ਪੁਰ ਨੇ ਦੱਸਿਆ ਕਿ 18-19 ਅਗਸਤ 2024 ਦੀ ਦਰਮਿਆਨੀ ਰਾਤ ਨੂੰ ਉਸ ਦੇ ਐੱਸ ਜੀ ਮੈਡੀਕਲ ਸਟੋਰ ਦੇ ਤਾਲੇ ਤੋੜ ਕੇ ਅਣਪਛਾਤੇ 35 ਹਜ਼ਾਰ ਰੁਪਏ, 2 ਕੈਮਰੇ ਡੀਵੀਆਰ ਚੋਰੀ ਕਰਕੇ ਲੈ ਗਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

### ਰੇਲ ਦੀ ਚਪੇਟ 'ਚ ਆਉਣ ਨਾਲ ਨੌਜਵਾਨ ਦੀ ਮੌਤ

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਦਰੋਗਾ ਨੇੜੇ ਫਿਰੋਜ਼ਪੁਰ ਤੋਂ ਫਾਜ਼ਿਲਕਾ ਜਾ ਰਹੀ ਰੇਲ ਗੱਡੀ ਦੀ ਚਪੇਟ ਵਿੱਚ ਆਉਣ ਨਾਲ ਇੱਕ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ 'ਤੇ ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਭੈਣ ਨੇ ਦੱਸਿਆ ਕਿ ਉਸ ਦਾ ਭਰਾ ਜਰਨੈਲ ਸਿੰਘ (ਉਮਰ ਕਰੀਬ 32 ਸਾਲ) ਪਿੰਡ ਅਮੀਰ ਖਾਸ ਦਾ ਰਹਿਣ ਵਾਲਾ ਹੈ ਅਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ। ਅੱਜ ਜਦੋਂ ਸਵੇਰੇ ਘਰ ਤੋਂ ਨਿਕਲ ਕੇ ਦਰੋਗਾ ਪਿੰਡ ਦੇ ਕੋਲ ਰੇਲ ਲਾਇਨ ਨੂੰ ਕਰਾਸ ਕਰ ਰਿਹਾ ਸੀ ਕਿ ਉਹ ਰੇਲ ਗੱਡੀ ਦੀ ਚਪੇਟ ਵਿੱਚ ਆ ਗਿਆ। ਮੌਕੇ 'ਤੇ ਹੀ ਰੇਲਵੇ ਪੁਲਸ ਦੇ ਕਰਮਚਾਰੀ ਘਟਨਾ ਸਥਾਨ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਕਰ ਰਹੀ ਸੀ।

### ਡੀ ਐੱਸ ਪੀ ਇੰਦਰਪਾਲ ਚੌਹਾਨ ਨੇ ਅਹੁਦਾ ਸੰਭਾਲਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਪੁਲਸ ਵਿਭਾਗ ਵਿੱਚ ਕੀਤੀਆਂ ਗਈਆਂ ਬਦਲੀਆਂ ਦੌਰਾਨ ਇੰਦਰਪਾਲ ਸਿੰਘ ਚੌਹਾਨ ਨੇ ਪਾਤੜਾਂ ਵਿਖੇ ਨਵੇਂ ਡੀਐੱਸਪੀ ਵਜੋਂ ਅਹੁਦਾ ਸੰਭਾਲ ਲਿਆ ਹੈ।ਪਾਤੜਾਂ ਵਿੱਚ ਦੋ ਵਾਰ ਥਾਣਾ ਮੁਖੀ ਰਹਿ ਚੁੱਕੇ ਇੰਦਰਪਾਲ ਸਿੰਘ ਚੌਹਾਨ ਵੱਲੋਂ ਪਾਤੜਾਂ 'ਚ ਅਹੁਦਾ ਸੰਭਾਲਣ 'ਤੇ ਇਲਾਕੇ ਦੇ ਲੋਕਾਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਡੀਐੱਸਪੀ ਇੰਦਰਪਾਲ ਸਿੰਘ ਚੌਹਾਨ ਨੇ ਗੁੰਡਾ ਅਨਸਰਾਂ ਨੂੰ ਤੜਨਾ ਕਰਦਿਆਂ ਕਿਹਾ ਕਿ ਉਹ ਕਿਸੇ ਤਰ੍ਹਾਂ ਦੀ ਵੀ ਗੁੰਡਾਗਰਦੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਅਜਿਹੇ ਅਨਸਰਾਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਨਸ਼ਾ ਤਸਕਰੀ ਬਾਰੇ ਸਪੱਸ਼ਟ ਕੀਤਾ ਕਿ ਸਰਕਾਰ ਦੀਆਂ ਹਦਾਇਤਾਂ ਤੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ 'ਤੇ ਨਸ਼ਾ ਤਸਕਰੀ ਨੂੰ ਖਤਮ ਕਰਨ ਲਈ ਜਿੱਥੇ ਸਰਚ ਅਭਿਆਨ ਜਾਰੀ ਰੱਖੇ ਜਾਣਗੇ, ਉੱਥੇ ਹੀ ਇਸ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਲੋਕਾਂ ਨੂੰ ਯਕੀਨ ਦਿਵਾਇਆ ਕਿ ਉਹ ਆਪਣੀ ਕਿਸੇ ਵੀ ਮੁਸ਼ਕਲ ਲਈ ਆ ਕੇ ਮਿਲ ਸਕਦੇ ਹਨ ਤੇ ਉਨ੍ਹਾਂ ਨੂੰ ਇਨਸਾਫ ਦਿੱਤਾ ਜਾਵੇਗਾ।

# ਪੀ ਐੱਸ ਯੂ ਵੱਲੋਂ ਕੋਲਕਾਤਾ ਕਾਂਡ ਦੇ ਵਿਰੋਧ 'ਚ ਰੋਸ ਪ੍ਰਦਰਸ਼ਨ



**ਨਾਭਾ (ਵਰਿੰਦਰ ਵਰਮਾ)**-ਸਰਕਾਰੀ ਰਿਪੁਦਮਨ ਕਾਲਜ ਨਾਭਾ ਵਿਖੇ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਕਲਕੱਤਾ ਵਿੱਚ ਵਾਪਰੀ ਮਹਿਲਾ ਡਾਕਟਰ ਨਾਲ ਬਲਾਤਕਾਰ ਤੇ ਕਤਲ ਦੀ ਘਟਨਾ ਨੂੰ ਲੈ ਕੇ ਕੀਤਾ ਗਿਆ ਰੋਸ ਪ੍ਰਦਰਸ਼ਨ ਕੀਤਾ ਗਿਆ।ਬੀਤੀ 9 ਅਗਸਤ ਨੂੰ ਕਲਕੱਤਾ ਵਿੱਚ ਮਹਿਲਾ ਡਾਕਟਰ ਨੂੰ ਬੜੀ ਬੇਰਹਿਮੀ ਤੇ ਦਰਿੰਦਗੀ ਨਾਲ ਕਤਲ ਕਰਨ ਦੀ ਇਸ ਘਟਨਾ ਨੂੰ ਲੈ ਕੇ ਪੂਰੇ ਭਾਰਤ ਵਿੱਚ ਰੋਸ ਪ੍ਰਦਰਸ਼ਨ, ਧਰਨੇ, ਮੁਜ਼ਾਹਰੇ ਕੀਤੇ ਜਾ ਰਹੇ ਹਨ ਤੇ ਮਹਿਲਾ ਡਾਕਟਰ ਲਈ ਇਨਸਾਫ ਲਈ ਮੰਗ ਕੀਤੀ ਜਾ ਰਹੀ ਹੈ।ਮਹਿਲਾ ਡਾਕਟਰ ਦੇ ਕਤਲ ਤੋਂ ਬਾਅਦ 14 ਅਗਸਤ ਦੀ ਰਾਤ ਨੂੰ ਜਿਹੜੀਆਂ ਮਹਿਲਾ ਡਾਕਟਰਾਂ ਰਾਤ ਨੂੰ ਰੋਸ ਪ੍ਰਦਰਸ਼ਨ ਕਰ ਰਹੀਆਂ ਸਨ ਤੇ ਉਨ੍ਹਾਂ 'ਤੇ ਗੁੰਡਿਆਂ ਨੇ ਹਮਲਾ ਕੀਤਾ ਤੇ ਹਸਪਤਾਲ ਅੰਦਰ ਮਹਿਲਾ ਡਾਕਟਰ ਨਾਲ ਵਾਪਰੀ ਘਟਨਾ ਦੇ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ ਗਈ। ਇਸ ਘਟਨਾ 'ਤੇ ਪੀ.ਐੱਸ.ਯੂ. ਦੇ ਜ਼ਿਲ੍ਹਾ ਆਗੂ ਗੁਰਧਿਆਨ ਸਿੰਘ ਹਰੀਗੜ੍ਹ ਤੇ ਸਤਵੀਰ ਕੌਰ ਨੇ ਕਿਹਾ ਕਿ ਲਗਾਤਾਰ ਬਲਾਤਕਾਰ ਦੀਆਂ ਘਟਨਾਵਾਂ ਵਧ ਰਹੀਆਂ ਹਨ।ਸਰਕਾਰ ਇਸ ਵੱਲ ਕੋਈ ਵੀ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਅੱਜ ਔਰਤਾਂ ਚਾਹੇ ਉਹ ਡਾਕਟਰ ਹੋਣ, ਵਿਦਿਆਰਥਣਾਂ ਹੋਣ ਜਾਂ ਕੋਈ ਵੀ ਪੇਸ਼ੇ ਦੀਆਂ ਔਰਤਾਂ ਹੋਣ, ਉਹ ਅੱਜ ਭਾਰਤ ਵਰਗੇ ਦੇਸ਼ ਵਿੱਚ ਸੁਰੱਖਿਅਤ ਮਹਿਸੂਸ ਨਹੀਂ ਕਰਦੀਆਂ। ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਮਨਪ੍ਰੀਤ ਸਿੰਘ ਥੂਹੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਸਬੂਤ ਮਿਟਾਉਣ ਵਾਲੇ ਰੈਕਟ ਦਾ ਪਰਦਾਫਾਸ਼ ਕਰਕੇ ਸਾਰੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ 'ਚ ਲਿਆਂਦਾ ਜਾਣਾ ਚਾਹੀਦਾ ਹੈ ਅਤੇ ਬਣਦੀ ਸਜ਼ਾ ਮਿਲਣੀ ਚਾਹੀਦੀ ਹੈ।ਮੈਡੀਕਲ ਕਾਲਜ ਦੇ ਪ੍ਰਿੰਸੀਪਲ ਦੇ ਸਥਾਈ ਅਸਤੀਫੇ ਦੀ ਮੰਗ ਕੀਤੀ ਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

ਇਸ ਸਮੇਂ ਉਨ੍ਹਾਂ ਨੇ ਸਮਾਜ ਦੇ ਇਨਸਾਫ਼ਪਸੰਦ ਲੋਕਾਂ ਨੂੰ ਅਜਿਹੀਆਂ ਵਹਿਸ਼ੀ ਘਟਨਾਵਾਂ ਖਿਲਾਫ਼ ਡੱਟਣ ਦੀ ਅਪੀਲ ਕੀਤੀ।ਇਸ ਮੌਕੇ ਜਗਵੰਤ ਬੜੈਂਚਾ, ਇਸ਼ਦੀਪ ਬੜੈਂਚਾ, ਹੈਰੀ ਸ਼ਰਮਾ, ਅਰਵਿੰਦਰ ਕੌਰ, ਕੁਲਵਿੰਦਰ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਦੇ ਬੇਸਿਕ ਸਾਇੰਸ ਵਿਭਾਗ ਦਾ ਨਤੀਜਾ ਸੌ ਫ਼ੀਸਦੀ ਰਿਹਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੁਰੂ ਨਾਨਕ ਕਾਲਜ ਦੇ ਪੋਸਟ ਗ੍ਰੈਜੂਏਟ ਬੇਸਿਕ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਮਈ 2024 ਦੇ ਐਲਾਨੇ ਨਤੀਜਿਆਂ ਵਿੱਚੋਂ ਚੌਥੇ ਸਮੈਸਟਰ ਦੀਆਂ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਬੀ ਐਸ ਸੀ ਨਾਨ ਮੈਡੀਕਲ ਚੌਥੇ ਦੀ ਵਿਦਿਆਰਥਣ ਮੋਨਿਕਾ ਰਾਣੀ ਸਪੁੱਤਰੀ ਹਰਮੇਸ਼ ਸਿੰਘ ਨੇ 80.9% ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ।ਕ੍ਰਮਵਾਰ 79.5% ਤੇ 78.7% ਲੈ ਕੇ ਹਰਸਮਰਨਦੀਪ ਕੌਰ ਸਪੁੱਤਰੀ ਜਸਵਿੰਦਰ ਸਿੰਘ ਤੇ ਜਸ਼ਨਪ੍ਰੀਤ ਕੌਰ ਸਪੁੱਤਰੀ ਗੁਰਜੀਤ ਸਿੰਘ ਦੂਜੇ ਅਤੇ ਤੀਜੇ ਸਥਾਨ 'ਤੇ ਰਹੇ।ਬੀ.ਐਸ.ਸੀ. ਮੈਡੀਕਲ ਚੌਥੇ ਸਮੈਸਟਰ ਦੀ ਵਿਦਿਆਰਥਣ ਪੁਨੀਤ ਕੌਰ ਸਪੁੱਤਰੀ ਅਮਰਜੀਤ ਸਿੰਘ ਨੇ 82.6% ਅੰਕ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸੁਮੀਤਪਾਲ ਕੌਰ ਸਪੁੱਤਰੀ ਬਲਰਾਜ ਸਿੰਘ ਨੇ 79.2% ਲੈ ਕੇ ਦੂਜਾ ਤੇ ਜਸ਼ਨਵੀਰ ਕੌਰ ਸਪੁੱਤਰੀ ਨਰਿੰਦਰ ਸਿੰਘ ਨੇ 74.7% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਭਾਗ ਭੌਤਿਕ ਵਿਗਿਆਨ ਮੁਖੀ ਡਾ. ਅਨੀਤਾ ਰਾਣੀ, ਮੁਖੀ ਰਸਾਇਣ ਵਿਭਾਗ, ਸ੍ਰੀਮਤੀ ਕਿਰਨਦੀਸ਼ ਕੌਰ, ਮੁਖੀ, ਬੋਟਨੀ ਵਿਭਾਗ, ਡਾ. ਹਰਪ੍ਰੀਤ ਕੌਰ ਮੁਖੀ, ਜ਼ੂਆਲੋਜੀ ਵਿਭਾਗ, ਡਾ. ਸੁਖਵਿੰਦਰ ਕੌਰ, ਸਮੂਹ ਫੈਕਲਟੀ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਕਿਸਾਨ ਜਥੇਬੰਦੀਆਂ ਨੇ ਮੰਤਰੀ ਅਰੋੜਾ ਦੀ ਕੋਠੀ ਨਜ਼ਦੀਕ ਦਿੱਤਾ ਧਰਨਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਕੋਠੀ ਦੇ ਨਜ਼ਦੀਕ ਮਾਤਾ ਮੋਦੀ ਪਾਰਕ ਵਿੱਚ ਸੈਂਕੜੇ ਕਿਸਾਨਾਂ ਵੱਲੋਂ ਲਗਾਤਾਰ 3 ਘੰਟੇ ਧਰਨਾ ਦੇ ਕੇ ਕਿਸਾਨੀ ਮੰਗਾਂ ਨਾਲ ਸਬੰਧਤ ਇਕ ਮੰਗ ਪੱਤਰ ਮੰਤਰੀ ਅਮਨ ਅਰੋੜਾ ਦੇ ਨਿੱਜੀ ਸਹਾਇਕ ਨੂੰ ਦਿੱਤਾ ਗਿਆ।

ਧਰਨੇ ਦੀ ਅਗਵਾਈ ਬੀ ਕੇ ਯੂ ਡਕੌਂਦਾ (ਬੁਰਜਗਿੱਲ) ਦੇ ਆਗੂ ਬਿੰਦਰਪਾਲ ਛਾਜਲੀ, ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਆਗੂ ਹਰਦੇਵ ਸਿੰਘ ਬਖਸ਼ੀਵਾਲਾ, ਬੀ ਕੇ ਯੂ (ਰਾਜੇਵਾਲ) ਦੇ ਆਗੂ ਜਸਵੰਤ ਸਿੰਘ ਬਿਗੜਵਾਲ, ਜਮਹੂਰੀ ਕਿਸਾਨ ਸਭਾ ਦੇ ਆਗੂ ਲਾਭ ਸਿੰਘ ਨਮੋਲ, ਕੁੱਲ ਹਿੰਦ ਕਿਸਾਨ ਸਭਾ (ਪੰਜਾਬ) ਦੇ ਆਗੂ ਐਡਵੋਕੇਟ ਮਿੱਤ ਸਿੰਘ ਜਨਾਲ ਨੇ ਕੀਤੀ।

ਧਰਨੇ ਨੂੰ ਸੰਬੋਧਨ ਕਰਦਿਆਂ ਰੁਲਦੂ ਸਿੰਘ ਮਾਨਸਾ, ਲਛਮਣ ਸਿੰਘ ਚੱਕ ਅਲੀ, ਸੱਤਪਾਲ ਵਰੇ, ਅਮਰੀਕ ਸਿੰਘ ਫਫੜੇ, ਕੁਲਵੰਤ ਸਿੰਘ ਕਿਸ਼ਨਗੜ੍ਹ, ਲਖਵੀਰ ਸਿੰਘ ਅਕਲੀਆ, ਦਿਲਬਾਗ ਸਿੰਘ ਗੱਗੀ, ਗੁਰਨਾਮ ਸਿੰਘ ਭੀਖੀ, ਪ੍ਰਸ਼ੋਤਮ ਸਿੰਘ, ਨਿਰਮਲ ਸਿੰਘ, ਮਹਿੰਦਰ ਸਿੰਘ ਲੌਂਗੋਵਾਲ, ਗਗਨਦੀਪ ਸਿੰਘ ਚੱਠਾ, ਮਲਕੀਤ ਸਿੰਘ ਮੰਦਰਾਂ, ਰੂਪ ਸਿੰਘ ਢਿੱਲੋਂ, ਉਜਾਗਰ ਸਿੰਘ ਮਾਨਸਾ, ਬੋਘ ਸਿੰਘ ਮਾਨਸਾ, ਜੁਗਰਾਜ ਸਿੰਘ ਹੀਰਕੇ, ਛੱਜੂ ਰਮ ਰਿਸ਼ੀ, ਜਗਦੀਸ਼ ਸਿੰਘ ਬਖਸ਼ੀਵਾਲਾ ਨੇ ਮੰਗ ਕੀਤੀ ਕਿ ਪੰਜਾਬ ਦੇ ਪਾਣੀ ਦਾ ਨਿਆਇਕ ਹੱਲ ਕੀਤਾ ਜਾਵੇ, ਪਾਣੀ ਦੀ ਬੱਚਤ ਕਰਨ ਲਈ ਬਰਸਾਤ ਦੇ ਪਾਣੀ ਨੂੰ ਧਰਤੀ ਵਿੱਚ ਅਤੇ ਨਹਿਰੀ ਮੋਘਿਆਂ 'ਚ ਰੀਚਾਰਜ ਕੀਤਾ ਜਾਵੇ, ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਰ ਖੇਤ ਵਿੱਚ ਨਹਿਰੀ ਪਾਣੀ ਪੁੱਜਦਾ ਕੀਤਾ ਜਾਵੇ, ਵਪਾਰ ਲਈ ਭਾਰਤ, ਪਾਕਿਸਤਾਨ ਦੇ ਬਾਰਡਰ ਖੋਲ੍ਹੇ ਜਾਣ, ਕਿਸਾਨਾਂ-ਮਜ਼ਦੂਰਾਂ ਦੇ ਕਰਜ਼ਜੇ 'ਤੇ ਲੀਕ ਮਾਰੀ ਜਾਵੇ, 60 ਸਾਲ ਦੀ ਉਮਰ ਤੋਂ ਵੱਧ ਉਮਰ ਦੇ ਕਿਸਾਨ-ਮਜ਼ਦੂਰ ਦੇ ਮਰਦ-ਔਰਤ ਨੂੰ 10 ਹਜਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ।

# ਸ਼ਹਿਰ ਦੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ : ਕਾਕਾ ਬਰਾੜ

## ਵਿਧਾਇਕ ਵੱਲੋਂ ਸੀਵਰੇਜ ਤੇ ਪੀਣ ਵਾਲੇ ਪਾਣੀ ਦੇ ਕੰਮਾਂ ਦਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**

ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਸ਼ਹਿਰ ਵਿੱਚ ਜਲ ਸਪਲਾਈ ਤੇ ਸੀਵਰੇਜ ਦੇ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਸਹਿਯੋਗ ਨਾਲ ਸ਼ਹਿਰ ਵਿੱਚ ਜਲ ਸਪਲਾਈ ਤੇ ਸੀਵਰੇਜ ਨਾਲ ਸਬੰਧਤ ਵਿਕਾਸ ਦੇ ਕੰਮ ਨਿਰੰਤਰ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਅੱਜ ਸ਼ਹਿਰ ਦੇ ਕੋਟਕਪੂਰਾ ਰੋਡ 'ਤੇ ਪੈਂਦੇ ਦਸਮੇਸ਼ ਨਗਰ ਵਿੱਚ ਜਲ ਸਪਲਾਈ ਦੀ ਪਾਈਪ ਲਾਈਨ, ਜੋ ਕਿ ਆਪਣੀ ਮਿਆਦ ਪੂਰੀ ਕਰ ਚੁੱਕੀ ਸੀ, ਦੀ ਜਗ੍ਹਾ ਨਵੀਂ ਜਲ ਸਪਲਾਈ ਪਾਈਪ ਪਾਉਣ ਦਾ ਉਦਘਾਟਨ ਕੀਤਾ ਗਿਆ।ਇਸ ਕੰਮ ਦੀ ਲਾਗਤ 10.77 ਲੱਖ ਰੁਪਏ ਹੈ।ਇਸ ਨਾਲ ਦਸਮੇਸ਼ ਨਗਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਸਬੰਧੀ ਆ ਰਹੀ ਸਮੱਸਿਆ ਦਾ ਪੱਕਾ ਹੱਲ ਹੋ ਜਾਵੇਗਾ। ਇਸ ਤੋਂ ਇਲਾਵਾ ਸ਼ਹਿਰ ਦੇ ਬਾਈਪਾਸ ਨਜ਼ਦੀਕ ਗੁਰੂ ਰਾਮ ਦਾਸ ਨਗਰ ਵਿੱਚ ਨਵਾਂ ਸੀਵਰੇਜ ਪਾਉਣ ਦੇ ਕੰਮ ਦਾ ਉਦਘਾਟਨ ਵੀ ਕੀਤਾ ਗਿਆ।ਇਸ 'ਤੇ 8.46 ਲੱਖ ਰੁਪਏ ਦੀ ਲਗਤ ਆਵੇਗੀ।ਉਕਤ ਕੰਮਾਂ ਸਬੰਧੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਇਹ ਦੋਨੋਂ ਕੰਮ ਦੋ ਮਹੀਨਿਆਂ ਦੇ ਅੰਦਰ-ਅੰਦਰ ਮੁਕੰਮਲ ਕਰ ਦਿੱਤੇ ਜਾਣਗੇ ਤੇ ਭਵਿੱਖ ਵਿੱਚ ਜਲ ਸਪਲਾਈ ਤੇ ਸੀਵਰੇਜ ਦੇ ਹੋਰ ਕੰਮ ਵੀ ਸ਼ੁਰੂ ਕਰਵਾਏ ਜਾਣਗੇ।ਇਸ ਮੌਕੇ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ, ਜਲ ਸਪਲਾਈ ਵਿਭਾਗ ਦੇ ਐਕਸੀਅਨ ਸ਼ਮਿੰਦਰ ਸਿੰਘ, ਐੱਸਡੀਓ ਰਮਿੰਦਰਜੀਤ ਸਿੰਘ ਬੇਦੀ ਤੋਂ ਇਲਾਵਾ ਕੌਂਸਲਰਾਂ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਸਵਾਮੀ ਸ਼ੰਕਰਾਪੁਰੀ ਦੇ ਜਨਮ ਦਿਹਾੜੇ 'ਤੇ ਮੈਡੀਕਲ ਕੈਂਪ ਲਗਾਇਆ




**ਜ਼ੀਰਾ (ਨਰਿੰਦਰ ਅਨੇਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਸਮੁੱਚੀ ਸੂਬਾ ਕਮੇਟੀ ਅਤੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਤੇ ਸਮੁੱਚੀ ਜ਼ਿਲ੍ਹਾ ਕਮੇਟੀ ਦੀ ਨਿੱਗਰ ਸੋਚ, ਚੰਗੇ ਵਿਚਾਰਾਂ ਸਦਕਾ ਤੇ 'ਮਾਨਵ ਸੇਵਾ ਪਰਮੋ ਧਰਮ' ਦੀ ਸੇਵਾ ਭਾਵਨਾ ਦੇ ਤਹਿਤ ਜਥੇਬੰਦੀ ਦੇ ਬਲਾਕ ਜ਼ੀਰਾ ਦੇ ਸਟੇਜ ਸਕੱਤਰ ਡਾਕਟਰ ਸੰਤੋਖ ਸਿੰਘ ਤੇ ਐੱਨ.ਆਰ.ਆਈ. ਭਾਈ ਬਲਿਸਟਰ ਸਿੰਘ ਦੇ ਪਰਿਵਾਰ ਵੱਲੋਂ ਆਪਣੇ ਪਿਤਾ ਸਵਰਗਵਾਸੀ ਨੰਬਰਦਾਰ ਬੰਤਾ ਸਿੰਘ ਦੀ ਯਾਦ ਵਿੱਚ ਪਿੰਡ ਸੰਤੂਵਾਲਾ ਵਿਖੇ ਸਵਾਮੀ ਸ਼ੰਕਰਾਪੁਰੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਸਾਲਾਨਾ ਮੇਲੇ ਮੌਕੇ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਉਨ੍ਹਾਂ ਦੇ ਨਾਲ ਜ਼ਿਲ੍ਹਾ ਕਮੇਟੀ ਮੈਂਬਰ ਡਾਕਟਰ ਆਤਮਾ ਸਿੰਘ, ਜਨਰਲ ਸਕੱਤਰ ਡਾਕਟਰ ਸੁਰਜੀਤ ਸਿੰਘ, ਸੀਨੀਅਰ ਮੀਤ ਡਾਕਟਰ ਜਸਵਿੰਦਰ ਸਿੰਘ ਸੁੱਖੇਵਾਲਾ, ਡਾਕਟਰ ਸੁਖਬੀਰ ਸਿੰਘ ਖਾਲਸਾ, ਡਾਕਟਰ ਤਰਸੇਮ ਸਿੰਘ, ਡਾਕਟਰ ਗਗਨਦੀਪ ਸ਼ਰਮਾ, ਡਾਕਟਰ ਸਰਬਜੀਤ ਸ਼ਰਮਾ, ਡਾਕਟਰ ਤੇਗਪ੍ਰੀਤ ਸਿੰਘ ਤੇ ਜੈ ਮਿਲਾਪ ਲੈਬਾਰਟਰੀ ਐਸੋਸੀਏਸ਼ਨ ਜ਼ੀਰਾ ਦੇ ਪ੍ਰਧਾਨ ਡਾਕਟਰ ਜਸਬੀਰ ਸਿੰਘ ਗਿੱਲ ਵੱਲੋਂ ਵੀ ਸੇਵਾ ਨਿਭਾਈ ਗਈ।ਸਵਾਮੀ ਕਮਲਪੁਰੀ, ਨਾਇਬ ਤਹਿਸੀਲਦਾਰ ਕੋਟ ਈਸੇ ਖਾਂ ਗੁਰਤੇਜ ਸਿੰਘ ਗਿੱਲ, ਉੱਘੇ ਵਕੀਲ ਤਾਰਾ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਕੈਂਪ ਪ੍ਰਬੰਧਕਾਂ ਤੇ ਡਾਕਟਰਾਂ ਦੀ ਟੀਮ ਦਾ ਸੇਵਾ ਕਰਨ ਪ੍ਰਤੀ ਉਤਸ਼ਾਹ ਵਧਾਇਆ।ਕੈਂਪ ਵਿੱਚ 150 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ।

# ਹਰੀਕੇ ਕਲਾਂ ਦੇ ਵਿਕਾਸ ਕਾਰਜ ਰੋਕਣ ਖਿਲਾਫ ਰੋਸ ਪ੍ਰਦਰਸ਼ਨ



**ਦੋਦਾ (ਵਕੀਲ ਸਿੰਘ ਬਰਾੜ)**-ਪਿੰਡ ਹਰੀਕੇ ਕਲਾਂ ਜੋ ਵਿਧਾਨ ਸਭਾ ਹਲਕਾ ਗਿੱਦੜਬਾਹਾ ਅਧੀਨ ਪੈਂਦਾ ਹੈ। ਇਥੋਂ ਦੇ ਆਗੂ ਗੁਰਪ੍ਰੀਤ ਸਿੰਘ, ਜੋ ਸਰਪੰਚ ਜਨਕ ਰਾਣੀ ਦਾ ਬੇਟਾ ਹੈ, ਦੀ ਅਗਵਾਈ ਹੇਠ ਹੱਥਾਂ ਵਿੱਚ ਤਖਤੀਆਂ 'ਤੇ ਲਿਖ ਕੇ ਪੰਚਾਇਤ ਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਗੁਰੂਘਰ ਮੰਜੀ ਸਾਹਿਬ ਦੇ ਨਜ਼ਦੀਕ ਛੱਪੜ ਦੇ ਕਿਨਾਰੇ ਬੈਠ ਕੇ ਸਰਕਾਰ ਤੇ ਪ੍ਰਬੰਧਕਾਂ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਸਾਡੇ ਪਿੰਡ ਦਾ ਵਿਕਾਸ ਪਿਛਲੇ ਢਾਈ ਸਾਲ ਤੋਂ ਠੱਪ ਪਿਆ ਹੈ, ਮੌਜੂਦਾ ਸਰਕਾਰ ਤੇ ਆਗੂਆਂ ਵੱਲੋਂ ਸਿਆਸੀ ਤੌਰ 'ਤੇ 7 ਗਲੀਆਂ, ਸਹਿਕਾਰੀ ਸੁਸਾਇਟੀ, ਸ਼ਮਸ਼ਾਨਘਾਟ, ਚੱਘੜ ਪੱਤੀ ਵਿਖੇ ਚਲਦੇ ਕੰਮ ਰੋਕ ਰੱਖੇ ਹਨ ਅਤੇ ਉਸ ਦੀ ਵਰਤੋਂ ਵਾਲਾ ਮਟੀਰੀਅਲ ਗਲੀਆਂ ਵਿੱਚ ਰੁਲ ਰਿਹਾ ਹੈ, ਜਦਕਿ ਪੰਚਾਇਤ ਖਾਤੇ ਐੱਚ ਡੀ ਐੱਫ ਸੀ ਬੈਂਕ ਵਿੱਚ 80 ਲੱਖ ਰੁਪਏ ਦੇ ਫੰਡ ਪਿਛਲੇ ਲੰਬੇ ਸਮੇਂ ਤੋਂ ਮੌਜੂਦ ਹਨ। ਉਨ੍ਹਾਂ ਕਿਹਾ ਕਿ ਮਨਰੇਗਾ ਸਕੀਮ ਅਧੀਨ ਕਰਨ ਵਾਲੇ ਕੰਮ ਵੀ ਸਿਆਸੀ ਤੌਰ 'ਤੇ ਨਹੀਂ ਹੋਣ ਦਿੱਤੇ ਜਾ ਰਹੇ। ਉਨ੍ਹਾਂ ਕਿਹਾ ਕਿ ਪਿਛਲੇ 6 ਮਹੀਨਿਆਂ ਤੋਂ ਪੰਚਾਇਤ ਦੀ ਥਾਂ ਪ੍ਰਸ਼ਾਸਨ ਵੱਲੋਂ ਪ੍ਰਬੰਧਕ ਵੀ ਲਾਇਆ ਗਿਆ ਹੈ, ਪਰ ਫੰਡਾਂ ਦੀ ਵਰਤੋਂ ਫਿਰ ਵੀ ਨਹੀਂ ਹੋ ਰਹੀ। ਹਾਜ਼ਰ ਰੋਸ ਪ੍ਰਦਸ਼ਨਕਾਰੀਆਂ ਨੇ ਸਰਕਾਰ ਤੇ ਪ੍ਰਬੰਧਕਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਪੰਚਾਇਤ ਖਾਤੇ 'ਚ ਪਏ ਫੰਡਾਂ ਦੀ ਸਹੀ ਢੰਗ ਨਾਲ ਵਰਤੋਂ ਨਾ ਕੀਤੀ ਗਈ ਤਾਂ ਉਹ ਮਜਬੂਰੀ ਵੱਸ ਸਬੰਧਤ ਬੀ ਡੀ ਪੀ ਓ ਦਫਤਰ ਵਿਖੇ ਵੀ ਰੋਸ ਧਰਨਾ ਦੇਣਗੇ, ਜਿਸ ਦੀ ਸਮੁੱਚੀ ਜ਼ਿੰਮੇਵਾਰੀ ਸਬੰਧਤ ਆਗੂਆਂ ਤੇ ਪ੍ਰਸ਼ਾਸਨ ਦੀ ਹੋਵੇਗੀ। ਦੂਜੇ ਪਾਸੇ ਪਿੰਡ ਦੇ ਹੀ ਚੇਅਰਮੈਨ ਮਾਰਕੀਟ ਕਮੇਟੀ ਗਿੱਦੜਬਾਹਾ ਤੇ ਆਮ ਆਦਮੀ ਪਾਰਟੀ ਦੇ ਹਲਕਾ ਗਿੱਦੜਬਾਹਾ ਦੇ ਇੰਚਾਰਜ ਐਡਵੋਕੇਟ ਪ੍ਰਿਤਪਾਲ ਸ਼ਰਮਾ ਨਾਲ ਉਕਤ ਮਾਮਲੇ ਸਬੰਧੀ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੰਚਾਇਤ ਖਾਤੇ 'ਚ 80 ਲੱਖ ਦੇ ਫੰਡ ਪਏ ਹਨ, ਪਰ ਉਨ੍ਹਾਂ ਨੂੰ ਪਿੰਡ ਦੇ ਯੋਗ ਵਿਕਾਸ ਕਾਰਜਾਂ ਲਈ ਵਰਤਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡ ਵਿੱਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਤੇ ਪਿੰਡ ਲਈ ਜਲਦੀ ਜਲਘਰ ਦੀ ਟੈਂਕੀ, ਹੈਲਥ ਵੈਲਨਿਸ ਸੈਂਟਰ ਦੇ ਕੰਮ ਵੀ ਚਾਲੂ ਕੀਤੇ ਜਾਣਗੇ।

# ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਦੇ ਪ੍ਰਧਾਨ ਨੇ ਡਿਪਟੀ ਕਮਿਸ਼ਨਰ ਦਾ ਕੀਤਾ ਸਵਾਗਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਤੇ ਸ੍ਰੀ ਅਗਰਵਾਲ ਸਮਾਜ ਸਭਾ ਦੇ ਪ੍ਰਧਾਨ ਤਰਸੇਮ ਗੋਇਲ ਨੇ ਨਵ ਨਿਯੁਕਤ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਦਾ ਸਵਾਗਤ ਕੀਤਾ ਸਨਮਾਨ ਚਿੰਨ ਭੇਟ ਕਰਕੇ ਜੀ ਆਇਆਂ ਆਖਿਆ।ਇਸ ਦੌਰਾਨ ਪ੍ਰਧਾਨ ਤਰਸੇਮ ਗੋਇਲ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ 'ਤੇ ਡਿਪਟੀ ਕਮਿਸ਼ਨਰ ਨੇ ਪ੍ਰਧਾਨ ਤਰਸੇਮ ਗੋਇਲ ਦਾ ਧੰਨਵਾਦ ਕਰਕੇ ਭਰੋਸਾ ਦਿਵਾਇਆ ਕਿ ਜਿਲ੍ਹੇ ਦੀ ਹਰੇਕ ਮੁਸ਼ਕਲ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ।ਇਸ ਤੋਂ ਇਲਾਵਾ ਪ੍ਰਧਾਨ ਤਰਸੇਮ ਗੋਇਲ ਨੇ ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਤੋਂ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਜਾਣੂ ਕਰਾਇਆ।ਉਨ੍ਹਾਂ ਦੱਸਿਆ ਕਿ ਕਰੋਨਾ ਕਾਲ ਦੌਰਾਨ ਸੁਸਾਇਟੀ ਵੱਲੋਂ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਕਰੋਨਾ ਮਰੀਜ਼ਾਂ ਦੀ ਸੇਵਾ ਕੀਤੀ, ਇਸ ਤੋਂ ਇਲਾਵਾ ਸਮੇਂ ਸਮੇਂ 'ਤੇ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਦਾ ਸਮਾਨ ਤੇ ਕਾਪੀਆਂ ਆਦਿ ਮੁਹੱਈਆ ਕਰਵਾਈਆਂ ਜਾਂਦੀਆਂ ਹੈ।ਇਸ ਦੇ ਨਾਲ ਹੀ ਸਰਦੀ ਦੇ ਸੀਜਨ 'ਚ ਖੁੱਲ੍ਹੇ ਅਸਮਾਨਾਂ ਹੇਠਾਂ ਰਾਤਾਂ ਕੱਟ ਰਹੇ ਲੋੜਵੰਦ ਵਿਅਕਤੀਆਂ ਨੂੰ ਗਰਮ ਕੰਬਲ ਆਦਿ ਵੰਡੇ ਜਾਂਦੇ ਹਨ।ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ ਤੇ ਵਿਸਵਾਸ਼ ਦੁਆਇਆ ਕਿ ਪ੍ਰਸ਼ਾਸਨ ਹਮੇਸ਼ਾ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜ਼ਾਂ 'ਚ ਉਨ੍ਹਾਂ ਦਾ ਸਹਿਯੋਗ ਕਰਦਾ ਰਹੇਗਾ।

# ਵੱਖ-ਵੱਖ ਜਥੇਬੰਦੀਆਂ ਵੱਲੋਂ 8 ਨੂੰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਦਾ ਫੈਸਲਾ



**ਲੁਧਿਆਣਾ (ਐੱਮ ਐੱਸ ਭਾਟੀਆ)**-ਕੇਂਦਰ ਸਰਕਾਰ ਵੱਲੋਂ ਬਸਤੀਵਾਦੀ ਕਾਨੂੰਨ ਖਤਮ ਕਰਨ ਦੇ ਬਹਾਨੇ ਦਾ ਡਰਾਮਾ ਕਰਕੇ, ਲੋਕਾਂ ਦੇ ਜਮਹੂਰੀ ਹੱਕਾਂ ਤੇ ਹੱਕੀ ਸੰਘਰਸ਼ਾਂ ਨੂੰ ਕੁਚਲਣ ਲਈ ਪਹਿਲਾਂ ਹੀ ਬਣੇ ਘਾਤਕ ਕਾਨੂੰਨਾਂ ਨੂੰ ਹੋਰ ਸ਼ਕਤੀਸ਼ਾਲੀ ਬਣਾ ਕੇ ਦੇਸ਼ ਨੂੰ ਪੁਲਸ ਰਾਜ ਵਿੱਚ ਬਦਲਣ ਦਾ ਰਾਹ ਖੋਲ੍ਹਿਆ ਹੈ।ਸਥਾਨਕ ਬੀਬੀ ਅਮਰ ਕੌਰ ਯਾਦਗਾਰੀ ਲਾਇਬ੍ਰੇਰੀ ਵਿਖੇ ਪ੍ਰੋ. ਏ ਕੇ ਮਲੇਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਸਮੇਂ ਚਰਚਾ ਦੌਰਾਨ ਸਾਹਮਣੇ ਆਇਆ ਕਿ ਤਿੰਨ ਫੌਜ਼ਦਾਰੀ ਕਾਨੂੰਨ, ਜਿਨ੍ਹਾਂ ਨੂੰ ਪਾਸ ਕਰਨ ਲਈ ਪਹਿਲਾਂ ਡੇਢ ਸੌ ਦੇ ਕਰੀਬ ਸੰਸਦ ਮੈਂਬਰਾਂ ਨੂੰ ਮੁਅੱਤਲ ਕੀਤਾ ਗਿਆ ਅਤੇ ਸੰਵਿਧਾਨਕ ਬੇ ਨਿਯਮੀਆਂ ਰਾਹੀਂ ਕਾਹਲੀ ਨਾਲ ਪਾਸ ਕੀਤਾ ਗਿਆ।ਇਸ ਉਪਰੰਤ ਤੁਰੰਤ ਹੀ ਰਾਜ ਸਭਾ ਤੇ ਰਾਸ਼ਟਰਪਤੀ ਕੋਲੋਂ ਵੀ ਮਨਜ਼ੂਰੀ ਲੈ ਕੇ ਪਹਿਲੀ ਜੁਲਾਈ ਨੂੰ ਲਾਗੂ ਵੀ ਕਰ ਦਿੱਤੇ ਗਏ।ਇਤਨੀ ਕਾਹਲੀ ਨਾਲ ਤੇ ਸੰਵਿਧਾਨਕ ਅਸੂਲਾਂ ਦੀ ਪਾਲਣਾ ਕੀਤੇ ਬਿਨਾਂ ਇਹ ਕਾਨੂੰਨ ਲਾਗੂ ਕਰਨਾ ਦਰਸਾਉਂਦਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਹਰ ਕੋਨੇ ਵਿੱਚ ਚੱਲ ਰਹੇ ਅਤੇ ਸਾਰੇ ਵਰਗਾਂ ਦੇ ਤੇਜ਼ ਹੋ ਰਹੇ ਹੱਕੀ ਸੰਘਰਸ਼ਾਂ ਨੂੰ ਫਾਸ਼ੀਵਾਦੀ ਤਾਨਾਸ਼ਾਹੀ ਰਾਹੀਂ ਖਤਮ ਕਰਨ ਲਈ ਪੱਬਾਂ ਭਾਰ ਹੋਈ ਫਿਰਦੀ ਹੈ।ਲਗਦਾ ਹੈ ਕਿ ਇਸ ਨੇ ਦਿੱਲੀ ਵਾਲੇ ਲੋਕ/ਕਿਸਾਨੀ ਸੰਘਰਸ਼ ਵਾਲਾ ਕੰਧ 'ਤੇ ਲਿੱਖਿਆ ਸਬਕ ਭੁਲਾ ਦਿੱਤਾ ਹੈ।ਹਕੂਮਤੀ ਨਸ਼ੇ ਵਿੱਚ ਇਹ ਵੀ ਭੁੱਲ ਗਈ ਹੈ ਕਿ ਦੇਸ਼ ਕਾਰਪੋਰੇਟ ਘਰਾਣਿਆਂ ਦਾ ਨਹੀਂ ਜਿਨ੍ਹਾਂ ਦੀ ਝੋਲੀ ਵਿੱਚ ਦੇਸ਼ ਦੇ ਸਾਰੇ ਕਮਾਊ ਅਦਾਰੇ ਪਾ ਰਹੀ ਹੈ।ਦੇਸ਼ ਇੱਥੋਂ ਦੇ ਕਮਾਊ ਲੋਕਾਂ ਦਾ ਹੈ, ਜਿਨ੍ਹਾਂ ਦੇ ਖ਼ੂਨ ਪਸੀਨੇ ਨਾਲ ਦੇਸ਼ ਦੀ ਸਮੁੱਚੀ ਪੈਦਾਵਾਰ ਹੋ ਰਹੀ ਹੈ।ਕਾਨੂੰਨਾਂ ਵਿੱਚ ਸੋਧਾਂ ਲੋਕਾਂ ਤੇ ਦੇਸ਼ ਦੇ ਹੱਕ ਸੁਰੱਖਿਅਤ ਕਰਨ ਲਈ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਨਾ ਕਿ ਤਾਨਾਸ਼ਾਹੀ ਸਥਾਪਤ ਕਰਨ ਲਈ।ਇਸ ਲਈ ਲੋਕਾਂ ਨੂੰ ਕੇਂਦਰ ਸਰਕਾਰ ਦੇ ਦੇਸ਼ ਵਿਰੋਧੀ ਮਨਸੂਬਿਆਂ ਨੂੰ ਜੱਗ ਜ਼ਾਹਰ ਕਰਨ ਤੇ ਲੋਕਾਂ ਨੂੰ ਸਿੱਖਿਅਤ ਕਰਨ ਲਈ ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ 8 ਸਤੰਬਰ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ ਹੈ।ਇਹ ਵੀ ਤਹਿ ਕੀਤਾ ਕਿ ਮੁੱਖ ਬੁਲਾਰੇ ਵਜੋਂ ਸੁਪਰੀਮ ਕੋਰਟ ਜਾਂ ਹਾਈ ਕੋਰਟ ਦੇ ਸੀਨੀਅਰ ਵਕੀਲ ਨੂੰ ਨਵੇਂ ਤੇ ਘਾਤਕ ਕਾਨੂੰਨਾਂ ਬਾਰੇ ਖੁਲਾਸੇ ਕਰਨ ਲਈ ਬੁਲਾਇਆ ਜਾਵੇਗਾ।ਜਥੇਬੰਦੀਆਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸਿਸਾਇਟੀ ਪੰਜਾਬ, ਡੈਮੋਕ੍ਰੇਟਿਕ ਟੀਚਰ ਫਰੰਟ, ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ), ਬੀ ਕੇ ਯੂ (ਡਕੌਂਦਾ-ਧਨੇਰ), ਜਮਹੂਰੀ ਕਿਸਾਨ ਸਭਾ ਪੰਜਾਬ, ਡੈਮੋਕ੍ਰੇਟਿਕ ਲਾਇਰ ਐਸੋਸੀਏਸ਼ਨ, ਪਲਸ ਮੰਚ, ਸ਼ਹੀਦ ਭਗਤ ਸਿੰਘ ਵਿਚਾਰ ਮੰਚ, ਇਨਕਲਾਬੀ ਮਜ਼ਦੂਰ ਕੇਂਦਰ ਲੁਧਿਆਣਾ, ਯੂਨੀਵਰਸਲ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ, ਰੰਗਮੰਚ ਨਗਰੀ ਲੁਧਿਆਣਾ, ਟੈਕਸਟਾਈਲ ਹੌਜ਼ਰੀ ਕਾਮਗਾਰ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ), ਕਾਰਖਾਨਾ ਮਜ਼ਦੂਰ ਯੂਨੀਅਨ, ਪੰਜਾਬੀ ਸਾਹਿਤ ਅਕੈਡਮੀ ਸ਼ਾਮਲ ਹਨ।

ਜਥੇਬੰਦੀਆਂ ਦੇ ਆਗੂਆਂ ਵਿੱਚ ਪ੍ਰੋ. ਏ ਕੇ ਮਲੇਰੀ, ਜਸਵੰਤ ਜ਼ੀਰਖ, ਡਾ. ਹਰਬੰਸ ਗਰੇਵਾਲ, ਕਸਤੂਰੀ ਲਾਲ, ਮਾ. ਅਰਵਿੰਦਰ ਸਿੰਘ, ਸੁਖਮਿੰਦਰ ਸਿੰਘ, ਰਘਵੀਰ ਸਿੰਘ ਬੈਨੀਪਾਲ, ਹਿੰਮਤ ਸਿੰਘ, ਸੁਰਜੀਤ ਸਿੰਘ, ਸਤਨਾਮ ਸਿੰਘ ਧਾਲੀਵਾਲ, ਬਲਵਿੰਦਰ ਸਿੰਘ, ਕਾ. ਸੁਰਿੰਦਰ ਸਿੰਘ, ਜਗਦੀਸ਼ ਸਿੰਘ, ਤਰਲੋਚਨ ਸਿੰਘ ਪਨੇਸਰ, ਐਡਵੋਕੇਟ ਹਰਪ੍ਰੀਤ ਜ਼ੀਰਖ, ਡਾ. ਬਲਵਿੰਦਰ ਗਲੈਕਸੀ, ਪ੍ਰਿੰਸੀਪਲ ਅਜਮੇਰ ਦਾਖਾ, ਰਾਕੇਸ਼ ਆਜ਼ਾਦ, ਡਾ. ਗੁਲਜ਼ਾਰ ਪੰਧੇਰ, ਲਖਵਿੰਦਰ, ਡਾ. ਸੁਖਦੇਵ ਭੂੰਦੜੀ ਵੱਲੋਂ ਇਨਸਾਫ ਤੇ ਜਮਹੂਰੀਅਤ ਪਸੰਦ ਲੋਕਾਂ ਨੂੰ ਇਸ ਕਨਵੈਨਸ਼ਨ ਵਿੱਚ ਸ਼ਾਮਲ ਹੋ ਕੇ ਇਸ ਮਹੱਤਵ ਪੂਰਨ ਮਸਲੇ ਬਾਰੇ ਜਾਨਣ ਦੀ ਅਪੀਲ ਕੀਤੀ।ਰਘਵੀਰ ਸਿੰਘ ਬੈਨੀਪਾਲ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇਸ ਕਨਵੈਨਸ਼ਨ ਤੋਂ ਪਹਿਲਾਂ 5 ਸਤੰਬਰ ਨੂੰ ਲੁਧਿਆਣਾ ਪੂਰਬੀ ਤਹਿਸੀਲ ਦੇ ਪਿੰਡ ਕੂਮ ਕਲਾਂ ਵਿਖੇ ਵੀ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਇਸੇ ਮਸਲੇ ਸਬੰਧੀ ਇਲਾਕਾ ਪੱਧਰੀ ਕਨਵੈਨਸ਼ਨ ਕੀਤੀ ਜਾ ਰਹੀ ਹੈ, ਜਿਸ ਦੇ ਮੁੱਖ ਬੁਲਾਰੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਹੋਣਗੇ।

# ਤਹਿਸੀਲ ਗੁਰੂ ਹਰਸਹਾਏ ਬਣੀ ਭ੍ਰਿਸ਼ਟਾਚਾਰ ਦਾ ਅੱਡਾ !

## ਐੱਨਓਸੀ ਦੀ ਆੜ ਹੇਠ ਰਜਿਸਟਰੀ ਕਰਨ ਬਦਲੇ ਹਜ਼ਾਰਾਂ ਦੀ ਲਈ ਜਾਂਦੀ ਹੈ ਰਿਸ਼ਵਤ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਪੰਜਾਬ ਅੰਦਰ ਰਿਵਾਇਤੀ ਪਾਰਟੀਆਂ ਦੇ ਭ੍ਰਿਸ਼ਟਾਚਾਰ ਤੋਂ ਦੁਖੀ ਹੋ ਕੇ ਸੂਬੇ ਦੀ ਜਨਤਾ ਨੇ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੇ 92 ਵਿਧਾਇਕ ਇਸ ਕਰਕੇ ਜਤਾਏ ਸਨ ਕਿ ਉਨ੍ਹਾਂ ਨੂੰ ਸੂਬੇ ਅੰਦਰ ਭ੍ਰਿਸ਼ਟਾਚਾਰ ਤੇ ਅਫਸਰਸ਼ਾਹੀ ਮੁਕਤ ਰਾਜ ਮਿਲੇਗਾ, ਪ੍ਰੰਤੂ ਹੋਇਆ ਇਸ ਦੇ ਉਲਟ।

ਅੱਜ ਵੇਖਿਆ ਜਾਵੇ ਤਾਂ ਸੂਬੇ ਦੇ ਹਰ ਵਿਭਾਗ ਵਿੱਚ ਭ੍ਰਿਸ਼ਟਾਚਾਰ ਸਿਖਰਾਂ 'ਤੇ ਪਹੁੰਚ ਗਿਆ ਹੈ ਅਤੇ ਇਸ ਭ੍ਰਿਸ਼ਟਾਚਾਰ ਦੀ ਵੱਡੀ ਜੜ੍ਹ ਤਹਿਸੀਲਾਂ ਅੰਦਰ ਹੈ, ਜਿਸ ਦੀ ਮਿਸਾਲ ਗੁਰੂ ਹਰਸਾਏ ਦੀ ਤਹਿਸੀਲ ਵਿੱਚ ਰੋਜ਼ਾਨਾ ਵੇਖਣ ਨੂੰ ਮਿਲਦੀ ਹੈ, ਜਿੱਥੇ ਤਹਿਸੀਲ ਅਫਸਰਾਂ ਨੂੰ ਰਿਸ਼ਵਤ ਨਾ ਦੇਣ ਵਾਲੇ ਲੋਕ ਰਜਿਸਟਰੀਆਂ ਨਾ ਹੋਣ ਕਰਕੇ ਰੁਲਦੇ ਰਹਿੰਦੇ ਹਨ, ਉਥੇ ਹੀ ਤਹਿਸੀਲ ਅਫਸਰਾਂ ਦੇ ਕਰਿੰਦਿਆਂ ਰਾਹੀਂ ਹਜ਼ਾਰਾਂ ਰੁਪਈਆਂ ਦੀਆਂ ਰਿਸ਼ਵਤਾਂ ਦੇ ਕੇ ਲੋਕ ਮਜਬੂਰੀ ਵਸ ਆਪਣੀਆਂ ਰਜਿਸਟਰੀਆਂ ਕਰਵਾ ਰਹੇ ਹਨ। ਇਸੇ ਤਰ੍ਹਾਂ ਦਾ ਹੀ ਇੱਕ ਮਾਮਲਾ ਬੀਤੇ ਦਿਨੀਂ ਤਹਿਸੀਲ ਗੁਰੂ ਹਰਸਹਾਏ ਵਿੱਚ ਵੇਖਣ ਨੂੰ ਮਿਲਿਆ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਗੁਰੂ ਹਰਸਹਾਏ ਨਿਵਾਸੀ ਇੱਕ ਵਿਅਕਤੀ ਆਪਣੀ ਪ੍ਰੌਪਰਟੀ ਦੀ ਰਜਿਸਟਰੀ ਕਰਨ ਲਈ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਤਹਿਸੀਲ ਦਫਤਰ ਦੇ ਗੇੜੇ ਕੱਢ ਰਿਹਾ ਸੀ ਤੇ ਉਸ ਨੂੰ ਤਹਿਸੀਲ ਵਾਲੇ ਇਹ ਕਹਿ ਕੇ ਮੋੜ ਦਿੰਦੇ ਸਨ ਕਿ ਤੁਹਾਡੇ ਐੱਨਓਸੀ ਵਾਲੇ ਕਾਗਜ਼ ਠੀਕ ਨਹੀਂ ਹਨ, ਜਿਸ ਕਰਕੇ ਰਜਿਸਟਰੀ ਨਹੀਂ ਹੋ ਸਕਦੀ ਹੈ, ਜਿਸ ਦੇ ਚਲਦੇ ਉਹ ਵਿਅਕਤੀ ਬਹੁਤ ਪ੍ਰੇਸ਼ਾਨ ਹੋ ਗਿਆ।ਇੱਥੇ ਦੱਸਣਾ ਬਣਦਾ ਹੈ ਕਿ ਬੀਤੇ ਹਫਤੇ ਉਕਤ ਵਿਅਕਤੀ ਨੂੰ ਗੁਰੂ ਹਰਸਹਾਏ ਦਾ ਹੀ ਇੱਕ ਹੋਰ ਨਿਵਾਸੀ ਟੱਕਰਿਆ, ਜਿਸ ਨੇ ਦੱਸਿਆ ਕਿ ਉਸ ਨੇ ਆਪਣੇ ਬੱਚੇ ਨੂੰ ਵਿਦੇਸ਼ ਭੇਜਣ ਵਾਸਤੇ ਰਜਿਸਟਰੀ ਕਰਨੀ ਜ਼ਰੂਰੀ ਸੀ, ਪਰ ਤਹਿਸੀਲ ਵਾਲਿਆਂ ਨੇ ਐੱਨਓਸੀ ਦੀ ਆੜ ਵਿੱਚ ਉਸ ਕੋਲੋਂ 50 ਹਜ਼ਾਰ ਰੁਪਏ ਦੀ ਮੰਗ ਰੱਖੀ ਸੀ, ਜੋ ਕਿ ਮਜਬੂਰੀ ਦੇ ਚਲਦੇ ਉਸ ਨੂੰ ਪੈਸੇ ਦੇਣੇ ਪਏ ਅਤੇ ਤਹਿਸੀਲ ਵੱਲੋਂ ਰਜਿਸਟਰੀ ਵੀ ਹੋ ਗਈ।ਇੱਥੇ ਵੀ ਖਾਸ ਦੱਸਣਾ ਬਣਦਾ ਹੈ ਕਿ ਉਕਤ ਪੈਸੇ ਦੇ ਕੇ ਰਜਿਸਟਰੀ ਕਰਵਾਉਣ ਵਾਲੇ ਨੂੰ ਨਾਲ ਲੈ ਕੇ ਇਹ ਵਿਅਕਤੀ ਤਹਿਸੀਲ ਦਫਤਰ ਪਹੁੰਚ ਗਿਆ ਅਤੇ ਉਸ ਨੇ ਜਨਤਕ ਤੌਰ 'ਤੇ ਖੁਲਾਸਾ ਕੀਤਾ ਕਿ ਉਸ ਪਾਸੋਂ 50 ਹਜ਼ਾਰ ਰੁਪਏ ਦੀ ਰਿਸ਼ਵਤ ਲਈ ਗਈ ਹੈ। ਇੰਨਾ ਸੁਣਦੇ ਹੀ ਉਕਤ ਭ੍ਰਿਸ਼ਟ ਤਹਿਸੀਲ ਅਫਸਰ ਦੇ ਪੈਰਾਂ ਹੇਠੋਂ ਜ਼ਮੀਨ ਨਿੱਕਲ ਗਈ ਅਤੇ ਐੱਸ ਡੀ ਐੱਮ ਦਫਤਰ ਬੈਠੇ ਇੱਕ ਸੂਝਵਾਨ ਅਧਿਕਾਰੀ ਨੂੰ ਮਾਮਲਾ ਸ਼ਾਂਤ ਕਰਨ ਵਾਸਤੇ ਕਿਹਾ ਗਿਆ, ਜਿਸ ਉਪਰੰਤ ਐੱਸ ਡੀ ਐੱਮ ਦਫਤਰ ਵਾਲੇ ਸੂਝਵਾਨ ਅਧਿਕਾਰੀ ਨੇ ਉਕਤ ਰਿਸ਼ਵਤ ਦੇ ਇਲਜ਼ਾਮਾਂ ਵਿੱਚ ਘਿਰੇ ਹੋਏ ਤਹਿਸੀਲ ਅਫਸਰ ਨੂੰ ਇਹ ਕਹਿ ਕੇ ਰਜਿਸਟਰੀ ਕਰਵਾ ਦਿੱਤੀ ਕਿ ਜੇਕਰ ਮਾਮਲਾ ਜ਼ਿਆਦਾ ਖਿੱਲਰ ਗਿਆ ਤਾਂ ਸਾਰੀ ਤਹਿਸੀਲ ਵਿਜੀਲੈਂਸ ਦੀ ਮਾਰ ਹੇਠ ਆ ਸਕਦੀ ਹੈ।ਗੁਰੂ ਹਰਸਹਾਏ ਦੇ ਲੋਕਾਂ ਨੇ ਮੰਗ ਕੀਤੀ ਹੈ ਕਿ ਬਦਲਾਅ ਦੇ ਨਾਂ 'ਤੇ ਪੰਜਾਬ ਦਾ ਭੱਠਾ ਬਿਠਾਉਣ ਵਾਲੀ ਇਹ ਸਰਕਾਰ ਦੇ ਰਿਸ਼ਵਤਖੋਰ ਅਫਸਰਾਂ ਵਿਰੁੱਧ ਤੁਰੰਤ ਵਿਜੀਲੈਂਸ ਜਾਂਚ ਬਿਠਾ ਕੇ ਇਨ੍ਹਾਂ ਉੱਪਰ ਮੁਕੱਦਮੇ ਦਰਜ ਕਰਨੇ ਚਾਹੀਦੇ ਹਨ ਅਤੇ ਰਿਸ਼ਵਤ ਦੇ ਖਾਧੇ ਹੋਏ ਪੈਸੇ ਵਸੂਲਣ ਲਈ ਇਨ੍ਹਾਂ ਦੀਆਂ ਜਾਇਦਾਦਾਂ ਜਬਤ ਕੀਤੀਆਂ ਜਾਣ।

21-AUG-PAGE-7.qxd 8/20/2024 9:55 PM Page 1



# ਦੋ ਵਿਅਕਤੀ 3 ਪਿਸਟਲ ਤੇ 8 ਜ਼ਿੰਦਾ ਰੌਂਦਾਂ ਸਮੇਤ ਕਾਬੂ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ/ਗੁਰਮੀਤ ਮੱਕੜ)**-ਤੁਸ਼ਾਰ ਗੁਪਤਾ ਐਸ.ਐਸ.ਪੀ ਤੇ ਸ੍ਰੀਮਤੀ ਅਵਨੀਤ ਕੌਰ ਸਿੱਧੂ ਏ.ਆਈ.ਜੀ ਕਾਊਂਟਰ ਇੰਟੈਲੀਜੈਂਸ, ਬਠਿੰਡਾ ਵੱਲੋਂ ਸ਼ਰਾਰਤੀ ਅਨਸਰਾਂ ਖਿਲਾਫ਼ ਵਿੱਢੀ ਮੁਹਿੰਮ ਦੌਰਾਨ ਸ੍ਰੀ ਮਨਮੀਤ ਸਿੰਘ ਢਿੱਲੋਂ, ਕਪਤਾਨ ਪੁਲਸ (ਇੰਨਵੈ) ਤੇ ਇਕਬਾਲ ਸਿੰਘ ਸੰਧੂ ਪੀ.ਪੀ.ਐਸ, ਉਪ ਕਪਤਾਨ ਪੁਲਿਸ (ਸ:ਡ) ਮਲੋਟ ਦੀ ਰਹਿਨੁਮਾਈ ਹੇਠ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਸ੍ਰੀ ਮੁਕਤਸਰ ਸਾਹਿਬ, ਇੰਸ: ਵਰੁਣ ਕੁਮਾਰ ਮੁੱਖ ਅਫਸਰ ਥਾਣਾ ਸਦਰ ਮਲੋਟ ਤੇ ਇੰਸ: ਕੁਲਵੰਤ ਸਿੰਘ ਕਾਊਂਟਰ ਇੰਟੈਲੀਜੈਂਸ ਵੱਲੋਂ ਸਾਂਝੀ ਕਾਰਵਾਈ ਕਰਦਿਆਂ 02 ਵਿਅਕਤੀਆਂ ਨੂੰ ਇੱਕ ਦੇਸੀ ਪਿਸਟਲ 30 ਬੋਰ, ਦੋ ਦੇਸੀ ਪਿਸਟਲ 32 ਬੋਰ ਸਮੇਤ ਮੈਗਜੀਨ ਅਤੇ 08 ਰੌਂਦ ਜਿੰਦਾ ਸਮੇਤ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਪੁਲਸ ਪਾਰਟੀ ਵੱਲੋਂ ਚੈਕਿੰਗ ਦੌਰਾਨ ਲਵਜੀਤ ਸਿੰਘ ਉਰਫ਼ ਲੱਭਾ ਪੁੱਤਰ ਸੁਖਮੰਦਰ ਸਿੰਘ ਵਾਸੀ ਮੰਦਰ ਕਲੋਨੀ ਨੂੰ ਕਾਬੂ ਕਰ ਉਸ ਪਾਸੋਂ ਇੱਕ ਦੇਸੀ ਪਿਸਟਲ 30 ਬੋਰ ਤੇ ਇੱਕ ਦੇਸੀ ਪਿਸਟਲ 32 ਬੋਰ ਸਮੇਤ ਮੈਗਜ਼ੀਨ, 04 ਰੌਂਦ ਜ਼ਿੰਦਾ ਬਰਾਮਦ ਕੀਤੇ, ਜਿਸ ’ਤੇ ਮੁਕੱਦਮਾ ਅਸਲਾ ਐਕਟ ਥਾਣਾ ਸਦਰ ਮਲੋਟ ਦਰਜ ਰਜਿਸਟਰ ਕੀਤਾ ਗਿਆ।ਮੁੱਢਲੀ ਪੁੱਛਗਿੱਛ ਦੌਰਾਨ ਲਵਜੀਤ ਸਿੰਘ ਨੇ ਦੱਸਿਆ ਕਿ ਉਸ ਨੇ ਆਪਣੇ ਸਾਥੀ ਸਤਿੰਦਰ ਸਿੰਘ ਉਰਫ਼ ਹੈਪੀ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ ਕੋਲੋਂ ਉਕਤ ਦੋਨੋਂ ਪਿਸਟਲ ਅਤੇ ਰੌਂਦ ਲਏ ਹਨ ਅਤੇ ਉਹ ਬਦਮਾਸ਼ ਸੁਨੀਲ ਭੰਡਾਰੀ ਉਰਫ ਨਾਟਾ ਨਾਲ ਸਬੰਧ ਰੱਖਦੇ ਹਨ, ਜਿਸ ’ਤੇ ਸਤਿੰਦਰ ਸਿੰਘ ਉਰਫ ਹੈਪੀ ਉੱਕਤ ਨੂੰ ਮੁਕੱਦਮਾ ਵਿੱਚ ਨਾਮਜ਼ਦ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਸਤਿੰਦਰ ਸਿੰਘ ਹੈਪੀ ਪਾਸੋਂ ਇੱਕ ਦੇਸੀ ਪਿਸਟਲ .32 ਬੋਰ ਸਮੇਤ ਮੈਗਜ਼ੀਨ ਤੇ 04 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।ਹੁਣ ਤੱਕ ਪੁਲਸ ਵੱਲੋਂ ਉਕਤ ਦੋਨਾਂ ਵਿਅਕਤੀਆਂ ਪਾਸੋਂ ਇੱਕ ਦੇਸੀ ਪਿਸਟਲ .30 ਬੋਰ, ਦੋ ਦੇਸੀ ਪਿਸਟਲ .32 ਬੋਰ ਸਮੇਤ ਮੈਗਜ਼ੀਨ, 08 ਰੌਂਦ ਜ਼ਿੰਦਾ ਬਰਾਮਦ ਕੀਤੇ ਜਾ ਚੁੱਕੇ, ਜਿਨ੍ਹਾਂ ’ਤੇ ਅਗਲੀ ਤਫ਼ਤੀਸ਼ ਜਾਰੀ ਹੈ।

## ਚੀਤਾ ਜਾਂ ਤੇਂਦੂਆ ਹੋਣ ਸਬੰਧੀ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਦਾ ਖੰਡਨ

**ਸੰਗਰੂਰ (ਪ੍ਰਵੀਨ ਸਿੰਘ)**-ਸੋਸ਼ਲ ਮੀਡੀਆ ਉੱਤੇ ਭਵਾਨੀਗੜ੍ਹ, ਘਰਾਚੋਂ ਅਤੇ ਨੇੜਲੇ ਇਲਾਕਿਆਂ ਵਿੱਚ ਚੀਤਾ ਜਾਂ ਤੇਂਦੂਆ ਆਉਣ ਸਬੰਧੀ ਫੈਲਾਈਆਂ ਜਾ ਰਹੀਆਂ ਅਫਵਾਹਾਂ ਦਾ ਖੰਡਨ ਕਰਦਿਆਂ ਵਣ ਮੰਡਲ ਅਫਸਰ ਸੰਗਰੂਰ ਰੇਂਜ ਮੋਨਿਕਾ ਦੇਵੀ ਯਾਦਵ ਨੇ ਕਿਹਾ ਕਿ ਲੋਕ ਇਹਨਾਂ ਅਫਵਾਹਾਂ ਉੱਤੇ ਬਿਲਕੁਲ ਵੀ ਵਿਸ਼ਵਾਸ ਨਾ ਕਰਨ, ਕਿਉਂਕਿ ਵਣ ਵਿਭਾਗ ਦੀਆਂ ਟੀਮਾਂ ਵੱਲੋਂ ਕੀਤੀ ਜਾਂਚ ਦੌਰਾਨ ਅਜਿਹਾ ਕੋਈ ਵੀ ਤੱਥ ਸਾਹਮਣੇ ਨਹੀਂ ਆਇਆ, ਜਿਸ ਨਾਲ ਇਨ੍ਹਾਂ ਖਤਰਨਾਕ ਜੰਗਲੀ ਜਾਨਵਰਾਂ ਦੇ ਜਿਲਾ ਸੰਗਰੂਰ ਦੇ ਕਿਸੇ ਵੀ ਖੇਤਰ ਵਿੱਚ ਪਾਏ ਜਾਣ ਦੀ ਪੁਸ਼ਟੀ ਹੁੰਦੀ ਹੋਵੇ।

ਉਨ੍ਹਾਂ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਜਾਣਬੁੱਝ ਕੇ ਭੋਲੇ ਭਾਲੇ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਨ ਲਈ ਅਜਿਹੀਆਂ ਗੁਮਰਾਹਕੁੰਨ ਵੀਡੀਓ ਜਾਂ ਖਬਰਾਂ ਫੈਲਾਈਆਂ ਜਾ ਰਹੀਆਂ ਹਨ, ਜੋ ਪੂਰੀ ਤਰ੍ਹਾਂ ਨਿਰਆਧਾਰ ਹਨ।ਉਨ੍ਹਾਂ ਕਿਹਾ ਕਿ ਕੁਝ ਤਸਵੀਰਾਂ ਵੀ ਵਾਇਰਲ ਹੋ ਰਹੀਆਂ ਹਨ, ਜਿਸ ਵਿੱਚ ਕਿਸੇ ਜਾਨਵਰ ਦੇ ਪੈਰਾਂ ਦੇ ਨਿਸ਼ਾਨ ਦਰਸਾਏ ਜਾ ਰਹੇ ਹਨ ਅਤੇ ਇਨ੍ਹਾਂ ਪੈਰਾਂ ਦੇ ਨਿਸ਼ਾਨਾਂ ਸਬੰਧੀ ਵੀ ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਇਹ ਨਿਸ਼ਾਨ ਚੀਤੇ ਜਾਂ ਤੇਂਦੂਏ ਜਾਂ ਅਜਿਹੇ ਹੀ ਕਿਸੇ ਹੋਰ ਖਤਰਨਾਕ ਜਾਨਵਰ ਦੇ ਨਹੀਂ ਹਨ। ਇਸ ਲਈ ਲੋਕਾਂ ਨੂੰ ਘਬਰਾਉਣ ਦੀ ਬਿਲਕੁਲ ਲੋੜ ਨਹੀਂ ਹੈ।ਉਹਨਾਂ ਦੱਸਿਆ ਕਿ ਬਲਵਾੜ ਤੇ ਹਕੀਕਤਪੁਰਾ ਪਿੰਡਾਂ ਵਿੱਚ ਵਿਭਾਗੀ ਟੀਮਾਂ ਵੱਲੋਂ ਦੋ ਪਿੰਜਰੇ ਵੀ ਲਾਏ ਗਏ ਹਨ, ਇਸ ਤੋਂ ਇਲਾਵਾ ਪੰਜ ਫੀਲਡ ਰੈਪਿਡ ਰਿਸਪਾਂਸ ਟੀਮਾਂ ਲਗਾਤਾਰ ਪਿੰਡਾਂ ਵਿੱਚ ਗਸ਼ਤ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਪਿੰਡਾਂ ਦੇ ਮੋਹਤਬਰਾਂ ਨੂੰ ਵਣ ਰੇਂਜ ਅਫਸਰਾਂ ਦੇ ਸੰਪਰਕ ਨੰਬਰ ਵੀ ਮੁਹੱਈਆ ਕਰਾ ਦਿੱਤੇ ਗਏ ਹਨ ਤਾਂ ਜੋ ਭਵਿੱਖ ਵਿੱਚ ਜੇਕਰ ਇਸ ਸਬੰਧੀ ਕੋਈ ਮਾਮਲਾ ਜਾਂ ਅਫਵਾਹ ਸਾਹਮਣੇ ਆਉਂਦੀ ਹੋਵੇ ਤਾਂ ਪਿੰਡ ਵਾਸੀ ਸਬੰਧਤ ਵਣ ਰੇਂਜ ਅਧਿਕਾਰੀ ਨਾਲ ਰਾਬਤਾ ਕਰ ਸਕਦੇ ਹਨ।

# ਦਿਹਾਤੀ ਮਜ਼ਦੂਰ ਸਭਾ ਦਾ ਜਥੇਬੰਦਕ ਅਜਲਾਸ ਸਫਲਤਾ ਪੂਰਵਕ ਸੰਪੰਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਬੀਤੇ ਦਿਨੀਂ ਪਿੰਡ ਚੜ੍ਹੇਵਣ ਵਿਖੇ ਦਿਹਾਤੀ ਮਜ਼ਦੂਰ ਸਭਾ ਨੇ ਆਪਣਾ ਸਫਲ ਜਥੇਬੰਦਕ ਅਜਲਾਸ ਕਰਕੇ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ। ਅਜਲਾਸ ਵਿੱਚ ਜ਼ਿਲ੍ਹੇ ਭਰ ਵਿੱਚੋਂ 89 ਮਰਦ-ਔਰਤਾਂ ਡੈਲੀਗੇਟਾਂ ਨੇ ਸ਼ਮੂਲੀਅਤ ਕੀਤੀ। ਅਜਲਾਸ ਦੀ ਪ੍ਰਧਾਨਗੀ ਲਖਵੀਰ ਸਿੰਘ ਤਖ਼ਤ ਮੁਲਾਣਾ ਤੇ ਹਰਜੀਤ ਸਿੰਘ ਮਦਰੱਸਾ ਨੇ ਕੀਤੀ। ਅਜਲਾਸ ਦਾ ਉਦਘਾਟਨ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਉਦ ਨੇ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਜਥੇਬੰਦੀ ਦੇ ਗੌਰਵਮਈ ਇਤਿਹਾਸ ਬਾਰੇ, ਸੰਵਿਧਾਨ ਅਤੇ ਦੇਸ਼ ਤੇ ਸੂਬੇ ਦੇ ਮੌਜੂਦਾ ਹਾਲਾਤਾਂ ਦੀ ਵਿਸਥਾਰ ਨਾਲ ਵਿਆਖਿਆ ਕੀਤ। ਉਨ੍ਹਾਂ ਦੇਸ਼ ਦੀ ਮੋਦੀ ਸਰਕਾਰ ਦੀ ਕਿਰਤੀ ਜਨ-ਸਮੂਹਾਂ ਵਿਰੁੱਧ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਤੇ ਧਾਰਮਿਕ ਕੱਟੜਤਾ ਵਾਲੇ ਰਾਜ ਨੂੰ ਸਥਾਪਤ ਕਰਨ ਦੀ ਕੋਝੀ ਚਾਲ ਵਿਰੁੱਧ ਖੇਤ ਮਜ਼ਦੂਰ ਤੇ ਦਿਹਾਤੀ ਮਜ਼ਦੂਰਾਂ ਨੂੰ ਵੱਡੀ ਲਹਿਰ ਖੜ੍ਹੀ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਆਪਣੇ ਕਾਰਜਕਾਲ ਦੌਰਾਨ ਲੋਕਾਂ, ਮਜ਼ਦੂਰਾਂ ਵਿਰੁੱਧ ਪੂਰੀ ਤਰ੍ਹਾਂ ਵਿਰੋਧੀ ਸਾਬਿਤ ਹੋਈ ਹੈ ਅਤੇ ਇਸ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਮੋਹਰਾ ਪੂਰੀ ਤਰ੍ਹਾਂ ਨੰਗਾ ਹੋ ਗਿਆ ਹੈ। ਅੱਜ ਦੇ ਅਜਲਾਸ ਵਿੱਚ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਪਿਛਲੀ ਸਮੇਂ ਵਿੱਚ ਤਿੰਨ ਸਾਲ ਵਿੱਚ ਜਥੇਬੰਦੀ ਵੱਲੋਂ ਕੀਤੀਆਂ ਸਰਗਰਮੀਆਂ ਤੇ ਸੰਘਰਸ਼ਾਂ ਦੀ ਲਿਖਤੀ ਰਿਪੋਰਟ ਕੀਤੀ, ਜਿਸ ਨੂੰ ਬਹਿਸ ਤੋਂ ਬਾਅਦ ਕੁੱਝ ਵਾਧਿਆਂ ਸਮੇਤ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

ਅੰਤ ਵਿੱਚ ਗਿਆਰਾਂ ਮੈਂਬਰੀ ਜ਼ਿਲ੍ਹਾ ਕਮੇਟੀ ਚੁਣੀ ਗਈ, ਜਿਸ ਦੇ ਪ੍ਰਧਾਨ ਲਖਵੀਰ ਸਿੰਘ ਤਖ਼ਤ ਮੁਲਾਣਾ ਤੇ ਜਨਰਲ ਸਕੱਤਰ ਹਰਜੀਤ ਸਿੰਘ ਮਦਰੱਸਾ ਚੁਣੇ ਅਤੇ ਜ਼ਿਲ੍ਹਾ ਕੈਸ਼ੀਅਰ ਤੇਜਾ ਸਿੰਘ ਚੜ੍ਹੇਵਣ ਨੂੰ ਬਣਾਇਆ ਗਿਆ। ਅਜਲਾਸ ਵਿੱਚ ਬਠਿੰਡਾ ਤੋਂ ਜ਼ਿਲ੍ਹਾ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ ਤੇ ਫਰੀਦਕੋਟ ਤੋਂ ਜ਼ਿਲ੍ਹਾ ਸਕੱਤਰ ਗੁਰਤੇਜ ਸਿੰਘ ਹਰੀਨੌਂ ਨੇ ਵੀ ਅਜਲਾਸ ਨੂੰ ਸੰਬੋਧਨ ਕੀਤਾ।

## ਤਰਕਸ਼ੀਲ ਪਰਖ ਪ੍ਰੀਖਿਆ ਅਕਤੂਬਰ ’ਚ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਤਰਕਸ਼ੀਲ ਸੁਸਾਇਟੀ ਪੰਜਾਬ ਰਜਿ. ਪਿਛਲੇ ਸਾਲਾਂ ਤੋਂ ਤਰਕਸ਼ੀਲ ਪਰਖ ਪ੍ਰੀਖਿਆ ਦਾ ਸੰਚਾਲਨ ਕਰਦੀ ਆ ਰਹੀ ਹੈ।ਇਸ ਪਰਖ ਪ੍ਰੀਖਿਆ ਦਾ ਮੰਤਵ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਰੁਚੀ ਪੈਦਾ ਕਰਨਾ, ਰਟੇ ਦੀ ਥਾਂ ਬੌਧਿਕ ਵਿਕਾਸ, ਸਮਾਜ ਦੇ ਅਸਲ ਨਾਇਕਾਂ ਦੀਆਂ ਜੀਵਨ ਨੀਆਂ ਤੋਂ ਜਾਣੂ ਕਰਾਉਣ ਦੇ ਨਾਲ-ਨਾਲ ਹਰ ਮਸਲੇ ’ਤੇ ਠੀਕ ਤੇ ਗ਼ਲਤ ਦਾ ਨਿਰਣਾ ਤਰਕ ਅਧਾਰਤ ਕਰਨ ਯੋਗ ਬਣਾਉਣਾ ਹੈ। ਇਸ ਵਾਰ ਇਸ ਪ੍ਰੀਖਿਆ ’ਚ 35000 ਵਿਦਿਆਰਥੀਆਂ ਦੇ ਬੈਠਣ ਦੀ ਉਮੀਦ ਹੈ।ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਵਿਦਵਾਨਾਂ ਤੋਂ ਉਚੇਚੇ ਤੌਰ ’ਤੇ ਚੈਪਟਰ ਦਾ ਤਿਆਰ ਕਰਾਏ ਗਏ ਹਨ।ਮਿਡਲ ਤੇ ਸੈਕੰਡਰੀ ਵਿਭਾਗ ਦੀਆਂ ਪੁਸਤਕਾਂ ’ਚੋਂ 90-90 ਅੰਕ ਦਾ ਤੇ ਆਮ ਗਿਆਨ 10 ਅੰਕਾਂ ਤੇ ਅਧਾਰਤ ਪ੍ਰਸ਼ਨ ਹੋਵੇਗਾ।ਅਬਜੈਕਟਿਵ ਪ੍ਰਸ਼ਨਾਂ ਦੇ ਉੱਤਰ ਸੀਟ ’ਤੇ ਲਏ ਜਾਣਗੇ।ਸੂਬਾ ਕਮੇਟੀ ਨੇ ਇਹ ਪ੍ਰੀਖਿਆ ਅਕਤੂਬਰ ਦੇ ਦੂਜੇ ਜਾਂ ਤੀਜੇ ਹਫ਼ਤੇ ਅਯੋਜਤ ਕਰਾਉਣ ਦਾ ਫ਼ੈਸਲਾ ਕੀਤਾ ਹੈ।ਸਿੱਖਿਆ ਵਿਭਾਗ ਵੱਲੋਂ ਛਿਮਾਹੀ ਪ੍ਰੀਖਿਆ ਦੀਆਂ ਤਰੀਕਾਂ ਨਿਸਚਿਤ ਕਰਨ ਤੇ ਪ੍ਰੀਖਿਆ ਦੀ ਮਿਤੀ ਨਿਸਚਿਤ ਕਰ ਦਿੱਤੀ ਜਾਵੇਗੀ।ਸਕੂਲਾਂ ਦੀ ਸਹੂਲਤ ਮੁਤਾਬਕ ਉਨ੍ਹਾਂ ਨੂੰ ਭਰੀ ਰਜਿਸਟ੍ਰੇਸ਼ਨ ਮੁਤਾਬਕ ਦਿਨ ਅਲਾਟ ਕਰ ਦਿੱਤਾ ਜਾਵੇਗਾ।ਇਹ ਜਾਣਕਾਰੀ ਮਾਸਟਰ ਸੁਰਿੰਦਰ ਰਾਮਪੁਰਾ ਨੇ ਸਾਂਝੀ ਕੀਤੀ ਹੈ।

## ਕਾਤਰਾਂ

### ਕੋਲਕਾਤਾ ਕਾਂਡ ਦੇ ਦੋਸ਼ੀਆਂ ਨੂੰ ਚੌਰਾਹੇ ’ਤੇ ਖੜੇ ਕਰਕੇ ਮੌਤ ਦੇਣ ਦੀ ਮੰਗ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਚੰਡੀਗੜ੍ਹ ਦੇ ਤੇਜ਼ ਤਰਾਰ ਮਹਿਲਾ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਨੇ ਕੋਲਕਾਤਾ ਵਿੱਚ ਸਿਖਿਆਰਥੀ ਡਾਕਟਰ ਨਾਲ ਜਬਰ ਜਨਾਹ ਅਤੇ ਦਰਦਨਾਕ ਹੱਤਿਆ ਮਾਮਲੇ ਸਬੰਧੀ ਮੁਲਜ਼ਮਾਂ ਨੂੰ ਸਜ਼ਾ ਦਿਵਾਉਣ ਸਬੰਧੀ ਤਿੱਖੇ ਬੋਲ ਬੋਲਦਿਆਂ ਕਿਹਾ ਕਿ ਦੇਸ਼ ਦੀਆਂ ਔਰਤਾਂ ਦੇ ਮਾਮਲੇ ’ਚ ਇਸ ਤੋਂ ਵੱਧ ਸ਼ਰਮਨਾਕ ਗੱਲ ਕੀ ਹੋ ਸਕਦੀ ਹੈ।ਇਹ ਘਿਨੌਣੀ ਹਰਕਤ ਕਰਨ ਵਾਲੇ ਸਾਰੇ ਮੁਲਜ਼ਮਾਂ ਨੂੰ ਇੱਕੋ ਇੱਕ ਸਜ਼ਾ ਦੇਣੀ ਬਣਦੀ ਹੈ ਕਿ ਇਸ ਘਟਨਾ ਨੂੰ ਅੰਜਾਮ ਪੁਚਾਉਣ ਵਾਲੇ ਸਾਰੇ ਮੁਲਜ਼ਮਾਂ ਨੂੰ ਚੌਰਾਹੇ ’ਤੇ ਖੜੇ ਕਰਕੇ ਦਰਦਨਾਕ ਮੌਤ ਦਿੱਤੀ ਜਾਵੇ।ਮੈਡਮ ਪੂਨਮ ਕਾਂਗੜਾ ਮਿਸ਼ਨ ਦੇ ਮੁੱਖ ਦਫ਼ਤਰ ਵਿਖੇ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਔਰਤਾਂ ਆਪਣੇ ਕੰਮ ਤੇ ਵੀ ਸੁਰੱਖਿਅਤ ਨਹੀਂ ਹਨ।ਉਹ ਵੀ ਅਜਿਹੇ ਕੰਮ ’ਤੇ, ਜਿੱਥੇ ਉੱਚ ਸਿੱਖਿਅਤ ਲੋਕ ਨੌਕਰੀਆਂ ਕਰਦੇ ਹੋਣ। ਸਾਡੇ ਸਮਾਜ ’ਚ ਇਸ ਤੋਂ ਵੱਡਾ ਨਿਘਾਰ ਨਹੀਂ ਆ ਸਕਦਾ। ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਜੇਕਰ ਅਜਿਹੇ ਲੋਕਾਂ ਨੂੰ ਸਬਕ ਸਿਖਾਉਣਾ ਹੈ ਤਾਂ ਇਨ੍ਹਾਂ ਨੂੰ ਮੌਤ ਦੀ ਸਜ਼ਾ ਸੁਣਾਉਣੀ ਪਵੇਗੀ ਤਾਂ ਹੀ ਅਜਿਹੀ ਮਾੜੀ ਸੋਚ ਵਾਲੇ ਲੋਕਾਂ ਨੂੰ ਸਬਕ ਮਿਲੇਗਾ।

### ਕੇਂਦਰੀ ਮੰਤਰੀ ਸ਼ੇਖਾਵਤ ਨੇ ਹਿੰਦੂ ਸਮਾਜ ਦੀਆਂ ਭਾਵਨਾਵਾਂ ਦਾ ਕੀਤਾ ਸਨਮਾਨ : ਦੀਪਕ ਪਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕੇਂਦਰੀ ਸੈਰ ਸਪਾਟਾ ਮੰਤਰੀ ਗਜਿੰਦਰ ਸਿੰਘ ਸ਼ੇਖਾਵਤ ਨੇ ਭਗਵਾਨ ਪਰਸ਼ੂਰਾਮ ਦੇ ਪਵਿੱਤਰ ਜਨਮ ਅਸਥਾਨ ਰਾਕਸਨ ਵਿਖੇ ਇੱਕ ਵਿਸ਼ਾਲ ਤੀਰਥ ਸਥਾਨ ਬਣਾਉਣ ਦੇ ਪ੍ਰਸਤਾਵ ਨੂੰ ਮਨਜ਼ੂਰੀ ਦੇ ਕੇ ਨਾ ਸਿਰਫ਼ ਪੰਜਾਬ ਬਲਕਿ ਦੇਸ਼ ਭਰ ਦੇ ਹਿੰਦੂ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਹੈ।ਇਹ ਵਿਚਾਰ ਪ੍ਰਗਟ ਕਰਦਿਆਂ ਬ੍ਰਾਹਮਣ ਸਭਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਦੀਪਕ ਪਾਲ ਸ਼ਰਮਾ ਨੇ ਕਿਹਾ ਕਿ ਲੰਮੇ ਸਮੇਂ ਤੋਂ ਹਿੰਦੂ ਭਾਈਚਾਰਾ ਖਾਸ ਕਰਕੇ ਬ੍ਰਾਹਮਣ ਭਾਈਚਾਰਾ ਇਸ ਦੀ ਮੰਗ ਕਰ ਰਿਹਾ ਸੀ ਕਿ ਪੰਜਾਬ ਦੇ ਜ਼ਿਲ੍ਹਾ ਨਵਾਂਸ਼ਹਿਰ ਦੇ ਭਗਵਾਨ ਸ੍ਰੀ ਪਰਸ਼ੂਰਾਮ ਜੀ ਦੇ ਜਨਮ ਅਸਥਾਨ ਨੂੰ ਮਹਾਨ ਤੀਰਥ ਸਥਾਨ ਬਣਾਇਆ ਜਾਵੇ। ਦੇਸ਼ ਦੇ ਕੇਂਦਰੀ ਸੈਰ ਸਪਾਟਾ ਮੰਤਰੀ ਸ਼ੇਖਾਵਤ ਜੀ ਖੁਦ 22 ਅਗਸਤ ਨੂੰ ਪੰਜਾਬ ਪਹੁੰਚ ਕੇ ਇਸ ਪਵਿੱਤਰ ਅਸਥਾਨ ’ਤੇ ਮੱਥਾ ਟੇਕਣਗੇ ਅਤੇ ਵਿਸ਼ਾਲ ਸਮਾਗਮ ’ਚ ਸ਼ਿਰਕਤ ਕਰਨਗੇ।ਪੰਜਾਬ ਭਾਜਪਾ ਦੇ ਉਪ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਦਾ ਵੀ ਬ੍ਰਾਹਮਣ ਸਭਾ ਧੰਨਵਾਦ ਕਰਦੀ ਹੈ, ਜਿਨ੍ਹਾਂ ਨੇ ਅਣਥੱਕ ਯਤਨ ਕਰਕੇ ਤੀਰਥ ਅਸਥਾਨ ਨੂੰ ਪ੍ਰਸਾਦ ਸਕੀਮ ਅਧੀਨ ਲਿਆਉਣ ਵਿੱਚ ਸਫਲਤਾ ਹਾਸਲ ਕੀਤੀ। ਸ਼ੇਖਾਵਤ ਨੂੰ ਸਨਮਾਨਤ ਕਰਨ ਲਈ ਬ੍ਰਾਹਮਣ ਸਭਾ ਮੁਕਤਸਰ ਦਾ ਇੱਕ ਵਫ਼ਦ ਵੀ 22 ਅਗਸਤ ਨੂੰ ਇਸ ਵਿਸ਼ਾਲ ਸਮਾਗਮ ’ਚ ਪਹੁੰਚੇਗਾ।

### ਨਸ਼ੇ ਦੀ ਓਵਰਡੋਜ਼ ਲੈਣ ਨਾਲ ਨੌਜਵਾਨ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਹਰਸਹਾਏ ਵਿਖੇ ਨੌਜਵਾਨ ਵੱਲੋਂ ਨਸ਼ੇ ਦੀ ਓਵਰਡੋਜ਼ ਟੀਕਾ ਲੱਗਣ ਨਾਲ ਉਸ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਗੁਰੂ ਹਰਸਹਾਏ ਪੁਲਸ ਨੇ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਜੱਜ ਪੁੱਤਰ ਫਕੀਰ ਚੰਦ ਵਾਸੀ ਵਾਲਮੀਕ ਮੁਹੱਲਾ ਬੈਕਸਾਈਡ ਬੇਰ ਸਾਹਿਬ ਗੁਰੂ ਹਰਸਹਾਏ ਨੇ ਦੱਸਿਆ ਕਿ ਉਸ ਦਾ ਲੜਕਾ ਲਵ ਕੁਮਾਰ ਜੋ ਗਲਤ ਸੰਗਤ ਵਿੱਚ ਪੈਣ ਕਰਕੇ ਨਸ਼ੇ ਦਾ ਸੇਵਨ ਕਰਨ ਲੱਗ ਪਿਆ ਸੀ ਤੇ ਮੁਲਜ਼ਮ ਰਾਜੇਸ਼ ਉਰਫ ਜੇਸੂ ਪੁੱਤਰ ਬਿੱਲੂ ਰਾਮ ਵਾਸੀ ਮੁਕਤਸਰ ਰੋਡ ਉਤਲਾ ਵੇਹੜਾ ਗੁਰੂ ਹਰਸਹਾਏ ਤੋਂ ਚਿੱਟੇ ਦਾ (ਨਸ਼ਾ) ਟੀਕਾ ਲਗਵਾ ਕੇ ਆਉਂਦਾ ਸੀ। ਜੱਜ ਨੇ ਦੱਸਿਆ ਕਿ ਉਸ ਨੇ ਕਈ ਵਾਰ ਰਾਜੇਸ਼ ਨੂੰ ਉਲ੍ਹਾਂਬਾ ਦਿੱਤਾ ਸੀ ਕਿ ਸਾਡੇ ਮੁੰਡੇ ਨੂੰ ਚਿੱਟੇ ਦੇ ਨਸ਼ੇ ਦਾ ਟੀਕਾ ਨਾ ਲਗਾਇਆ ਕਰ, ਪਰ ਉਸ ਨੇ ਕਦੇ ਪ੍ਰਵਾਹ ਨਹੀਂ ਕੀਤੀ। ਜੱਜ ਨੇ ਦੱਸਿਆ ਕਿ 19 ਅਗਸਤ 2024 ਨੂੰ ਉਸ ਦੇ ਲੜਕੇ ਲਵ ਕੁਮਾਰ ਦੀ ਚਿੱਟੇ ਦਾ ਓਵਰਡੋਜ਼ ਟੀਕਾ ਲੱਗਣ ਕਰਕੇ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਨਰੇਸ਼ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਬੀ.ਕੇ.ਯੂ. (ਕਾਦੀਆਂ) ਨੇ ਕਿਸਾਨਾਂ ਦੀ ਲੁੱਟ ਵਿਰੁੱਧ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦਾ ਇੱਕ ਵਫ਼ਦ ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਤੇ ਦਰਸ਼ਨ ਸਿੰਘ ਰੋਹਲੇ ਬਲਾਕ ਪ੍ਰਧਾਨ ਸਮਰਾਲਾ ਦੀ ਅਗਵਾਈ ਹੇਠ ਐਸ.ਡੀ.ਐਮ. ਤੇ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਸਮਰਾਲਾ ਨੂੰ ਖਾਦ ਦੁਕਾਨਦਾਰਾਂ ਵੱਲੋਂ ਕੀਤੀ ਜਾ ਰਹੀ ਕਿਸਾਨਾਂ ਦੀ ਲੁੱਟ ਸਬੰਧੀ ਮਿਲਿਆ ਅਤੇ ਮੰਗ ਪੱਤਰ ਦਿੱਤਾ ਗਿਆ।ਮੰਗ ਪੱਤਰ ਵਿੱਚ ਸਮਰਾਲਾ ਤੇ ਮਾਛੀਵਾੜਾ ਸ਼ਹਿਰਾਂ ਵਿੱਚ ਖਾਦਾਂ ਦੀਆਂ ਦੁਕਾਨਾਂ ਉੱਤੇ ਦੁਕਾਨਦਾਰਾਂ ਵੱਲੋਂ ਕਿਸਾਨਾਂ ਦੀ ਸ਼ਰੇਆਮ ਲੁੱਟ ਕੀਤੀ ਜਾ ਰਹੀ ਹੈ, ਜਦੋਂ ਕੋਈ ਕਿਸਾਨ ਡੀ.ਏ.ਪੀ. ਖਾਦ ਲੈਣ ਜਾਂਦੇ ਹਨ ਤਾਂ ਉਹ ਖਾਦ ਦੇ ਨਾਲ ਹੋਰ ਕੰਪਨੀਆਂ ਦਾ 700 ਤੋਂ 800 ਰੁਪਏ ਤੱਕ ਦਾ ਧੱਕੇ ਨਾਲ ਸਮਾਨ ਦਿੰਦੇ ਹਨ, ਜੇਕਰ ਕਿਸਾਨ ਉਹ ਸਮਾਨ ਲੈਣ ਤੋਂ ਇਨਕਾਰ ਕਰਦਾ ਹੈ ਤਾਂ ਦੁਕਾਨਦਾਰ ਖਾਦ ਦੇਣ ਤੋਂ ਇਨਕਾਰ ਕਰਨ ਦੇ ਨਾਲ ਨਾਲ ਕਿਸਾਨਾਂ ਨਾਲ ਮਾੜਾ ਵਿਹਾਰ ਵੀ ਕਰਦੇ ਹਨ।ਦੂਜੇ ਪਾਸੇ ਸਹਿਕਾਰੀ ਸਭਾਵਾਂ ਵਿੱਚ ਡੀ. ਏ. ਪੀ. ਖਾਦ ਦੀ ਭਾਰੀ ਕਮੀ ਪਾਈ ਜਾ ਰਹੀ ਹੈ, ਜਿਸ ਨੂੰ ਤੁਰੰਤ ਦੂਰ ਕਰਨ ਸਬੰਧੀ ਕਿਹਾ ਗਿਆ।ਮੰਗ ਪੱਤਰ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਅਗਲੇ ਮਹੀਨੇ ਤੋਂ ਆਲੂਆਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ, ਜਿਸ ਵਿੱਚ ਡੀ.ਏ.ਪੀ. ਤੇ ਜ਼ਿੰਕ ਦੀ ਜ਼ਰੂਰਤ ਪੈਣੀ ਹੈ।

ਵਫਦ ਤੋਂ ਮੰਗ ਪੱਤਰ ਐਸ.ਡੀ.ਐਮ. ਦਫ਼ਤਰ ਦੇ ਅਧਿਕਾਰੀ ਨੇ ਪ੍ਰਾਪਤ ਕਰਕੇ ਸਬੰਧਿਤ ਅਧਿਕਾਰੀਆਂ ਤੱਕ ਪੁਚਾਉਣ ਦਾ ਵਿਸ਼ਵਾਸ਼ ਦਿਵਾਇਆ।ਏ.ਆਰ. ਸਮਰਾਲਾ ਦੇ ਦਫ਼ਤਰ ਦੇ ਕ੍ਰਮਚਾਰੀ ਵੱਲੋਂ ਮੰਗ ਪੱਤਰ ਏ.ਆਰ. ਤੱਕ ਪੁਚਾਉਣ ਦਾ ਵਿਸ਼ਵਾਸ ਦਿਵਾਇਆ।ਮੋਹਣ ਸਿੰਘ ਬਾਲਿਓਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਕਿਸਾਨ ਜੋ ਪਹਿਲਾਂ ਹੀ ਆਰਥਿਕ ਤੰਗੀ ਨਾਲ ਜੂਝ ਰਹੇ ਹਨ, ਉਨ੍ਹਾਂ ਨੂੰ ਖਾਦ ਦੇ ਦੁਕਾਨਦਾਰਾਂ ਵੱਲੋਂ ਮਾਨਸਿਕ ਰੂਪ ਵਿੱਚ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਉਨ੍ਹਾਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪ੍ਰਸ਼ਾਸ਼ਨ ਨੇ ਕਿਸਾਨਾਂ ਨਾਲ ਹੋ ਰਹੀ ਸ਼ਰੇਆਮ ਲੁੱਟ ਸਬੰਧੀ ਜਲਦੀ ਕੋਈ ਕਾਰਵਾਈ ਅਮਲ ਵਿੱਚ ਨਾ ਲਿਆਂਦੀ ਤਾਂ ਯੂਨੀਅਨ ਪ੍ਰਸ਼ਾਸ਼ਨ ਅਤੇ ਧੱਕਾ ਕਰ ਰਹੇ ਦੁਕਾਨਦਾਰਾਂ ਦਾ ਘਿਰਾਓ ਕਰਨ ਤੋਂ ਗੁਰੇਜ਼ ਨਹੀਂ ਕਰੇਗੀ।

## ਮੁਸਲਿਮ ਵਿਦਿਆਰਥੀ ਦੇ ਘਰ ਨੂੰ ਢਾਹੁਣਾ ਅਤਿ ਦੁਖਦਾਇਕ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਦੋਂ ਕਿਸੇ ਵੀ ਸਥਾਨ ਉਤੇ ਕੋਈ ਕਾਨੂੰਨੀ ਉਲੰਘਣਾ, ਅਪਰਾਧ ਹੁੰਦਾ ਹੈ ਤਾਂ ਉਸ ਵਾਰਦਾਤ ਨਾਲ ਸੰਬੰਧਤ ਦੋਸ਼ੀ ਨੂੰ ਮੁਲਕ ਦੇ ਕਾਨੂੰਨ ਅਨੁਸਾਰ ਹੀ ਸਿੱਝਣਾ ਤੇ ਪੀੜਤ ਨੂੰ ਇਨਸਾਫ਼ ਦਿਵਾਉਣ ਦੇ ਅਮਲ ਹੋਣੇ ਚਾਹੀਦੇ ਹਨ ਨਾ ਕਿ ਜੰਗਲ ਦੇ ਰਾਜ ਦੀ ਤਰ੍ਹਾਂ ਦੋਸ਼ੀ ਦੇ ਘਰ, ਕਾਰੋਬਾਰ ਉਤੇ ਹਮਲੇ ਕਰਕੇ ਜਾਂ ਸਰੀਰਕ ਤੌਰ ਤੇ ਹਮਲੇ ਕਰਕੇ ਉਸ ਨੂੰ ਮਾਰਨ ਜਾਂ ਜ਼ਖ਼ਮੀ ਕਰਨ ਦੇ ਦੂਜੇ ਅਪਰਾਧ ਨੂੰ ਜਨਮ ਦੇਣ ਦੇ ਅਮਲ ਹੋਣੇ ਚਾਹੀਦੇ ਹਨ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਰਾਜਸਥਾਨ ਦੇ ਉਦੈਪੁਰ ਵਿਚ ਇਕ ਸਕੂਲੀ ਵਿਦਿਆਰਥੀ ਦੇ ਦੂਸਰੇ ਵਿਦਿਆਰਥੀ ਵੱਲੋਂ ਕੋਈ ਤਿੱਖੀ ਚੀਜ਼ ਮਾਰਨ ਉਪਰੰਤ ਗੰਭੀਰ ਸਥਿਤੀ ਪੈਦਾ ਹੋਣ ਅਤੇ ਦੋਸ਼ੀ ਮੁਸਲਿਮ ਵਿਦਿਆਰਥੀ ਨੂੰ ਕਾਨੂੰਨ ਅਨੁਸਾਰ ਅਮਲ ਕਰਨ ਦੀ ਬਜਾਇ ਉਸਦੇ ਘਰ ਨੂੰ ਢਹਿ-ਢੇਰੀ ਕਰਨ ਦੇ ਗੈਰ ਕਾਨੂੰਨੀ ਅਤੇ ਮੁਲਕ ਵਿਚ ਨਫ਼ਰਤ ਪੈਦਾ ਕਰਨ ਵਾਲੀ ਘੱਟ ਗਿਣਤੀ ਵਿਰੁੱਧ ਕਾਰਵਾਈਆ ਦੀ ਨਿਖੇਧੀ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਜਿਸ ਵਿਦਿਆਰਥੀ ਨੂੰ ਨੁਕਸਾਨ ਪਹੁੰਚਿਆ ਹੈ, ਉਸ ਲਈ ਸਾਡੀ ਹਮਦਰਦੀ ਹੈ, ਪਰ ਇਸ ਵਿਸੇ ਉਤੇ ਕਾਨੂੰਨੀ ਅਮਲ ਹੋਣਾ ਚਾਹੀਦਾ ਹੈ ਨਾ ਕਿ ਸਰਕਾਰਾਂ, ਨਿਜਾਮ ਅਤੇ ਬਹੁਗਿਣਤੀ ਵੱਲੋਂ ਮੰਦਭਾਵਨਾ ਅਧੀਨ ਮੁਸਲਿਮ ਵਿਦਿਆਰਥੀ ਦੇ ਘਰ ਨੂੰ ਢਾਹੁੰਦੇ ਹੋਏ ਨਫ਼ਰਤ ਪੈਦਾ ਕੀਤੀ ਜਾ ਰਹੀ ਹੈ।ਮਾਨ ਨੇ ਕਲਕੱਤਾ ਵਿਖੇ ਰੇਲਵੇ ਵਿਭਾਗ ਦੇ ਇਕ ਸਿੱਖ ਅਧਿਕਾਰੀ ਵੱਲੋਂ ਆਪਣੀ ਡਿਊਟੀ ਇਮਾਨਦਾਰੀ ਨਾਲ ਪੂਰੀ ਕਰਦੇ ਸਮੇ ਬਹੁਗਿਣਤੀ ਲੋਕਾਂ ਵੱਲੋ ਹਮਲਾ ਕਰਕੇ ਉਸਦੀ ਕੁੱਟਮਾਰ ਕਰਨ ਅਤੇ ਉਸਦੇ ਕਕਾਰਾਂ, ਦਾੜ੍ਹੀ, ਕੇਸਾਂ ਦੀ ਬੇਅਦਬੀ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਕਿਹਾ ਕਿ ਇਹ ਕਾਰਵਾਈ ਤਾਂ ਬਿਲਕੁਲ ਜੰਗਲ ਦੇ ਰਾਜ ਵਾਲੀ ਅਤੇ ਮੁਲਕ ਵਿਚ ਰਹਿਣ ਵਾਲੀਆ ਘੱਟ ਗਿਣਤੀ ਕੌਮਾਂ ਨੂੰ ਮੁਤੱਸਵੀ ਸੋਚ ਅਧੀਨ ਜ਼ਬਰ ਜੁਲਮ ਢਾਹੁਣ ਵਾਲੀ ਹੈ।

## ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਰੋਸ ਮਾਰਚ




**ਕੋਟ ਈਸੇ ਖਾਂ (ਅਰੋੜਾ)**-ਕਲਕੱਤਾ ਵਿਖੇ ਇੱਕ ਹਸਪਤਾਲ ਵਿੱਚ ਡਿਊਟੀ ਕਰ ਰਹੀ ਮਹਿਲਾ ਸਿਖਿਆਰਥੀ ਡਾਕਟਰ ਨਾਲ ਹੋਏ ਬਲਾਤਕਾਰ ਤੇ ਦਰਦਨਾਕ ਹੱਤਿਆ ਦੇ ਰੋਸ ਵਿੱਚ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਸਿਹਤ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਸਿਵਲ ਹਸਪਤਾਲ ਤੋਂ ਮੇਨ ਚੌਕ ਤੱਕ ਰੋਸ ਮਾਰਚ ਕੱਢਿਆ ਗਿਆ। ਇਸ ਸਮੇਂ ਮਲਟੀ ਪਰਪਜ ਹੈਲਥ ਇੰਪਲਾਈਜ ਯੂਨੀਅਨ, ਸੀਐਚਓ ਯੂਨੀਅਨ, ਆਸ਼ਾ ਫੈਸਲੀਟੇਟਰ ਤੇ ਆਸ਼ਾ ਵਰਕਰ ਯੂਨੀਅਨ ਵੱਲੋਂ ਸਾਂਝੇ ਤੌਰ ’ਤੇ ਸ਼ਮੂਲੀਅਤ ਕੀਤੀ ਗਈ।

ਇਸ ਸਮੇਂ ਬੋਲਦੇ ਹੋਏ ਹੈਲਥ ਸੁਪਰਵਾਈਜ਼ਰ ਜਤਿੰਦਰ ਸੂਦ, ਮੁੱਖ ਸਲਾਹਕਾਰ ਦਵਿੰਦਰ ਸਿੰਘ ਤੂਰ, ਬਲਾਕ ਪ੍ਰਧਾਨ ਪਰਮਿੰਦਰ ਕੁਮਾਰ, ਸੀਐਚਓ ਪ੍ਰਿਅੰਕਾ ਗਰੋਵਰ, ਸਿਮਰਨਜੀਤ ਕੌਰ ਸਿਮੀ, ਗੁਰਨਾਮ ਸਿੰਘ, ਡਾਕਟਰ ਲਖਵੀਰ ਬਾਵਾ ਨੇ ਹੋਈ ਇਸ ਦਰਦਨਾਕ ਘਟਨਾ ’ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਸਰਕਾਰ ਨੂੰ ਅਪੀਲ ਕੀਤੀ ਕਿ ਕਲਕੱਤਾ ਤੇ ਉੱਤਰਾਖੰਡ ਵਿੱਚ ਹੋਏ ਬਲਾਤਕਾਰ ਅਤੇ ਹੱਤਿਆ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ ਤੇ ਹਸਪਤਾਲਾਂ ਵਿੱਚ ਕੰਮ ਕਰਦੇ ਸਟਾਫ਼ ਦੀ ਸੁਰੱਖਿਆ ਦੇ ਪੂਰੇ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਸਮੇਂ ਸਿਹਤ ਵਿਭਾਗ ਦੀਆਂ ਜਥੇਬੰਦੀਆਂ ਵੱਲੋਂ ਸਿਵਲ ਹਸਪਤਾਲ ਤੋਂ ਮੇਨ ਚੌਕ ਤੱਕ ਸ਼ਾਂਤਮਈ ਰੋਸ ਮਾਰਚ ਵੀ ਕੱਢਿਆ ਗਿਆ ਅਤੇ ਮ੍ਰਿਤਕ ਡਾਕਟਰ ਦੀ ਆਤਮਾ ਦੀ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਵੀ ਧਾਰਨ ਕੀਤਾ ਗਿਆ।

## ਭਾਰਤੀ ਕਿਸਾਨ ਯੂਨੀਅਨ ਏਕਤਾ ਵੱਲੋਂ ਝੰਡੇਵਾਲ ਤੇ ਚੜਿੱਕ ’ਚ ਮੀਟਿੰਗਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਪਿੰਡ ਮੀਟਿੰਗਾਂ ਦੀ ਵਿੱਢੀ ਮੁਹਿੰਮ ਤਹਿਤ ਬਲਾਕ ਮੋਗਾ-1 ਦੇ ਪਿੰਡਾਂ ਝੰਡੇਵਾਲਾ ਤੇ ਚੜਿੱਕ ਵਿੱਚ ਬਲਾਕ ਪ੍ਰਧਾਨ ਜਗਜੀਤ ਸਿੰਘ ਮੱਦੋਕੇ ਦੀ ਪ੍ਰਧਾਨਗੀ ਹੇਠ ਮੀਟਿੰਗਾਂ ਕਰਵਾਈਆਂ ਗਈਆਂ। ਇਨ੍ਹਾਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ, ਜਿਸ ਨੇ ਲੋਕਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ। ਜਿਵੇਂ ਕਿਸਾਨ ਪੱਖੀ ਨਵੀਂ ਖੇਤੀ ਨੀਤੀ ਤੁਰੰਤ ਲਿਆਂਦੀ ਜਾਵੇਗੀ, ਪੰਜਾਬ ਵਿੱਚ ਨਸ਼ਾ ਜੜ੍ਹ ਤੋਂ ਖ਼ਤਮ ਕੀਤਾ ਜਾਵੇਗਾ, ਕਿਰਤੀ ਲੋਕਾਂ ਦੀਆਂ ਹੱਕੀ ਮੰਗਾਂ ਤੁਰੰਤ ਮੰਨੀਆਂ ਜਾਣਗੀਆਂ ਆਦਿ ਸਮੇਤ ਕੋਈ ਵੀ ਵਾਅਦਾ ਵਫ਼ਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਵੀ ਸਾਬਿਤ ਕਰ ਦਿੱਤਾ ਕਿ ਸਰਕਾਰ ਕੋਈ ਵੀ ਹੋਵੇ, ਇਹ ਸਿਰਫ਼ ਧਨਾਢ ਕਾਰਪੋਰੇਟਾਂ ਦੀ ਹੀ ਚਾਕਰੀ ਕਰਦੀਆਂ ਹਨ। ਬਲਾਕ ਆਗੂ ਜਗਸੀਰ ਸਿੰਘ ਪੱਪੂ ਦੌਧਰ ਤੇ ਲਖਵੀਰ ਸਿੰਘ ਚੜਿੱਕ ਨੇ ਕਿਹਾ ਕਿ ਕਿਸਾਨਾਂ ਮਜ਼ਦੂਰਾਂ ਕੋਲ ਇਨਸਾਫ਼ ਤੇ ਆਪਣੇ ਹੱਕ ਪ੍ਰਾਪਤ ਕਰਨ ਲਈ ਇਕੋ ਇੱਕ ਸੰਘਰਸ਼ ਦਾ ਰਾਹ ਹੈ, ਇਸੇ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਨਵੀਂ ਖੇਤੀ ਨੀਤੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ਿਆਂ, ਖੇਤੀ ਤੇ ਕੁਦਰਤੀ ਆਫ਼ਤਾਂ ਅਤੇ ਮਾੜੇ ਬੀਜ ਸਪ੍ਰੇਅ ਨਾਲ ਹੁੰਦੇ ਨੁਕਸਾਨ, ਨਸ਼ਿਆਂ ਤੇ ਕਰਜ਼ ਕਾਰਨ ਹੋਈਆਂ ਖੁਦਕੁਸ਼ੀਆਂ ਸਮੇਤ ਹੋਰ ਮੰਗਾਂ ਮਨਵਾਉਣ ਸਬੰਧੀ 27 ਅਗਸਤ ਤੋਂ 31 ਅਗਸਤ ਤੱਕ ਦਿਨ-ਰਾਤ ਮੋਰਚੇ ਤਹਿਤ ਡੀ ਸੀ ਦਫ਼ਤਰ ਮੋਗਾ ਸਾਹਮਣੇ ਮੋਰਚੇ ਵਿੱਚ ਵੱਡੀ ਗਿਣਤੀ ਸ਼ਾਮਲ ਹੋਣਾ ਹੈ ਤਾਂ ਕਿ ਕਿਸਾਨਾਂ ਮਜ਼ਦੂਰਾਂ ਕਿਰਤੀ ਲੋਕਾਂ ਦੀਆਂ ਹੱਕੀ ਮੰਗਾਂ ਮਨਵਈਆਂ ਜਾ ਸਕਣ। ਇਸ ਸਮੇਂ ਉਕਤ ਤੋਂ ਇਲਾਵਾ ਨੱਛਤਰ ਸਿੰਘ ਝੰਡੇਵਾਲ, ਗੁਰਦੇਵ ਸਿੰਘ ਚੜਿੱਕ, ਜਸਵਿੰਦਰ ਸਿੰਘ, ਅਜੈਬ ਸਿੰਘ, ਮਹਿੰਦਰ ਕੌਰ, ਜੋਗਿੰਦਰ ਸਿੰਘ, ਬਿੱਕਰ ਸਿੰਘ, ਲਾਹੌਰਾਂ ਸਿੰਘ, ਸੁਲੱਖਣ ਸਿੰਘ, ਗਿਰਜੰਟ ਸਿੰਘ, ਅਵਤਾਰ ਸਿੰਘ, ਹਰਬੰਸ ਕੌਰ, ਮੂਰਤੀ ਦੇਵੀ, ਅਮਰਜੀਤ ਕੌਰ, ਜਵਿੰਦਰ ਕੌਰ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਦਾਣਾ ਮੰਡੀ ਦੀਆਂ ਸਮੱਸਿਆਵਾਂ ਸੰਬੰਧੀ ਚੇਅਰਮੈਨ ਨੂੰ ਲਿਖਿਆ ਪੱਤਰ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਇੱਥੋਂ ਦੀ ਆੜ੍ਹਤੀਆ ਐਸੋਸੀਏਸ਼ਨ ਨੇ ਧੂਰੀ ਦੀ ਅਨਾਜ ਮੰਡੀ ਨਾਲ ਸਬੰਧਤ ਮੰਗਾਂ ਮਸਲਿਆਂ ਨੂੰ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਕੋਲ ਉਠਾਉਣ ਦਾ ਫੈਸਲਾ ਲਿਆ ਹੈ।ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਦੀਆਂ ਸਾਂਝੀਆਂ ਸਮੱਸਿਆਵਾਂ ਸਬੰਧੀ ਗੰਭੀਰ ਵਿਚਾਰਾਂ ਕਰਨ ਮਗਰੋਂ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ, ਆਗੂ ਜਾਗ ਸਿੰਘ ਭੁੱਲਰਹੇੜੀ ਤੇ ਵਿਨੋਦ ਕੁਮਾਰ ਨੇ ਚੇਅਰਮੈਨ ਨੂੰ ਲਿਖੇ ਪੱਤਰ ਸਬੰਧੀ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਸ਼ਹਿਰ ਦੀ ਵਿਸ਼ਾਲ ਦਾਣਾ ਮੰਡੀ ਜੋ ਇਲਾਕੇ ਦੇ ਦਰਜਨਾਂ ਪਿੰਡਾਂ ਦੇ ਕਿਸਾਨਾਂ ਦਾ ਕੇਂਦਰ ਬਿੰਦੂ ਹੈ, ਵਿੱਚ ਚਾਰਦੀਵਾਰੀ ਦੀ ਅਣਹੋਂਦ ਹੈ।ਆਗੂਆਂ ਅਨੁਸਾਰ ਚਾਰਦੀਵਾਰੀ ਦੀ ਘਾਟ ਕਾਰਨ ਬੇਸਹਾਰਾ ਪਸ਼ੂ ਕਿਸਾਨਾਂ ਦੀ ਫਸਲ ਨੂੰ ਨੁਕਸਾਨ ਪਹੁੰਚਾਉਂਦੇ ਹਨ ਤੇ ਸੀਜ਼ਨ ਦੇ ਦਿਨਾਂ ਵਿੱਚ ਚੋਰਾਂ ਵੱਲੋਂ ਫਸਲ ਚੋਰੀ ਦੇ ਮਾਮਲੇ ਅਕਸਰ ਸਾਹਮਣੇ ਆਉਂਦੇ ਰਹਿੰਦੇ ਹਨ।ਇਸ ਕਰਕੇ ਚਾਰਦੀਵਾਰੀ ਲਈ ਗਰਾਂਟ ਦੀ ਮੰਗ ਕੀਤੀ ਗਈ।ਪ੍ਰਧਾਨ ਸਮਰਾ ਨੇ ਨਾਜਾਇਜ਼ ਕਬਜ਼ਿਆਂ ਕਾਰਨ ਫੜ੍ਹਾਂ ਦੀ ਘਾਟ ਦਾ ਜ਼ਿਕਰ ਕਰਦਿਆਂ ਸਦਰ ਬਾਜ਼ਾਰ ਧੂਰੀ ਤੋਂ ਦੋਹਲਾ ਦਰਵਾਜ਼ਾ ਅਧੂਰੀ ਰੋਡ ਦਾ ਕੰਮ ਕਰਵਾਉਣ ਦੀ ਮੰਗ ਵੀ ਕੀਤੀ।ਉਨ੍ਹਾਂ ਕਿਸਾਨਾਂ ਦੀ ਸਹੂਲਤ ਲਈ ਖਰੀਦ ਕੇਂਦਰ ਵਿੱਚ ‘ਕਿਸਾਨ ਅਰਾਮ ਘਰ’ ਬਣਾਉਣ ਤੇ ਮੰਡੀ ਵਿੱਚ ਪਖਾਨਿਆਂ ਦੀ ਘਾਟ ਪੂਰੀ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਸਬੰਧੀ ਮੰਡੀ ਬੋਰਡ ਦੇ ਚੇਅਰਮੈਨ ਨੂੰ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਇਹ ਸਮੱਸਿਆਵਾਂ ਜਲਦੀ ਹੱਲ ਕਰਨ ਦੀ ਅਪੀਲ ਕੀਤੀ।

## ਮਹਿਲਾ ਡਾਕਟਰ ਨਾਲ ਜਬਰ ਜ਼ਨਾਹ ਮਗਰੋਂ ਹੱਤਿਆ ਦੀ ਨਿਖੇਧੀ ਤੇ ਡਾਕਟਰਾਂ ਦੇ ਸੰਘਰਸ਼ ਦਾ ਸਮਰਥਨ



**ਦੋਰਾਹਾ (ਹਰਮਿੰਦਰ ਸੇਠ)**

ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਤੇ ਕੁੱਲ ਹਿੰਦ ਕਿਸਾਨ ਫੈਡਰੇਸ਼ਨ ਨੇ ਕੋਲਕਾਤਾ ਵਿਖੇ ਮਹਿਲਾ ਟਰੇਨੀ ਡਾਕਟਰ ਨਾਲ ਜਬਰ ਜਨਾਹ ਮਗਰੋਂ ਹੱਤਿਆ ਦੀ ਘਿਨਾਉਣੀ ਹਰਕਤ ਦੀ ਸਖਤ ਨਿਖੇਧੀ ਤੇ ਦੁੱਖ ਪ੍ਰਗਟ ਕੀਤਾ ਹੈ। ਪੋਸਟ ਮਾਰਟਮ ਰਿਪੋਰਟ ਵਿੱਚ ਬਲਾਤਕਾਰ ਤੇ ਗਲਾ ਘੁੱਟ ਕੇ ਮਾਰਨ ਦੀ ਪੁਸ਼ਟੀ ਕੀਤੀ ਗਈ ਹੈ। ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਦੇ ਕੌਮੀ ਜਨਰਲ ਸਕੱਤਰ ਕੁਲਦੀਪ ਸਿੰਘ ਅਤੇ ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਪ੍ਰਧਾਨ ਪ੍ਰੇਮ ਸਿੰਘ ਭੰਗੂ ਨੇ ਦੇਸ਼ ਅੰਦਰ ਵੱਧ ਰਹੀਆਂ ਅਜਿਹੀਆਂ ਘਟਨਾਵਾਂ ਪ੍ਰਤੀ ਸਰਕਾਰ ਨੇ ਅਗਰ ਚੌਕਸੀ ਵਰਤੀ ਹੁੰਦੀ ਤੇ ਨਿਰਭੈ ਬਲਾਤਕਾਰ ਕਾਂਡ ਅਤੇ ਉਨਾਓ ਸਮੂਹ ਬਲਾਤਕਾਰ ਕਾਂਡ ਤੋ ਸਬਕ ਸਿਖੇ ਹੁੰਦੇ ਅਤੇ ਔਰਤਾਂ ਲਈ ਕਰੜੇ ਸੁਰੱਖਿਆ ਪ੍ਰਬੰਧ ਕੀਤੇ ਹੁੰਦੇ ਤਾਂ ਅੱਜ ਕੋਲਕਾਤਾ ਵਰਗੀ ਘਿਨਾਉਣੀ ਹਰਕਤ ਨਾ ਵਪਰਦੀ। ਮਹਿਲਾ ਡਾਕਟਰ ਨਾਲ ਕੀਤੇ ਇਸ ਘਿਨਾਉਣੇ ਅਪਰਾਧ ਵਿਰੁੱਧ ਦੇਸ਼ ਭਰ ਦੇ ਡਾਕਟਰਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੀ ਐਮ ਸੀ ਪੀ (ਯੂ) ਅਤੇ ਏ ਆਈ ਕੇ ਐਫ ਡਟ ਕੇ ਸਮਰਥਨ ਕਰਦੀ ਹੈ ਤੇ ਨਾਲ ਹੀ ਆਪਣੇ ਕੇਡਰ ਨੂੰ ਡਾਕਟਰਾਂ ਦੇ ਇਸ ਸੰਘਰਸ਼ ਨੂੰ ਸਫਲ ਕਰਨ ਲਈ ਇਸ ਸੰਘਰਸ਼ ਨਾਲ ਜੁਟਣ ਦੀ ਅਪੀਲ ਵੀ ਕੀਤੀ ਹੈ ਅਤੇ ਨਾਲ ਹੀ ਸਰਕਾਰ ਨੂੰ ਸਮੂਹ ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ ਹੈ।

## ਡੀ ਏ ਵੀ ਪਬਲਿਕ ਸਕੂਲ ਵੇਦ ਪ੍ਰਚਾਰ ਸਪਤਾਹ ਦੀ ਸ਼ੁਰੂਆਤ ਕੀਤੀ




**ਮਲੋਟ (ਗੁਰਮੀਤ ਸਿੰਘ ਮੱਕੜ)**-ਡੀ.ਏ.ਵੀ ਪਬਲਿਕ ਸਕੂਲ ਵੱਲੋਂ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਦੇ ਦਿਸ਼ਾਂ-ਨਿਰਦੇਸ਼ਾਂ ਅਨੁਸਾਰ ਵੇਦ ਪ੍ਰਚਾਰ ਸਪਤਾਹ ਦੀ ਸ਼ੁਰੂਆਤ ਕੀਤੀ ਗਈ। ਵੇਦ ਪ੍ਰਚਾਰ ਹਫ਼ਤੇ ਦੀ ਸ਼ੁਰੂਆਤ ਵੈਦਿਕ ਹਵਨ ਯੱਗ ਨਾਲ ਹੋਈ। ਮੁੱਖ ਮੇਜ਼ਬਾਨ ਦੀ ਭੂਮਿਕਾ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਨਿਭਾਈ। ਇਸ ਮੌਕੇ ’ਤੇ ਰਾਮ ਚੰਦਰ ਸ਼ਾਸ਼ਤਰੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਵੇਦ ਭਗਵਾਨ ਦੇ ਸ਼ਬਦ ਹਨ। ਵੇਦਾਂ ਵਿਚ ਅਸੀਂ ਸਾਰੀ ਮਨੁੱਖਤਾ ਦੀ ਭਲਾਈ ਦੀ ਕਾਮਨਾ ਕਰਦੇ ਹਾਂ, ਇਸ ਲਈ ਸਾਨੂੰ ਆਪਣੇ ਜੀਵਨ ਵਿੱਚੋਂ ਮੋਹ, ਨਫ਼ਰਤ, ਮੋਹ, ਭਰਮ, ਦੁੱਖ ਆਦਿ ਭੈੜੀਆਂ ਭਾਵਨਾਵਾਂ ਨੂੰ ਦੂਰ ਕਰਨਾ ਚਾਹੀਦਾ ਹੈ ਤੇ ਆਪਣੇ ਮਾਤਾ-ਪਿਤਾ ਦੀ ਮਿਹਨਤ ਅਤੇ ਲਗਨ ਨਾਲ ਸੇਵਾ ਕਰਕੇ ਆਪਣੇ ਜੀਵਨ ਵਿਚ ਅੱਗੇ ਵਧਣਾ ਚਾਹੀਦਾ ਹੈ। ਇਸ ਮੌਕੇ ’ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਕਿਹਾ ਕਿ ਹਰ ਬੱਚੇ ਨੂੰ ਆਪਣੇ ਮਨ, ਬਚਨ ਅਤੇ ਕਰਮ ਨਾਲ ਪ੍ਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ ਅਤੇ ਸਾਰੇ ਮੰਤਰਾਂ ਵਿੱਚੋਂ ਗਾਇਤਰੀ ਮੰਤਰ ਸਭ ਤੋਂ ਉੱਤਮ ਹੈ, ਇਸ ਮੰਤਰ ਵਿਚ ਪ੍ਰਮਾਤਮਾ ਤੋਂ ਬੁੱਧੀ ਮੰਗੀ ਗਈ ਹੈ ਅਤੇ ਬੁੱਧੀ ਨਾਲ ਹੀ ਇਨਸਾਨ ਮਹਾਨ ਬਣ ਜਾਂਦਾ ਹੈ ਅਤੇ ਹਮੇਸ਼ਾਂ ਆਪਣੇ ਜੀਵਨ ਨੂੰ ਅੱਗੇ ਤੋਰਦਾ ਰਹਿੰਦਾ ਹੈ, ਜਿਸ ਕੋਲ ਬੁੱਧੀ ਹੈ ਉਸ ਕੋਲ ਸਭ ਕੁੱਝ ਹੈ, ਜਿਸ ਕੋਲ ਬੁੱਧੀ ਨਹੀਂ ਹੈ, ਉਸ ਕੋਲ ਸਭ ਕੁਝ ਹੋਣ ਦੇ ਬਾਵਜੂਦ ਕੁੱਝ ਵੀ ਨਹੀਂ ਹੈ, ਇਸ ਲਈ ਸਾਰਿਆਂ ਨੂੰ ਗਾਇਤਰੀ ਮੰਤਰ ਦਾ ਜਾਪ ਕਰਨਾ ਚਾਹੀਦਾ ਹੈ ਤਾਂ ਜੁ ਅਸੀਂ ਆਪਣੇ ਨਾਲ-ਨਾਲ ਦੂਜਿਆਂ ਨੂੰ ਵੀ ਲਾਭ ਪਹੁੰਚਾ ਸਕੀਏ। ਇਸ ਮੌਕੇ ’ਤੇ ਅਧਿਆਪਕ ਅਭਿਮਨਿਊ ਕੁਮਾਰ ਅਤੇ ਪੂਨਮ ਦੀ ਅਗਵਾਈ ਹੇਠ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਮੰਤਰ ਪਾਠ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ।

## ਪ੍ਰਾਪਰਟੀ ਡੀਲਰਾਂ ਵੱਲੋਂ ਕੁਲੈਕਟਰ ਰੇਟ ਨਾ ਵਧਾਉਣ ਦੀ ਮੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁਕਤਸਰ ਦੇ ਪ੍ਰਾਪਰਟੀ ਡੀਲਰਾਂ ਤੇ ਕਾਲੋਨਾਈਜ਼ਰਾਂ ਨੇ ਕੁਲੈਕਟਰ ਰੇਟ ਨਾ ਵਧਾਉਣ ਦੀ ਮੰਗ ਨੂੰ ਲੈ ਕੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਮੰਗ ਪੱਤਰ ਦਿੱਤਾ।ਪ੍ਰਾਪਰਟੀ ਡੀਲਰ ਯੂਨੀਅਨ ਦੇ ਪ੍ਰਧਾਨ ਅਸ਼ੋਕ ਕੁਮਾਰ ਤੇ ਕਰਮਜੀਤ ਸਿੰਘ ਭੰਮ ਨੇ ਦੱਸਿਆ ਕਿ ਮੁਕਤਸਰ ਪ੍ਰਸ਼ਾਸਨ ਵੱਲੋਂ ਪਿਛਲੇ ਸਾਲ ਮਈ 2023 ਵਿੱਚ ਕੁਲੈਕਟਰ ਰੇਟ 50 ਤੋਂ 80 ਪ੍ਰਤੀਸ਼ਤ ਤੱਕ ਕੁਲੈਕਟਰ ਰੇਟ ਦਾ ਵਾਧਾ ਕੀਤਾ ਗਿਆ ਸੀ, ਜਿਸ ਕਰਕੇ ਜਾਇਦਾਦਾਂ ਦੇ ਰੇਟ ਬਹੁਤ ਵਧ ਗਏ ਤੇ ਖਰੀਦਦਾਰੀ ਘਟ ਗਈ।ਇਸ ਤੋਂ ਬਿਨਾਂ ਐੱਨ. ਓ. ਸੀ. ਨਾ ਮਿਲਣ ਕਰਕੇ ਵੀ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਅਜਿਹੇ ਹਾਲਤਾਂ ਵਿੱਚ ਜੇਕਰ ਹੁਣ ਫਿਰ ਕੁਲੈਕਟਰ ਰੇਟ ਵਧ ਗਏ ਤਾਂ ਜਾਇਦਾਦਾਂ ਦਾ ਕਾਰੋਬਾਰ ਠੱਪ ਹੋ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਇਸ ਵਾਰ ਕੁਲੈਕਟਰ ਰੇਟਾਂ ’ਚ ਵਾਧਾ ਨਾ ਕੀਤਾ ਜਾਵੇ।ਵਫ਼ਦ ਵਿੱਚ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਐੱਮ ਸੀ, ਸੁਰਜੀਤ ਸਿੰਘ ਧੀਮਾਨ, ਸ਼ਮਸ਼ੇਰ ਸਿੰਘ ਹੋਰੀਂ ਵੀ ਸ਼ਾਮਲ ਸਨ।ਡਿਪਟੀ ਕਮਿਸ਼ਨਰ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਹ ਇਸ ਸਬੰਧੀ ਬਣਦੀ ਕਾਰਵਾਈ ਕਰਨਗੇ।

## ਭਰਗਾ ਨੰਦ ਦਾ ਨਾਵਲ ‘ਸੂਰਜ ਤਪ ਕਰਦਾ’ ਤੇ ਪੁਸਤਕ ‘ਬਾਤਾਂ’ ਰਿਲੀਜ਼ ਸਮਾਗਮ



**ਬਠਿੰਡਾ (ਬਖਤੌਰ ਢਿੱਲੋਂ)**-ਸਾਹਿਤ ਜਾਗ੍ਰਿਤੀ ਸਭਾ ਬਠਿੰਡਾ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਸਥਾਨਕ ਟੀਚਰਜ਼ ਹੋਮ ਵਿਖੇ ਨਾਵਲਕਾਰ ਭਰਗਾ ਨੰਦ ਲੌਂਗੋਵਾਲ ਦੇ ਇਤਿਹਾਸਕ ਨਾਵਲ ‘ਸੂਰਜ ਤਪ ਕਰਦਾ’ ਅਤੇ ਲੋਕ ਕਥਾਵਾਂ ‘ਬਾਤਾਂ’ ਦਾ ਲੋਕ ਅਰਪਣ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਵਿਦਵਾਨ ਲੇਖਕ ਭੀਮਇੰਦਰ ਸਿੰਘ ਡਾਇਰੈਕਟਰ ਵਰਲਡ ਪੰਜਾਬੀ ਸੈਂਟਰ, ਪਟਿਆਲਾ ਨੇ ਕੀਤੀ। ਪ੍ਰਵਾਸੀ ਸ਼ਾਇਰ ਜਸਪਾਲ ਸਿੰਘ ਦੇਸੂਵੀ ਮੁੱਖ ਮਹਿਮਾਨ ਦੇ ਤੌਰ ’ਤੇ ਸ਼ਾਮਲ ਹੋਏ। ਗੁਰਦੇਵ ਖੋਖਰ ਅਤੇ ਜਸਪਾਲ ਮਾਨਖੇੜਾ ਨੇ ਮੁੱਖ ਬੁਲਾਰਿਆਂ ਦੇ ਤੌਰ ’ਤੇ ਚਰਚਾ ਕੀਤੀ। ਸਭਾ ਦੇ ਪ੍ਰਧਾਨ ਅਮਰਜੀਤ ਸਿੰਘ ਜੀਤ ਨੇ ਜੀ ਆਇਆਂ ਕਿਹਾ। ਇਸ ਉਪਰੰਤ ਬਠਿੰਡਾ ਖ਼ਬਰਨਾਮਾ ਦੇ ਸੰਪਾਦਕ ਧਰਮ ਚੰਦਰ ਨੇ ਨਾਵਲ ਦੇ ਲੇਖਕ ਭਰਗਾ ਨੰਦ ਦੇ ਜੀਵਨ ਅਤੇ ਉਨ੍ਹਾਂ ਦੀ ਸਮਾਜ ਪ੍ਰਤੀ ਸੇਵਾ ਬਾਰੇ ਚਾਨਣਾ ਪਾਇਆ। ਗੁਰਦੇਵ ਖੋਖਰ ਅਤੇ ਜਸਪਾਲ ਮਾਨਖੇੜਾ ਨੇ ਕਿਹਾ ਕਿ ਇਹ ਕੇਵਲ ਨਾਵਲ ਨਹੀਂ ਬਲਕਿ ਇੱਕ ਇਤਿਹਾਸਕ ਦਸਤਾਵੇਜ਼ ਹੈ। ਜਸਪਾਲ ਦੇਸੂਵੀ ਨੇ ਕਿਹਾ ਕਿ ਇਹ ਨਾਵਲ ਜੀਵਨ ਜਾਂਚ ਸਿਖਾਉਣ ਵਿੱਚ ਸਹਾਈ ਹੋਵੇਗਾ। ਭਾਸ਼ਾ ਅਫ਼ਸਰ ਬਠਿੰਡਾ ਕਿਰਤੀ ਕ੍ਰਿਪਾਲ ਅਤੇ ਜਸਪਾਲ ਜੱਸੀ ਨੇ ਵੀ ਆਪਣੇ ਵਿਚਾਰ ਰੱਖੇ। ਇਸ ਤੋਂ ਬਾਅਦ ਹੋਏ ਕਵੀ ਦਰਬਾਰ ਵਿੱਚ ਸੁਰਿੰਦਰਪ੍ਰੀਤ ਘਣੀਆਂ, ਅਮਰਜੀਤ ਸਿੰਘ ਜੀਤ, ਰੂਪ ਚੰਦ ਸ਼ਰਮਾ, ਮਨਜੀਤ ਬਠਿੰਡਾ, ਜਸਪਾਲ ਜੱਸੀ, ਦਵੀ ਸਿੱਧੂ, ਵੀਰਪਾਲ ਕੌਰ ਮੋਹਲ, ਰਜਨੀ ਸ਼ਰਮਾ, ਹਰਦਰਸ਼ਨ ਸੋਹਲ, ਨਛੱਤਰ ਸਿੰਘ ਝੁੱਟੀ ਕਾ, ਇਕਬਾਲ ਸਰਾਂ, ਦਮਜੀਤ ਦਰਸ਼ਨ, ਸਿਕੰਦਰ ਚੰਦਭਾਨ, ਗੁਰਸੇਵਕ ਬੀੜ, ਅਮਨ ਦਾਤੇਵਾਸੀਆ, ਕ੍ਰਿਸ਼ਨ ਸੇਠੀ, ਹਿਤਾ ਸ਼ਰਮਾ ਆਦਿ ਨੇ ਰਚਨਾਵਾਂ ਪੇਸ਼ ਕੀਤੀਆਂ। ਸਮਾਗਮ ਵਿੱਚ ਭਰਗਾ ਨੰਦ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸਾਹਿਤਕਾਰ ਬਲਵਿੰਦਰ ਸਿੰਘ ਭੁੱਲਰ, ਤਰਸੇਮ ਨਰੂਲਾ, ਗੁਰਵਿੰਦਰ ਸਿੰਘ, ਕਾ: ਜਰਨੈਲ ਭਾਈਰੂਪਾ, ਰਣਜੀਤ ਗੌਰਵ, ਰਣਬੀਰ ਰਾਣਾ ਆਦਿ ਵੀ ਮੌਜੂਦ ਸਨ। ਸਟੇਜ ਸਕੱਤਰ ਦੀ ਭੂਮਿਕਾ ਤਰਸੇਮ ਬਸਰ ਨੇ ਨਿਭਾਈ।

## ਮਰਹੂਮ ਕਹਾਣੀਕਾਰ ਸੁਖਜੀਤ ਦੀ ਪੁਸਤਕ ‘ਅੰਤਰਾ’ ਸਿਲੇਬਸ ’ਚ ਲੱਗਣਾ ਫ਼ਖਰ ਵਾਲੀ ਗੱਲ : ਸ਼ਰਮਾ, ਦਵੇਸ਼ਰ



**ਸਮਰਾਲਾ (ਸੁਰਜੀਤ ਸਿੰਘ)**-ਸਾਹਿਤ ਸਭਾ (ਰਜਿ.) ਦੀ ਮਾਸਿਕ ਇਕੱਤਰਤਾ ਸਭਾ ਦੇ ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਮਰਾਲਾ ਵਿਖੇ ਹੋਈ।ਇਕੱਤਰਤਾ ਵਿੱਚ ਉੱਘੇ ਸਾਹਿਤਕਾਰ, ਆਲੋਚਕ, ਚਿੰਤਕ ਸੁਰਿੰਦਰ ਕੁਮਾਰ ਦਵੇਸ਼ਰ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ।ਮੀਟਿੰਗ ਦਾ ਆਰੰਭ ਐਡਵੋਕੇਟ ਨਰਿੰਦਰ ਸ਼ਰਮਾ ਨੇ ਸਾਥੀਆਂ ਨਾਲ ਵੱਡੀ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਸਭਾ ਦੇ ਬਾਨੀ ਚੇਅਰਮੈਨ ਮਰਹੂਮ ਕਹਾਣੀਕਾਰ ਸੁਖਜੀਤ ਦੀ ਪੁਸਤਕ ‘ਅੰਤਰਾ’ ਨੂੰ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ (ਬਠਿੰਡਾ) ਦੇ ਪੰਜਾਬੀ ਵਿਭਾਗ ਵੱਲੋਂ ਐਮ. ਏ. (ਪੰਜਾਬੀ) ਦੇ ਸਿਲੇਬਸ ਵਿੱਚ ਚੁਣ ਲਿਆ ਗਿਆ ਹੈ, ਜੋ ਸਭਾ ਤੇ ਸਮਰਾਲਾ ਇਲਾਕੇ ਲਈ ਵੱਡੇ ਮਾਣ ਦੀ ਗੱਲ ਹੈ।ਉਪਰੰਤ ਉਨ੍ਹਾਂ ਦੀ ਕਹਾਣੀ ‘ਅੰਤਰਾ’ ਉੱਤੇ ਹਾਜ਼ਰ ਸਾਥੀਆਂ ਵੱਲੋਂ ਨਿੱਠ ਕੇ ਵਿਚਾਰ-ਚਰਚਾ ਕੀਤੀ ਗਈ।ਵਿਚਾਰ ਚਰਚਾ ਵਿੱਚ ਇਸ ਕਹਾਣੀ ਨੂੰ ਸਾਥੀਆਂ ਵੱਲੋਂ ਆਪਣੇ ਆਪਣੇ ਦ੍ਰਿਸ਼ਟੀਕੋਣ ਤੋਂ ਵਿਚਾਰਿਆਂ ਅਤੇ ਉੱਚ ਕੋਟੀ ਦੀ ਰਚਨਾ ਕਿਹਾ।ਚਰਚਾ ’ਚ ਭਾਗ ਲੈਂਦਿਆਂ ਸੁਰਿੰਦਰ ਕੁਮਾਰ ਦਵੇਸ਼ਰ ਨੇ ਕਿਹਾ ਕਿ ਸੁਖਜੀਤ ਕੋਲ ਜੀਵਨ ਦਰਸ਼ਨ ’ਤੇ ਰੱਜ ਕੇ ਕੀਤੀ ਹੋਈ ਸਾਹਿਤ ਸਾਧਨਾ ਸੀ, ਜਿਸ ਕਰਕੇ ‘ਅੰਤਰਾ’ ਵਰਗੀਆਂ ਫ਼ਲਸਫੇ ਭਰਪੂਰ ਕਹਾਣੀਆਂ ਪਾਠਕਾਂ ਤੱਕ ਪਹੁੰਚੀਆਂ।ਜ਼ਿਆਦਾਤਰ ਲਿਟਰੇਚਰ ਨੂੰ ਬਾਹਰੋਂ ਫੜਿਆ ਜਾਂਦਾ ਹੈ, ਪਰ ਜਦੋਂ ਤੱਕ ਉਸ ਦੇ ਮੈਟਾਫਰ, ਰੂਪਕ ਅਲੰਕਾਰ ਨੂੰ ਨਹੀਂ ਫੜਿਆ ਜਾਂਦਾ, ਉਦੋਂ ਤੱਕ ਉਸ ਦੇ ਭਾਵ ਅਤੇ ਰਚਨਾਤਮਕ ਸੁਹਜ ਤੱਕ ਨਹੀਂ ਪਹੁੰਚਿਆ ਜਾ ਸਕਦਾ।ਕਹਾਣੀਕਾਰ ਬਲਵਿੰਦਰ ਗਰੇਵਾਲ ਨੇ ਇਸ ਨੂੰ ‘ਦਿਸਦੀ ਮਾਇਆ ਤੇ ਅੰਦਰਲੀ ਮਾਇਆ ਦੇ ਟਕਰਾਅ ਦੀ ਕਹਾਣੀ’ ਬਿਆਨਿਆ।ਐਡਵੋਕੇਟ ਨਰਿੰਦਰ ਸ਼ਰਮਾ ਨੇ ਇਸ ਨੂੰ ਭੂਤ, ਭਵਿੱਖ ਅਤੇ ਵਰਤਮਾਨ ਵਿੱਚ ਵਿਚਰਦੀ, ਮਨੁੱਖੀ ਕਾਮਨਾਵਾਂ ਦੀ ਪੂਰਤੀ ਅਪੂਰਤੀ ਨਾਲ ਬੱਝੀ ਕਾਲ ਅਤੇ ਅਕਾਲ ਮਿਤੂ ਦੇ ਦਵੰਦ ਦੀ ਕਹਾਣੀ ਦੱਸਿਆ।ਇਸ ਤੋਂ ਇਲਾਵਾ ਚਰਚਾ ਵਿੱਚ ਗੁਰਭਗਤ ਸਿੰਘ, ਕਹਾਣੀਕਾਰਾ ਯਤਿੰਦਰ ਮਾਹਲ, ਸੰਦੀਪ ਸਮਰਾਲਾ, ਸਿਮਰਜੀਤ ਸਿੰਘ ਕੰਗ, ਗੁਰਦੀਪ ਸੁਖਜੀਤ, ਅਮਨ ਸਮਰਾਲਾ, ਮੁਖ਼ਤਿਆਰ ਸਿੰਘ ਅਤੇ ਗੁਰਦੀਪ ਮਹੌਣ ਨੇ ਹਿੱਸਾ ਲਿਆ।ਦੂਜੇ ਸੈਸ਼ਨ ਵਿੱਚ ਗੁਰਦੀਪ ਮਹੌਣ ਨੇ ਕਹਾਣੀ ‘ਹਵਾ’ ਤੇ ਮਨਦੀਪ ਸਿੰਘ ਡਡਿਆਣਾ ਨੇ ਕਹਾਣੀ ‘ਗਾਲੜ’ ਸੁਣਾਈ।ਦੋਹਾਂ ਕਹਾਣੀਆਂ ਦਾ ਵਿਸ਼ਾ ਪ੍ਰਵਾਸ ਅਧਾਰਤ ਰਿਹਾ।ਇਨ੍ਹਾਂ ’ਤੇ ਵਿਚਾਰ ਚਰਚਾ ਕਰਦਿਆਂ ਇੰਦਰਜੀਤ ਸਿੰਘ ਕੰਗ, ਗਗਨਦੀਪ ਸ਼ਰਮਾ, ਰੁਪਿੰਦਰ ਰੁਪਾਲ ਨੇ ਨਿੱਠ ਕੇ ਚਰਚਾ ਕੀਤੀ ਅਤੇ ਬਾਕੀ ਸਾਥੀਆਂ ਨੇ ਵੀ ਵਧੀਆ ਸੁਝਾਅ ਦਿੱਤੇ।ਇਤਿਹਾਸਕਾਰ ਸਿਮਰਜੀਤ ਸਿੰਘ ਕੰਗ ਵੱਲੋਂ ਲੇਖ ‘ਕੁਦਰਤੀ ਆਫ਼ਤਾਂ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਯੋਗਦਾਨ’ ਪੜ੍ਹਿਆ ਗਿਆ।ਇਸ ਲੇਖ ਵਿੱਚ ਕੁਦਰਤੀ ਆਫ਼ਤਾਂ ਮੌਕੇ ਮਨੁੱਖੀ ਪਰਉਪਕਾਰ ਦੇ ਫ਼ਲਸਫੇ ’ਤੇ ਚੱਲਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਰਾਹਤ ਕਾਰਜਾਂ ਅਤੇ ਵਿੱਤੀ ਸਹਾਇਤਾ ਦੇ ਅੰਕੜਿਆਂ ਬਾਰੇ ਜਾਣਕਾਰੀ ਦੇਣ ਦੇ ਨਾਲ ਹੀ ਇਨ੍ਹਾਂ ਸਮਿਆਂ ਵਿੱਚ ਮਨੁੱਖਾਂ ਦੇ ਆਪਸੀ ਸਹਿਯੋਗ ਦਾ ਉਸਾਰੂ ਵਰਨਣ ਕੀਤਾ ਗਿਆ।ਇਕੱਤਰਤਾ ਵਿੱਚ ਦਰਸ਼ਨ ਸਿੰਘ ਕੰਗ, ਜੁਆਲਾ ਸਿੰਘ ਥਿੰਦ, ਊਧਮ ਸਿੰਘ, ਸੰਤੋਖ ਸਿੰਘ ਕੋਟਾਲਾ, ਪੰਜਾਬ ਵਿਧਾਨ ਸਭਾ ਪ੍ਰੈਸ ਗੈਲਰੀ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਪੱਤਰਕਾਰ ਨਰੇਸ਼ ਕੁਮਾਰ ਸ਼ਰਮਾ ਅਤੇ ਕੀਰਤ ਕੁਮਾਰ ਸ਼ਰਮਾ ਸ਼ਾਮਿਲ ਹਾਜ਼ਰ ਸਨ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਯਤਿੰਦਰ ਕੌਰ ਮਾਹਲ ਵੱਲੋਂ ਬਾਖੂਬੀ ਨਿਭਾਈ ਗਈ।

## ਏਕਲ ਵਿਦਿਆਲਿਆ ਦੇ ਸੈਂਟਰਾਂ ਨੂੰ ਸਮੱਗਰੀ ਵੰਡੀ



**ਮੱਖੂ (ਰਛਪਾਲ ਸਿੰਘ ਸੰਧੂ)**

ਬਲਾਕ ਮਖੂ ਦੇ ਏਕਲ ਵਿਦਿਆਲਿਆ ਸੈਂਟਰਾਂ ਦੇ ਲਈ ਆਈ ਹੋਈ ਸਮੱਗਰੀ ਬਲਾਕ ਮਖੂ ਦੇ ਸਰਪ੍ਰਸਤ ਡਾ. ਰਜੀਵ ਅਹੂਜਾ ਤੇ ਪ੍ਰਧਾਨ ਅਮਿਤ ਅਰੋੜਾ ਵੱਲੋਂ ਸੈਂਟਰਾਂ ਵਿੱਚ ਸਮੱਗਰੀ ਵੰਡੀ ਗਈ।ਸਰਪ੍ਰਸਤ ਡਾ. ਰਜੀਵ ਅਹੂਜਾ, ਪ੍ਰਧਾਨ ਅਮਿਤ ਅਰੋੜਾ ਨੇ ਦੱਸਿਆ ਕਿ ਏਕਲ ਵਿਦਿਆਲਿਆ ਯੋਜਨਾ ਅਧੀਨ ਏਕਲ ਫਾਊਂਡੇਸ਼ਨ ਆਫ਼ ਇੰਡੀਆ ਵੱਲੋਂ ਪੂਰੇ ਭਾਰਤ ਵਿੱਚ ਗ਼ਰੀਬ ਤੇ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।ਬਲਾਕ ਮਖੂ ਅਧੀਨ 26 ਏਕਲ ਵਿਦਿਆਲਿਆ ਸੈਂਟਰ ਚੱਲ ਰਹੇ ਹਨ।ਇਨ੍ਹਾਂ ਸੈਂਟਰਾਂ ਵਿੱਚ ਗ਼ਰੀਬ ਤੇ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।ਇਨ੍ਹਾਂ 26 ਸੈਂਟਰਾਂ ਲਈ ਆਈ ਹੋਈ ਸਮੱਗਰੀ ਸੈਂਟਰਾਂ ਦੇ ਮੁਖੀਆਂ, ਜਿਸ ਨੂੰ ਅਚਾਰੀਆ ਕਿਹਾ ਜਾਂਦਾ ਹੈ, ਉਨ੍ਹਾਂ ਦੀ ਹਾਜ਼ਰੀ ਵਿੱਚ ਸੈਂਟਰਾਂ ਵਿੱਚ ਸਮੱਗਰੀ ਵੰਡੀ ਗਈ।ਇਸ ਮੌਕੇ ਸਰਪ੍ਰਸਤ ਡਾ. ਰਜੀਵ ਅਹੂਜਾ, ਪ੍ਰਧਾਨ ਅਮਿਤ ਅਰੋੜਾ ਦੇ ਨਾਲ ਲੋਕੇਸ਼ ਗਰੋਵਰ ਲੱਕੀ, ਸੱਤਪਾਲ ਦੂਆ, ਹਰਮੇਲ ਸਿੰਘ, ਰਮਨ ਸ਼ਰਮਾ, ਰਜੀਵ ਕਪੂਰ, ਪ੍ਰੇਮ ਨਾਥ ਅਹੂਜਾ ਤੇ ਹਰਸ਼ਿਤ ਅਹੂਜਾ ਆਦਿ ਹਾਜ਼ਰ ਸਨ।

# ਕੈਂਸਰ ਨਾਲ ਜੂਝ ਰਹੇ ਤਨਿਸ਼ ਦੀ ਸਾਥੀਆਂ ਤੇ ਸਕੂਲ ਨੇ ਕੀਤੀ ਆਰਥਿਕ ਮੱਦਦ



**ਗੁਰਾਇਆ (ਬਿੰਦਰ ਸੁਮਨ)** ਪਿੰਡ ਬਕਾਪੁਰ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਜੋ ਬਲੱਡ ਕੈਂਸਰ ਦੀ ਨਾ-ਮੁਰਾਦ ਬਿਮਾਰੀ ਨਾਲ ਜੂਝ ਰਿਹਾ ਹੈ ਦੀ ਸ੍ਰੀ ਦਸਮੇਸ਼ ਐਜੂਕੇਸ਼ਨ ਐਂਡ ਵੈਲਫੇਅਰ ਸੁਸਾਇਟੀ ਅੱਟੀ ਅਤੇ ਗੁਰਾਇਆ ਪੱਤਰਕਾਰ ਐਸੋਸੀਏਸ਼ਨ ਵਲੋਂ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਦੇ ਵਿਦਿਆਰਥੀਆਂ ਅਤੇ ਮਾਪਿਆਂ ਦੇ ਸਹਿਯੋਗ ਨਾਲ 110000 ਰੁਪਏ ਦੀ ਆਰਥਿਕ ਮੱਦਦ ਕੀਤੀ ਗਈ। ਇਸ ਮੌਕੇ ਸਕੂਲ ਪ੍ਰਬੰਧਕ ਚਰਨਜੀਤ ਸਿੰਘ ਨੇ ਦੱਸਿਆ ਕਿ ਸਕੂਲ ਪਹਿਲਾਂ ਵੀ ਇਸ ਬੱਚੇ ਤਨਿਸ਼ ਉਮਰ 14 ਸਾਲ ਦੀ ਆਰਥਿਕ ਮੱਦਦ ਕਰ ਚੁੱਕਾ ਹੈ। ਤਨਿਸ਼ ਦੇ ਜਮਾਤੀਆਂ ਨੇ ਕੁਝ ਦਿਨ ਪਹਿਲਾਂ ਉਸ ਦੀ ਮੱਦਦ ਲਈ ਮੁਹਿਮ ਸ਼ੁਰੂ ਕੀਤੀ ਸੀ। ਬੱਚਿਆਂ ਨੇ ਇਕੱਤਰ ਕੀਤੀ ਰਾਸ਼ੀ ਸਕੂਲ ਮੁੱਖੀ ਨੂੰ ਦਿੱਤੀ ਜਿਸ ਉਪਰੰਤ ਉਨ੍ਹਾਂ ਮਾਪਿਆਂ ਨੂੰ ਆਪੀਲ ਕੀਤੀ ਕਿ ਇਸ ਬੱਚੇ ਜਿਸ ਦੇ ਮਾਪਿਆਂ ਨੇ ਆਪਣੀ ਸਾਰੀ ਪੂੰਜੀ ਉਸ ਦੇ ਇਲਾਜ 'ਤੇ ਲਗਾ ਦਿੱਤੀ ਹੈ, ਦੀ ਮੱਦਦ ਕੀਤੀ ਜਾਵੇ। ਇਸ ਮੁਹਿਮ 'ਚ ਸਕੂਲ ਦੇ ਮਾਪਿਆਂ, ਸਟਾਫ਼ ਨੇ ਵੱਧ ਤੋਂ ਵੱਧ ਯੋਗਦਾਨ ਪਾਇਆ ਜਿਸ ਉਪਰੰਤ ਉਨ੍ਹਾਂ ਮਾਪਿਆਂ ਵਲੋਂ ਦਿੱਤੀ ਰਾਸ਼ੀ 110000 ਰੁਪਏ ਇੱਕ ਲੱਖ ਦਸ ਹਜ਼ਾਰ ਦੇ ਚੈੱਕ ਤਨਿਸ਼ ਦੇ ਇਲਾਜ ਲਈ ਉਸ ਦੀ ਮਾਤਾ ਸਰਬਜੀਤ ਕੌਰ ਨੂੰ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਮਾਪਿਆਂ ਵਲੋਂ ਹੋਰ ਮੱਦਦ ਆ ਰਹੀ ਹੈ ਜਿਸ ਨੂੰ ਉਹ ਤਨਿਸ਼ ਦੇ ਮਾਪਿਆਂ ਤੱਕ ਪਹੁਚਾਉਣਗੇ।

ਇਸ ਤੋਂ ਇਲਾਵਾ ਮਾਪਿਆਂ ਨੇ ਤਨਿਸ਼ ਦੀ ਮਾਤਾ ਸਰਬਜੀਤ ਕੌਰ ਦੇ ਕੇਨਰਾ ਬੈਂਕ ਖਾਤਾ ਨੰਬਰ 2126101068531 ਆਈ.ਐਫ.ਐਸ.ਸੀ ਕੋਡ ਸੀ.ਐਨ.ਆਰ.ਬੀ.0002126 'ਚ ਵੀ ਮਾਇਕ ਯੋਗਦਾਨ ਪਾਇਆ।ਉਨ੍ਹਾ ਨੇ ਇਸ ਮੌਕੇ ਆਪ ਜਨਤਾ ਨੂੰ ਇਸ ਖਾਤੇ 'ਚ ਮੱਦਦ ਕਰਨ ਦੀ ਆਪੀਲ ਵੀ ਕੀਤੀ। ਬੱਚਿਆਂ ਅਤੇ ਸਕੂਲ ਸਟਾਫ਼ ਨੇ ਇਸ ਮੌਕੇ ਤਨਿਸ਼ ਦੀ ਤੰਦਰੁਸਤੀ ਲਈ ਅਰਦਾਸ ਵੀ ਕੀਤੀ। ਇਸ ਮੌਕੇ ਪ੍ਰਿੰਸੀਪਲ ਬਲਜਿੰਦਰ ਕੁਮਾਰ, ਮਨਜੀਤ ਮੱਕੜ, ਵਾਈਸ ਪ੍ਰਿੰਸੀਪਲ ਸੰਦੀਪ ਕੌਰ , ਮੈਡਮ ਸੀਤਾ ਰਾਣੀ , ਰਵਿੰਦਰਜੀਤ ਕੌਰ ਅਤੇ ਹੋਰ ਹਾਜ਼ਰ ਸਨ।

## ਚਰਨਜੀਤ ਸਿੰਘ ਡਵੀਜ਼ਨ ਕਮਾਂਡੈਂਟ ਦਾ ਦੇਹਾਂਤ

**ਕਪੂਰਥਲਾ (ਪ੍ਰੀਤ ਸੰਗੋਜਲਾ)** ਚਰਨਜੀਤ ਸਿੰਘ ਡਵੀਜ਼ਨ ਕਮਾਂਡੈਂਟ ਪੰਜਾਬ ਹੋਮ ਗਾਰਡ ਅਤੇ ਸਿਵਲ ਡਿਫੈਂਸ ਫਿਰੋਜ਼ਪੁਰ ਅਤੇ ਜਲੰਧਰ ਦੀ ਬੇਵਕਤੀ ਮੌਤ ਦੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ, ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਰਾਮ ਸਿੰਘ ਭੱਟੀ ਮੁੱਖ ਬੁਲਾਰਾ ਪੰਜਾਬ, ਜੇ ਐਸ ਸੰਧੂ ਸੂਬਾ ਸਰਪ੍ਰਸਤ, ਰਾਕੇਸ ਖੰਨਾ ਸੂਬਾ ਚੈਅਰਮੈਨ, ਪ੍ਰਿਤਪਾਲ ਸਿੰਘ ਸੂਬਾ ਕੋਆਰਡੀਨੇਟਰ, ਜੋਗਿੰਦਰ ਸਿੰਘ ਜਾਤੀਕੇ ਜ਼ਿਲ੍ਹਾ ਚੇਅਰਮੈਨ, ਸੁਖਵਿੰਦਰ ਸੋਹੀ ਜ਼ਿਲ੍ਹਾ ਜਨਰਲ ਸਕੱਤਰ ਕਪੂਰਥਲਾ ਵੱਲੋਂ, ਚਰਨਜੀਤ ਸਿੰਘ ਡਵੀਜ਼ਨ ਕਮਾਂਡੈਂਟ ਦੀ ਹੋਈ ਬੇਵਕਤੀ ਮੌਤ 'ਤੇ ਡੂੰਘੇ ਦੁਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਮਨਜੀਤ ਮਾਨ ਨੇ ਕਿਹਾ ਕਿ ਇਨ੍ਹਾਂ ਦੀ ਹੋਈ ਮੌਤ ਨਾਲ਼ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸਮੂਹ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਵੱਲੋਂ ਪਰਵਾਰ ਨਾਲ਼ ਦੁੱਖ ਸਾਂਝਾ ਕੀਤਾ।ਪਰਵਾਰ ਨੂੰ ਅਤੇ ਰਿਸ਼ਤੇਦਾਰਾਂ ਨੂੰ ਨਾ ਪੂਰਾ ਹੋਣ ਵਾਲ਼ਾ ਘਾਟਾ ਪਿਆ ਹੈ।

## ਕਿਸਾਨੀ ਮੰਗਾਂ ਜਲਦ ਤੋਂ ਜਲਦ ਪੂਰੀਆਂ ਕੀਤੀਆਂ ਜਾਣ : ਕਿਸਾਨ ਆਗੂ



**ਭੁਲੱਥ, (ਮਨਪ੍ਰੀਤ ਸਿੰਘ)** ਭੁਲੱਥ ਤੋਂ ਥੋੜ੍ਹੀ ਦੂਰੀ ਤੇ ਪੈਂਦੇ ਪਿੰਡ ਤਲਵਾੜਾ ਵਿਖੇ ਭਾਰਤੀ ਕਿਸਾਨ ਯੂਨੀਅਨ ਖੋਸਾ ਰਜਿਸਟਰ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਫ਼ਕੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਮੀਟਿੰਗ ਦੌਰਾਨ ਸੁਰਿੰਦਰ ਸਿੰਘ ਸ਼ੇਰਗਿਲ ਮੀਤ ਪ੍ਰਧਾਨ ਪੰਜਾਬ ਅਤੇ ਜਿਲ੍ਹਾ ਪ੍ਰਧਾਨ ਕਰਮ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਕਿਸਾਨ ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਿਹਾ ਕਿ ਕਿਸਾਨ ਯੂਨੀਅਨ ਸਰਕਾਰ ਕੋਲੋਂ ਮੰਗ ਕਰਦੀ ਹੈ ਕਿ ਕਿਸਾਨ ਅਤੇ ਮਜ਼ਦੂਰਾਂ ਦੀਆਂ ਮੰਗਾਂ ਜਲਦ ਤੋਂ ਜਲਦ ਮੰਨੀਆਂ ਜਾਣ, ਨਹੀਂ ਤਾਂ ਜੋ ਸੰਯੁਕਤ ਮੋਰਚੇ ਗੈਰ ਰਾਜਨੀਤਿਕ ਸੰਘਰਸ਼ ਚਾਲੂ ਕੀਤਾ ਹੈ ਉਸ ਨੂੰ ਵੱਡੇ ਪੱਧਰ 'ਤੇ ਫਿਰ ਤੋਂ ਤੇਜ਼ ਕੀਤਾ ਜਾਵੇਗਾ।ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਜੋ ਡੇਰਾ ਬਿਆਸ ਦਰਿਆ ਦੀ ਕੁਦਰਤੀ ਨਿਕਾਸੀ ਤੇ ਗੈਰ ਕਾਨੂੰਨੀ ਉਸਾਰੀ ਕਰਕੇ ਪਾਣੀ ਨੂੰ ਰੋਕ ਰਿਹਾ ਹੈ, ਉਸ ਨਾਲ ਢਿੱਲਵਾਂ, ਨਡਾਲਾ, ਸੁਭਾਨਪੁਰ, ਬੇਗੋਵਾਲ ਤੇ ਭੁਲੱਥ ਨੂੰ ਬਹੁਤ ਖਤਰਾ ਹੈ, ਜਿਸ ਨਾਲ ਧੁੱਸੀ ਬੰਨ੍ਹ ਕਦੇ ਵੀ ਟੁੱਟ ਸਕਦਾ ਹੈ ਅਤੇ ਉਸ ਨਾਲ ਢਿੱਲਵਾਂ ਤੇ ਹੋਰ ਕਈ ਸਾਰੇ ਇਲਾਕੇ ਨੂੰ ਬਹੁਤ ਭਾਰੀ ਨੁਕਸਾਨ ਹੋ ਸਕਦਾ ਹੈ।ਇਸ ਮੌਕੇ ਉਹਨਾਂ ਸਰਕਾਰ ਤੋਂ ਇਸ ਲਈ ਮੰਗ ਕੀਤੀ ਕਿ ਇਹ ਜੋ ਗੈਰ ਕਾਨੂੰਨੀ ਉਸਾਰੀ ਕੀਤੀ ਜਾਂਦੀ ਹੈ, ਉਸਨੂੰ ਰੋਕਿਆ ਜਾਵੇ ਨਹੀਂ ਤਾਂ ਯੂਨੀਅਨ ਕੋਈ ਵੱਡਾ ਸੰਘਰਸ਼ ਕਰੇਗੀ।ਇਸ ਮੌਕੇ ਅਜੀਤ ਸਿੰਘ ਢਿੱਲਵਾਂ, ਗੁਰਚਰਨ ਸਿੰਘ ਖੱਸਣ, ਜਸਵੀਰ ਸਿੰਘ ਬਾਜਵਾ, ਕੁਲਵੰਤ ਸਿੰਘ ਲਿੱਟਾਂ, ਦਲੇਰ ਸਿੰਘ ਖੱਸਣ, ਸਤਨਾਮ ਸਿੰਘ ਮਿਆਣੀ, ਹਰਜਿੰਦਰ ਸਿੰਘ ਢਿੱਲਵਾਂ, ਸਤਨਾਮ ਸਿੰਘ ਲਿਟਾਂ, ਦਲੀਪ ਸਿੰਘ, ਗੁਰਮੀਤ ਸਿੰਘ, ਵਸਲ ਸਿੰਘ, ਅਨੂਪ ਸਿੰਘ ਰਣਜੀਤ ਸਿੰਘ, ਨੱਥਾ ਸਿੰਘ ਤਲਵਾੜਾ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 8 ਮੈਂਬਰੀ ਨਸ਼ਾ ਛੁਡਾਊ ਕਮੇਟੀ ਦਾ ਗਠਨ

**ਜਲੰਧਰ ( ਸ਼ੈਲੀ ਐਲਬਰਟ)**-ਨਸ਼ਾ ਛੁਡਾਊ ਯਤਨਾਂ ਨੂੰ ਹੋਰ ਅਸਰਦਾਰ ਢੰਗ ਨਾਲ ਜ਼ਮੀਨੀ ਪੱਧਰ ਉੱਪਰ ਲਾਗੂ ਕਰਨ ਤੇ ਜਾਗਰੂਕਤਾ ਮੁਹਿੰਮ ਨੂੰ ਵਿਆਪਕ ਪੱਧਰ ਉੱਪਰ ਚਲਾਉਣ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 8 ਮੈਂਬਰੀ ਨਸ਼ਾ ਛੁਡਾਊ ਕਮੇਟੀ ਦਾ ਗਠਨ ਕੀਤਾ ਗਿਆ ਹੈ ।ਕਮੇਟੀ ਦੀ ਅਗਵਾਈ ਡਿਪਟੀ ਕਮਿਸ਼ਨਰ ਜਲੰਧਰ ਕਰਨਗੇ ਜਦਕਿ ਵਧੀਕ ਡਿਪਟੀ ਕਮਿਸ਼ਨਰ (ਵਿਕਾਸ ), ਐਸ ਐਸ ਪੀ ਦਿਹਾਤੀ , ਡਿਪਟੀ ਕਮਿਸ਼ਨਰ ਪੁਲਸ , ਜ਼ਿਲ੍ਹਾ ਲੋਕ ਸੰਪਰਕ ਅਫਸਰ , ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਤੇ ਜ਼ਿਲ੍ਹਾ ਖੇਡ ਅਫ਼ਸਰ ਨੂੰ ਵੀ ਕਮੇਟੀ ਵਿੱਚ ਸ਼ਾਮਿਲ ਕੀਤਾ ਗਿਆ ਹੈ ।ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਦਿਸ਼ਾ ਨਿਰਦੇਸ਼ ਅਨੁਸਾਰ ਬਣਾਈ ਗਏ ਇਸ ਕਮੇਟੀ ਵਲੋਂ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਲੋਕਾਂ ਤੇ ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਜਾਣੂੰ ਕਰਵਾਉਣ ਲਈ ਵਡਮੁੱਲੇ ਯਤਨ ਕੀਤੇ ਜਾਣਗੇ।

## ਰੱਖੜੀ ਦਾ ਤਿਉਹਾਰ ਮਨਾਇਆ






**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਰੱਖੜੀ ਭੈਣਾਂ ਅਤੇ ਭਰਾਵਾਂ ਦੇ ਰਿਸ਼ਤੇ ਨੂੰ ਮਨਾਉਣ ਦੇ ਸਭ ਤੋਂ ਪਿਆਰੇ ਤਰੀਕਿਆਂ ਵਿੱਚੋਂ ਇੱਕ ਹੈ।ਇਸ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨ ਲਈ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਵੱਲੋਂ 'ਰਾਖੀ ਮੇਕਿੰਗ' ਅਤੇ 'ਕਾਰਡ ਮੇਕਿੰਗ' ਮੁਕਾਬਲੇ ਕਰਵਾਏ ਗਏ।ਮੁਕਾਬਲਿਆਂ ਵਿੱਚ ਸਾਰੀਆਂ ਜਮਾਤਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਰੰਗ ਬਿਰੰਗੀਆਂ ਰੱਖੜੀਆਂ ਬਣਾਈਆਂ।ਉਹ ਸੁੰਦਰ ਰੱਖੜੀਆਂ ਬਣਾਉਣ ਲਈ ਸਜਾਵਟੀ ਧਾਗੇ, ਤਾਰੇ, ਕੱਚ, ਮੋਤੀ ਅਤੇ ਫੁੱਲਾਂ ਦੀ ਵਰਤੋਂ ਕਰਦੇ ਸਨ।ਇਸ ਦਿਨ ਨੂੰ ਪੂਰੇ ਉਤਸ਼ਾਹ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਤਿਉਹਾਰਾਂ ਨੂੰ ਮਨਾਉਣ ਦੇ ਅਜਿਹੇ ਤਰੀਕੇ ਸੱਚੀ ਭਾਵਨਾ ਨਾਲ ਵਿਦਿਆਰਥੀਆਂ ਨੂੰ ਸਾਡੀਆਂ ਭਾਰਤੀ ਪਰੰਪਰਾਵਾਂ ਬਾਰੇ ਸਿਖਾਉਂਦੇ ਹਨ।ਇਸ ਮੌਕੇ ਸੱਭਿਆਚਾਰਕ ਵਟਾਂਦਰਾ ਦੁਪਹਿਰ ਦਾ ਖਾਣਾ ਅਤੇ ਪ੍ਰਸ਼ੰਸਾ ਬੈਂਡ ਬਣਾਉਣਾ, ਰੱਖੜੀ ਸੰਬੰਧੀ ਕਵਿਤਾ ਗਾਇਨ ਮੁਕਾਬਲੇ ਅਤੇ ਕਹਾਣੀ ਸੁਣਾਉਣ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਭਾਗ ਲਿਆ।ਭੈਣ-ਭਰਾ ਦੇ ਪਿਆਰ ਦੇ ਪ੍ਰਤੀਕ ਇਸ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ ਅਤੇ ਮਨਾਇਆ।ਸਕੂਲ ਦੇ ਡਾਇਰੈਕਟਰ ਅਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੇ ਕੰਮ ਦੀ ਸ਼ਲਾਘਾ ਕੀਤੀ।

## ਬੀਸਲਾ ਵਿਖੇ ਸਾਲਾਨਾ ਛਿੰਝ ਮੇਲਾ 27 ਨੂੰ

**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਬੀਸਲਾ ਵਿਖੇ ਗੁੱਗਾ ਜਾਹਰ ਪੀਰ ਦੀ ਯਾਦ 'ਚ ਸਾਲਾਨਾ ਛਿੰਝ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 27 ਅਗਸਤ ਦਿਨ ਮੰਗਲਵਾਰ ਨੂੰ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਛਿੰਝ ਕਮੇਟੀ ਦੇ ਪ੍ਰਬੰਧਕਾਂ ਨੇ ਦੱਸਿਆ ਹੈ ਕਿ ਪਟਕੇ ਦੀ ਕੁਸ਼ਤੀ ਪਹਿਲਵਾਨ ਮਿਰਜ਼ਾ ਇਰਾਨ ਤੇ ਕਾਲੂ ਅਖਾੜਾ ਬਾਹੜੋਵਾਲ ਵਿਚਕਾਰ ਹੋਵੇਗੀ। ਪਟਕੇ ਦੇ ਜੇਤੂ ਪਹਿਲਵਾਨ ਨੂੰ ਬੁਲਟ ਮੋਟਰ ਸਾਈਕਲ ਦਿੱਤਾ ਜਾਵੇਗਾ।ਵੱਖ ਵੱਖ ਅਖਾੜਿਆਂ ਦੇ ਪਹਿਲਵਾਨਾਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸੱਦੇ ਹੋਏ ਪਹਿਲਵਾਨ ਹੀ ਕੁਸ਼ਤੀਆਂ ਲੜ ਸਕਣਗੇ। ਹੋਰ ਕੋਈ ਰਵਾਇਤੀ ਖੇਡ ਨਹੀਂ ਕਰਵਾਈ ਜਾਵੇਗੀ। ਕੋਈ ਵੀ ਖਿਡਾਰੀ ਨਸ਼ੇ ਦਾ ਸੇਵਨ ਕਰਕੇ ਨਾ ਆਵੇ। ਕੁਸ਼ਤੀ ਲੜਨ ਵਾਲੇ ਸਾਰੇ ਪਹਿਲਵਾਨਾਂ ਨੂੰ ਨਗਦ ਇਨਾਮ ਦਿੱਤਾ ਜਾਵੇਗਾ।

## ਪੰਜਾਬ ਮੰਡੀ ਬੋਰਡ ਦੀ ਜਵਾਨੀ ਨੂੰ ਨਸ਼ਿਆਂ ਤੋਂ ਮੋੜ ਕੇ ਖੇਡ ਮੈਦਾਨ ਵੱਲ ਲੈ ਕੇ ਆਉਣ ਦੇ ਲਈ ਕੰਮ ਕਰ ਰਿਹਾ : ਬਰਸਟ

**ਚੰਡੀਗੜ੍ਹ, (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)** ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਵਿਕਸਤ ਕਰਨ, ਬੱਚਿਆਂ ਦੇ ਚੰਗੇ ਭਵਿੱਖ ਅਤੇ ਨਸ਼ੇ ਦੇ ਖਾਤਮੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਇਸ ਸਬੰਧੀ ਖੁਸ਼ੀ ਜਤਾਉਂਦਿਆਂ ਸ੍ਰੀ ਬਰਸਟ ਨੇ ਦੱਸਿਆ ਕਿ ਆਫ਼ ਸੀਜ਼ਨ ਦੌਰਾਨ ਪੰਜਾਬ ਦੀਆਂ ਮੰਡੀਆਂ ਵਿੱਚ ਵੱਖ-ਵੱਖ ਖੇਡਾਂ ਦੀ ਸਿਖਲਾਈ ਸ਼ੁਰੂ ਕਰ ਦਿੱਤੀ ਗਈ ਹੈ। ਜਿੱਥੇ ਰਾਮਪੁਰਾ ਫੂਲ ਵਿਖੇ ਸਕੇਟਿੰਗ ਅਤੇ ਸੁਲਤਾਨਪੁਰ ਲੋਧੀ ਵਿਖੇ ਬਾਸਕਿਟਬਾਲ ਖੇਡ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਉੱਥੇ ਹੀ ਮਲੋਟ ਵਿਖੇ ਬਾਸਕਿਟ ਬਾਲ ਗਰਾਉਂਡ ਅਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਬੈਡਮਿੰਟਨ ਕੋਰਟ ਦਾ ਉਦਘਾਟਨ ਕਰਕੇ ਖਿਡਾਰੀਆਂ ਦੇ ਮੈਚਕਰਵਾਏ ਗਏ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਵੱਡੇ-ਵੱਡੇ ਕਵਰ ਸ਼ੈੱਡ ਬਣੇ ਹੋਏ ਹਨ, ਜੋ ਝੋਨੇ ਅਤੇ ਕਣਕ ਦੇ ਸੀਜ਼ਨ ਵੇਲੇ ਹੀ ਵਰਤੋਂ ਵਿੱਚ ਆਉਂਦੇ ਹਨ ਤੇ ਬਾਕੀ ਸਮੇਂ ਖਾਲੀ ਰਹਿੰਦੇ ਸਨ। ਇਸ ਲਈ ਬੱਚਿਆਂ ਨੂੰ ਖੇਡਾਂ ਵੱਲ ਉਤਸਾਹਿਤ ਕਰਨ ਲਈ ਆਫ਼ ਸੀਜ਼ਨ ਦੌਰਾਨ ਮੰਡੀਆਂ ਦੇ ਕਵਰ ਸ਼ੈੱਡਾਂ ਨੂੰ ਵੱਖ-ਵੱਖ ਖੇਡਾਂ ਦੀ ਸਿਖਲਾਈ ਦੇਣ ਲਈ ਵਰਤੋਂ ਵਿੱਚ ਲਿਆਉਣ ਦੀ ਯੋਜਨਾ ਤਿਆਰ ਕੀਤੀ ਗਈ ਸੀ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਦੱਸਿਆ ਕਿ ਜਲਦ ਹੀ ਪੰਜਾਬ ਦੀਆਂ ਹੋਰਨਾਂ ਮੰਡੀਆਂ ਵਿੱਚ ਵੀ ਇਸੇ ਤਰ੍ਹਾਂ ਇਨਡੋਰ ਖੇਡਾਂ ਦੀ ਟ੍ਰੇਨਿੰਗ ਸ਼ੁਰੂ ਕਰ ਦਿੱਤੀ ਜਾਵੇਗੀ।

## ਮਹਿਲਾ ਸਿੱਖ ਬਿਨੈਕਾਰਾਂ ਵਾਸਤੇ ਰਜਿਸਟਰੇਸ਼ਨ ਫਾਰਮਾਂ 'ਤੇ ਫੋਟੋਆਂ ਲਾਉਣੀਆਂ ਲਾਜ਼ਮੀ ਨਹੀਂ-ਚੋਣ ਅਫਸਰ

**ਐਸ.ਏ.ਐਸ. ਨਗਰ, (ਗੁਰਜੀਤ ਬਿੱਲਾ)**—ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਐਸ.ਜੀ.ਪੀ.ਸੀ. ਦੀਆਂ ਵੋਟਾਂ ਬਨਵਾਉਣ ਲਈ ਮਹਿਲਾ ਸਿੱਖ ਬਿਨੈਕਾਰਾਂ ਵਾਸਤੇ ਰਜਿਸਟਰੇਸ਼ਨ ਫਾਰਮਾਂ 'ਤੇ ਫੋਟੋਆਂ ਲਾਉਣੀਆਂ ਹੁਣ ਲਾਜ਼ਮੀ ਨਹੀਂ ਹਨ।ਇਹ ਵੋਟਾਂ ਬਨਵਾਉਣ ਲਈ ਰਜਿਸਟਰੇਸ਼ਨ ਫਾਰਮ ਨਗਰ ਪੰਚਾਇਤ/ਨਗਰ ਕੌਂਸਲ/ ਨਗਰ ਨਿਗਮ ਦਫ਼ਤਰ, ਸਬੰਧਤ ਪਟਵਾਰੀਆਂ ਤੇ ਐਸ.ਡੀ.ਐਮ ਦਫਤਰਾਂ ਵਿਖੇ 15 ਸਤੰਬਰ 2024 ਤਕ ਜਮ੍ਹਾਂ ਕਰਵਾਏ ਜਾ ਸਕਦੇ ਹਨ।ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਪੱਤਰ ਮੁਤਾਬਕ ਫੀਲਡ ਵਿੱਚੋਂ ਪ੍ਰਾਪਤ ਰਿਪੋਰਟਾਂ ਮੁਤਾਬਕ ਕੁਝ ਮਹਿਲਾ ਸਿੱਖ ਵੋਟਰਾਂ ਰਜਿਸਟਰੇਸ਼ਨ ਫਾਰਮਾਂ ਉੱਤੇ ਆਪਣੀਆਂ ਫੋਟੋਆਂ ਲਾਉਣ ਸਬੰਧੀ ਝਿਜਕਦੀਆਂ ਹਨ।ਇਸ ਲਈ ਮਹਿਲਾਵਾਂ ਲਈ ਇਨ੍ਹਾਂ ਫਾਰਮਾਂ ਉੱਤੇ ਫੋਟੋਆਂ ਲਾਉਣ ਨੂੰ ਆਪਸ਼ਨਲ ਕਰ ਦਿੱਤਾ ਗਿਆ ਹੈ। ਜੇਕਰ ਕੋਈ ਮਹਿਲਾ ਫਾਰਮ ਉੱਤੇ ਫੋਟੋ ਲਾਉਣਾ ਚਾਹੁੰਦੀ ਹੈ ਤਾਂ ਲਾ ਸਕਦੀ ਹੈ ਅਤੇ ਜੇਕਰ ਫੋਟੋ ਨਹੀਂ ਲਗਾਉਣਾ ਚਾਹੁੰਦੀ ਤਾਂ ਉਹ ਫਾਰਮ ਵੀ ਮਨਜ਼ੂਰ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਇਨ੍ਹਾਂ ਚੋਣਾਂ ਸਬੰਧੀ ਆਪਣੀਆਂ ਵੋਟਾਂ ਜ਼ਰੂਰ ਬਨਵਾਉਣ।

## 77,965 ਪੈਨਸ਼ਨ ਲਾਭਪਾਤਰੀਆਂ ਨੂੰ ਦਿੱਤਾ ਕਰੀਬ 81.23 ਕਰੋੜ ਰੁਪਏ ਤੋਂ ਵੱਧ ਦਾ ਲਾਭ : ਆਸ਼ਿਕਾ ਜੈਨ

**ਮੋਹਾਲੀ ( ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਨੂੰ ਦੇਣ ਲਈ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ।ਇਸੇ ਤਹਿਤ ਜ਼ਿਲ੍ਹੇ ਵਿੱਚ ਵੱਖ-ਵੱਖ ਸਮਾਜਿਕ ਸੁਰਖਿਆ ਵਿਭਾਗ ਦੀਆਂ ਪੈਨਸ਼ਨ ਸਕੀਮਾਂ ਦੇ ਕਰੀਬ 77,965 ਲਾਭਪਾਤਰੀਆਂ ਨੂੰ ਜਨਵਰੀ 2024 ਤੋਂ ਜੁਲਾਈ 2024 ਤੱਕ ਕਰੀਬ 081,23,53,500/- ਰੁਪਏ ਦੀ ਅਦਾਇਗੀ ਕੀਤੀ ਗਈ ਹੈ।ਇਹ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਜਨਵਰੀ 2024 ਤੋਂ ਜੁਲਾਈ 2024 ਤੱਕ ਆਸ਼ਰਿਤ ਪੈਨਸ਼ਨ ਦੇ ਕਰੀਬ 06,239 ਲਾਭਪਾਤਰੀਆਂ ਨੂੰ ਕਰੀਬ 06,48,36,000 ਰੁਪਏ, ਕਰੀਬ 06,821 ਦਿਵਿਆਂਗ ਪੈਨਸ਼ਨਰਾਂ ਨੂੰ ਲਗਪਗ 07,09,65,000 ਰੁਪਏ, ਲਗਪਗ 016,710 ਵਿਧਵਾ ਪੈਨਸ਼ਨਰਾਂ ਨੂੰ ਕਰੀਬ 017,35,68,000 ਰੁਪਏ ਅਤੇ ਬੁਢਾਪਾ ਪੈਨਸ਼ਨ ਦੇ ਕਰੀਬ 048,195 ਲਾਭਪਾਤਰੀਆਂ ਨੂੰ ਲਗਪਗ 050,29,84,500 ਰੁਪਏ ਦੀ ਅਦਾਇਗੀ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਵਾਸਤੇ ਵੱਖੋ-ਵੱਖ ਕਦਮ ਚੁੱਕੇ ਜਾ ਰਹੇ ਹਨ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਲੋਕਾਂ ਤਕ ਪੁੱਜਦਾ ਕਰਨ ਲਈ ਕੋਈ ਕਸਰ ਨਹੀਂ ਛੱਡੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਲੋਕਾਂ ਨੂੰ ਸਰਕਾਰ ਦੀਆਂ ਨੀਤੀਆਂ ਸਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

## ਗ੍ਰਾਮ ਪੰਚਾਇਤ ਰੁੜਕਾ ਕਲਾਂ ਨੂੰ 'ਸ਼ਹੀਦ ਭਗਤ ਸਿੰਘ ਪੰਜਾਬ ਰਾਜ ਸਲਾਨਾ ਵਾਤਾਵਰਣ ਐਵਾਰਡ' ਪ੍ਰਦਾਨ

**ਜਲੰਧਰ, ( ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਆਜ਼ਾਦੀ ਦਿਹਾੜੇ ਮੌਕੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਮਨਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗ੍ਰਾਮ ਪੰਚਾਇਤ ਪਿੰਡ ਰੁੜਕਾ ਕਲਾਂ ਨੂੰ 'ਸ਼ਹੀਦ ਭਗਤ ਸਿੰਘ ਪੰਜਾਬ ਰਾਜ ਸਲਾਨਾ ਵਾਤਾਵਰਣ ਐਵਾਰਡ-2024' ਨਾਲ ਸਨਮਾਨਤ ਕੀਤਾ ਗਿਆ। ਮੁੱਖ ਮੰਤਰੀ ਵੱਲੋਂ ਪੰਜਾਬ ਭਰ ਵਿੱਚ ਵਾਤਾਵਰਣ ਦੀ ਸੁਰੱਖਿਆ ਤੇ ਕੁਦਰਤੀ ਸੋਮਿਆਂ ਦੀ ਸੰਭਾਲ ਲਈ ਸ਼ਾਨਦਾਰ ਕੰਮ ਕਰਨ ਲਈ ਇਹ ਐਵਾਰਡ ਪਿੰਡ ਰੁੜਕਾ ਕਲਾਂ ਦੀ ਪੰਚਾਇਤ ਨੂੰ ਪੰਚਾਇਤੀ ਵਰਗ ਦਿੱਤਾ ਗਿਆ, ਜੋ ਕਿ ਪੰਚਾਇਤ ਪ੍ਰਬੰਧਕ ਅਜਨੀਸ਼ ਕੁਮਾਰ ਅਤੇ ਪੰਚਾਇਤ ਸਕੱਤਰ ਅਸ਼ੋਕ ਕੁਮਾਰ ਵੱਲੋਂ ਪ੍ਰਾਪਤ ਕੀਤਾ ਗਿਆ। ਇਸ ਐਵਾਰਡ ਵਿੱਚ ਇਕ ਲੱਖ ਰੁਪਏ ਦਾ ਚੈੱਕ ਤੋਂ ਇਲਾਵਾ ਸ਼ੀਲਡ ਅਤੇ ਸਨਮਾਨ ਪੱਤਰ ਸ਼ਾਮਲ ਹੈ। ਪਿੰਡ ਰੁੜਕਾ ਕਲਾਂ ਵਿਖੇ ਵਾਤਾਵਰਣ ਦੀ ਸੰਭਾਲ ਲਈ ਕਈ ਉਪਰਾਲੇ ਕੀਤੇ ਗਏ ਹਨ। ਸਰਕਾਰ, ਸਥਾਨਕ ਲੋਕਾਂ ਅਤੇ ਐਨ.ਆਰ.ਆਈਜ਼ ਦੇ ਸਹਿਯੋਗ ਨਾਲ ਪਿੰਡ ਦੇ 4 ਛੱਪੜਾਂ ਦਾ ਨਵੀਨੀਕਰਨ ਅਤੇ ਸੁੰਦਰੀਕਰਨ ਕੀਤਾ ਗਿਆ। 400 ਏਕੜ ਵਾਹੀਯੋਗ ਜ਼ਮੀਨ 5 ਕਿਲੋਮੀਟਰ ਜ਼ਮੀਨਦੋਜ਼ ਪਾਈਪ ਲਾਈਨ ਅਤੇ ਸੂਰਜੀ ਊਰਜਾ ਨਾਲ ਚੱਲਣ ਵਾਲੇ 20 ਕਿਲੋਵਾਟ ਦੀ ਸਮਰੱਥਾ ਵਾਲੇ ਪੰਪ ਦੀ ਸਹਾਇਤਾ ਨਾਲ ਸਿੰਜਾਈ ਹੇਠ ਲਿਆਂਦੀ ਗਈ। ਐਨ.ਆਰ.ਆਈਜ਼ ਅਤੇ ਸਥਾਨਕ ਲੋਕਾਂ ਦੇ ਸਹਿਯੋਗ ਨਾਲ 1.5 ਕਰੋੜ ਦੀ ਰਾਸ਼ੀ ਇਕੱਤਰ ਕਰਕੇ ਪਿੰਡ ਵਿੱਚ ਵਾਤਾਵਰਣ ਸਬੰਧੀ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ ਗਈ। ਪਿੰਡ ਵਿੱਚ ਲਗਭਗ 100 ਸੋਕ ਪਿੱਟ ਰਾਹੀਂ ਨਿਕਾਸੀ ਪਾਣੀ ਦਾ ਪ੍ਰਬੰਧ ਕੀਤਾ ਗਿਆ। ਲੋਕਾਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨ ਤੋਂ ਇਲਾਵਾ ਪੰਚਾਇਤ ਨੇ ਹਰ ਸਾਲ ਕਰੀਬ 600 ਬੂਟੇ ਲਾਏ ਅਤੇ 1 ਲੱਖ ਪੌਦਿਆਂ ਦੀ ਨਰਸਰੀ ਸਥਾਪਤ ਕੀਤੀ ਹੈ। ਇਸ ਤੋਂ ਇਲਾਵਾ ਮੀਂਹ ਦੇ ਪਾਣੀ ਨੂੰ ਛੱਤਾਂ ਤੋਂ ਇਕੱਤਰ ਕਰਕੇ ਜ਼ਮੀਨ ਵਿੱਚ ਰੀਚਾਰਜ ਲਈ ਵਰਤਿਆ ਜਾ ਰਿਹਾ ਹੈ। ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਵਾਤਾਵਰਣ ਇੰਜੀਨੀਅਰ (ਖੇਤਰੀ ਦਫ਼ਤਰ-1) ਸੰਦੀਪ ਕੁਮਾਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਪ ਸ ਸ ਫ ਜਲੰਧਰ ਦੀ ਮੀਟਿੰਗ 'ਚ ਪ੍ਰੇਮ ਖਲਵਾੜਾ ਨੂੰ ਸੌਂਪੀ ਕਾਰਜਕਾਰੀ ਸਕੱਤਰ ਦੀ ਜ਼ਿੰਮੇਵਾਰੀ : ਵਿਰਦੀ




**ਜਲੰਧਰ: (ਰਾਜੇਸ਼ ਥਾਪਾ)** ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਮੀਟਿੰਗ 'ਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 18 ਅਗਸਤ ਨੂੰ ਚੱਬੇਵਾਲ ਵਿਖੇ ਕੀਤੀ ਗਈ ਰੈਲੀ ਵਿੱਚ ਕੀਤੀ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਦੂਸਰੇ ਮਤੇ ਰਾਹੀਂ ਪ ਸ ਸ ਫ ਦੇ ਜ਼ਿਲ੍ਹਾ ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ ਦੇ ਵਿਦੇਸ਼ ਜਾਣ ਕਾਰਨ ਉਨ੍ਹਾਂ ਦੀ ਜਿੰਮੇਵਾਰੀ ਪ੍ਰੇਮ ਖਲਵਾੜਾ ਨੂੰ ਬਤੌਰ ਕਾਰਜਕਾਰੀ ਜ਼ਿਲ੍ਹਾ ਸਕੱਤਰ ਸੌਂਪੀ ਗਈ। ਮੀਟਿੰਗ ਵਿੱਚ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੇ 06 ਸਤੰਬਰ ਨੂੰ ਹੋ ਰਹੇ ਜ਼ਿਲ੍ਹਾ ਪੱਧਰੀ ਡੈਲੀਗੇਟ ਅਜਲਾਸ ਸੰਬੰਧੀ 22 ਅਗਸਤ ਨੂੰ ਜਲੰਧਰ ਸ਼ਹਿਰ, 23 ਅਗਸਤ ਨੂੰ ਫਿਲੌਰ ਅਤੇ 24 ਅਗਸਤ ਨੂੰ ਨਕੋਦਰ ਵਿਖੇ ਪ ਸ ਸ ਫ ਦੀ ਅਗਵਾਈ ਹੇਠ ਮੀਟਿੰਗਾਂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ 4 ਸਤੰਬਰ ਨੂੰ ਮੋਹਾਲੀ ਵਿਖੇ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਰੈਲੀ ਨੂੰ ਹਰ ਪ੍ਰਕਾਰ ਨਾਲ ਕਾਮਯਾਬ ਕਰਨ ਲਈ ਬਲਾਕ ਪ੍ਰਧਾਨਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ।ਇਸ ਸਮੇਂ ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਤੋਂ ਇਲਾਵਾ ਤਰਸੇਮ ਮਾਧੋਪੁਰੀ, ਪ੍ਰੇਮ ਖਲਵਾੜਾ, ਕੁਲਦੀਪ ਸਿੰਘ ਕੌੜਾ, ਬਲਵੀਰ ਸਿੰਘ ਗੁਰਾਇਆ, ਰਤਨ ਸਿੰਘ, ਮਨਜੀਤ ਕੁਮਾਰ, ਹਰਬੰਸ ਸਿੰਘ ਸਮਰਾ, ਰਾਜ ਕੁਮਾਰ, ਬੂਟਾ ਰਾਮ ਅਕਲਪੁਰ, ਕਰਮਜੀਤ ਸਿੰਘ, ਰਮਨ ਕੁਮਾਰ, ਸਤਪਾਲ, ਜੋਗਿੰਦਰ ਸਿੰਘ ਆਦਿ ਸਾਥੀ ਹਾਜ਼ਰ ਹੋਏ।

## ਫਿਲੌਰ 'ਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾਵੇਗੀ : ਈ ਓ ਦੇਸ ਰਾਜ

**ਫਿਲੌਰ ( ਨਿਰਮਲ)**- ਪੰਜਾਬ ਸਰਕਾਰ ਵੱਲੋਂ 19 ਤੋਂ 23 ਅਗਸਤ ਦੌਰਾਨ ਰਾਜ ਪੱਧਰੀ ਵਿਸ਼ੇਸ਼ ਸਫ਼ਾਈ ਮੁਹਿੰਮ ਸ਼ੁਰੂ ਕਰਨ ਜਾ ਰਹੀ ਹੈ।ਜਿਸ ਤਹਿਤ ਸ਼ਹਿਰ ਭਰ ਵਿੱਚ ਗਾਰਬੇਜ ਵਨਰੇਬਲ ਪੁਆਇੰਟਸ (ਜੀ ਵੀ ਪੀ) ਨੂੰ ਪੱਕੇ ਤੌਰ 'ਤੇ ਹਟਾਉਣ ਅਤੇ ਟਿਕਾਊ ਕੂੜਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਨਗਰ ਕੌਂਸਲ ਫਿਲੌਰ ਵੱਲੋਂ ਇੱਕ ਹਫ਼ਤੇ ਤੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।19 ਤੋਂ 23 ਅਗਸਤ ਤੱਕ ਚੱਲਣ ਵਾਲੀ ਇਸ ਮੁਹਿੰਮ ਤਹਿਤ ਸ਼ਹਿਰ ਨੂੰ ਸਾਫ਼ ਸੁਥਰਾ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨ ਲਈ ਕਈ ਗਤੀਵਿਧੀਆਂ ਕੀਤੀਆਂ ਜਾਣਗੀਆਂ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਈ.ਓ ਦੇਸ ਰਾਜ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਫਿਲੌਰ ਨੇ ਦੱਸਿਆ ਕਿ 21-22 ਅਗਸਤ ਨੂੰ ਸੁੱਕਾ ਕਚਰਾ, ਖਾਸ ਤੌਰ 'ਤੇ ਪਲਾਸਟਿਕ ਦੀਆਂ ਬੋਤਲਾਂ, ਡੱਬਿਆਂ, ਲਿਫਾਫੇ ਆਦਿ ਨੂੰ ਸੜਕਾਂ, ਗਲੀਆਂ, ਗਰੀਨ ਬੈਲਟ, ਜਨਤਕ ਖੇਤਰਾਂ ਆਦਿ ਤੋਂ ਇਕੱਠਾ ਕੀਤਾ ਜਾਵੇਗਾ ਅਤੇ ਐਮ.ਆਰ.ਐਫ. ਕੇਂਦਰਾਂ ਤੱਕ ਪਹੁੰਚਾਇਆ ਜਾਵੇਗਾ ਅਤੇ ਪਲਾਸਟਿਕ ਨੂੰ ਗੱਠਾਂ ਬਣਾ ਕੇ ਰੀਸਾਈਕਲ ਕੀਤਾ ਜਾਵੇਗਾ ਅਤੇ ਫਿਰ ਰੀਸਾਈਕਲ ਲਈ ਵੇਚਿਆ ਜਾਵੇਗਾ।23 ਅਗਸਤ ਨੂੰ ਸ਼ਹਿਰ ਦੇ ਵੱਖ-ਵੱਖ ਕੰਪੋਸਟ ਸੈਂਟਰਾਂ ਵਿੱਚ ਨਗਰ ਕੌਂਸਲ ਫਿਲੌਰ ਵੱਲੋਂ ਗਿੱਲੇ ਕੂੜੇ ਤੋਂ ਤਿਆਰ ਕੀਤੀ ਜਾ ਰਹੀ ਜੈਵਿਕ ਖਾਦ ਨੂੰ ਸ਼ਹਿਰ ਅਤੇ ਪਿੰਡਾਂ ਵਿੱਚ ਕੈਂਪ ਲਗਾ ਕੇ ਲੋਕਾਂ ਵਿੱਚ ਵੰਡਿਆ ਜਾਵੇਗਾ।ਇਸ ਮੌਕੇ ਈ ਓ ਦੇਸ ਰਾਜ ਕਾਰਜ ਸਾਧਕ ਅਫ਼ਸਰ ਨੇ ਸ਼ਹਿਰ ਵਾਸੀਆਂ ਨੂੰ ਇਸ ਪੰਜ ਰੋਜ਼ਾ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਸ਼ਹਿਰ ਵਾਸੀ ਆਪਣੇ ਇਲਾਕੇ ਦੇ ਸੈਨੇਟਰੀ ਇੰਸਪੈਕਟਰਾਂ ਨਰੇਸ਼ ਕੁਮਾਰ ਨਗਰ ਕੌਂਸਲ ਫਿਲੌਰ, ਸ਼ਰਨਜੀਤ ਸਿੰਘ ਨਗਰ ਕੌਂਸਲ ਫਿਲੌਰ ਸਵੱਛ ਭਾਰਤ ਮੁਹਿੰਮ ਤਹਿਤ ਕੰਮ ਕਰਦੇ ਕਮਿਊਨਿਟੀ ਫੈਸੀਲੀਟੇਟਰਾਂ ਸ੍ਰੀਮਤੀ ਨੀਲਮ ਸ਼ਰਮਾ ਅਤੇ ਪ੍ਰੇਰਕਾਂ ਨਾਲ ਸੰਪਰਕ ਕਰਕੇ, ਇਸ ਮੁਹਿੰਮ ਬਾਰੇ ਜਾਣਕਾਰੀ ਪ੍ਰਾਪਤ ਕਰਕੇ ਆਪਣੀ ਭਾਗੀਦਾਰੀ ਨੂੰ ਯਕੀਨੀ ਬਣਾਉਣ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਜੇਕਰ ਘਰ ਦੇ ਨੇੜੇ ਕਿਤੇ ਵੀ ਜੀ ਵੀ ਪੀ ਹੈ ਤਾਂ ਉਹ ਤੁਰੰਤ ਇਸ ਬਾਰੇ ਨਗਰ ਕੌਂਸਲ ਫਿਲੌਰ ਨੂੰ ਸੂਚਿਤ ਕਰਨ ਜਾਂ ਐਮ-ਸੇਵਾ ਐਪ ਰਾਹੀਂ ਵੀ ਜਾਣਕਾਰੀ ਦਿੱਤੀ ਜਾ ਸਕਦੀ ਹੈ ਤਾਂ ਜੋ ਉਥੋਂ ਕੂੜੇ ਨੂੰ ਸਾਫ਼ ਕੀਤਾ ਜਾ ਸਕੇ।

## ਡੇਰਾ ਪੰਡਵਾਂ ਵਿਖੇ ਧਾਰਮਿਕ ਸਮਾਗਮ ਕਰਵਾਇਆ



**ਬੰਗਾ (ਅਵਤਾਰ ਕਲੇਰ)** ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ, ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾ ਵਿਖੇ ਸੰਤ ਬਾਬਾ ਹੰਸ ਰਾਜ ਜੀ ਦੇ 55ਵੇਂ ਬਰਸੀ ਸਮਾਗਮ, 21ਵੇਂ ਸਥਾਪਨਾ ਦਿਵਸ ਸਰੋਵਰ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ, ਪਿਤਾ ਪ੍ਰੀਤਮ ਦਾਸ ਜੀ ਦੇ 11ਵੇਂ ਬਰਸੀ ਸਮਾਗਮ ਅਤੇ ਮਾਤਾ ਦਲੀਪ ਕੌਰ ਜੀ ਦੇ 8ਵੇਂ ਬਰਸੀ ਸਮਾਗਮ ਨੂੰ ਸਮਰਪਿਤ ਡੇਰਾ ਪੰਡਵਾ ਵਿਖੇ ਧਾਰਮਿਕ ਸਮਾਗਮ ਡੇਰੇ ਦੇ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਵੱਖ ਵੱਖ ਦਰਬਾਰਾਂ ਤੋਂ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਨਿਰਮਲ ਸਿੰਘ ਅਵਾਦਾਨ, ਸੰਤ ਟਹਿਲ ਨਾਥ ਨੰਗਲ ਖੇੜਾ, ਸੰਤ ਹਰਵਿੰਦਰ ਦਾਸ ਈਸਪੁਰ, ਸੰਤ ਸੁਖਦੇਵ ਸਿੰਘ ਚੱਕ ਕਲਾਲ, ਸੰਤ ਮਹਿੰਦਰ ਦਾਸ ਬੀਰਮਪੁਰ, ਸੰਤ ਗੁਰਮੀਤ ਦਾਸ ਹਾਜੀਪੁਰ, ਸੰਤ ਰਜੇਸ਼ ਗਿਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਜੋਗਿੰਦਰ ਸਿੰਘ ਮਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ, ਜਰਨੈਲ ਨੰਗਲ, ਜੱਸੀ ਤੱਲ੍ਹਣ,ਕਮਲਜੀਤ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਜਥੇਦਾਰ ਸਰੂਪ ਸਿੰਘ ਖਲਵਾੜਾ ਵਿਸ਼ੇਸ਼ ਤੌਰ ਤੇ ਪਹੁੰਚੇ।ਡੇਰੇ ਵਲੋਂ ਮਿਸ਼ਨਰੀ ਗਾਇਕਾ ਪ੍ਰੀਆ ਬੰਗਾ, ਸੇਵਾਦਾਰ ਬੀਬੀ ਦੀਸੋ, ਕਸ਼ਮੀਰ ਕੌਰ, ਸਰਬਜੀਤ ਕੁਮਾਰ ਨੂੰ ਗੋਲਡ ਮੈਡਲਾਂ ਨਾਲ ਸਨਮਾਨਿਤ ਕੀਤਾ। ਕਲਾਕਾਰਾਂ, ਕੀਰਤਨੀ ਜਥਿਆਂ ਵਲੋਂ ਸੰਗਤਾਂ ਨੂੰ ਨਿਹਾਲ ਕੀਤਾ।ਗੱਦੀ ਨਸ਼ੀਨ ਸੰਤ ਮਹਿੰਦਰ ਪਾਲ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਇਸ ਮੌਕੇ ਸੰਤ ਬੀਬੀ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ, ਸੰਤ ਮੋਹਨ ਪਾਲ,ਬਾਲ ਕ੍ਰਿਸ਼ਨ, ਮਾਸਟਰ ਗੁਰਨਾਮ ਚੰਦ, ਸੁਖਦੇਵ ਸਿੰਘ, ਪ੍ਰਗਟ ਸਿੰਘ, ਬਲਵੀਰ ਸਿੰਘ, ਕੁਲਵਿੰਦਰ ਸਿੰਘ, ਭੁਪਿੰਦਰ ਕੁਮਾਰ ਆਦਿ ਹਾਜ਼ਰ ਸਨ।

## ਬਿਨਾਂ ਪਛਾਣ ਪੱਤਰ ਲਏ ਮੋਬਾਇਲ ਫੋਨ ਤੇ ਸਿਮ ਵੇਚਣ 'ਤੇ ਪਾਬੰਦੀ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੁਲਸ ਕਮਿਸ਼ਨਰ ਸਵਪਨ ਸ਼ਰਮਾ ਵੱਲੋਂ 'ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023' ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਕਮਿਸ਼ਨਰੇਟ ਪੁਲਿਸ ਦੀ ਹਦੂਦ ਅੰਦਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਰਿਹਾਇਸ਼ੀ ਖੇਤਰਾਂ ਅੰਦਰ ਹਾਰਨ ਵਜਾਉਣ 'ਤੇ ਪਾਬੰਦੀ ਲਗਾਈ ਹੈ। ਇਸੇ ਤਰ੍ਹਾਂ ਸਾਊਂਡ ਸਿਸਟਮ ਦੀ ਅਵਾਜ਼ 7.5 ਡੀ.ਬੀ.(ਏ) ਅਤੇ ਲਾਊਡ ਸਪੀਕਰਾਂ ਅਤੇ ਸ਼ੋਰ ਪੈਦਾ ਕਰਨ ਵਾਲੇ ਯੰਤਰਾਂ ਦੀ ਅਵਾਜ਼ ਤੈਅ ਸੀਮਾ ਤੱਕ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ।ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਸ ਕਮਿਸ਼ਨਰ ਨੇ ਜਾਰੀ ਹੁਕਮਾਂ ਤਹਿਤ ਜਨਤਕ ਥਾਵਾਂ ਦੀ ਹੱਦ ਨੇੜੇ ਪਟਾਕਿਆਂ ਅਤੇ ਲਾਊਡ ਸਪੀਕਰ ਆਦਿ ਦੀ ਅਵਾਜ਼ 10 ਡੀ.ਬੀ. (ਏ) ਤੋਂ ਵੱਧ ਨਾ ਹੋਣ ਜਾਂ ਇਲਾਕੇ ਅਨੁਸਾਰ 7.5 ਡੀ.ਬੀ (ਏ) ਜਾਂ ਦੋਵਾਂ ਵਿਚੋਂ ਜਿਹੜੀ ਘੱਟ ਹੋਵੇ, ਮੁਤਾਬਿਕ ਰੱਖਣ ਦੇ ਹੁਕਮ ਦਿੱਤੇ ਹਨ। ਹੁਕਮਾਂ ਅਨੁਸਾਰ ਕੋਈ ਵੀ ਵਿਅਕਤੀ ਰਾਤ 10 ਵਜੇ ਤੋਂ ਸਵੇਰੇ 06 ਵਜੇ ਦੇ ਦਰਮਿਆਨ ਢੋਲ ਜਾਂ ਭੋਂਪੂ , ਅਵਾਜ਼ ਪੈਦਾ ਕਰਨ ਵਾਲਾ ਕੋਈ ਯੰਤਰ, ਸਾਊਂਡ ਐਂਪਲੀਫਾਇਰ ਨਹੀਂ ਵਜਾ ਸਕੇਗਾ ਅਤੇ ਮੈਰਿਜ ਪੈਲੇਸਾਂ ਤੇ ਹੋਟਲਾਂ ਵਿੱਚ ਵੀ ਇਹ ਹੁਕਮ ਲਾਗੂ ਹੋਣਗੇ।ਇਸੇ ਤਰ੍ਹਾਂ ਪੁਲਸ ਕਮਿਸ਼ਨਰ ਵੱਲੋਂ ਸਾਈਬਰ ਕ੍ਰਾਈਮ ਨੂੰ ਰੋਕਣ ਲਈ ਤੇ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਅਤੇ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਹੁਕਮ ਜਾਰੀ ਕੀਤੇ ਹਨ ਕਿ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹਦੂਦ ਅੰਦਰ ਆਉਂਦੇ ਸਾਰੇ ਮੋਬਾਇਲ ਫੋਨ ਅਤੇ ਸਿਮ ਵਿਕਰੇਤਾ ਮੋਬਾਇਲ ਫੋਨ ਅਤੇ ਸਿਮ ਵੇਚਦੇ ਸਮੇਂ ਖ਼ਰੀਦਦਾਰ ਪਾਸੋਂ ਪਛਾਣ ਪੱਤਰ/ਆਈ.ਡੀ. ਪਰੂਫ/ਫੋਟੋ ਹਾਸਲ ਕੀਤੇ ਬਿਨਾਂ ਮੋਬਾਇਲ ਫੋਨ ਅਤੇ ਸਿਮ ਨਹੀਂ ਵੇਚਣਗੇ ਅਤੇ ਮੋਬਾਇਲ ਫੋਨ ਨੂੰ ਗ੍ਰਾਹਕ/ਵਿਕਰੇਤਾ ਪਾਸੋਂ ਖ਼ਰੀਦ ਕਰਨ ਸਮੇਂ ਗਾਹਕ/ਵਿਕਰੇਤਾ ਨੂੰ ਵੀ ਆਪਣੀ ਫਰਮ ਦੀ ਮੋਹਰ ਅਤੇ ਦਸਤਖਤਾਂ ਹੇਠ 'ਪ੍ਰਚੇਜ਼ ਸਰਟੀਫਿਕੇਟ' ਦੇਣਗੇ।

ਪੁਲਸ ਕਮਿਸ਼ਨਰ ਨੇ ਇਕ ਹੋਰ ਹੁਕਮ ਜਾਰੀ ਕੀਤੇ ਹਨ ਕਿ ਪੁਲਸ ਕਮਿਸ਼ਨਰੇਟ ਦੀ ਹਦੂਦ ਅੰਦਰ ਪੈਂਦੀਆਂ ਵਾਹਨ ਖੜ੍ਹੀਆਂ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ, ਹਸਪਤਾਲ, ਭੀੜ ਵਾਲੇ ਬਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ ) ਸੀ ਸੀ ਟੀ ਵੀ ਕੈਮਰੇ ਲਗਾਏ ਬਿਨਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ।

## ਰੱਖੜੀ ਦਾ ਤਿਉਹਾਰ ਉਤਸ਼ਾਹ ਪੂਰਵਕ ਮਨਾਇਆ



**ਭੁਲੱਥ (ਮਨਪ੍ਰੀਤ ਸਿੰਘ)** ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਉਤਸ਼ਾਹ ਪੂਰਵਕ ਅਤੇ ਚਾਵਾਂ ਨਾਲ ਮਨਾਇਆ ਗਿਆ।ਇਸ ਮੌਕੇ ਭੈਣਾਂ ਨੇ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀ ਬੰਨੀ ਤੇ ਮਠਿਆਈ ਭੇਟ ਕੀਤੀ ਅਤੇ ਭਰਾਵਾਂ ਨੇ ਵੀ ਆਪਣੀਆਂ ਭੈਣਾਂ ਨੂੰ ਰੱਖਿਆ ਦਾ ਵਚਨ ਦਿੱਤਾ।

## ਸ਼ਹਿਰ ਨੂੰ ਸਵੱਛ ਤੇ ਸੁੰਦਰ ਬਣਾਉਣ ਲਈ ਨਗਰ ਨਿਗਮ ਵੱਲੋਂ ਅਹਿਮ ਉਪਰਾਲੇ : ਡਾ. ਅਮਨਦੀਪ ਕੌਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਕਮਿਸ਼ਨਰ, ਨਗਰ ਨਿਗਮ ਡਾ. ਅਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਵੇਂ ਸਫਾਈ ਵਿਚ ਹੀ ਭਲਾਈ ਦੀ ਮੁਹਿੰਮ ਦਾ ਆਗਾਜ਼ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ।ਇਸ ਲੜੀ ਤਹਿਤ ਨਗਰ ਨਿਗਮ ਦੀ ਹਦੂਦ ਅੰਦਰ ਪੈਂਦੇ ਵੱਖ-ਵੱਖ ਕੂੜੇ ਦੇ ਸੈਕੰਡਰੀ ਪੁਆਇੰਟਾਂ ਨੂੰ ਜੰਗੀ ਪੱਧਰ 'ਤੇ ਖਾਲੀ ਕਰਵਾ ਦਿੱਤਾ ਗਿਆ ਹੈ, ਜਿਸ ਅਨੁਸਾਰ ਵੈਟ ਵੇਸਟ ਨੂੰ ਸਿੱਧਾ ਹੀ ਐਮ ਆਰ ਐਫ ਸ਼ੈਡਾਂ 'ਤੇ ਬਣਾਈਆਂ ਪਿੱਟਾ ਉਤੇ ਪਾ ਦਿੱਤਾ ਗਿਆ ਹੈ।ਇਸ ਕੂੜੇ ਵਿਚੋਂ ਨਿੱਕਲੇ ਪਲਾਸਟਿਕ ਲਿਫਾਫਿਆਂ ਦੀ ਬੇਲਿੰਗ ਨਾਲ ਦੀ ਨਾਲ ਕਰਵਾਈ ਜਾ ਰਹੀ ਹੈ, ਉਨ੍ਹਾਂ ਅੱਗੇ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ ਕੂੜੇ ਦੇ ਡੰਪ ਜੋ ਖਾਲੀ ਕਰਵਾਏ ਗਏ ਹਨ ਉਨ੍ਹਾਂ ਡੰਪਾਂ 'ਤੇ ਭਵਿੱਖ ਵਿਚ ਕੂੜਾ ਨਗਰ ਨਿਗਮ ਅਤੇ ਆਮ ਪਬਲਿਕ ਵੱਲੋਂ ਨਾ ਸੁੱਟਿਆ ਜਾਵੇ। ਇਸ ਲਈ ਇਨ੍ਹਾਂ ਥਾਂਵਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਇੱਕ ਯੋਜਨਾਂ ਤਿਆਰ ਕੀਤੀ ਜਾ ਰਹੀ ਹੈ, ਜਿਸ ਤਹਿਤ ਇਨ੍ਹਾਂ ਥਾਂਵਾ 'ਤੇ ਪਲਾਂਟੇਸ਼ਨ ਕਰਕੇ ਆਮ ਪਬਲਿਕ ਲਈ ਬੈਠਣ ਲਈ ਬੈਂਚ ਲਗਵਾਉਣ ਦੀ ਤਜਵੀਜ਼ ਹੈ।ਇਨ੍ਹਾਂ ਥਾਂਵਾ ਦਾ ਸੁੰਦਰੀਕਰਨ ਕਰਨ ਉਪਰੰਤ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਉਹ ਇਨ੍ਹਾਂ ਥਾਂਵਾ 'ਤੇ ਬਿਲਕੁਲ ਵੀ ਕੂੜਾ ਨਾ ਸੁੱਟਣ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਜਾਵੇਗੀ ਕਿ ਉਹ ਸਵੱਛ ਭਾਰਤ ਮੁਹਿੰਮ ਦਾ ਹਿੱਸਾ ਬਣ ਕੇ ਆਪਣੇ ਸ਼ਹਿਰ ਨੂੰ ਸਵੱਛ ਅਤੇ ਸੁੰਦਰ ਰੱਖਣ ਅਤੇ ਵਾਤਾਵਰਨ ਨੂੰ ਬਚਾਉਣ ਲਈ ਸਫਾਈ ਸੇਵਕਾ ਨੂੰ ਘਰ ਤੋਂ ਹੀ ਗਿੱਲਾ ਸੁੱਕਾ-ਕੂੜਾ ਅਲੱਗ-ਅਲੱਗ ਦੇਣ, ਤਾਂ ਜੋ ਇਸ ਕੂੜੇ ਨੂੰ ਕਿਸੇ ਵੀ ਡੰਪ 'ਤੇ ਨਾ ਸੁੱਟਿਆ ਜਾਵੇ ਅਤੇ ਇਹ ਕੂੜਾ ਸਿੱਧੇ ਤੌਰ 'ਤੇ ਗੱਡੀਆ ਰਾਹੀਂ ਐਮ ਆਰ ਸ਼ੈਡਾਂ 'ਤੇ ਚਲਿਆ ਜਾਵੇ।

## ਮੂਨਕ ਖੁਰਦ ਵਿਖੇ ਪੂਰਨਮਾਸ਼ੀ ਦਿਹਾੜੇ ਮੌਕੇ 'ਗੁਰੂ ਲਾਧੋ ਰੇ' ਦਿਵਸ ਸਮਾਗਮ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਮੂਨਕ ਖੁਰਦ ਵਿਖੇ ਪੂਰਨਮਾਸ਼ੀ ਦੇ ਦਿਹਾੜੇ ਨੂੰ ਸਮਰਪਿਤ ਮਹੀਨਾਵਾਰ ਧਾਰਮਿਕ ਸਮਾਗਮ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਲਾਧੋ ਰੇ ਦਿਵਸ ਨੂੰ ਸਮਰਪਿਤ ਕਰਵਾਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸ਼ਾਮ ਦੇ ਇਸ ਸਮੇਂ ਸੋਦਰ ਰਹਿਰਾਸ ਸਾਹਿਬ ਜੀ ਦੇ ਪਾਠ ਕਰਨ ਉਪਰੰਤ ਗਿਆਨੀ ਪਰਮਜੀਤ ਸਿੰਘ ਖਾਲਸਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸਜਾਏ ਗਏ ਰਾਤਰੀ ਦੇ ਦੀਵਾਨ ਵਿੱਚ ਸੰਤ ਬਾਬਾ ਸੁਖਵਿੰਦਰ ਸਿੰਘ ਡੇਰਾ ਬਾਬਾ ਬੰਨਾ ਜੀ ਬੰਗਾਲੀਪੁਰ ਓਡਰੇ ਵਾਲਿਆ, ਭਾਈ ਵਰਿੰਦਰ ਸਿੰਘ ਧੂਤ, ਸਤਵਿੰਦਰ ਸਿੰਘ ਬਾਗੀ, ਕਾਕਾ ਹਰਿਗੁਰ ਸਿਮਰਜਤ ਸਿੰਘ ਮੋਮੀ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ।ਇਸ ਮੌਕੇ ਪ੍ਰਧਾਨ ਤੀਰਥ ਸਿੰਘ, ਵਾਈਸ ਪ੍ਰਧਾਨ ਅਮਰਜੀਤ ਸਿੰਘ ਸੁਖਵਿੰਦਰ ਸਿੰਘ ਮੂਨਕ, ਸਰਬਜੀਤ ਸਿੰਘ ਮੋਮੀ, ਪਰਮਜੀਤ ਸਿੰਘ ਪੰਮੀ, ਸੁਰਜੀਤ ਸਿੰਘ ਕਾਲਾ, ਭਜਨ ਸਿੰਘ,ਸੂਬੇਦਾਰ ਅਮਰਨਾਥ, ਜਰਨੈਲ ਸਿੰਘ ਜੇ.ਈ, ਕਰਮ ਸਿੰਘ ,ਸੂਬੇਦਾਰ ਗੁਰਨਾਮ ਸਿੰਘ, ਸੂਬੇਦਾਰ ਬਲਵਿੰਦਰ ਸਿੰਘ, ਅਵਤਾਰ ਸਿੰਘ, ਕੁਲਜੀਤ ਸਿੰਘ ਲੱਕੀ ਥਾਣੇਦਾਰ, ਧਰਮ ਸਿੰਘ, ਜਸਵੀਰ ਸਿੰਘ ਮੋਮੀ, ਬਲਕਾਰ ਸਿੰਘ, ਸਰਵਣ ਸਿੰਘ, ਜਸ਼ਨਪ੍ਰੀਤ ਸਿੰਘ, ਅਰਮਾਨ ਦੀਪ ਸਿੰਘ, ਪਰਮਜੀਤ ਸਿੰਘ ਬੱਬੀ, ਕਰਮ ਚੰਦ ਮਹਿਮੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਮਹਿਲਾ ਡਾਕਟਰ ਨਾਲ ਘਿਨੌਣੀ ਹਰਕਤ ਕਰਨ ਵਾਲਿਆਂ ਨੂੰ ਮਿਲੇ ਸਖਤ ਸਜ਼ਾ : ਸਾਰਿਤਾ ਸ਼ਰਮਾ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਹਲਕਾ ਗੜ੍ਹਸ਼ੰਕਰ ਤੋਂ ਕਾਂਗਰਸੀ ਮਹਿਲਾ ਆਗੂ ਸਾਰਿਤਾ ਸ਼ਰਮਾ ਨੇ ਬੀਤੇ ਦਿਨੀ ਕੋਲਕਾਤਾ 'ਚ ਮਹਿਲਾ ਡਾਕਟਰ ਨਾਲ ਹੋਏ ਜਬਰ ਜਨਾਹ ਤੇ ਕਤਲ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਇਹੋ ਜਿਹੇ ਘਿਨੌਣੀ ਹਰਕਤ ਕਰਨ ਵਾਲਿਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਹੈ।ਉਹਨਾ ਕਿਹਾ ਕਿ ਅਜਿਹਾ ਕੁਕਰਮ ਕਰਨ ਵਾਲੇ ਦੋਸ਼ੀਆਂ ਨੂੰ ਤਰੁੰਤ ਸਖਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਅੱਗੇ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਸਾਰਿਤਾ ਸ਼ਰਮਾਂ ਨੇ ਇਸ ਘਟਨਾ ਨੂੰ ਦੇਸ਼ ਦੇ ਸਮਾਜ ਲਈ ਮੰਦਭਾਗਾ ਦੱਸਦਿਆ ਕਿਹਾ ਕਿ ਦੇਸ਼ ਵਿੱਚ ਭਾਵੇਂ ਡਾਕਟਰ ਨੂੰ ਰੱਬ ਦਾ ਦਰਜਾ ਦਿੱਤਾ ਗਿਆ ਹੈ ਪਰ ਡਾਕਟਰੀ ਅਮਲੇ ਅਤੇ ਲੜਕੀਆਂ ਨਾਲ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਦੇਸ਼ ਦੇ ਸਮਾਜ ਦੇ ਮੱਥੇ 'ਤੇ ਕਲੰਕ ਹਨ। ਉਹਨਾਂ ਦੋਸ਼ੀਆਂ ਖਿਲਾਫ ਸਖਤ ਸਜਾਵਾਂ ਤੇ ਡਾਕਟਰੀ ਆਮਲੇ ਦੀ ਜਾਨ ਅਤੇ ਮਾਲ ਦੀ ਸੁਰੱਖਿਅਤ ਲਈ ਸਖਤ ਕਾਨੂੰਨ ਬਣਾਉਣ ਦੀ ਮੰਗ ਕੀਤੀ।

## ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ 31 ਤੱਕ ਰਜਿਸਟਰੇਸ਼ਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਡਿਪਟੀ ਕਮਿਸ਼ਨ ਕੋਮਲ ਮਿੱਤਲ ਨੇ ਦੱਸਿਆ ਕਿ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ ਭਾਰਤ ਸਰਕਾਰ ਵੱਲੋਂ ਰਾਸ਼ਟਰੀ ਬਾਲ ਪੁਰਸਕਾਰ ਲਈ 31 ਅਗਸਤ ਤੱਕ ਆਨਲਾਈਨ ਪੋਰਟਲ ਰਾਹੀਂ ਰਜਿਸਟਰੇਸ਼ਨ ਕਰਵਾਈ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪੁਰਸਕਾਰ ਹਰ ਸਾਲ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਨੇ ਅਸਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ ਅਤੇ ਸਪੈਸ਼ਲ ਬੱਚੇ, ਜਿਨ੍ਹਾਂ ਨੇ ਅਸਾਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਾਧਾਰਨ ਉਪਲਬੱਧੀ ਹਾਸਲ ਕੀਤੀ ਹੋਵੇ।ਉਨ੍ਹਾਂ ਦੱਸਿਆ ਕਿ ਉਹ ਅਸਾਧਾਰਨ ਬੱਚੇ ਜਿਨ੍ਹਾਂ ਨੇ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਨ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿਚ ਮੱਲ੍ਹਾਂ ਮਾਰੀਆਂ ਹੋਣ, ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ। ਉਨ੍ਹਾਂ ਕਿਹਾ ਕਿ ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਤੇ ਅਰਜ਼ੀ ਦੇਣ ਦੀ ਆਖ਼ਰੀ ਮਿਤੀ ਤੱਕ 5 ਸਾਲ ਤੋਂ ਵੱਧ ਅਤੇ 18 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਮੰਗੀ ਗਈ ਯੋਗਤਾ ਵਾਲੇ ਹਨ, ਉਹ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ ਐਮ ਆਰ ਬੀ ਪੀ) ਦੀ ਵੈੱਬਸਾਈਟ 'ਤੇ 31 ਅਗਸਤ ਤੱਕ ਆਨਲਾਈਨ ਰਜਿਸਟਰੇਸ਼ਨ ਕਰਵਾ ਸਕਦੇ ਹਨ।

## ਚੋਰੀ ਦੀਆਂ ਸੱਤ ਮੋਟਰਾਂ ਸਮੇਤ ਤਿੰਨ ਕਾਬੂ



**ਜਲੰਧਰ (ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਸਬਮਰਸੀਬਲ ਮੋਟਰਾਂ ਚੋਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਕੇ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਦੇਸਰਾਜ ਪੁੱਤਰ ਜਸਵੰਤ ਸਿੰਘ ਵਾਸੀ ਬੀ ਐਕਸ-196 ਲੰਮਾ ਪਿੰਡ ਜਲੰਧਰ ਨੇ ਸ਼ਿਕਾਇਤ ਕੀਤੀ ਸੀ ਕਿ ਉਸ ਨੇ 15 ਅਗਸਤ ਨੂੰ ਆਪਣੀ ਦੁਕਾਨ ਦਾ ਸ਼ਟਰ ਬੰਦ ਕਰ ਦਿੱਤਾ ਸੀ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਅਗਲੇ ਦਿਨ ਜਦੋਂ ਉਹ ਆਪਣੀ ਦੁਕਾਨ 'ਤੇ ਵਾਪਸ ਆਇਆ ਤਾਂ ਉਸ ਨੂੰ ਪਤਾ ਲੱਗਾ ਕਿ ਚੋਰੀ ਹੋ ਗਈ ਹੈ ਅਤੇ ਤਿੰਨ ਅਣਪਛਾਤੇ ਵਿਅਕਤੀਆਂ ਨੇ 10 ਸਬਮਰਸੀਬਲ ਮੋਟਰਾਂ ਚੋਰੀ ਕਰ ਲਈਆਂ ਹਨ। ਸਵਪਨ ਸ਼ਰਮਾ ਨੇ ਦੱਸਿਆ ਕਿ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਰਾਮਾ ਮੰਡੀ ਸੀ.ਪੀ.ਜਲੰਧਰ ਵਿਖੇ ਐਫ ਆਈ ਆਰ ਦਰਜ ਕੀਤੀ।ਪੁਲਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਮਨੁੱਖੀ ਖੁਫੀਆ ਜਾਣਕਾਰੀ ਅਤੇ ਵਿਗਿਆਨਕ ਸਬੂਤਾਂ ਦੇ ਆਧਾਰ 'ਤੇ ਤਿੰਨਾਂ ਦੋਸ਼ੀਆਂ ਦੀ ਪਛਾਣ ਦੀਪਕ ਉਰਫ ਦੀਪੂ ਵਾਸੀ ਬੇਟੀ ਕਰਿਆਨਾ ਸਟੋਰ ਮੁਹੱਲਾ ਸੰਤੋਸ਼ੀ ਨਗਰ ਜਲੰਧਰ, ਸੁਨੀਲ ਕੁਮਾਰ ਉਰਫ ਜਾਦ ਨਿਵਾਸੀ ਹਾਊਸ ਨੰ. ਸੀ ਈ ਐਫ ਪੀਰ ਬਾਬਾ ਮੱਟ ਸ਼ਾਹ ਬੈਕਸਾਈਡ, ਸੰਤੋਸ਼ੀ ਨਗਰ ਜਲੰਧਰ ਅਤੇ ਰੋਮੀ ਪੀਰ ਬਾਬਾ ਮੱਟ ਸ਼ਾਹ, ਸੰਤੋਸ਼ੀ ਨਗਰ ਜਲੰਧਰ ਵਜੋਂ ਹੋਈ ਹੈ।ਉਨ੍ਹਾਂ ਦੱਸਿਆ ਕਿ ਪੁਲਸ ਨੇ ਜਾਂਚ ਦੌਰਾਨ ਇਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਮੋਟਰਾਂ ਬਰਾਮਦ ਕੀਤੀਆਂ ਹਨ।

## ਡਾ. ਚੱਬੇਵਾਲ ਨੇ ਸਿਵਲ ਹਸਪਤਾਲ ਦਾ ਦੌਰਾ ਕਰਕੇ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸਿਵਲ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕੀਤਾ, ਜਿਥੇ ਉਨ੍ਹਾਂ ਨੇ ਹਸਪਤਾਲ ਦੀ ਸੁਰੱਖਿਆ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਅਤੇ ਡਾਕਟਰਾਂ ਦੇ ਨਾਲ ਇਕਜੁੱਟਤਾ ਦਿਖਾਈ।ਇਸ ਦੌਰਾਨ ਉਨ੍ਹਾਂ ਨੇ ਡਾਕਟਰਾਂ ਅਤੇ ਮੈਡੀਕਲ ਸਟਾਫ਼ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਮੈਡੀਕਲ ਸਟਾਫ਼ ਨੂੰ ਆ ਰਹੀਆਂ ਚੁਣੌਤੀਆਂ 'ਤੇ ਵੀ ਗੰਭੀਰ ਚਰਚਾ ਕੀਤੀ।ਡਾ. ਚੱਬੇਵਾਲ ਨੇ ਕੋਲਕਾਤਾ ਵਿਚ ਹਾਲ ਹੀ ਵਿਚ ਇਕ ਔਰਤ ਡਾਕਟਰ ਦੀ ਬੇਰਹਿਮੀ ਹੱਤਿਆ ਦੀ ਕਰੜੀ ਨਿੰਦਾ ਕੀਤੀ ਅਤੇ ਇਸ ਘਟਨਾ ਨੂੰ ਸਮਾਜ ਲਈ ਇਕ ਗੰਭੀਰ ਚਿਤਾਵਨੀ ਦੱਸਿਆ।ਇਸ ਦੌਰਾਨ ਸਿਵਲ ਸਰਜਨ ਡਾ. ਪਵਨ ਕੁਮਾਰ ਤੇ ਈਸ਼ਾਨ ਕੁਮਾਰ ਵੀ ਮੌਜੂਦ ਸਨ। ਡਾ. ਚੱਬੇਵਾਲ ਨੇ ਹਸਪਤਾਲ ਵਿਚ ਡਾਕਟਰਾਂ ਅਤੇ ਸਿਹਤ ਕਰਮਚਾਰੀਆਂਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ।ਉਨ੍ਹਾਂ ਭਰੋਸਾ ਦਿੱਤਾ ਕਿ ਉਹ ਮੈਡੀਕਲ ਭਾਈਚਾਰੇ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਦਫ਼ਤਰਾਂ ਵਿਚ ਸਨਮਾਨਜਨਕ ਵਾਤਾਵਰਨ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ।ਵਿਸ਼ੇਸ਼ ਰੂਪ ਵਿਚ ਉਨ੍ਹਾਂ ਨੇ ਔਰਤ ਡਾਕਟਰਾਂ ਪ੍ਰਤੀ ਹੋ ਰਹੇ ਭੇਦਭਾਵ ਅਤੇ ਹਿੰਸਾ ਦੇ ਮੁੱਦਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ ਅਤੇ ਕਿਹਾ ਕਿ ਇਨ੍ਹਾਂ ਚੁਨੌਤੀਆਂ ਦੇ ਹੱਲ ਲਈ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ ਹੈ। ਡਾ. ਚੱਬੇਵਾਲ ਨੇ ਕਿਹਾ ਕਿ ਬਿਨਾਂ ਸੁਰੱਖਿਆ ਦੇ ਡਾਕਟਰਾਂ ਨਾਲ ਉਨ੍ਹਾਂ ਦੇ ਬਿਹਤਰ ਪ੍ਰਦਰਸ਼ਨ ਦੀ ਆਸ ਨਹੀਂ ਕੀਤੀ ਜਾ ਸਕਦੀ। ਇਸ ਦੌਰਾਨ ਹਸਪਤਾਲ ਦੇ ਸਾਰੇ ਡਾਕਟਰਾਂ ਨੇ ਡਾ. ਚੱਬੇਵਾਲ ਦੇ ਇਸ ਦੌਰੇ ਦਾ ਸਵਾਗਤ ਕੀਤਾ।

## ਕਲਾਕਾਰ ਸੰਗੀਤ ਸਭਾ ਵੱਲੋਂ ਸਨਮਾਨ ਸਮਾਰੋਹ 23 ਨੂੰ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਕਲਾਕਾਰ ਸੰਗੀਤ ਸਭਾ ਨਵਾਂਸ਼ਹਿਰ ਵੱਲੋਂ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਸਨਮਾਨ ਸਮਾਰੋਹ 23 ਅਗਸਤ ਨੂੰ ਗੜ੍ਹਸ਼ੰਕਰ ਰੋਡ 'ਤੇ ਸਥਿਤ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਆਯੋਜਨ ਕੀਤਾ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਲਖਵਿੰਦਰ ਸਿੰਘ ਲੱਖਾ ਸੂਰਾਪੁਰੀ ਅਤੇ ਚੇਅਰਮੈਨ ਹਰਦੇਵ ਸਿੰਘ ਚਾਹਲ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ 23 ਅਗਸਤ ਨੂੰ ਸੁਖਮਨੀ ਸਾਹਿਬ ਜੀ ਦੇ ਪਾਠ ਤੋਂ ਉਪਰੰਤ ਗੁਰਚਰਨ ਬੱਧਣ ਅਤੇ ਤਰਸੇਮ ਸਾਕੀ ਨੂੰ ਕਲਮ ਦੇ ਧਨੀ ਅਵਾਰਡ, ਬੀ. ਆਰ ਡਿਮਾਂਡਾਂ ਨੂੰ ਸੁਰ ਸਾਗਰ ਅਵਾਰਡ, ਸੋਨੀ ਸੜੋਆ ਅਤੇ ਜਸਪਾਲ ਲਧਾਣਾ ਨੂੰ ਨਿਰਪੱਖ ਪੱਤਰਕਾਰ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਇਨਾਮਾਂ ਦੀ ਵੰਡ ਮੁੱਖ ਮਹਿਮਾਨ ਡਾ. ਅਸ਼ੋਕ ਮੰਗਲਾ ਐਮ.ਡੀ, ਐਮ ਏ ਐਮ ਇਮੀਗ੍ਰੇਸ਼ਨ ਨਵਾਂਸ਼ਹਿਰ ਵੱਲੋਂ ਕੀਤੀ ਜਾਵੇਗੀ। ਇਸ ਮੌਕੇ ਦਿਲਬਰਜੀਤ ਸਿੰਘ ਦਿਲਬਰ, ਵਾਸਦਵੇ ਪਰਦੇਸੀ, ਸੰਨੀ ਸੜੋਆ ਅਤੇ ਡਾ. ਸੁਰਿੰਦਰ ਝੱਲੀ ਵੀ ਹਾਜ਼ਰ ਸਨ।

## ਕੌਮੀ ਲੋਕ ਅਦਾਲਤ 14 ਸਤੰਬਰ ਨੂੰ

**ਨਵੀਂ ਦਿੱਲੀ** : ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਨਵੀਂ ਦਿੱਲੀ ਵਲੋਂ ਭੇਜੇ ਗਏ ਪ੍ਰੋਗਰਾਮ ਅਨੁਸਾਰ ਮਾਨਯੋਗ ਜੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ ਅਤੇ ਨਿਰਭਉ ਸਿੰਘ ਗਿੱਲ, ਜਿਲ੍ਹਾ ਅਤੇ ਸੈਸ਼ਨਜ ਜੱਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਰਹਿਨੁਮਾਈ ਹੇਠ ਕੌਮੀ ਲੋਕ ਅਦਾਲਤ 14 ਸਤੰਬਰ ਨੂੰ ਲਗਾਈ ਜਾ ਰਹੀ ਹੈ। ਨਿਰਭਉ ਸਿੰਘ ਗਿੱਲ ,ਜਿਲ੍ਹਾ ਅਤੇ ਸੈਸ਼ਨਜ ਜੱਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਰਾਜੀਨਾਮਾ ਯੋਗ ਫੌਜਦਾਰੀ ਕੇਸ ਚੈਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਟਰੈਫਿਕ ਚਲਾਨ, ਮੋਟਰ ਦੁਰਘਟਨਾ ਕਲੇਮ ਕੇਸ, ਕਿਰਤ ਸੰਬੰਧੀ ਝਗੜੇ, ਲੈਂਡ ਐਕਿਉਜ਼ਿਸ਼ਨ ਕੇਸ, ਬਿਜਲੀ ਅਤੇ ਪਾਣੀ ਦੇ ਬਿਲਾਂ ਸੰਬੰਧੀ, ਮਾਲ ਵਿਭਾਗ ਨਾਲ ਸਬੰਧਤ ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਨਿਪਟਾਰੇ ਲਈ ਰੱਖੇ ਜਾਣਗੇ। ਇਸ ਤੋਂ ਇਲਾਵਾਂ ਹੋਰ ਜਾਣਕਾਰੀ ਦੱਦਿਆਂ ਦੱਸਿਆ ਕਿ ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਦੇ ਫੈਸਲੇ ਦੇ ਖਿਲਾਫ ਅਪੀਲ ਨਹੀ ਕੀਤੀ ਜਾ ਸਕਦੀ। ਉਹਨਾਂ ਲੋਕਾ ਨੂੰ ਵੱਧ ਤੋ ਵੱਧ ਕੇਸ ਇਸ ਕੌਮੀ ਲੋਕ ਅਦਾਲਤ ਵਿੱਚ ਲਗਾਏ ਜਾਣਦੀ ਤਾਕੀਦ ਕੀਤੀ ਤਾਂ ਜੋ ਇਸ ਲੋਕ ਅਦਾਲਤ ਦਾ ਫਾਇਦਾ ਆਮ ਤੇ ਗਰੀਬ ਲੋਕਾਂ ਨੂੰ ਮਿਲ ਸਕੇ।

## ਭਾਰਤ ਬੰਦ ਨੂੰ ਕਾਮਯਾਬ ਕਰਨ ਦਾ ਸੱਦਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਬਹੁਜਨ ਸਮਾਜ ਦੇ ਸਾਥੀ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਜੋ 1 ਅਗਸਤ 2024 ਨੂੰ ਸੁਪਰੀਮ ਕੋਰਟ ਵੱਲੋਂ ਰਿਜਰਵੇਸ਼ਨ ਦੇ ਸੰਬੰਧ ਵਿੱਚ ਕਰੀਮੀਲੇਅਰ ਨੂੰ ਅਧਾਰ ਬਣਾ ਕੇ ਜੋ ਫੈਸਲਾ ਕੀਤਾ ਹੈ ਉਸ ਫੈਸਲੇ ਨੂੰ ਸੰਸਦ ਵਿੱਚ ਸੰਵਿਧਾਨਕ ਸੋਧ ਕਰਵਾਉਣ ਲਈ ਭਾਰਤ ਬੰਦ ਦਾ ਐਲਾਨ ਕੀਤਾ ਗਿਆ ਹੈ। ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਉਸ ਵਿੱਚ ਉਨ੍ਹਾਂ ਵੱਲੋਂ ਪੂਰਾ ਸਮਰਥਨ ਦਿੱਤਾ ਜਾਵੇਗਾ ਉਸ ਵਿੱਚ ਸ਼ਾਮਲ ਹੋਣ ਲਈ ਵੱਧ ਤੋਂ ਵੱਧ ਲੋਕਾਂ ਨੂੰ ਲਾਮਬੰਦ ਕਰਕੇ ਕਾਫਲੇ ਦੇ ਰੂਪ ਦਾਖਲ ਹੋਵਾਂਗੇ। ਉਨ੍ਹਾਂ ਨੇ ਸਾਰਿਆਂ ਨੂੰ ਵੱਧ ਚੜ੍ਹ ਕਿ ਹਿੱਸਾ ਲੈਣ ਲਈ ਬੇਨਤੀ ਕੀਤੀ। ਇਸ ਮੌਕੇ ਸੁਰਜੀਤ ਕਰੀਮਪੁਰੀ, ਮਨੋਹਰ ਬੋਧ, ਜਸਵਿੰਦਰ ਮਹਿਮੀ, ਸੋਨੂ ਬੇਗੋਵਾਲ, ਚੰਦਰ ਸ਼ੇਖਰ, ਹਰਮੇਸ਼ ਕਸ਼ਯਪ, ਸੁਰਜੀਤ ਸਿੰਘ ਉੜਾਪੜ, ਰਕੇਸ਼ ਕੁਮਾਰ ਸ਼ੀਹਮਾਰ, ਸੰਦੀਪ ਕੁਮਾਰ ਗੜ੍ਹੀ ਆਦਿ ਹਾਜ਼ਰ ਹੋਏ।

21-AUG-PAGE-9.qxd 8/20/2024 10:42 PM Page 1



# ਮਹਿਲਾ ਡਾਕਟਰ ਦੇ ਹੱਕ 'ਚ ਕੈਂਡਲ ਮਾਰਚ ਕੱਢਿਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਕੋਲਕਾਤਾ ਵਿੱਚ ਮਹਿਲਾ ਡਾਕਟਰ ਨਾਲ ਕੋਈ ਸ਼ਰਮਨਾਕ ਦਰਿੰਦਗੀ ਅਤੇ ਕਤਲ ਦੇ ਰੋਸ ਵਜੋਂ ਰਕਸ਼ਾ ਬੰਧਨ ਦੇ ਤਿਹਾਰ ਮੌਕੇ ਲੋਕ ਮੰਚ ਪੰਜਾਬ ਦੀ ਬਲਾਚੌਰ ਇਕਾਈ ਵੱਲੋਂ ਸ਼ਹਿਰ 'ਚ ਕੈਂਡਲ ਮਾਰਚ ਡਾਕਟਰ ਸਨੀਤਾ ਸ਼ਰਮਾ, ਡਾਕਟਰ ਕਸ਼ਮੀਰ ਸਿੰਘ ਢਿੱਲੋ ਅਤੇ ਪਰਵਿੰਦਰ ਮੇਨਕਾ ਐਮ ਸੀ ਦੀ ਅਗਵਾਈ ਹੇਠ ਕੱਢਿਆ ਗਿਆ।

ਇਸ ਰੋਸ ਮਾਰਚ ਵਿੱਚ ਸੈਂਕੜੇ ਲੋਕ ਮੋਮਬੱਤੀਆਂ ਜਗ੍ਹਾ ਕੇ ਸ਼ਾਮਲ ਹੋਏ ਮਾਰਚ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਜਿਲ੍ਹਾ ਕਨਵੀਨਰ ਲੋਕ ਮੰਚ ਨੇ ਕਿਹਾ ਕਿ ਦਰਿੰਦਗੀ ਅਤੇ ਕਤਲ ਦੀ ਵਾਰਦਾਤ ਨੇ ਪੂਰੇ ਦੇਸ਼ ਨੂੰ ਝੰਝੋੜ ਕੇ ਰੱਖ ਦਿੱਤਾ ਹੈ। ਸਮੁੱਚਾ ਮੁਲਕ ਸਦਮੇ 'ਚ ਹੈ ਦੇਸ਼ ਦੇ ਹਾਕਮ ਔਰਤਾਂ ਵਿਰੁੱਧ ਹੋ ਰਹੇ ਜਬਰ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫਲ ਸਾਬਤ ਹੋਏ ਹਨ ਅੱਜ ਵੀ ਦੇਸ਼ ਵਿੱਚ ਰੋਜਾਨਾ 87 ਰੇਪ ਦੇ ਕੇਸ ਹੋ ਰਹੇ ਹਨ ਜੋ ਕਿ ਚਿੰਤਾ ਦਾ ਵਿਸ਼ਾ ਹੈ ਉਹਨਾਂ ਆਸ ਪ੍ਰਗਟ ਕੀਤੀ ਕਿ ਦੇਸ਼ ਦੀ ਸਰਬ ਉੱਚ ਅਦਾਲਤ ਦੀ ਨਿਗਰਾਨੀ ਹੇਠ ਸਾਰੇ ਦੋਸ਼ੀ ਤੁਰੰਤ ਗ੍ਰਿਫਤਾਰ ਕੀਤੇ ਜਾਣਗੇ ਅਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਮਿਲਣਗੀਆਂ। ਇਸ ਮੌਕੇ ਡਾਕਟਰ ਸਨੀਤਾ ਸ਼ਰਮਾ, ਪਰਵਿੰਦਰ, ਮੇਨਕਾ, ਰਜਿੰਦਰ, ਸਿੰਦੀ, ਹੈਰੀ ਸਿੰਘ, ਹਰਪਾਲ ਸਿੰਘ, ਮੱਕੋਵਾਲ, ਰਾਣੀ, ਵਿਜੇ, ਸੋਨੂ, ਹਰਦੀਪ, ਅਮਨ ਵਰਮਾ, ਪੱਪੂ ਸੈਣੀ, ਹੰਸ ਰਾਜ, ਰਾਜ ਕੁਮਾਰ, ਕੋਹਲੀ, ਨਰੇਸ਼ ਕੁਮਾਰ, ਪਰਮਜੀਤ, ਗੀਤਾ ਰਾਣੀ, ਰੇਖਾ ਦੇਵੀ, ਮਾਇਆ ਦੇਵੀ ਆਦਿ ਆਗੂ ਹਾਜ਼ਰ ਸਨ।

# ਕੰਧਾਲਾ ਜੱਟਾਂ ਦੇ ਵਾਸੀਆਂ ਨੇ ਖੁਦ ਟੁੱਟੀ ਸੜਕ ਦੀ ਕੀਤੀ ਮੁਰੰਮਤ



**ਅੱਡਾ ਸਰਾਂ (ਜਸਵੀਰ ਕਾਜਲ)** ਅੱਡਾ ਸਰਾਂ ਤੋਂ ਚੋਲਾਗ ਨੂੰ ਜਾਂਦੀ ਲਿੰਕ ਰੋਡ ਸੜਕ ਜੋ ਪਿੰਡ ਕੰਧਾਲਾ ਜੱਟਾਂ ਵਿਖੇ ਬਹੁਤ ਟੁੱਟ ਚੁੱਕੀ ਸੀ ਅਤੇ ਥਾਂ ਥਾਂ ਟੋਟੇ ਪਏ ਹੋਏ ਸਨ ਅਤੇ ਇਹ ਮੀਹਾਂ ਦੇ ਦਿਨਾ ਵਿੱਚ ਇਨ੍ਹਾਂ ਟੋਇਆਂ ਵਿੱਚ ਪਾਣੀ ਭਰ ਜਾਂਦਾ ਸੀ ਅਤੇ ਹਰੇਕ ਰਾਹਗੀਰ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਕੋਈ ਹਰ ਵਕਤ ਹਾਦਸਾ ਵਾਪਰ ਜਾਣ ਦਾ ਡਰ ਬਣਿਆ ਰਹਿੰਦਾ ਸੀ ਅਤੇ ਇਸ ਸੱਮਸਿਆ ਨੂੰ ਦੇਖਦੇ ਪਿੰਡ ਦੇ ਸੂਝਵਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਅਮਿਤਪਾਲ ਸਿੰਘ ਪਿੰਡ ਵਾਸੀਆਂ ਨੂੰ ਨਾਲ ਲੈਕੇ ਸੜਕ ਦੀ ਮੁਰੰਮਤ ਕਰਵਾਈ ਗਈ ਤਾਂ ਹਰੇਕ ਰਾਹਗੀਰ ਨੂੰ ਇਸ ਸਮਸਿਆ ਤੋਂ ਨਿਯਾਤ ਮਿਲ ਸਕੇ।ਇਸ ਮੌਕੇ ਪ੍ਰਧਾਨ ਅੰਮ੍ਰਿਤਪਾਲ ਸਿੰਘ, ਦਲਵੀਰ ਸਿੰਘ ਬਾਵਾ, ਗੁਰਮੇਲ ਸਿੰਘ ਗੋਲੀ, ਬੂਟਾ ਸਿੰਘ, ਮਨਜੀਤ ਸਿੰਘ, ਖੁਸ਼ਕਰਨ ਸਿੰਘ ਹਾਜ਼ਰ ਸਨ।

# ਰਿਆਤ ਬਾਹਰਾ 'ਵਰਸਿਟੀ ਦਾ ਨਵਾਂ ਅਕਾਦਮਿਕ ਸੈਸ਼ਨ ਅੱਜ ਤੋਂ



**ਮੋਹਾਲੀ/ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅੱਗਰਵਾਲ)**- ਰਿਆਤ ਬਾਹਰਾ ਯੂਨੀਵਰਸਿਟੀ ਵਿੱਚ ਨਵਾਂ ਅਕਾਦਮਿਕ ਸੈਸ਼ਨ 21 ਅਗਸਤ ਤੋਂ ਸ਼ੁਰੂ ਹੋਵੇਗਾ ਜਦੋਂ ਯੂਨੀਵਰਸਿਟੀ ਦੇ ਵੱਖ-ਵੱਖ ਸਕੂਲਾਂ ਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਸ਼ੁਰੂ ਹੋਣਗੇ।ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਜ਼ਿਆਦਾਤਰ ਵਿਦਿਆਰਥੀ +2 ਤੋਂ ਬਾਅਦ ਸਿੱਧੇ ਯੂਨੀਵਰਸਿਟੀ ਵਿਚ ਦਾਖਲ ਹੋਏ ਹਨ ਅਤੇ ਯੂਨੀਵਰਸਿਟੀ ਦਾ ਓਰੀਐਂਟੇਸ਼ਨ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਬਾਰੇ ਸਪੱਸ਼ਟ ਦ੍ਰਿਸ਼ਟੀਕੋਣ ਬਣਾਉਣ ਵਿਚ ਮਦਦ ਕਰੇਗਾ। ਬਾਹਰਾ ਜੋ ਕਿ ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਵੀ ਹਨ, ਨੇ ਕਿਹਾ ਕਿ ਯੂਨੀਵਰਸਿਟੀ ਨੇ ਵਿਦਿਆਰਥੀਆਂ ਦੀ ਰੁਜ਼ਗਾਰ ਸੰਭਾਵਨਾ ਨੂੰ ਵਧਾਉਣ ਲਈ ਚੋਟੀ ਦੀਆਂ ਬਹੁ-ਰਾਸ਼ਟਰੀ ਕੰਪਨੀਆਂ ਦੇ ਸਹਿਯੋਗ ਨਾਲ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਨਵੇਂ ਯੁੱਗ ਦੇ ਕੋਰਸ ਸ਼ੁਰੂ ਕੀਤੇ ਹਨ। ਯੂਨੀਵਰਸਿਟੀ, ਦੇਸ਼ ਦੇ ਇਸ ਹਿੱਸੇ ਵਿੱਚ ਸਭ ਤੋਂ ਉੱਤਮ, ਆਕਰਸ਼ਕ ਸਕਾਲਰਸ਼ਿਪ ਸਕੀਮਾਂ ਦੀ ਪੇਸ਼ਕਸ਼ ਕਰਨ ਤੋਂ ਇਲਾਵਾ, ਪਲੇਸਮੈਂਟ ਦਾ ਸਭ ਤੋਂ ਉੱਚਾ ਰਿਕਾਰਡ ਰੱਖਦੀ ਹੈ ਅਤੇ ਅਤਿ-ਆਧੁਨਿਕ ਸਹੂਲਤਾਂ ਵਾਲੀ ਹੈ।ਬਾਹਰਾ ਨੇ ਕਿਹਾ ਕਿ ਰਿਆਤ ਬਾਹਰਾ ਯੂਨੀਵਰਸਿਟੀ ਮਿਆਰੀ ਸਿੱਖਿਆ ਦੀ ਪ੍ਰਤੀਕ ਹੈ ਅਤੇ ਇਹ ਇੱਕ ਬ੍ਰਾਂਡ ਨਾਂਅ ਬਣਾਉਣ ਵਿੱਚ ਕਾਮਯਾਬ ਰਹੀ ਹੈ ਜੋ ਕਿ ਬੇਮਿਸਾਲ ਫੈਕਲਟੀ ਦੀ ਤਾਕਤ ਅਤੇ ਪੂਰੀ ਤਰ੍ਹਾਂ ਨਾਲ ਬੁਨਿਆਦੀ ਢਾਂਚੇ ਦੀਆਂ ਸਹੂਲਤਾਂ ਨਾਲ ਖੜੀ ਹੈ।ਡਾ: ਪਰਵਿੰਦਰ ਸਿੰਘ, ਵਾਈਸ-ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਨੇ ਪਾਸ ਹੋਣ ਵਾਲੇ ਵਿਦਿਆਰਥੀਆਂ ਲਈ ਵਧੀਆ ਪਲੇਸਮੈਂਟ ਯਕੀਨੀ ਬਣਾਉਣ ਲਈ ਕਈ ਨਾਮੀ ਕੰਪਨੀਆਂ ਨਾਲ ਸਮਝੌਤਿਆਂ 'ਤੇ ਦਸਤਖਤ ਕੀਤੇ ਹਨ।ਉਨ੍ਹਾਂ ਕਿਹਾ ਕਿ ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਵਿਲੱਖਣ ਨਵੇਂ-ਯੁੱਗ ਪ੍ਰੋਗਰਾਮਾਂ, ਚੋਟੀ ਦੀਆਂ ਕੰਪਨੀਆਂ ਵਿੱਚ ਸ਼ਾਨਦਾਰ ਪਲੇਸਮੈਂਟ ਅਤੇ ਯੋਗ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਵਜ਼ੀਫ਼ਿਆਂ ਨਾਲ ਅਕਾਦਮਿਕ ਦੀ ਦੁਨੀਆ ਵਿੱਚ ਆਪਣੇ ਲਈ ਇੱਕ ਚੋਟੀ ਦਾ ਸਥਾਨ ਬਣਾਇਆ ਹੈ।ਵਾਈਸ-ਚਾਂਸਲਰ ਨੇ ਅੱਗੇ ਕਿਹਾ ਕਿ ਗਰੁੱਪ ਨੇ ਸ਼ਾਨਦਾਰ ਉਚਾਈਆਂ ਨੂੰ ਛੂਹਿਆ ਹੈ ਅਤੇ ਨਵੇਂ ਕੋਰਸਾਂ ਦੀ ਪੇਸ਼ਕਸ਼ ਕਰਦੇ ਹੋਏ ਅਤੇ ਅੰਤਰਰਾਸ਼ਟਰੀ ਤਾਲਮੇਲਾਂ ਨਾਲ ਮਿਆਰੀ ਸਿੱਖਿਆ ਉਪਲਬਧ ਕਰਾਉਂਦੇ ਹੋਏ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇੱਕ ਸਥਿਤੀ ਬਣਾਈ ਹੈ।

# ਹਨੂਮਤ ਸਕੂਲ ਦੇ ਵਿਦਿਆਰਥੀਆਂ ਆਜ਼ਾਦੀ ਦਿਵਸ ਮਨਾਇਆ



**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਦੇ ਵਿਦਿਆਰਥੀਆਂ ਨੇ ਅਜ਼ਾਦੀ ਦਿਵਸ ਮੌਕੇ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ। ਵਿਦਿਆਰਥੀਆਂ ਨੇ ਇਸ ਤਿਉਹਾਰ ਨੂੰ ਬੜੇ ਉਤਸ਼ਾਹ ਨਾਲ ਮਨਾਇਆ। ਪ੍ਰਿੰਸੀਪਲ ਆਰਤੀ ਸੋਬਤੀ ਨੇ ਸਮੂਹ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੀ ਵਧਾਈ ਦਿੱਤੀ ਅਤੇ ਸਾਰਿਆਂ ਨੂੰ ਮਿਲਜੁਲ ਕੇ ਰਹਿਣ ਲਈ ਕਿਹਾ । ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਐਸੰਬਲੀ ਕਰਵਾਈ ਗਈ। ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵੀ ਕੀਤੀਆਂ। ਵਿਦਿਆਰਥੀ ਭਗਤ ਸਿੰਘ, ਮਹਾਤਮਾ ਗਾਂਧੀ, ਜਵਾਹਰ ਲਾਲ ਨਹਿਰੂ, ਰਾਜਗੁਰੂ, ਸੁਖਦੇਵ, ਭਾਰਤਮਾਤਾ, ਸੁਭਾਸ਼ ਚੰਦਰ ਬੋਸ ਆਦਿ ਦੀ ਪੁਸ਼ਾਕ ਪਹਿਨ ਕੇ ਸਕੂਲ ਪਹੁੰਚੇ। ਵਿਦਿਆਰਥੀਆਂ ਨੇ ਦੇਸ਼ ਭਗਤੀ ਦੀਆਂ ਕਵਿਤਾਵਾਂ ਅਤੇ ਡਾਂਸ ਨਾਲ ਸਾਰਿਆਂ ਦਾ ਮਨ ਮੋਹ ਲਿਆ। ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਪ੍ਰਿੰਸੀਪਲ ਆਰਤੀ ਸੋਬਤੀ ਅਤੇ ਸਕੱਤਰ ਸੁਰਿੰਦਰ ਗੁਲਾਟੀ ਵੱਲੋਂ ਸਮੂਹ ਵਿਦਿਆਰਥੀਆਂ ਨੂੰ ਇਸ ਦਿਨ ਦੀ ਵਧਾਈ ਦਿੱਤੀ ਗਈ।

# ਸਰਕਾਰੀ ਸਕੂਲ ਬੀੜ ਬੰਸੀਆਂ ਜੱਜਾਂ ਢੀਂਡਸਾ 'ਚ ਮਨਾਇਆ ਸੁਤੰਤਰਤਾ ਦਿਵਸ



**ਗੁਰਾਇਆ (ਬਿੰਦਰ ਸੁਮਨ)**-ਸਰਕਾਰੀ ਸੀਨੀਅਰ ਸੈਕੰਡਰੀ ਸਮਰਾਟ ਸਕੂਲ ਬੀੜ ਬੰਸੀਆਂ ਜੱਜਾਂ ਢੀਂਡਸਾ ਦੇ ਸਕੂਲ ਵਿੱਚ ਅਜ਼ਾਦੀ ਦਿਵਸ ਮਨਾਇਆ ਗਿਆ। ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਮੁੱਖ ਮਹਿਮਾਨ ਵਜੋਂ ਪਹੁੰਚੇ ਸਰਪੰਚ ਹਰਬੰਸ ਸੰਧੂ ਵਲੋਂ ਅਦਾ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ, ਸੈਕਟਰੀ ਮਹਿੰਦਰ ਸਿੰਘ, ਸਕੂਲ ਇੰਚਾਰਜ ਸਨੇਹ ਲਤਾ ਨੇ ਆਜ਼ਾਦੀ ਦਿਵਸ ਦੀ ਵਧਾਈ ਦਿੱਤੀ। ਇਸ ਸਮਾਗਮ ਦੇ ਸਬੰਧ ਵਿੱਚ ਬੱਚਿਆਂ ਵਲੋਂ ਦੇਸ਼ ਭਗਤੀ ਦੇ ਗੀਤ ਅਤੇ ਵੀਰ ਯੋਧਿਆਂ ਨੂੰ ਯਾਦ ਕਰਦੇ ਹੋਏ ਨਾਟਕ ਪੇਸ਼ ਕੀਤੇ ਗਏ। ਜਿਥੇ ਵੱਖ ਵੱਖ ਨੁਮਾਇੰਦਿਆਂ ਵਲੋਂ ਬੱਚਿਆਂ ਨੂੰ ਨਵੀਂ ਸੇਧ ਦਿੱਤੀ ਗਈ ਉਥੇ ਸਕੂਲ ਇੰਚਾਰਜ ਸਨੇਹ ਲਤਾ ਵਲੋਂ ਬੱਚਿਆਂ ਨੂੰ ਨਸ਼ਾ ਮੁਕਤੀ ਰਹਿ ਕੇ ਜ਼ਿੰਦਗੀ ਵਿਚ ਅੱਗੇ ਵੱਧਣ ਤੇ ਉਨਤੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਮੁੱਖ ਮਹਿਮਾਨਾਂ ਵਲੋਂ ਬੱਚਿਆਂ ਨੂੰ ਲੱਡੂ ਵੀ ਵੰਡੇ ਗਏ। ਸਟੇਜ ਸਕੱਤਰ ਦੀ ਭੂਮਿਕਾ ਸਵੀਕ੍ਰਿਤੀ ਸੇਠੀ ਵਲੋਂ ਨਿਭਾਈ ਗਈ।।

# ਆਂਗਣਵਾੜੀ ਵਿਭਾਗ ਨੇ ਮਨਾਇਆ ਤੀਆਂ ਦਾ ਤਿਉਹਾਰ



**ਹੁਸ਼ਿਆਰਪੁਰ (ਬਲਵੀਰ ਸੈਣੀ)** ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਬਾਲ ਵਿਕਾਸ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਹੁਸ਼ਿਆਰਪੁਰ -1 ਅਤੇ ਸੀਡੀਪੀਓ ਮੈਡਮ ਸ਼੍ਰੀਮਤੀ ਰਵਿੰਦਰ ਕੌਰ ਦੀ ਅਗਵਾਈ ਹੇਠ ਸਰਕਲ ਸੁਪਰਵਾਈਜ਼ਰ ਸ਼੍ਰੀਮਤੀ ਸ਼ਰਮੀਲਾ ਰਾਣੀ ਵੱਲੋਂ ਸਰਕਲ ਲਾਚੋਵਾਲ ਵਿੱਚ ਪੈਂਦੇ ਪਿੰਡ ਪੰਜ ਗਰਾਈਆਂ ਅਤੇ ਧੁੱਗਾ ਵਿਖੇ ਆਂਗਣਵਾੜੀ ਵਰਕਰ ਪਰਮਿੰਦਰ ਕੌਰ ਅਤੇ ਪ੍ਰਭਜੋਤ ਕੌਰ ਨੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ, ਜਿਸ ਵਿੱਚ ਬੱਚਿਆਂ ਤੋਂ ਲੈ ਕੇ ਬਜ਼ੁਰਗ ਔਰਤਾਂ ਨੇ ਭਾਗ ਲਿਆ। ਇਸ ਮੌਕੇ ਪੁਰਾਤਨ ਸੱਭਿਆਚਾਰ ਨੂੰ ਮੁੱਖ ਰੱਖਦਿਆਂ ਘੋੜੀਆਂ, ਸੁਹਾਗ, ਲੋਕ ਗੀਤ, ਜਾਗੋ ,ਗਿੱਧਾ ,ਬੋਲੀਆਂ ਪਾਈਆਂ ਗਈਆਂ।ਸ਼ਰਮਿਲਾ ਰਾਣੀ ਸਾਰੇ ਪਿੰਡ ਵਾਸੀਆਂ ਨੂੰ ਤੀਆਂ ਦੀਆਂ ਵਧਾਈਆਂ ਦਿੱਤੀਆਂ ਤੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿਹਾ ਕਿ ਇਹੋ ਜਿਹੇ ਉਪਰਾਲੇ ਕਰਨ ਨਾਲ ਅਸੀਂ ਆਪਣੇ ਵਿਰਸੇ ਨਾਲ ਜੁੜੇ ਰਹਿੰਦੇ ਹਾਂ।ਔਰਤਾਂ ਕਿਸੇ ਨਾਲੋਂ ਵੀ ਘੱਟ ਨਹੀਂ ਹਨ, ਬੇਟੀਆਂ ਨੂੰ ਵੱਧ ਤੋਂ ਵੱਧ ਪੜ੍ਹਾਓ ਤਾਂ ਕਿ ਜੋ ਉਹ ਆਪਣੇ ਪੈਰਾਂ 'ਤੇ ਖੜੀਆਂ ਹੋ ਕੇ ਆਪਣਾ ਅਤੇ ਦੇਸ਼ ਦਾ ਨਾਂਅ ਰੋਸ਼ਨ ਕਰ ਸਕਣ। ਉਹਨਾਂ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤਾਂ ਕਿ ਸਾਡਾ ਵਾਤਾਵਰਨ ਹਰਿਆ ਭਰਿਆ ਰਹੇ।ਮੰਚ ਸੰਚਾਲਨ ਦੀ ਭੂਮਿਕਾ ਮੈਡਮ ਅਮਰਜੀਤ ਕੌਰ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਪਿੰਡ ਪੰਜ ਗਰਾਈਆਂ ਦੇ ਸਰਪੰਚ ਸ੍ਰੀਮਤੀ ਚਰਨਜੀਤ ਕੌਰ ਅਤੇ ਪਿੰਡ ਧੁੱਗੇ ਦੇ ਸਰਪੰਚ ਸ੍ਰੀਮਤੀ ਕੁਲਜੀਤ ਕੌਰ, ਮੈਡਮ ਅਮਰਜੀਤ ਕੌਰ, ਮੈਡਮ ਦਿਲਜੀਤ ਕੌਰ ਅਤੇ ਸਮੂਹ ਕਮੇਟੀ ਮੈਂਬਰ ਨੇ ਇਸ ਪ੍ਰੋਗਰਾਮ ਨੂੰ ਨੇਪਰੇ ਚਾੜਨ ਵਿੱਚ ਆਪਣਾ ਮੁੱਖ ਸਹਿਯੋਗ ਦਿੱਤਾ।

# ਸੰਤ ਬਲਬੀਰ ਸੀਚੇਵਾਲ ਵੱਲੋਂ ਖੇਤਰੀ ਪਾਸਪੋਰਟ ਅਧਿਕਾਰੀ ਨਾਲ ਮੁਲਾਕਾਤ



**ਜਲੰਧਰ ( ਸ਼ੈਲੀ ਐਲਬਰਟ)**—ਪੰਜਾਬ ਤੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਖੇਤਰੀ ਪਾਸਪੋਰਟ ਅਧਿਕਾਰੀ ਜਲੰਧਰ ਅਭਿਸ਼ੇਕ ਸ਼ਰਮਾ ਨਾਲ ਮੁਲਾਕਾਤ ਕੀਤੀ ।ਉਨ੍ਹਾਂ ਦੁਆਬਾ ਖੇਤਰ ਦੇ ਲੋਕਾਂ ਨੂੰ ਪਾਸਪੋਰਟ ਸੇਵਾ ਨਾਲ ਸਬੰਧਿਤ ਮੁਸ਼ਕਿਲਾਂ ਬਾਰੇ ਖੇਤਰੀ ਪਾਸਪੋਰਟ ਅਧਿਕਾਰੀ ਨਾਲ ਚਰਚਾ ਕੀਤੀ ।ਉਨ੍ਹਾਂ ਕਿਹਾ ਕਿ ਵਿਦੇਸ਼ ਜਾਣ ਨਾਲ ਸਬੰਧਿਤ ਪੁਲਿਸ ਕਲੀਰੈਂਸ ਸਰਟੀਫਿਕੇਟ ( ਪੀ.ਸੀ.ਸੀ.) ਜਲਦ ਜਾਰੀ ਕਰਨ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ ।ਖੇਤਰੀ ਪਾਸਪੋਰਟ ਦਫਤਰ ਜਲੰਧਰ ਵਿਖੇ ਮੀਟਿੰਗ ਦੌਰਾਨ ਰਾਜ ਸਭਾ ਮੈਂਬਰ ਨੇ ਕਿਹਾ ਕਿ ਦੁਆਬਾ ਖੇਤਰ ਵਿਚ ਵੱਡੀ ਪੱਧਰ 'ਤੇ ਲੋਕ ਵਿਦੇਸ਼ ਵਿਚ ਵਸਦੇ ਹਨ ਜਿਸ ਕਰਕੇ ਉਨ੍ਹਾਂ ਨੂੰ ਵਿਦੇਸ਼ ਆਉਣ-ਜਾਣ ਲਈ ਅਨੇਕਾਂ ਮਾਮਲਿਆਂ ਵਿਚ ਪੀ.ਸੀ.ਸੀ. ਦੀ ਲੋੜ ਪੈਂਦੀ ਹੈ। ਪ੍ਰਕ੍ਰਿਆ ਦੇ ਬਹੁਤ ਲੰਮੀ ਤੇ ਉਲਝਣ ਵਾਲੀ ਹੋਣ ਕਾਰਨ ਲੋਕਾਂ ਨੂੰ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸਨੂੰ ਖੇਤਰੀ ਪਾਸਪੋਰਟ ਦਫਤਰ ਤੇ ਬਾਕੀ ਸਬੰਧਿਤ ਵਿਭਾਗ ਮਿਲਕੇ ਦੂਰ ਕਰ ਸਕਦੇ ਹਨ।ਉਨ੍ਹਾਂ ਧੋਖੇਬਾਜ ਏਜੰਟਾਂ ਦੇ ਧੱਕੇ ਚੜ੍ਹਕੇ ਵਿਦੇਸ਼ਾਂ ਵਿਚ ਫਸੇ ਲੜਕੇ ਤੇ ਵਿਸ਼ੇਸ਼ ਕਰਕੇ ਲੜਕੀਆਂ ਦੀ ਵਤਨ ਵਾਪਸੀ ਲਈ ਵੀ ਪਾਸਪੋਰਟ ਦਫਤਰ ਨੂੰ ਹੋਰ ਅਹਿਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।ਜਲੰਧਰ ਖੇਤਰੀ ਪਾਸਪੋਰਟ ਦਫਤਰ ਅਧੀਨ ਪੈਂਦੇ ਪਾਸਪੋਰਟ ਸੇਵਾ ਕੇਂਦਰਾਂ ਵਿੱਚ ਸੇਵਾਵਾਂ ਲਈ ਸਮਾਂ ਲੈਣ ਲਈ ਲੱਗਣ ਵਾਲੇ ਸਮੇਂ ਨੂੰ ਵੀ ਘੱਟ ਕਰਨ ਲਈ ਯਤਨ ਕਰਨ ਲਈ ਕਿਹਾ ਤਾਂ ਜੋ ਬਿਨੈਕਾਰਾਂ ਨੂੰ ਜਲਦ ਪਾਸਪੋਰਟ ਜਾਰੀ ਹੋ ਸਕੇ।

# ਸੰਤ ਬਾਬਾ ਜੀਤ ਸਿੰਘ ਦਾ ਬਰਸੀ ਸਮਾਗਮ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉੱਭੀ)**— ਰਾਮਾ ਮੰਡੀ-ਹੁਸ਼ਿਆਰਪੁਰ ਮਾਰਗ 'ਤੇ ਸਥਿਤ ਗੁਰਦੁਆਰਾ ਸੰਤ ਬਾਬਾ ਗੋਪਾਲ ਸਿੰਘ ਜੌਹਲਾਂ ਵਿਖੇ ਸੰਤ ਬਾਬਾ ਜੀਤ ਸਿੰਘ ਦੇ 34ਵੇਂ ਸਾਲਾਨਾ ਬਰਸੀ ਸਮਾਗਮ ਕਰਵਾਏ ਗਏ।ਮੁੱਖ ਗ੍ਰੰਥੀ ਸਿੰਘ ਭਾਈ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਗੁਰਦੁਆਰਾ ਸਾਹਿਬ ਦੇ ਮੌਜੂਦਾ ਮੁੱਖ ਪ੍ਰਬੰਧਕ ਸੰਤ ਬਾਬਾ ਜੀਤ ਸਿੰਘ ਨਿਰਮਲ ਕੁਟੀਆ ਜੌਹਲਾਂ ਵਾਲਿਆਂ ਦੀ ਅਗਵਾਈ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਮਨਾਏ ਗਏ।ਸੰਤ ਜਤਿੰਦਰ ਸਿੰਘ ਨਿਰਮਲ ਕੁਟੀਆ ਜੌਹਲਾਂ ਵਾਲਿਆ ਤੋਂ ਇਲਾਵਾ ਹੋਰ ਰਾਗੀ ਸਿੰਘਾਂ ਅਤੇ ਢਾਡੀ ਜਥਿਆਂ ਵੱਲੋਂ ਵੀ ਇਲਾਹੀ ਬਾਣੀ ਦਾ ਕੀਰਤਨ ਕਰਦੇ ਹੋਏ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸੰਤ ਸੁਰਿੰਦਰ ਸਿੰਘ ਵਲੋਂ ਕਥਾ ਕਰਦੇ ਹੋਏ ਗੁਰਸਿੱਖ ਦੇ ਜੀਵਨ, ਸਾਧੂ, ਸੰਤ ਅਤੇ ਭਗਤਾਂ ਬਾਰੇ ਗੁਰੂ ਸਾਹਿਬਾਨ ਵਲੋਂ ਉਚਾਰਨ ਕੀਤੀ ਗਈ ਗੁਰਬਾਣੀ ਦੀਆਂ ਵਿਚਾਰਾਂ ਸਾਂਝੀਆਂ ਕਰਦੇ ਹੋਏ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਗਿਆ। ਉਨ੍ਹਾਂ ਵਲੋਂ ਸੰਤ ਬਾਬਾ ਜੀਤ ਸਿੰਘ ਦੇ ਸੇਵਾ ਭਾਵਨਾ ਵਾਲੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਹਾਜ਼ਰ ਸੰਗਤਾਂ ਅਤੇ ਨੌਜਵਾਨ ਪੀੜ੍ਹੀ ਨੂੰ ਬਾਬਾ ਜੀ ਵਲੋਂ ਦਰਸਾਏ ਗਏ ਮਾਰਗ ਤੇ ਚੱਲਦੇ ਹੋਏ ਅੰਮ੍ਰਿਤ ਛਕ ਕੇ ਸੇਵਾ ਭਾਵਨਾ ਵਾਲਾ ਜੀਵਨ ਬਤੀਤ ਕਰਨ ਲਈ ਪ੍ਰੇਰਿਆ ਗਿਆ।ਸਟੇਜ ਸਕੱਤਰ ਦੀ ਭੂਮਿਕਾ ਗਿਆਨੀ ਅਵਤਾਰ ਸਿੰਘ ਨੇ ਨਿਭਾਈ। ਸਮਾਗਮ ਦੇ ਅੰਤ ਵਿਚ ਚਾਹ ਪਕੌੜਿਆਂ ਸਮੇਤ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ।

# ਪੁਲਸ ਨੇ ਨਵੇਂ ਟ੍ਰੈਫਿਕ ਨਿਯਮਾਂ ਬਾਰੇ ਕੀਤਾ ਜਾਗਰੂਕ



**ਬਲਾਚੌਰ (ਜਸਵਿੰਦਰ ਬੈਂਸ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਟ੍ਰੈਫਿਕ ਵਿਭਾਗ ਦੇ ਨਵੇਂ ਨਿਯਮਾਂ ਦੀ ਪਾਲਣਾ ਕਰਾਏ ਜਾਣ ਬਾਬਤ ਜਾਰੀ ਕੀਤੀਆਂ ਹਦਾਇਤਾਂ ਹਿੱਤ ਏ ਐਸ ਆਈ ਪਰਵੀਨ ਕੁਮਾਰ ਜ਼ਿਲ੍ਹਾ ਇੰਚਾਰਜ ਐਜੂਕੇਸ਼ਨ ਸੈੱਲ ਦੀ ਅਗਵਾਈ ਵਿੱਚ ਸਥਾਨਕ ਸ਼ਹਿਰ ਬਲਾਚੌਰ ਦੇ ਮੇਨ ਚੌਕ ਸਮੇਤ ਵੱਖ ਵੱਖ ਸਥਾਨਾਂ ਉਪਰ ਬੱਚਿਆਂ, ਮਾਪਿਆਂ ਅਤੇ ਡਰਾਇਵਰਾਂ ਨੂੰ ਜਾਗਰੂਕ ਕੀਤਾ ਗਿਆ ।ਇਸ ਮੌਕੇ ਉਨ੍ਹਾਂ ਨਾਲ ਟਰੈਫਿਕ ਇੰਚਾਰਜ ਬਲਾਚੌਰ ਏ ਐਸ ਆਈ ਜੋਗਿੰਦਰ ਪਾਲ ਵੀ ਮੌਜੂਦ ਸਨ ।ਪ੍ਰਵੀਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਸਮੁੱਚੀ ਟੀਮ ਵਲੋਂ ਮੋਟਰ ਵਹੀਕਲ ਐਕਟ ਸਬੰਧੀ ਰੋਜ਼ਾਨਾ ਹੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ । ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵੀ ਨਾਬਾਲਗ ਬੱਚਾ ਸਰਕਾਰ ਵਲੋਂ ਪ੍ਰਮਾਣਿਤ ਡਰਾਈਵਿੰਗ ਲਾਇਸੰਸ ਤੋਂ ਬਿਨਾਂ ਵਹੀਕਲ ਚਲਾਉਂਦਾ ਚੈਕਿੰਗ ਦੌਰਾਨ ਪਾਇਆ ਗਿਆ ਤਾਂ ਮੋਟਰ ਵਹੀਕਲ ਐਕਟ ਦੇ ਨਿਯਮਾਂ ਅਨੁਸਾਰ ਉਸ ਦੇ ਮਾਤਾ/ਪਿਤਾ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਉਨ੍ਹਾਂ ਦੱਸਿਆ ਕਿ ਮੋਟਰ ਵਹੀਕਲ ਐਕਟ ਦੀਆਂ ਹਦਾਇਤਾਂ ਅਨੁਸਾਰ 50 ਸੀਸੀ ਤੋਂ ਘੱਟ ਜਾਂ ਇਲੈਕਟ੍ਰਾਨਿਕ ਵਾਲੇ ਵਾਹਨ ਨੂੰ ਜੇਕਰ ਕੋਈ ਹਦਾਇਤਾਂ ਅਨੁਸਾਰ ਚਲਾਉਂਦਾ ਹੈ ਤਦ ਚਾਲਾਨ ਨਹੀਂ ਕੀਤਾ ਜਾਵੇਗਾ । ਉਨ੍ਹਾਂ ਬਾਬਾ ਬਲਿਆਣਾ ਆਟੋ ਰਿਕਸ਼ਾ ਯੂਨੀਅਨ ਦੇ ਡਰਾਇਵਰਾਂ ਨੂੰ ਵੀ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕੇ ਜੇਕਰ ਕਿਸੇ ਨਾਲ ਸਾਈਬਰ ਠੱਗੀ ਹੋ ਜਾਵੇ ਤਾਂ 1930 ਨੰਬਰ 'ਤੇ ਡਾਇਲ ਕਰੋ 24 ਘੰਟੇ ਵਿੱਚ ਤੁਹਾਡੀ ਠੱਗੀ ਹੋਏ ਪੈਸੇ ਵਾਪਸ ਆ ਜਾਣਗੇ। ਇਸ ਮੌਕੇ ਬੱਚਿਆਂ ਨੇ ਖੁਦ ਸਰਕਾਰ ਅਤੇ ਟ੍ਰੈਫਿਕ ਨਿਯਮਾਂ ਦੀ ਇਸ ਪਾਲਨਾ ਨੂੰ ਮੰਨਦੇ ਹੋਏ ਕਿਹਾ ਕਿ ਜੇਕਰ ਅਸੀਂ ਸਾਈਕਲ 'ਤੇ ਆਵਾਂਗੇ ਤਾਂ ਸਾਡਾ ਕੋਈ ਖਰਚਾ ਨਹੀਂ ਹੋਵੇਗਾ। ਸਾਡੀ ਸਿਹਤ ਤੰਦਰੁਸਤ ਰਹੇਗੀ , ਆਪਣੇ ਮਾਪਿਆਂ ਦਾ ਵੀ ਖਿਆਲ ਰੱਖਾਂਗੇ। ਇਸ ਮੌਕੇ ਸਾਝ ਕੇਂਦਰ ਬਲਾਚੌਰ ਦੇ ਇੰਚਾਰਜ ਮਨੋਹਰ ਲਾਲ, ਏ ਐਸ ਆਈ ਜਸਵਿੰਦਰ ਸਿੰਘ, ਏ ਐਸ ਆਈ ਬੁੱਧ ਰਾਜ ਅਤੇ ਪੀ ਐਚ ਜੀ ਮੱਖਣ ਸਿੰਘ ਅਤੇ ਸੰਦੀਪ ਕੁਮਾਰ ਵੀ ਮੌਜੂਦ ਸਨ ।

# ਜਿੰਪਾ ਨੇ ਡਾਡਾ ਦੇ ਜੰਗਲਾਂ 'ਚ ਡਰੋਨ ਰਾਹੀਂ ਸੀਡ ਬਾਲ ਵੰਡਣ ਦੀ ਕਰਵਾਈ ਸ਼ੁਰੂਆਤ



**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**-ਪਿੰਡ ਡਾਡਾ ਦੇ ਜੰਗਲਾਂ ਵਿਚ ਵਾਤਾਵਰਨ ਸੁਰੱਖਿਆ ਦੀ ਦਿਸ਼ਾ ਵਿਚ ਇਕ ਨਵੀਂ ਅਤੇ ਨਿਵੇਕਲੀ ਪਹਿਲ ਕੀਤੀ ਗਈ ਹੈ। ਇਸ ਪਹਿਲ ਤਹਿਤ ਵਣ ਵਿਭਾਗ ਅਤੇ ਉਨਤੀ ਵੈਲਫੇਅਰ ਸੋਸਾਇਟੀ ਨੇ ਮਿਲ ਕੇ ਡਰੋਨ ਰਾਹੀਂ ਸੀਡ ਬਾਲਸ (ਬੀਜ ਗੋਲੇ) ਦੀ ਵੰਡ ਕੀਤੀ। ਇਸ ਮੁਹਿੰਮ ਦੀ ਸ਼ੁਰੂਆਤ ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਖੁਦ ਮੌਕੇ 'ਤੇ ਜਾ ਕੇ ਕੀਤੀ। ਉਨ੍ਹਾਂ ਇਸ ਕਾਰਜ ਨੂੰ ਵਾਤਾਵਰਨ ਸੰਭਾਲ ਲਈ ਇਕ ਮਹੱਤਵਪੂਰਨ ਕਦਮ ਦੱਸਦੇ ਹੋਏ ਵਣ ਵਿਭਾਗ ਅਤੇ ਉਨਤੀ ਵੈਲਫੇਅਰ ਸੋਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਵਣਪਾਲ ਨਾਰਥ ਸਰਕਲ ਹੁਸ਼ਿਆਰਪੁਰ ਡਾ. ਸੰਜੀਵ ਕੁਮਾਰ ਤਿਵਾੜੀ, ਡੀ.ਐਫ.ਓ ਨਲਿਨ ਯਾਦਵ ਵੀ ਮੌਜੂਦ ਸਨ।ਡਰੋਨ ਰਾਹੀਂ ਸੀਡ ਬਾਲਸ ਦੀ ਵੰਡ ਇਕ ਨਵੀਂ ਤਕਨੀਕ ਹੈ, ਜੋ ਕਿ ਵਿਸ਼ੇਸ਼ ਕਰਕੇ ਉਨ੍ਹਾਂ ਹਲਕਿਆਂ ਵਿਚ ਹਰਿਆਲੀ ਵਧਾਉਣ ਲਈ ਅਨੁਕੂਲ ਹੈ, ਜਿਥੇ ਰਵਾਇਤੀ ਢੰਗ ਨਾਲ ਪੌਦੇ ਲਗਾਉਣਾ ਮੁਸ਼ਕਿਲ ਹੁੰਦਾ ਹੈ। ਇਸ ਤਕਨੀਕ ਦਾ ਉਦੇਸ਼ ਵੱਧ ਤੋਂ ਵੱਧ ਹਲਕੇ ਵਿਚ ਹਰਿਆਲੀ ਲਿਆਉਣਾ ਅਤੇ ਵਾਤਾਵਰਨ ਸੰਤੁਲਨ ਬਣਾਏ ਰੱਖਣਾ ਹੈ। ਸੀਡ ਬਾਲਸ, ਜੋ ਮਿੱਟੀ ਵਿਚ ਲਿਪਟੇ ਹੋਏ ਬੀਜ ਹੁੰਦੇ ਹਨ, ਉਨ੍ਹਾਂ ਨੂੰ ਡਰੋਨ ਦੀ ਸਹਾਇਤਾ ਨਾਲ ਦੂਰ-ਦੁਰਾਡੇ ਅਤੇ ਪਹੁੰਚ ਤੋਂ ਬਾਹਰ ਇਲਾਕਿਆਂ ਵਿਚ ਫੈਲਾਈਆਂ ਜਾਂਦੀਆਂ ਹਨ। ਇਹ ਬੀਜ ਹੌਲੀ-ਹੌਲੀ ਪੁੰਗਰਦੇ ਹਨ ਅਤੇ ਪੌਦੇ ਬਣ ਕੇ ਜੰਗਲਾਂ ਵਿਚ ਹਰਿਆਲੀ ਵਧਾਉਣ ਵਿਚ ਮਦਦ ਕਰਦੇ ਹਨ।ਜਿੰਪਾ ਨੇ ਕਿਹਾ ਕਿ ਵਾਤਾਵਰਨ ਸੰਭਾਲ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ ਅਤੇ ਇਸ ਦਿਸ਼ਾ ਵਿਚ ਡਰੋਨ ਤਕਨੀਕ ਦਾ ਉਪਯੋਗ ਇਕ ਅਤਿ-ਆਧੁਨਿਕ ਅਤੇ ਪ੍ਰਭਾਵਸ਼ਾਲੀ ਤਰੀਕਾ ਹੈ। ਇਸ ਨਾਲ ਨਾ ਕੇਵਲ ਪੌਦੇ ਲਗਾਉਣ ਦੀ ਗਤੀ ਵਧੇਗੀ, ਬਲਕਿ ਦੂਰ-ਦੁਰਾਡੇ ਅਤੇ ਪਹੁੰਚ ਤੋਂ ਬਾਹਰ ਇਲਾਕਿਆਂ ਵਿਚ ਵੀ ਹਰਿਆਲੀ ਲਿਆਂਦੀ ਜਾ ਸਕੇਗੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਾਤਾਵਰਨ ਦੀ ਸੰਭਾਲ ਨੂੰ ਲੈ ਕੇ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਪ੍ਰਕਾਰ ਦੇ ਅਭਿਆਨਾਂ ਨੂੰ ਉਤਸ਼ਾਹਿਤ ਕਰਨ ਲਈ ਨਿਰੰਤਰ ਯਤਨ ਕਰਦੀ ਹੈ।ਉਨਤੀ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਨੇ ਦੱਸਿਆ ਕਿ ਇਸ ਪਹਿਲ ਨਾਲ ਨਾ ਕੇਵਲ ਵਣ ਹਲਕੇ ਵਿਚ ਹਰਿਆਲੀ ਵਧੇਗੀ, ਬਲਕਿ ਇਸ ਨਾਲ ਵਾਤਾਵਰਨ ਪ੍ਰਤੀ ਜਾਗਰੂਕਤਾ ਵੀ ਵਧੇਗੀ। ਉਨ੍ਹਾਂ ਕਿਹਾ ਕਿ ਡਰੋਨ ਰਾਹੀਂ ਬੀਜਾਂ ਦੀ ਵੰਡ ਭਵਿੱਖ ਵਿਚ ਹੋਰ ਵੀ ਵੱਧ ਪ੍ਰਭਾਵੀ ਨਤੀਜੇ ਦੇਵੇਗੀ ਅਤੇ ਇਹ ਤਕਨੀਕ ਵਾਤਾਵਰਨ ਸੰਭਾਲ ਲਈ ਇਕ ਨਵੀਂ ਦਿਸ਼ਾ ਪ੍ਰਦਾਨ ਕਰੇਗੀ।ਇਸ ਮੌਕੇ ਜਤਿੰਦਰ ਰਾਣਾ, ਬਲਵੰਤ ਕੁਮਾਰ ਬਲਾਕ ਅਧਿਕਾਰੀ, ਜਤਿੰਦਰ ਸਿੰਘ, ਉਨਤੀ ਵੈਲਫੇਅਰ ਸੁਸਾਇਟੀ ਤੋਂ ਚਮਨ ਲਾਲ, ਸੁਖਦੇਵ ਸਿੰਘ, ਮੇਅਰ ਸੁਰਿੰਦਰ ਕੁਮਾਰ ਸ਼ਿੰਦਾ, ਅਵਤਾਰ ਤਾਰੀ, ਸੰਜੂ ਠਾਕੁਰ, ਸੁਮਨ ਬਹਿਲ, ਕਮਲਜੀਤ ਬਹਿਲ ਵੀ ਮੌਜੂਦ ਸਨ।

# ਵਿਕਟੋਰੀਆ ਇੰਟਰਨੈਸ਼ਨਲ ਸਕੂਲ ਵਿਖੇ ਰੱਖੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਅੱਡਾ ਸਰਾਂ (ਕਾਜਲ )**- ਵਿਕਟੋਰੀਆ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਰੱਖੜੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦੇ ਡਾਇਰੈਕਟਰ ਪ੍ਰੋ.ਜੀ.ਐੱਸ .ਮੁਲਤਾਨੀ ਨੀਰੂ ਮੁਲਤਾਨੀ ਅਤੇ ਸਕੂਲ ਦੀ ਪ੍ਰਿੰਸੀਪਲ ਪੂਜਾ ਪਟਿਆਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਕੂਲ ਦੇ ਵਿਹੜੇ ਵਿਚ ਕਰਵਾਏ ਗਏ ਇਸ ਪ੍ਰੋਗਰਾਮ ਵਿਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਭੈਣਾਂ ਨੇ ਭੈਣਾਂ-ਭਰਾਵਾਂ ਦੇ ਗੁੱਟ 'ਤੇ ਆਪਣੇ ਦੁਆਰਾ ਬਣਾਈਆਂ ਰੱਖੜੀਆਂ ਬੰਨ੍ਹੀਆਂ, ਜੋ ਭੈਣਾਂ-ਭਰਾਵਾਂ ਦੇ ਪਿਆਰ ਅਤੇ ਸੁਰੱਖਿਆ ਦੇ ਪਵਿੱਤਰ ਬੰਧਨ ਦਾ ਪ੍ਰਤੀਕ ਹੈ। ਵਿਦਿਆਰਥੀਆਂ ਨੇ ਇਸ ਪਿਆਰੇ ਤਿਉਹਾਰ ਨੂੰ ਮਨਾਉਂਦੇ ਹੋਏ ਇਕ ਦੂਜੇ ਪ੍ਰਤੀ ਪਿਆਰ, ਦੇਖਭਾਲ ਅਤੇ ਸਤਿਕਾਰ ਨੂੰ ਹੋਰ ਮਜ਼ਬੂਤ ਕੀਤਾ, ਜਿੱਥੇ ਉਨ੍ਹਾਂ ਨੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਰੱਖੜੀ ਤਿਆਰ ਕੀਤੀ। ਇਸ ਸਮਾਗਮ ਨੇ ਨਾ ਸਿਰਫ਼ ਤਿਉਹਾਰ ਮਨਾਇਆ, ਸਗੋਂ ਵਿਦਿਆਰਥੀਆਂ ਨੂੰ ਇਕ ਦੂਜੇ ਨਾਲ ਆਪਣੇ ਰਿਸ਼ਤੇ ਨੂੰ ਖੁਸ਼ਹਾਲ ਅਤੇ ਸਾਰਥਕ ਢੰਗ ਨਾਲ ਮਜ਼ਬੂਤ ਕਰਨ ਦਾ ਮੌਕਾ ਵੀ ਦਿੱਤਾ।ਇਸ ਮੌਕੇ ਸਕੂਲ ਦੀ ਕੋਆਰਡੀਨੇਟਰ ਵਨੀਤਾ ਬਲੌਰੀਆ, ਸੁਜਾਤਾ ਛਾਬੜਾ, ਸ਼ਿਵਾਨੀ ਅਤੇ ਹੋਰ ਸਟਾਫ਼ ਹਾਜ਼ਰ ਸੀ ।

# ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

**ਫਿਲੌਰ (ਨਿਰਮਲ)**- ਹਰਕਮਲਪ੍ਰੀਤ ਸਿੰਘ ਖੱਖ ਸੀਨੀਅਰ ਪੁਲਸ ਕਪਤਾਨ ਜਲੰਧਰ (ਦਿਹਾਤੀ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਮਾੜੇ ਅਨਸਰਾ ਅਤੇ ਨਸ਼ਾ ਤਸਕਰਾਂ ਖਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸ਼੍ਰੀਮਤੀ ਜਸਰੂਪ ਕੌਰ ਬਾਠ ਆਈ ਪੀ ਐੱਸ, ਪੁਲਸ ਕਪਤਾਨ, ਇੰਨਵੈਸਟੀਗੇਸ਼ਨ, ਜਲੰਧਰ (ਦਿਹਾਤੀ) ਦੀ ਅਗਵਾਈ ਹੇਠ ਥਾਣਾ ਫਿਲੌਰ ਦੇ ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫ਼ਸਰ ਥਾਣਾ ਫਿਲੌਰ ਦੀ ਟੀਮ ਨੇ 1 ਮਹਿਲਾ ਅਤੇ 1 ਪੁਰਸ਼ ਨਸ਼ਾ ਤਸਕਰਾਂ ਨੂੰ ਨਸ਼ੇ ਸਮੇਤ ਗ੍ਰਿਫ਼ਤਾਰ ਕਰਕੇ ਸਫ਼ਲਤਾ ਹਾਸਲ ਕੀਤੀ ਹੈ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਸੁਖਦੇਵ ਸਿੰਘ ਮੁੱਖ ਅਫ਼ਸਰ ਥਾਣਾ ਫਿਲੌਰ ਦੱਸਿਆ ਕਿ ਸਹਾਇਕ ਸਬ ਇੰਸਪੈਕਟਰ ਅਮਨਦੀਪ ਕੌਰ ਵੱਲੋਂ ਬਲਵਿੰਦਰ ਕੁਮਾਰ ਵਾਸੀ ਗੰਨਾ ਪਿੰਡ ਥਾਣਾ (ਫਿਲੌਰ) ਜ਼ਿਲ੍ਹਾਂ ਜਲੰਧਰ ਅਤੇ ਜੋਤੀ ਰਾਣੀ ਪਤਨੀ ਬਲਵਿੰਦਰ ਕੁਮਾਰ ਵਾਸੀ ਪਿੰਡ ਗੰਨਾ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਗ੍ਰਿਫਤਾਰ ਕਰਕੇ ਇਨ੍ਹਾਂ ਦੇ ਕਬਜ਼ੇ ਵਿੱਚੋਂ 19 ਗ੍ਰਾਮ ਹੈਰੋਇਨ ਅਤੇ 205 ਨਸ਼ੀਲੀਆ ਗੋਲੀਆ ਬਰਾਮਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਅਤੇ ਇਨ੍ਹਾਂ ਦੋਵਾਂ ਖ਼ਿਲਾਫ਼ ਥਾਣਾ ਫਿਲੌਰ ਵਿਖੇ ਕੇਸ ਦਰਜ ਕੀਤਾ ਗਿਆ।ਉਨ੍ਹਾਂ ਅੱਗੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਇਹ ਦੋਸ਼ੀ ਕਾਫ਼ੀ ਸਮੇਂ ਤੋਂ ਨਸ਼ਾ ਤਸਕਰੀ ਦਾ ਧੰਦਾ ਕਰਦੇ ਆ ਰਹੇ ਹਨ ਅਤੇ ਇਨ੍ਹਾਂ ਦੇ ਖ਼ਿਲਾਫ਼ ਪਹਿਲਾਂ ਵੀ ਕਈ ਮੁਕੱਦਮੇ ਦਰਜ ਹਨ।

# ਵਡਾਲਾ ਵੱਲੋਂ ਸਿੱਖ ਟੀ ਟੀ 'ਤੇ ਹੋਏ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਕਨਵੀਨਰ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਨੇ ਮੁੰਬਈ ਵਿੱਚ ਦਸਤਾਰਧਾਰੀ ਸਿੱਖ ਟੀ ਟੀ ਜਸਬੀਰ ਸਿੰਘ 'ਤੇ ਲੋਕਲ ਟਰੇਨ ਵਿੱਚ ਬਿਨਾਂ ਟਿਕਟ ਸਫਰ ਕਰ ਰਹੇ ਕੁਝ ਲੋਕਾਂ ਵੱਲੋਂ ਕੀਤੇ ਗਏ ਹਮਲੇ ਦੀ ਸਖ਼ਤ ਲਫਜ਼ਾਂ 'ਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਹਮਲੇ ਦੀ ਤੁਰੰਤ ਰੇਲਵੇ ਵਿਭਾਗ ਅਤੇ ਮਹਾਰਾਸ਼ਟਰ ਸਰਕਾਰ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰੇ।ਕਿਉਂਕਿ ਸਿੱਖ ਉਹ ਕੌਮ ਹੈ ਜਿਸ ਨੇ ਹਿੰਦੁਸਤਾਨ ਦੀ ਅਜ਼ਾਦੀ ਵਿੱਚ ਵੱਡਾ ਯੋਗਦਾਨ ਪਾਇਆ ਹੈ ਤੇ ਅੱਜ ਵੀ ਸਰਹੱਦਾਂ 'ਤੇ ਵੱਡਾ ਯੋਗਦਾਨ ਪਾ ਰਹੀ ਹੈ. ਸੋ ਕੁਰਬਾਨੀਆਂ ਵਾਲੀ ਕੌਮ ਦੇ ਵਾਰਸਾਂ ਨੂੰ ਬਣਦੀ ਇੱਜ਼ਤ ਹਰ ਜਗ੍ਹਾ ਮਿਲਣੀ ਚਾਹੀਦੀ ਹੈ।

# ਬਾਬਾ ਸਾਹਿਬ ਟਾਈਗਰ ਫੋਰਸ ਪੰਜਾਬ ਨੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪੌਦੇ ਲਗਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਮੇਹਟੀਆਣਾ ਵਿਖੇ ਬਾਬਾ ਸਾਹਿਬ ਟਾਈਗਰ ਫੋਰਸ ਪੰਜਾਬ ਵੱਲੋਂ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪੰਜ ਪਿੰਡਾਂ ਵਿਚ 1000 ਦੇ ਕਰੀਬ ਪੌਦੇ ਲਗਾਏ ਗਏ। ਹੈਪੀ ਮੇਹਟੀਆਣਾ ਮ੍ਰੀਤ ਪ੍ਰਧਾਨ ਬਾਬਾ ਸਾਹਿਬ ਟਾਈਗਰ ਫੋਰਸ ਪੰਜਾਬ ਦੱਸਿਆ ਕਿ ਪੰਜਾਬ ਦਾ ਵਾਤਾਵਰਨ ਦਿਨੋਂ ਦਿਨ ਬਹੁਤ ਗੰਦਲਾ ਹੋ ਰਿਹਾ ਹੈ, ਮੀਂਹ ਨਹੀਂ ਪੈ ਰਿਹਾ ਹੈ।ਹਰ ਇੱਕ ਵਿਆਕਤੀ ਨੂੰ ਆਪਣੇ ਜੀਵਨ ਕਾਲ ਵਿੱਚ ਘੱਟੋ ਘੱਟ 02 ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ ਅਤੇ ਉਸ ਦੀ ਵੱਡੇ ਹੋਣ ਤੱਕ ਦੇਖਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਹਰ ਖੁਸ਼ੀ ਦੇ ਮੌਕੇ 'ਤੇ ਸਾਰੇ ਪੰਜਾਬ ਵਾਸੀਆਂ ਨੂੰ ਘੱਟੋ ਘੱਟ 02 ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ ਤਾਂ ਕਿ ਪੰਜਾਬ ਦਾ ਵਾਤਾਵਰਨ ਸ਼ੁੱਧ ਹੋ ਸਕੇ। ਇਸ ਮੌਕੇ ਮਾਈਕ ਪ੍ਰਧਾਨ ਹੁਸ਼ਿਆਰਪੁਰ, ਸੋਨੂੰ ਮੇਹਟੀਆਣਾ, ਕਮਲ ਹਰਖੋਵਾਲ, ਭਗਤੂ ਸੈਣੀ ਤੋਂ ਇਲਾਵਾ ਵੱਡੀ ਗਿਣਤੀ ਫੋਰਸ ਮੈਂਬਰ ਹਾਜ਼ਰ ਸਨ।

# ਡੀ ਐੱਸ ਪੀ ਕਰਨੈਲ ਸਿੰਘ ਨੇ ਚਾਰਜ ਸੰਭਾਲਿਆ



**ਭੁਲੱਥ (ਮਨਪ੍ਰੀਤ ਸਿੰਘ)** ਸਬ ਡਵੀਜ਼ਨ ਕਸਬਾ ਭੁਲੱਥ 'ਚ ਡੀ ਐਸ ਪੀ ਕਰਨੈਲ ਸਿੰਘ ਨੇ ਚਾਰਜ ਸੰਭਾਲਿਆ।ਨਵ ਨਿਯੁਕਤ ਡੀ ਐਸ ਪੀ ਕਰਨੈਲ ਸਿੰਘ ਨੇ ਚਾਰਜ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ ਅੰਦਰ ਅਮਨ ਕਾਨੂੰਨ ਵਿਵਸਥਾ ਕਾਇਮ ਰੱਖੀ ਜਾਵੇਗੀ, ਜਿਸ ਕਰਕੇ ਗਲਤ ਅਨਸਰ ਚਾਹੇ ਕੋਈ ਵੀ ਹੋਵੇ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਵਧ ਰਹੇ ਨਸ਼ੇ ਸਮਾਜ ਲਈ ਵੱਡੀ ਚਿੰਤਾ ਦਾ ਵਿਸ਼ਾ ਬਣ ਚੁੱਕੇ ਹਨ, ਜਿਸ ਕਰਕੇ ਨਸ਼ਾ ਵਿਕਰੇਤਾ ਚਾਹੇ ਕੋਈ ਵੀ ਹੋਵੇ ਬਖ਼ਸ਼ਿਆ ਨਹੀਂ ਜਾਵੇਗਾ।ਨੰਬਰ ਪਲੇਟਾਂ ਤੋਂ ਬਗੈਰ ਚੱਲਣ ਵਾਲੇ ਵਾਹਨਾਂ ਸਬੰਧੀ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਇਲਾਕੇ ਦੇ ਮੋਹਤਵਾਰ ਅਤੇ ਪਤਵੰਤਿਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ, ਜੇਕਰ ਕੋਈ ਵੀ ਗਲਤ ਅਨਸਰ ਧਿਆਨ ਵਿਚ ਆਉਂਦਾ ਹੈ ਤਾਂ ਉਸਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ ਤਾਂ ਕਿ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ।ਉਹਨਾਂ ਦਸਿਆ ਕਿ ਉਹ ਏ ਜੀ ਟੀ ਐਫ ਫਿਰੋਜ਼ਪੁਰ ਰੇਂਜ ਤੋਂ ਬਦਲਕੇ ਭੁਲੱਥ ਆਏ ਹਨ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਸੋਲੋ ਡਾਂਸ ਕੰਪੀਟੀਸ਼ਨ




**ਲੋਹੀਆਂ ਖਾਸ (ਯੋਗੇਸ਼ਵਰ)** : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਕਿੰਡਰ ਗਾਰਟਨ ਵਿਦਿਆਰਥੀਆਂ ਦਾ ਸੋਲੋ ਡਾਂਸ ਕੰਪਟੀਸ਼ਨ ਆਯੋਜਿਤ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਦੁਆਰਾ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਪ੍ਰੀ-ਨਰਸਰੀ ਅਤੇ ਨਰਸਰੀ ਵਿਦਿਆਰਥੀਆਂ ਦੁਆਰਾ ਸੁੰਦਰ ਪੁਸ਼ਾਕਾਂ ਵਿੱਚ ਵੱਖ-ਵੱਖ ਗੀਤਾਂ ਤੇ ਆਪਣੀ ਸ਼ਾਨਦਾਰ ਪੇਸ਼ਕਾਰੀ ਦਿੱਤੀ ਗਈ । ਇਸ ਕੰਪੀਟੀਸ਼ਨ ਵਿੱਚ ਇਸ਼ਮੀਤ ਨਰਸਰੀ (ਲਿਲੀ), ਏਕਲੱਵਯ ਨਰਸਰੀ (ਲਿਲੀ) ਅਤੇ ਗੁਰਮੇਹਰ ਨਰਸਰੀ (ਡੇਜ਼ੀ) ਨੇ ਪਹਿਲਾ ਸਥਾਨ, ਸਾਨਵੀ ਪ੍ਰੀ-ਨਰਸਰੀ, ਨਿਆਮਤ ਨਰਸਰੀ (ਰੋਜ਼) ਅਤੇ ਖੁਸ਼ਪ੍ਰੀਤ ਕੇ.ਜੀ. (ਲਿਲੀ) ਨੇ ਦੂਜਾ ਸਥਾਨ,ਅਸੀਸਪ੍ਰੀਤ ਕੌਰ ਪ੍ਰੀ-ਨਰਸਰੀ, ਕੀਰਤੀ ਨਰਸਰੀ (ਰੋਜ਼) ਅਤੇ ਗੁਨਰਾਜ ਕੇ.ਜੀ. (ਰੋਜ਼) ਨੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਉਹਨਾਂ ਦੀ ਹੌਸਲਾ ਅਫ਼ਜਾਈ ਕੀਤੀ ਗਈ। ਇਸ ਮੌਕੇ 'ਤੇ ਸਕੂਲ ਕੋਆਰਡੀਨੇਟਰਜ਼ ਮੈਡਮ ਰੁਪਿੰਦਰ ਕੌਰ, ਰਮਨੀਤ ਕੌਰ ਅਤੇ ਅਧਿਆਪਕ ਮਨਪ੍ਰੀਤ ਕੌਰ ,ਰਜਵੰਤ ਕੌਰ , ਹਰਜਿੰਦਰ ਕੌਰ, ਮੋਨਿਕਾ, ਮਨਦੀਪ ਕੌਰ, ਰਣਜੀਤ ਕੌਰ, ਹਰਪ੍ਰੀਤ ਕੌਰ ਅਤੇ ਐਕਟੀਵਿਟੀ ਇੰਚਾਰਜ ਕੋਮਲ ਸ਼ਰਮਾ ਵੀ ਹਾਜ਼ਰ ਸਨ।

# ਡੇਰਾਬੱਸੀ ਵਿਖੇ ਮੈਗਾ ਪਲੇਸਮੈਂਟ ਡ੍ਰਾਈਵ-ਕਮ-ਰੋਜ਼ਗਾਰ ਮੇਲਾ ਭਲਕੇ

**ਡੇਰਾਬੱਸੀ, (ਕ੍ਰਿਸ਼ਨ ਗਰਗ)** ਸਬ ਡਵੀਜ਼ਨ ਡੇਰਾਬੱਸੀ 'ਚ ਨੌਜੁਆਨਾਂ ਲਈ ਨਿੱਜੀ ਖੇਤਰ 'ਚ ਰੋਜ਼ਗਾਰ ਦੇ ਅਵਸਰ ਉਪਲਬਧ ਕਰਵਾਉਣ ਦੇ ਮੰਤਵ ਨਾਲ ਪ੍ਰਸ਼ਾਸਨ ਵੱਲੋਂ 22 ਅਗਸਤ ਨੂੰ ਮੈਗਾ ਪਲੇਸਮੈਂਟ ਡ੍ਰਾਈਵ-ਕਮ-ਰੋਜ਼ਗਾਰ ਮੇਲੇ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਐਸ ਡੀ ਐਮ ਡਾ. ਹਿਮਾਂਸ਼ੂ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪਲੇਸਮੈਂਟ ਡ੍ਰਾਈਵ 22 ਅਗਸਤ ਨੂੰ ਰਾਮ ਮੰਦਰ ਡੇਰਾਬੱਸੀ ਵਿਖੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਸਹਿਯੋਗ ਨਾਲ ਕਰਵਾਈ ਜਾਵੇਗੀ, ਜਿਸ ਦੌਰਾਨ ਸਵੇਰੇ 10 ਵਜੇ ਤੋਂ 2 ਵਜੇ ਦੁਪਹਿਰ ਤੱਕ ਵੱਖ-ਵੱਖ ਨਿੱਜੀ ਖੇਤਰ ਦੀਆਂ ਕੰਪਨੀਆਂ ਦੇ ਪ੍ਰਤੀਨਿਧ ਇੰਟਰਵਿਊ ਲਈ ਪੁੱਜਣਗੇ।

ਉਨ੍ਹਾਂ ਦੱਸਿਆ ਕਿ ਹੁਣ ਤੱਕ 19 ਕੰਪਨੀਆਂ ਨੇ ਇਸ ਪਲੇਸਮੈਂਟ ਡ੍ਰਾਈਵ ਲਈ ਸਹਿਮਤੀ ਦਿੱਤੀ ਹੈ, ਜਿਨ੍ਹਾਂ ਵੱਲੋਂ 650 ਤੋਂ ਵਧੇਰੇ ਨੌਜੁਆਨਾਂ ਨੂੰ ਰੋਜ਼ਗਾਰ ਦੇ ਅਵਸਰ ਮੁਹੱਈਆ ਕਰਵਾਏ ਜਾਣਗੇ। ਇਨ੍ਹਾਂ ਵਾਸਤੇ 10+2, ਆਈ ਟੀ ਆਈ, ਡਿਪਲੋਮਾ ਹੋਲਡਰ ਅਤੇ ਗ੍ਰੈਜੂਏਟ ਨੌਜੁਆਨ ਇੰਟਰਵਿਊ 'ਚ ਆਪਣੇ ਵਿਦਿਅਕ ਅਤੇ ਪਛਾਣ ਦਸਤਾਵੇਜ਼ ਲੈ ਕੇ ਸ਼ਾਮਿਲ ਹੋ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਕੰਪਨੀਆਂ ਵੱਲੋਂ ਰੋਜ਼ਗਾਰ ਮੇਲੇ 'ਚ ਆਉਣ ਦੀ ਸਹਿਮਤੀ ਦਿੱਤੀ ਗਈ ਹੈ, ਉਨ੍ਹਾਂ 'ਚ ਹਿੰਦੂਜਾ ਹਾਊਸਿੰਗ ਫਾਇਨਾਂਸ, ਸੌਰਭ ਕੈਮੀਕਲਜ਼ ਲਿਮਿਟਡ, ਕੇ ਜੀ ਟਰੇਡਿੰਗ ਕੰਪਨੀ, ਸ਼ੌਰੀ ਐਂਡ ਸੋਲਿਊਸ਼ਨ, ਪੈਰਾਡਾਈਮ ਆਈ ਟੈਕਨਾਲੋਜੀ ਸਰਵਿਸਜ਼ ਪ੍ਰਾਈਵੇਟ ਲਿਮਿਟਡ, ਬਿਮਕੋ ਪ੍ਰਾਈਵੇਟ ਲਿਮਿਟਡ, ਸਵਾਰਾਜ ਮਹਿੰਦਰਾ, ਊਸ਼ਾ ਯਾਰਨਜ਼, ਲਾਵਾਨਯ ਹੈਲਥ ਕੇਅਰ, ਡੀ-ਮਾਰਟ, ਅਮਰਟੈਕਸ ਜ਼ੀਰਕਪੁਰ, ਗਲੋਬ ਟੋਆਇਟਾ, ਸਵਿਗੀ, ਜ਼ੋਮੈਟੋ, ਬਲਿੰਕਿਟ, ਟੀਮ ਲੀਡਰ ਫ਼ਾਰ ਐਸ ਬੀ ਆਈ ਕ੍ਰੈਡਿਟ ਕਾਰਡਜ਼, ਅਲੈਂਜਰਜ਼ ਮੈਡੀਕਲ ਸਿਸਟਮ, ਫ਼ੋਨ ਪੇਅ, ਏਅਰਟੈਲ (ਟੀਮ ਲੀਜ਼), ਰਾਹੀ ਕੇਅਰ ਡਾਇਲਿਸਿਸ ਸੈਂਟਰ ਸ਼ਾਮਿਲ ਹਨ। ਉਨ੍ਹਾਂ ਨੇ ਉਪੋਕਤ ਅਸਾਮੀਆਂ ਲਈ 10+2, ਆਈ ਟੀ ਆਈ, ਡਿਪਲੋਮਾ ਧਾਰਕ ਅਤੇ ਗ੍ਰੈਜੂਏਸ਼ਨ ਵਿਦਿਅਕ ਯੋਗਤਾਵਾਂ ਵਾਲੇ ਨੌਜੁਆਨਾਂ ਨੂੰ ਉਕਤ ਪਲੇਸਮੈਂਟ ਡ੍ਰਾਈਵ 'ਚ ਸ਼ਾਮਿਲ ਹੋਣ ਲਈ ਕਿਹਾ।

# ਸਾਵਨ ਕੇਅਰ ਪਾਲ ਨੇ ਗੁਰੂ ਨਗਰੀ ਦਾ ਨਾਂਅ ਚਮਕਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਲੰਬੜਦਾਰ ਪ੍ਰਮੋਦ ਕੁਮਾਰ ਡੀਸੀ ਦੇ ਪੋਤਰੇ ਭਾਜਪਾ ਦੇ ਨੌਜਵਾਨ ਆਗੂ ਸਮਾਜ ਸੇਵੀ ਮਨੀਸ਼ ਕੇਅਰ ਪਾਲ ਅਤੇ ਸੋਨਮ ਕੇਅਰਪਾਲ ਦੇ ਬੇਟੇ ਸਾਵਨ ਕੇਅਰਪਾਲ ਨੇ ਗੁਰੂ ਨਗਰੀ ਦਾ ਇੱਕ ਵਾਰ ਫਿਰ ਨਾਂਅ ਚਮਕਾਇਆ ਹੈ। ਸਾਵਨ ਕੇਅਰਪਾਲ ਨੇ ਕੁਝ ਦਿਨ ਪਹਿਲਾਂ ਹੋਏ ਰਾਸ਼ਟਰੀ ਪੱਧਰੀ ਭਾਰਤੀ ਟੈਲੈਂਟ ਓਲੰਪੀਆਡ ਮੁਕਾਬਲਿਆਂ ਵਿੱਚ ਜਿੱਥੇ ਗੋਲਡ ਮੈਡਲ ਜਿੱਤਿਆ ਉਥੇ ਹੀ ਪੂਰੇ ਰਾਜ ਭਰ ਵਿੱਚ 19ਵੀਂ ਪੁਜੀਸ਼ਨ ਹਾਸਲ ਕੀਤੀ। ਸਾਵਨ ਕੇਅਰ ਪਾਲ ਨੇ ਇਸ ਤੋਂ ਪਹਿਲਾਂ ਵੀ ਸਕਾਲਰਸ਼ਿਪ ਦੇ ਇਨਾਮ ਜਿੱਤੇ ਹਨ। ਅਖਿਲ ਕੌਸ਼ਲ ਆਸੂ ਧੀਮਾਨ ਸੰਜੀਵ ਗੌਤਮ ਕੇ ਕੇ ਬੇਦੀ ਭਾਜਪਾ ਦੇ ਸਾਬਕਾ ਸਕੱਤਰ ਪੰਜਾਬ ਐਡਵੋਕੇਟ ਅਰਵਿੰਦ ਮਿੱਤਲ ਪੰਜਾਬ ਭਾਜਪਾ ਦੇ ਸਾਬਕਾ ਮੰਤਰੀ ਅਤੇ ਸਾਬਕਾ ਪ੍ਰਧਾਨ ਮਦਨ ਮੋਹਨ ਮਿੱਤਲ ਮੰਡਲ ਭਾਜਪਾ ਦੇ ਸਾਬਕਾ ਪ੍ਰਧਾਨ ਅਜੇ ਰਾਣਾ ਸਾਬਕਾ ਸਰਪੰਚ ਪਵਨ ਮਹਿੰਦਲੀ ਕਪਿਲ ਦੇਵ ਸ਼ਾਹ ਕੇਸ਼ਵ ਕੁਮਾਰ ਦੀਪਕ ਕੁਮਾਰ ਵਪਾਰ ਮੰਡਲ ਦੇ ਪ੍ਰਧਾਨ ਦੀਪਕ ਆਂਗਰਾ ਜਗਦੀਪ ਪੁਰੀ ਆਸ਼ੀਸ਼ ਕੌਸ਼ਲ ਸਾਬਕਾ ਬੈਂਕ ਅਧਿਕਾਰੀ ਤਰਲੋਚਨ ਸਿੰਘ ਤੋਂ ਇਲਾਵਾ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਵੱਲੋਂ ਬੱਚੇ ਦੀ ਪੁਜੀਸ਼ਨ ਦੀ ਸ਼ਲਾਘਾ ਕੀਤੀ ਹੈ। ਜ਼ਿਕਰਯੋਗ ਹੈ ਸਾਵਨ ਕੇਅਰ ਪਾਲ ਮਾਊਂਟ ਕਾਰਮਲ ਸਕੂਲ ਜਿੰਦੜੀ ਜਿੰਦਬੜੀ 'ਚ ਦੂਜੀ ਕਲਾਸ ਦਾ ਵਿਦਿਆਰਥੀ ਹੈ।

# ਸ਼ੇਰੇ ਪੰਜਾਬ ਕਲੱਬ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸ਼ੇਰੇ ਪੰਜਾਬ ਕਲੱਬ ਪਿੰਡ ਬੂਰਮਾਜਰਾ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ।ਕਲੱਬ ਦੇ ਪ੍ਰਧਾਨ ਸੋਨੂੰ ਕੰਗ ਨੇ ਦੱਸਿਆ ਕਿ ਕ੍ਰਿਕਟ ਟੂਰਨਾਮੈਂਟ ਦੌਰਾਨ ਕੁੱਲ 64 ਟੀਮਾਂ ਨੇ ਭਾਗ ਲਿਆ।ਜਿਸ ਵਿੱਚ ਪਿੰਡ ਮਾਜਰੀ ਤੇ ਦਿੱਲੀ ਦੀ ਟੀਮ ਨੇ 2100 ਰੁਪਏ ਦਾ ਪਹਿਲਾ ਇਨਾਮ ਹਾਸਲ ਕੀਤਾ।ਦੂਜਾ ਇਨਾਮ ਪਿੰਡ ਧਨੌਲਾ ਦੀ ਟੀਮ ਨੇ ਹਾਸਲ ਕਰਦਿਆਂ 1100 ਰੁਪਏ ਪ੍ਰਾਪਤ ਕੀਤੇ।ਉਨ੍ਹਾਂ ਦੱਸਿਆ ਕਿ ਇਨਾਮਾਂ ਦੀ ਵੰਡ ਉੱਘੇ ਖੇਡ ਪ੍ਰਮੋਟਰ ਨਰਿੰਦਰ ਸਿੰਘ ਕੰਗ ਵਲੋਂ ਕੀਤੀ ਗਈ। ਸ੍ਰੀ ਕੰਗ ਨੇ ਖਿਡਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹੀ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਧਿਆਨ ਦੇਣ ਤਾਂ ਜੋ ਕਿ ਉਹ ਆਪਣਾ ਮੁਕਾਮ ਹਾਸਿਲ ਕਰ ਸਕਣ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਹੀ ਲੋੜਵੰਦਾਂ ਦੀ ਸੇਵਾ ਨੂੰ ਸਮਰਪਿਤ ਅਤੇ ਖਿਡਾਰੀਆਂ ਦੀ ਭਲਾਈ ਲਈ ਕੰਮ ਕਰਦੇ ਰਹਿਣਗੇ। ਇਸ ਮੌਕੇ ਸੁਖਵਿੰਦਰ ਸਿੰਘ, ਅਕਾਸ਼ ਅਤੇ ਦੀਪ ਸਿੰਘ ਆਦਿ ਹਾਜ਼ਰ ਸਨ।

# ਰੱਖੜੀ ਪਿਆਰ ਤੇ ਪਵਿੱਤਰਤਾ ਦੀ ਸ਼ਕਤੀ ਨਾਲ ਖੁਦ ਦੀ ਰੱਖਿਆ ਕਰਨ ਦਾ ਤਿਉਹਾਰ : ਬ੍ਰਹਮਕੁਮਾਰੀ ਬੀ ਕੇ ਰਾਜਕੁਮਾਰ



**ਫਿਲੌਰ (ਨਿਰਮਲ)**-ਰੱਖੜੀ ਦੇ ਪਵਿੱਤਰ ਤਿਉਹਾਰ 'ਤੇ ਪ੍ਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀ ਵਿਸ਼ਵਵਿਦਿਆਲੇ ਵਿੱਚ ਬਹੁਤ ਹੀ ਸੁੰਦਰ ਅਤੇ ਸ਼ਾਨਦਾਰ ਪ੍ਰੋਗਰਾਮ ਦਾ ਆਰੰਭ ਇੱਕ ਗੀਤ ਨਾਲ ਕੀਤਾ ਗਿਆ। ਬ੍ਰਹਮਕੁਮਾਰੀ ਸੇਵਾ ਕੇਂਦਰ ਦੀ ਸੰਚਾਲਿਕਾ ਬੀ ਕੇ ਰਾਜਕੁਮਾਰੀ ਭੈਣ ਨੇ ਰੱਖੜੀ ਦੇ ਤਿਉਹਾਰ ਦੀਆਂ ਸਭ ਨੂੰ ਵਧਾਈਆਂ ਦਿੱਤੀਆਂ ਅਤੇ ਇਸ ਪਵਿੱਤਰ ਤਿਉਹਾਰ ਦੇ ਮਹੱਤਵ ਦੀ ਵਿਆਖਿਆ ਕੀਤੀ। ਉਨ੍ਹਾਂ ਕਿਹਾ ਕਿ ਰੱਖੜੀ ਦਾ ਤਿਉਹਾਰ ਸਾਡੇ ਸਭ ਭਰਾ-ਭੈਣਾਂ ਲਈ ਮਹਾਨ ਤਿਉਹਾਰ ਹੈ ਜੋ ਭਾਈ-ਭੈਣ ਦੇ ਪਿਆਰ ਅਤੇ ਪਵਿੱਤਰਤਾ ਦਾ ਪ੍ਰਤੀਕ ਹੈ। ਇਸ ਲਈ ਖੁਦ ਪਰਮਾਤਮਾ ਵੀ ਰੱਖੜੀ ਦੇ ਰਸਮ-ਰਿਵਾਜਾਂ ਨਾਲ ਸਾਨੂੰ ਜਾਣੂ ਕਰਾਉਂਦੇ ਹਨ ਅਤੇ ਕਹਿੰਦੇ ਹਨ ਕਿ ਜੇਕਰ ਅਸੀਂ ਆਪਣੇ ਜੀਵਨ ਵਿੱਚ ਬੁਰਾਈਆਂ ਤੋਂ ਬਚਣਾ ਚਾਹੁੰਦੇ ਹਾਂ ਤਾਂ ਆਪਣੇ ਮਨ ਨੂੰ ਪਰਮਾਤਮਾ ਦੇ ਪਿਆਰ ਨਾਲ ਜੋੜ ਲਓ ਅਤੇ ਉਨ੍ਹਾਂ ਦੇ ਆਦੇਸ਼ਾਂ 'ਤੇ ਚਲੋ ਤਾਂ ਨਿਸ਼ਚਿਤ ਤੌਰ 'ਤੇ ਅਸੀਂ ਆਪਣੇ ਅਤੇ ਹਰ ਕਿਸੇ ਦੀਆਂ ਬੁਰਾਈਆਂ ਤੋਂ ਰੱਖਿਆ ਕਰ ਸਕਦੇ ਹਾਂ।ਛੋਟੇ ਬੱਚਿਆਂ ਨੇ ਭੰਗੜਾ ਪਾ ਕੇ ਸਭ ਦਾ ਮਨੋਰੰਜਨ ਕੀਤਾ।ਬੀ ਕੇ ਕਾਜਲ ਭੈਣ ਨੇ ਵੀ ਰੱਖੜੀ ਦੇ ਵਿਸ਼ੇ ਵਿੱਚ ਬਹੁਤ ਹੀ ਸੁੰਦਰ ਕਵਿਤਾ ਸੁਣਾਈ ਅਤੇ ਪ੍ਰੋਗਰਾਮ ਦਾ ਸੰਚਾਲਨ ਕੀਤਾ।ਮੁਹੱਲਾ ਪ੍ਰਧਾਨ ਕੁਲਵਿੰਦਰ, ਭੈਣ ਰੀਨਾ ਟਾਂਗੜੀ, ਪੀ.ਐਸ. ਗੁਲਸ਼ਨ ਅਤੇ ਅਪਰਾ ਤੋਂ ਪਹੁੰਚੇ ਸੁਖਦੇਵ ਭਾਈ ਨੇ ਰੱਖੜੀ ਦੇ ਪਵਿੱਤਰ ਤਿਉਹਾਰ 'ਤੇ ਸਾਰੇ ਭਰਾ-ਭੈਣਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਬੀ ਕੇ ਰਾਜਕੁਮਾਰੀ ਭੈਣ ਨੂੰ ਰੱਖੜੀ ਬੰਨੀ ਗਈ ਅਤੇ ਪ੍ਰੋਗਰਾਮ ਵਿੱਚ ਮੌਜੂਦ ਸਾਰੇ ਮਹਿਮਾਨਾਂ ਅਤੇ ਭਰਾ-ਭੈਣਾਂ ਨੂੰ ਵੀ ਰੱਖੜੀ ਬੰਨ ਕੇ ਪਰਸਾਦ ਵੰਡ ਕੇ ਪ੍ਰੋਗਰਾਮ ਦਾ ਸਫਲ ਸਮਾਪਨ ਕੀਤਾ ਗਿਆ।

ਰੱਖੜੀ ਦੇ ਤਹਿਤ ਬ੍ਰਹਮਾਕੁਮਾਰੀ ਸੈਂਟਰ ਫਿਲੌਰ ਦੇ ਉਪ ਸੇਵਾ ਕੇਂਦਰ ਲੋਹੀਆ, ਬੰਗਾ, ਸ਼ਾਹਕੋਟ ਅਤੇ ਮਾਉਸਾਹਿਬ, ਨੰਗਲ ਗੀਤਾ ਪਾਠਸ਼ਾਲਾ ਵਿੱਚ ਵੀ ਬਹੁਤ ਹੀ ਸੁੰਦਰ ਪ੍ਰੋਗਰਾਮ ਹੋਏ।ਡੀ. ਏ. ਵੀ. ਸਕੂਲ ਅਤੇ ਡੀ. ਏ. ਵੀ. ਕਾਲਜ ਵਿੱਚ ਵੀ ਮਾਊਂਟ ਆਬੂ ਤੋਂ ਆਏ ਸੁਸ਼ੀਲ ਭਾਈ ਅਤੇ ਦੇਵੇਂਦਰ ਭਾਈ ਦੇ ਨਾਲ ਬਹੁਤ ਹੀ ਸੁੰਦਰ ਪ੍ਰੋਗਰਾਮ ਹੋਇਆ ਅਤੇ ਸਕੂਲ ਦੇ ਪ੍ਰਿੰਸੀਪਲ ਨੇ ਬ੍ਰਹਮਾਕੁਮਾਰੀਜ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਫਿਲੌਰ ਸ਼ਹਿਰ ਦੇ ਡੀ.ਐਸ.ਪੀ ਨੂੰ ਵੀ ਸੇਵਾ ਕੇਂਦਰ ਦੀ ਸੰਚਾਲਿਕਾ ਵੱਲੋਂ ਰੱਖੜੀ ਬੰਨ ਕੇ ਪਵਿੱਤਰ ਤਿਉਹਾਰ ਦਾ ਸੁਨੇਹਾ ਦਿੱਤਾ ਗਿਆ।

# ਹਕੀਕੀ ਰਾਜਸੀ ਬਦਲ ਦੀ ਉਸਾਰੀ ਦਾ ਘੋਲ ਵਿੱਢਣਗੀਆਂ ਆਰ ਐੱਮ ਪੀ ਆਈ ਤੇ ਲਿਬਰੇਸ਼ਨ



**ਜਲੰਧਰ (ਕੇਸਰ, ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਅਤੇ ਸੀ ਪੀ ਆਈ (ਐਮ.ਐਲ.) ਲਿਬ੍ਰੇਸ਼ਨ ਵੱਲੋਂ 21 ਅਗਸਤ ਤੋਂ 8 ਸਤੰਬਰ ਤੱਕ ਪਿੰਡਾਂ-ਸ਼ਹਿਰਾਂ ਅੰਦਰ ਸਾਂਝੀ ਜਨ ਸੰਪਰਕ ਮੁਹਿੰਮ ਵਿੱਢੀ ਜਾਵੇਗੀ। ਉਪਰੰਤ 9 ਤੋਂ 16 ਸਤੰਬਰ ਤੱਕ ਸੂਬੇ ਦੇ ਮੰਤਰੀਆਂ-ਵਿਧਾਇਕਾਂ, ਕੇਂਦਰੀ ਵਜ਼ੀਰਾਂ-ਸੰਸਦ ਮੈਂਬਰਾਂ ਦੇ ਘਰਾਂ ਮੂਹਰੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਇਹ ਫੈਸਲਾ ਲਿਬ੍ਰੇਸ਼ਨ ਦੇ ਸੂਬਾ ਸਕੱਤਰ ਸਾਥੀ ਗੁਰਮੀਤ ਸਿੰਘ ਬਖਤਪੁਰ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ ਹੋਈ ਦੋਨਾਂ ਪਾਰਟੀਆਂ ਦੀ ਸਾਂਝੀ ਮੀਟਿੰਗ ਨੇ ਕੀਤਾ ਹੈ।ਮੀਟਿੰਗ ਵਿਚ ਆਰ ਐਮ ਪੀ ਆਈ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਕੁਲਵੰਤ ਸਿੰਘ ਸੰਧੂ ਅਤੇ ਲਿਬ੍ਰੇਸ਼ਨ ਦੇ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਰਾਜਬਿੰਦਰ ਸਿੰਘ ਰਾਣਾ, ਸੂਬਾ ਸਕੱਤਰੇਤ ਦੇ ਮੈਂਬਰ ਸਾਥੀ ਰੁਲਦੂ ਸਿੰਘ ਮਾਨਸਾ ਅਤੇ ਪੰਜਾਬ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਸੁਖਦਰਸ਼ਨ ਸਿੰਘ ਨੱਤ ਸ਼ਾਮਲ ਹੋਏ।

ਮੀਟਿੰਗ ਦੇ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਦੋਹਾਂ ਪਾਰਟੀਆਂ ਵਲੋਂ ਉਲੀਕੇ ਗਏ ਉਪਰੋਕਤ ਪ੍ਰੋਗਰਾਮ ਦੀ ਕਾਮਯਾਬੀ ਲਈ 25 ਤੋਂ 28 ਅਗਸਤ ਤੱਕ ਸਾਂਝੀਆਂ ਜਿਲ੍ਹਾ ਪੱਧਰੀ ਮੀਟਿੰਗਾਂ ਸੱਦੀਆਂ ਗਈਆਂ ਹਨ। ਸਾਥੀ ਜਾਮਾਰਾਏ ਨੇ ਅੱਗੋਂ ਦੱਸਿਆ ਹੈ ਕਿ ਉਕਤ ਮੁਹਿੰਮ ਅਤੇ ਰੋਸ ਪ੍ਰਦਰਸ਼ਨਾਂ ਦਾ ਮੁੱਖ ਮੰਤਵ ਕੇਂਦਰੀ ਅਤੇ ਸੂਬਾਈ ਹਕੂਮਤਾਂ ਦੀਆਂ ਧਨਾਢ ਪੱਖੀ, ਗਰੀਬ ਮਾਰੂ ਨਵ-ਉਦਾਰਵਾਦੀ ਨੀਤੀਆਂ ਦੇ ਮੁਕਾਬਲੇ ਬਦਲਵੀਆਂ ਲੋਕ ਪੱਖੀ ਨੀਤੀਆਂ 'ਤੇ ਆਧਾਰਿਤ ਹਕੀਕੀ ਰਾਜਸੀ ਬਦਲ ਦੀ ਉਸਾਰੀ ਦਾ ਸੰਦੇਸ਼ ਦੇਣਾ ਹੈ। ਉਨ੍ਹਾਂ ਕਿਹਾ ਹੈ ਕਿ ਉਕਤ ਸਾਂਝਾ ਸੰਘਰਸ਼ ਲਗਾਤਾਰ ਜਾਰੀ ਰੱਖਿਆ ਜਾਵੇਗਾ।ਮੀਟਿੰਗ ਨੇ ਰਾਸ਼ਟਰੀ ਸੋਇਮ ਸੇਵਕ ਸੰਘ ( ਆਰ ਐਸ ਐਸ) ਦੀ ਹੱਥਠੋਕਾ ਮੋਦੀ-03 ਸਰਕਾਰ ਵਲੋਂ ਫਿਰਕੂ ਵੰਡ ਤਿੱਖੀ ਕਰਨ ਲਈ ਕੀਤੀਆਂ ਜਾ ਰਹੀਆਂ ਫਿਰਕੂ-ਫਾਸ਼ੀ ਕਾਰਵਾਈਆਂ ਦੀ ਕਰੜੀ ਨਿੰਦਾ ਕੀਤੀ ਹੈ।

# ਲਾਰਡ ਕ੍ਰਿਸ਼ਨਾ ਕਾਲਜ 'ਚ ਟਰੈਫਿਕ ਨਿਯਮਾਂ ਸੰਬੰਧੀ ਸੈਮੀਨਾਰ



**ਸੁਲਤਾਨਪੁਰ ਲੋਧੀ ( ਹਨੀ )** ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਵਿਖੇ ਟਰੈਫਿਕ ਨਿਯਮਾਂ ਸੰਬੰਧੀ ਸੈਮੀਨਾਰ ਕਰਵਾਇਆ ਗਿਆ। ਹੈਲਪਲਾਈਨ 112 ਤੋਂ ਏ ਐੱਸ ਆਈ ਸ਼ਿੰਗਾਰਾ ਸਿੰਘ ਸੈਮੀਨਾਰ 'ਚ ਬਤੌਰ ਮੁੱਖ ਬੁਲਾਰਾ ਸ਼ਾਮਲ ਹੋਏ।ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਸੰਬੰਧੀ ਵੱਡਮੁੱਲੀ ਜਾਣਕਾਰੀ ਦਿੱਤੀ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਪਾਲਨਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਟਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਅਸੀਂ ਆਪਣਾ ਅਤੇ ਦੂਸਰੇ ਰਾਹਗੀਰਾਂ ਦਾ ਬਚਾਅ ਕਰ ਸਕਦੇ ਹਾਂ।ਉਨ੍ਹਾਂ ਇਹ ਵੀ ਦੱਸਿਆ ਕਿ ਨਵੇਂ ਨਿਯਮਾਂ ਮੁਤਾਬਕ ਸਾਨੂੰ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਹੀਕਲ ਚਲਾਉਣ ਤੋਂ ਰੋਕਣਾ ਚਾਹੀਦਾ ਹੈ।ਪ੍ਰਿੰਸੀਪਲ ਸੁੰਮੀ ਧੀਰ ਨੇ ਸੈਮੀਨਾਰ ਨੂੰ ਸਫਲ ਬਣਾਉਣ ਲਈ ਸਟਾਫ਼ ਮੈਂਬਰਾਂ ਅਤੇ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕੀਤਾ।ਇਹ ਮੌਕੇ ਪ੍ਰੋਫੈਸਰ ਰਮਾ, ਚਰਨਜੀਤ ਕੌਰ, ਨਵੀਨ ਖੁਰਾਣਾ, ਗੀਟਾ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਚੋਰਾਂ ਦੇ ਹੌਸਲੇ ਬੁਲੰਦ, ਸ਼ਾਮ ਪੈਂਦਿਆਂ ਹੀ ਘਟਨਾ ਨੂੰ ਦਿੰਦੇ ਨੇ ਅੰਜਾਮ

## ਸ਼ਹਿਰ ਵਾਸੀਆਂ ਦੇਰ ਰਾਤ ਤੱਕ ਕੀਤਾ ਪਟਿਆਲਾ-ਮਾਨਸਾ ਹਾਈਵੇ ਜਾਮ

**ਭੀਖੀ (ਧਰਮਵੀਰ ਸ਼ਰਮਾ)**-ਕਸਬਾ ਭੀਖੀ ਵਿਖੇ ਚੋਰਾਂ ਦੇ ਹੌਸਲੇ ਇਸ ਕਦਰ ਬੁਲੰਦ ਹਨ ਕਿ ਉਹ ਸ਼ਾਮ ਪੈਂਦਿਆਂ ਹੀ ਲੋਕਾਂ ਦੇ ਘਰਾਂ ਵਿੱਚ ਚੋਰੀਆਂ ਕਰਨ ਲਈ ਉਮੜ ਪੈਂਦੇ ਹਨ।ਜਿਨ੍ਹਾਂ ਨੂੰ ਪੁਲਸ ਪ੍ਰਸ਼ਾਸਨ ਦਾ ਕੋਈ ਡਰ ਭੈਅ ਨਹੀਂ ਹੈ।ਪਿਛਲੇ ਸਮੇਂ ਵਿੱਚ ਕਸਬੇ ਅੰਦਰ ਕਈ ਚੋਰੀਆਂ ਹੋ ਚੁੱਕੀਆਂ ਹਨ, ਪ੍ਰੰਤੂ ਹਾਲੇ ਤੱਕ ਕਿਸੇ ਦਾ ਵੀ ਕੋਈ ਸੁਰਾਗ ਨਹੀਂ ਲੱਗਾ ਬਲਕਿ ਪੁਲਸ ਕੈਮਰੇ ਲਵਾਉਣ ਤੇ ਚੌਕੀਦਾਰ ਰੱਖਣ ਦੀਆਂ ਗੱਲਾਂ ਕਰਕੇ ਬੁੱਤਾ ਸਾਰ ਦਿੰਦੀ ਹੈ।ਸਥਾਨਕ ਥਾਣਾ ਰੋਡ 'ਤੇ ਇੱਕ ਘਰ ਵਿੱਚ ਰਾਤ ਨੂੰ ਚੋਰਾਂ ਨੇ ਚੋਰੀ ਨੂੰ ਅੰਜਾਮ ਦਿੱਤਾ ਸੀ, ਪ੍ਰੰਤੂ ਉਸ ਦੇ ਨਾਲ ਹੀ ਇੱਕ ਘਰ ਬੀਤੀ ਰਾਤ 8.30 ਵਜੇ ਹੀ ਚੋਰ ਚੋਰੀ ਕਰਨ ਆ ਧਮਕੇ, ਜਿਸ ਦਾ ਪਤਾ ਘਰ ਵਾਲਿਆਂ ਨੂੰ ਲੱਗਣ 'ਤੇ ਉਨ੍ਹਾਂ ਆਪਣੇ ਤੌਰ 'ਤੇ ਐਕਸ਼ਨ ਵਿੱਚ ਆਉਂਦਿਆਂ ਰੌਲਾ ਪਾਇਆ, ਜਿਸ ਨਾਲ ਚੋਰ ਭੱਜਣ ਵਿੱਚ ਸਫਲ ਹੋ ਗਏ।ਇਸ ਸਬੰਧੀ ਥਾਣਾ ਰੋਡ ਦੇ ਵਸਨੀਕ ਜੌਨੀ ਗੋਇਲ ਨੇ ਦੱਸਿਆ ਕਿ ਰਾਤ ਕਰੀਬ 8.30 ਵਜੇ ਦੋ ਅਣਪਛਾਤੇ ਵਿਅਕਤੀ ਉਨ੍ਹਾਂ ਦੀ ਛੱਤ 'ਤੇ ਚੜ੍ਹ ਆਏ, ਜਿਸ ਦਾ ਉਨ੍ਹਾਂ ਨੂੰ ਪਤਾ ਲੱਗਣ 'ਤੇ ਉਨ੍ਹਾਂ ਵੱਲੋਂ ਰੌਲਾ ਪਾਉਣ 'ਤੇ ਉਕਤ ਵਿਅਕਤੀ ਭੱਜ ਗਏ।ਉਨ੍ਹਾਂ ਦੱਸਿਆ ਕਿ ਉਕਤ ਲੋਕਾਂ ਵੱਲੋਂ ਉਨ੍ਹਾਂ ਦੇ ਏ ਸੀ ਦਾ ਆਉਟਡੋਰ ਹਿੱਸਾ ਖੋਲ੍ਹ ਲਿਆ ਸੀ।ਉਨ੍ਹਾਂ ਦੱਸਿਆ ਕਿ ਜੇਕਰ ਸਮਾਂ ਰਹਿੰਦੇ ਉਨ੍ਹਾਂ ਨੂੰ ਪਤਾ ਨਾ ਲੱਗਦਾ ਤਾਂ ਵੱਡਾ ਨੁਕਸਾਨ ਹੋ ਸਕਦਾ ਸੀ।ਉਨ੍ਹਾਂ ਦੱਸਿਆ ਕਿ ਉਨ੍ਹਾਂ ਤੁਰੰਤ ਥਾਣਾ ਭੀਖੀ ਨੂੰ ਸੂਚਿਤ ਕੀਤਾ। ਉਨ੍ਹਾਂ ਮੌਕੇ 'ਤੇ ਆ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ।ਇਸ ਸਬੰਧੀ ਗੱਲਬਾਤ ਕਰਦਿਆਂ ਲੱਕੀ ਅਲੀਸ਼ੇਰ ਤੇ ਵਿਜੇ ਕੁਮਾਰ ਗਰਗ ਨੇ ਕਿਹਾ ਕਿ ਸ਼ਹਿਰ ਅੰਦਰ ਪਹਿਲਾਂ ਵੀ ਕਈ ਚੋਰੀਆਂ ਹੋ ਚੁੱਕੀਆਂ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਰੀ ਦੀਆਂ ਘਟਨਾਵਾਂ ਨਾਲ ਸ਼ਹਿਰ ਵਾਸੀਆਂ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਸ਼ਹਿਰ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਖਰਾਬ ਹੁੱਕੀ ਹੈ ਤੇ ਪੁਲਸ ਮੂਕ ਦਰਸ਼ਕ ਬਣ ਕੇ ਸਾਰਾ ਕੁੱਝ ਦੇਖ ਰਹੀ ਹੈ।ਇਸ ਦੇ ਚੱਲਦਿਆਂ ਸ਼ਹਿਰ ਵਾਸੀਆਂ ਨੇ ਇਕੱਤਰ ਹੋ ਕੇ ਪੁਲਸ ਪ੍ਰਸ਼ਾਸਨ ਵਿਰੁੱਧ ਪ੍ਰਦਰਸ਼ਨ ਕਰਦਿਆਂ ਰਾਤ 9 ਵਜੇ ਸਥਾਨਕ ਮਾਨਸਾ-ਪਟਿਆਲਾ ਹਾਈਵੇ ਜਾਮ ਕਰ ਦਿੱਤਾ ਤੇ ਪੁਲਸ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਉਨ੍ਹਾਂ ਚੋਰਾਂ ਤੇ ਨਸ਼ੇੜੀਆਂ ਨੂੰ ਨੱਥ ਪਾਉਣ ਦੀ ਮੰਗ ਵੀ ਕੀਤੀ।ਇਸ ਮੌਕੇ ਐੱਸ ਐੱਚ ਓ ਬੇਅੰਤ ਕੌਰ ਨੇ ਪੁੱਜ ਕੇ ਧਰਨਾਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ, ਪ੍ਰੰਤੂ ਉਹ ਇਸ ਸਬੰਧੀ ਕਾਰਵਾਈ ਕਰਨ ਦੀ ਮੰਗ 'ਤੇ ਅੜੇ ਰਹੇ।ਧਰਨੇ ਵਿੱਚ ਡੀ ਐੱਸ ਪੀ ਸਬ ਡਵੀਜ਼ਨ ਗੁਰਪ੍ਰੀਤ ਸਿੰਘ ਬੈਂਸ ਨੇ ਧਰਨਾਕਾਰੀਆਂ ਨੂੰ 2 ਦਿਨਾਂ ਵਿੱਚ ਚੋਰ ਫੜਨ ਦਾ ਵਿਸ਼ਵਾਸ ਦਿਵਾਉਣ ਤੋਂ ਬਾਅਦ ਰਾਤ ਕਰੀਬ 1 ਵਜੇ ਧਰਨਾ ਸਮਾਪਤ ਕਰ ਦਿੱਤਾ।ਇਸ ਸਬੰਧੀ ਐੱਸ ਐੱਚ ਓ ਬੇਅੰਤ ਕੌਰ ਨੇ ਦੱਸਿਆ ਕਿ ਇਸ ਸਬੰਧੀ ਮਾਮਲਾ ਦਰਜ ਕਰ ਲਿਆ ਗਿਆ ਹੈ।ਇਸ ਮੌਕੇ ਪ੍ਰਸ਼ੋਤਮ ਗੋਇਲ ਬਿੱਲੂ, ਬਲਰਾਜ ਬਾਂਸਲ, ਜੀਵਨ ਸਿੰਗਲਾ, ਡਾ. ਸੁਲਤਾਨ ਸ਼ਾਹ, ਲੱਕੀ ਅਲੀਸ਼ੇਰ, ਅਰਜੁਨ ਗਰਗ, ਵਰਿੰਦਰ ਸ਼ੇਰਪੁਰੀਆਂ ਤੋਂ ਇਲਾਵਾ ਸ਼ਹਿਰ ਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ।



ਧਰਨਾ ਲਾ ਕੇ ਬੈਠੇ ਸ਼ਹਿਰ ਵਾਸੀ ਤੇ ਵਿਸ਼ਵਾਸ ਦਿਵਾਉਂਦੇ ਡੀ ਐੱਸ ਪੀ।

# ਕ੍ਰਿਸ਼ਨ ਜਨਮ ਅਸ਼ਟਮੀ ਸੰਬੰਧੀ ਸ਼ਹਿਰ 'ਚ ਪ੍ਰਭਾਤ ਫੇਰੀਆਂ ਸ਼ੁਰੂ

## 26 ਨੂੰ ਮਨਾਈ ਜਾਵੇਗੀ ਜਨਮ ਅਸ਼ਟਮੀ : ਪ੍ਰਬੰਧਕ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਤੇ ਇਲਾਕੇ ਅੰਦਰ ਸਥਾਪਤ ਮੰਦਰ ਤੇ ਗਊਸ਼ਾਲਾਵਾਂ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਤੇ ਉਤਸ਼ਾਹ ਪੂਰਵਕ 26 ਅਗਸਤ ਨੂੰ ਦੇਰ ਰਾਤ ਤੱਕ ਸਮੂਹ ਸ਼ਰਧਾਲੂਆਂ ਦੇ ਸਹਿਯੋਗ ਨਾਲ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ।ਇਸ ਸ਼ੁੱਭ ਦਿਹਾੜੇ ਨੂੰ ਲੈ ਕੇ ਸਮੂਹ ਮੰਦਰਾਂ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਸਵੇਰ ਮੌਕੇ ਸ਼ਹਿਰ ਦੇ ਵੱਖ-ਵੱਖ ਗਲੀ-ਮੁਹੱਲਿਆਂ ਵਿੱਚ ਪ੍ਰਭਾਤਫੇਰੀਆਂ ਕੱਢ ਕੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾ ਰਿਹਾ ਹੈ।ਇਸੇ ਤਹਿਤ ਸ੍ਰੀ ਦੁਰਗਾ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਰਮਨ ਗਰਗ, ਜਗਸੀਰ ਚੰਦ ਗਰਗ, ਵਿੱਕੀ ਗਰਗ ਦੇ ਗ੍ਰਹਿ ਵਿਖੇ ਤੇ ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਦਵਿੰਦਰ ਕੁਮਾਰ ਚੀਕਾ, ਹੈਪੀ ਸਿੰਗਲਾ, ਕੇਵਲ ਗੋਇਲ ਦੇ ਗ੍ਰਹਿ ਵਿਖੇ ਤੇ ਪ੍ਰਾਚੀਨ ਸ੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਮਨਦੀਪ ਬਾਂਸਲ ਦੇ ਗ੍ਰਹਿ ਵਿਖੇ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਵਾਲੇ ਦਿਨ ਵੱਡੇ ਪੱਧਰ 'ਤੇ ਹਾਜ਼ਰੀਆਂ ਭਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਰਮਨ ਗਰਗ, ਦਵਿੰਦਰ ਕੁਮਾਰ ਚੀਕਾ ਤੇ ਮਨਦੀਪ ਬਾਂਸਲ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਮੰਦਰਾਂ ਦੇ ਪ੍ਰਬੰਧਕ ਹਾਜ਼ਰ ਸਨ।

# ਕੋਲਕਾਤਾ ਸਮੂਹਿਕ ਬਲਾਤਕਾਰ ਮਨੁੱਖੀ ਸਮਾਜ ਨੂੰ ਝੰਜੋੜਨ ਵਾਲਾ : ਐਡਵੋਕੇਟ ਪਰਮਪ੍ਰੀਤ ਸਿੰਘ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਇਲਾਕੇ ਦੇ ਪ੍ਰਸਿੱਧ ਸਮਾਜਸੇਵੀ ਐਡਵੋਕੇਟ ਪਰਮਪ੍ਰੀਤ ਸਿੰਘ ਵਕੀਲ ਨੇ ਕਿਹਾ ਕਿ ਪਿਛਲੇ ਦਿਨਾਂ 'ਚ ਜੋ ਘਟਨਾ ਕੋਲਕਾਤਾ 'ਚ ਬਲਾਤਕਾਰ ਦੀ ਹੋਈ ਹੈ, ਉਹ ਆਪਣੇ ਆਪ 'ਚ ਹੀ ਮਨੁੱਖੀ ਸਮਾਜ ਦਾ ਸਿਰ ਨੀਵਾਂ ਕਰਨ ਵਾਲੀ ਹੈ।ਉਨ੍ਹਾਂ ਕਿਹਾ ਕਿ ਇਹ ਮਸਲਾ ਸਮੂਹਿਕ ਬਲਾਤਕਾਰ ਦਾ ਲਗਦਾ ਹੈ, ਜੋ ਗੈਰ-ਕੁਦਰਤੀ, ਅਣਮਨੁੱਖੀ ਤੇ ਤਸ਼ਦਦ ਭਰਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਜੁਰਮ ਦੀ ਸਜ਼ਾ ਫਾਂਸੀ ਤੋਂ ਘੱਟ ਨਹੀਂ ਹੋਣੀ ਚਾਹੀਦੀ ਅਤੇ ਖਾਸ ਅਦਾਲਤ 'ਚ ਇਸ ਕੇਸ ਨੂੰ ਸਮਾਂਬੱਧ ਜਾਂਚ ਕਰਕੇ ਦੋਸ਼ੀਆਂ ਨੂੰ ਕਾਨੂੰਨਨ ਸਜ਼ਾ ਦਿਵਾ ਕੇ ਲੜਕੀ ਦੇ ਪਰਵਾਰ ਤੇ ਸਮਾਜ ਦੀਆਂ ਭਾਵਨਾਵਾਂ ਨੂੰ ਸ਼ਾਂਤ ਕਰਨਾ ਸਰਕਾਰ ਦਾ ਮੁਢਲਾ ਫਰਜ਼ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਸਭ ਲਈ ਔਰਤਾਂ ਦੀ ਘਰੇਲੂ, ਸਮਾਜਿਕ, ਰਾਜਸੀ ਅਤੇ ਪ੍ਰਸ਼ਾਸ਼ਨਿਕ ਬਰਾਬਰਤਾ ਦੇ ਨਾਲ ਹੀ ਔਰਤਾਂ ਦੇ ਹੱਥ ਆਰਥਿਕ ਮਜ਼ਬੂਤੀ ਵੀ ਦੇਣੀ ਚਾਹੀਦੀ ਹੈ ਅਤੇ ਸਮਾਜ ਨੂੰ ਅਜਿਹੇ ਕਲੰਕ ਤੋਂ ਬਚਾਉਣਾ ਚਾਹੀਦਾ ਹੈ।ਦੋਸ਼ੀਆਂ ਨੂੰ ਸਜ਼ਾਵਾਂ 'ਤੇ ਉਨ੍ਹਾਂ ਕਿਹਾ ਕਿ ਭਾਰਤੀ ਕਾਨੂੰਨ ਦੇ ਬੀ.ਐਨ.ਐਸ. ਦੀ ਧਾਰਾ 70 ਸਮੂਹਿਕ ਬਲਾਤਕਾਰ 'ਚ ਵੀਹ ਸਾਲ ਦੀ ਸਜ਼ਾ ਅਤੇ ਉਮਰ ਭਰ ਲਈ ਜੇਲ੍ਹ ਦੀ ਸਜ਼ਾ ਕਰਦੀ ਹੈ।ਹਰ ਇੱਕ ਜ਼ਿਲ੍ਹੇ 'ਚ ਇੱਕ ਫਾਸਟ ਟ੍ਰੈਕ ਕੋਰਟ ਹੁੰਦੀ ਹੈ, ਜਿੱਥੇ ਡੇਢ ਕੁ ਸਾਲ 'ਚ ਬਲਾਤਕਾਰ ਦੇ ਕੇਸਾਂ ਦਾ ਨਿਪਟਾਰਾ ਹੋ ਜਾਂਦਾ ਹੈ ਪਰ ਜੇਕਰ ਸਰਕਾਰ ਚਾਹੇ ਤਾਂ ਇਸ 'ਚ ਸੁਣਵਾਈ ਤਿੰਨ ਜਾਂ ਪੰਜ ਮਹੀਨਿਆਂ 'ਚ ਸਮਾਂਬੱਧ ਕਰਕੇ ਵੀ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਈਆਂ ਜਾ ਸਕਦੀਆਂ ਹਨ।

# ਡੀ ਐੱਸ ਪੀ ਇਕਬਾਲ ਸਿੰਘ ਸੰਧੂ ਨੇ ਚਾਰਜ ਸੰਭਾਲਿਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਮਲੋਟ ਦੇ ਨਵ-ਨਿਯੁਕਤ ਡੀ.ਐੱਸ.ਪੀ. ਇਕਬਾਲ ਸਿੰਘ ਸੰਧੂ ਨੇ ਆਪਣਾ ਚਾਰਜ ਸੰਭਾਲ ਲਿਆ। ਚਾਰਜ ਸੰਭਾਲਣ ਉਪਰੰਤ ਡੀ.ਐੱਸ.ਪੀ. ਇਕਬਾਲ ਸਿੰਘ ਸੰਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸ਼ਹਿਰ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ ਹੈ, ਜਿਸ 'ਤੇ ਉਨ੍ਹਾਂ ਦੀ ਕਾਰਵਾਈ ਲਗਾਤਾਰ ਜਾਰੀ ਰਹੇਗੀ। ਉਨ੍ਹਾ ਕਿਹਾ ਕਿ ਇਸ ਤੋਂ ਇਲਾਵਾ ਸ਼ਹਿਰ ਦੇ ਕੁੱਝ ਪਤਵੰਤੇ ਉਨ੍ਹਾਂ ਕੋਲ ਆਵਾਜਾਈ ਦੀ ਸਮੱਸਿਆ ਲੈ ਕੇ ਆਏ ਸਨ, ਉਸ ਦਾ ਵੀ ਹੱਲ ਕੀਤਾ ਜਾਵੇਗਾ ਤੇ ਸ਼ਹਿਰ ਵਿੱਚ ਹੋਰ ਜੋ ਵੀ ਸਮੱਸਿਆਵਾਂ ਹਨ, ਉਨ੍ਹਾਂ ਦਾ ਵੀ ਹੱਲ ਕੀਤਾ ਜਾਵੇਗਾ। ਸ਼ਹਿਰ ਵਿੱਚ ਮੋਟਰਸਾਈਕਲ ਚੋਰੀ ਦੀਆਂ ਵਧ ਰਹੀਆਂ ਵਾਰਦਾਤਾਂ ਦੇ ਪੁੱਛੇ ਸਵਾਲ ਬਾਰੇ ਡੀ.ਐੱਸ.ਪੀ. ਇਕਬਾਲ ਸਿੰਘ ਸੰਧੂ ਨੇ ਕਿਹਾ ਕਿ ਇਸ ਸਬੰਧੀ ਵਿਉਂਤ ਬਣਾ ਕੇ ਉਸ ਉੱਤੇ ਕੰਮ ਕੀਤਾ ਜਾਵੇਗਾ ਤੇ ਇਨ੍ਹਾਂ ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਈ ਜਾਵੇਗੀ।

# ਚੋਰੀ ਦੀਆਂ ਗੱਡੀਆਂ ਸਮੇਤ ਦੋ ਗ੍ਰਿਫਤਾਰ



**ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸੀ ਆਈ ਏ ਸਟਾਫ ਸਰਹਿੰਦ ਵੱਲੋਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਦੋ ਚੋਰੀਸ਼ੁਦਾ ਕਰੇਟਾ ਗੱਡੀਆਂ ਬਰਾਮਦ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀ ਆਈ ਏ ਸਰਹਿੰਦ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਸਮਸ਼ੇਰ ਸਿੰਘ ਨੂੰ ਮੁਖਬਰੀ ਮਿਲੀ ਸੀ ਕਿ ਸਲਾਮਦੀਨ ਉਰਫ ਸਲੀਮ ਤੇ ਮਨਜੀਤ ਸਿੰਘ ਉਰਫ ਜੀਤੀ ਨੇ ਅਮਲੋਹ ਵਿਖੇ ਪੁਰਾਣੀਆਂ ਗੱਡੀਆਂ ਦੀ ਖਰੀਦ ਵੇਚ ਕਰਨ ਲਈ ਕਾਰ ਬਾਜ਼ਾਰ ਖੋਲ੍ਹਿਆ ਹੋਇਆ ਹੈ, ਜੋ ਕਿ ਪੰਜਾਬ ਤੇ ਹੋਰ ਸੂਬਿਆਂ ਤੋਂ ਕਾਰਾਂ ਚੋਰੀ ਕਰਕੇ ਉਨ੍ਹਾਂ 'ਤੇ ਜਾਲ੍ਹੀ ਨੰਬਰ ਲਗਾ ਕੇ ਵੇਚਣ ਦਾ ਕੰਮ ਕਰਦੇ ਹਨ ਤੇ ਇਹ ਦੋਵੇਂ ਜਣੇ ਚੋਰੀ ਦੀਆਂ ਦੋ ਹੁੰਡਈ ਕਰੇਟਾ ਗੱਡੀਆਂ ਲੈ ਕੇ ਮੰਡੀ ਗੋਬਿੰਦਗੜ੍ਹ ਸਾਈਡ ਤੋਂ ਨਬੀਪੁਰ ਦੀ ਕਬਾੜੀ ਮਾਰਕਿਟ ਵਿਖੇ ਵੇਚਣ ਲਈ ਜਾ ਰਹੇ ਹਨ।ਮੁਖਬਰੀ ਮਿਲਣ 'ਤੇ ਸਹਾਇਕ ਥਾਣੇਦਾਰ ਸਮਸ਼ੇਰ ਸਿੰਘ ਨੇ ਪੁਲਸ ਪਾਰਟੀ ਸਮੇਤ ਨਾਕਾਬੰਦੀ ਕਰਦੇ ਹੋਏ ਉਕਤ ਵਿਅਕਤੀਆਂ ਨੂੰ ਕਾਬੂ ਕਰ ਲਿਆ, ਜਿਨਾਂ ਦੇ ਕਬਜ਼ੇ 'ਚੋਂ ਦੋ ਕਰੇਟਾ ਗੱਡੀਆਂ ਬਰਾਮਦ ਹੋਣ ਦੀ ਸੂਚਨਾ ਹੈ।ਇਸ ਸਬੰਧੀ ਥਾਣਾ ਸਰਹਿੰਦ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਸਲਾਮਦੀਨ ਉਰਫ ਸਲੀਮ ਵਾਸੀ ਪਿੰਡ ਘੁੱਲੂਮਾਜਰਾ ਤੇ ਮਨਜੀਤ ਸਿੰਘ ਉਰਫ ਜੀਤੀ ਵਾਸੀ ਪਿੰਡ ਚੈਹਲ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਸਮਸ਼ੇਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਕੋਲਕਾਤਾ ਘਟਨਾ ਮਾਨਵਤਾ ਲਈ ਠੇਸ : ਬਲਜੀਤ ਕੌਰ

## ਦੋਸ਼ੀਆਂ ਨੂੰ ਦਿੱਤੀ ਜਾਵੇ ਮੌਤ ਦੀ ਸਜ਼ਾ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਕਲਕੱਤਾ ਵਿਖੇ ਹੋਈ ਦਰਦਨਾਕ ਘਟਨਾ ਨਾਲ ਸਮੁੱਚੀ ਮਾਨਵਤਾ ਦਾ ਮਨ ਵਲੂੰਦਰਿਆ ਗਿਆ ਹੈ ਅਤੇ ਅਜਿਹੀ ਘਟਨਾ ਨੂੰ ਅੰਜ਼ਾਮ ਦੇਣ ਵਾਲੇ ਲੋਕਾਂ ਦੀ ਕੇਵਲ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਹੀ ਨਹੀਂ ਕਰਨੀ ਚਾਹੀਦੀ, ਬਲਕਿ ਅਜਿਹੇ ਖੂਨੀ ਦਰਿੰਦਿਆਂ ਨੂੰ ਮੌਤ ਦੀ ਸਜ਼ਾ ਦੇਣੀ ਬਣਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਨੇ ਬੀਤੀ ਸ਼ਾਮ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਡਾਕਟਰਾਂ ਅਤੇ ਯੂਨੀਵਰਸਿਟੀ ਦੇ ਅਹੁਦੇਦਾਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਇਸ ਮੌਕੇ ਹਲਕਾ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਵੀ ਹਾਜ਼ਰ ਸਨ।ਉਨ੍ਹਾ ਕਿਹਾ ਕਿ ਕਲਕੱਤਾ ਵਿੱਚ ਜੋ ਦਰਦਨਾਕ ਘਟਨਾ ਵਾਪਰੀ ਹੈ, ਉਸ ਦਾ ਖੌਫ ਸਭ ਦੇ ਮਨਾਂ ਵਿੱਚ ਆਪਣੀਆਂ ਧੀਆਂ ਨੂੰ ਲੈ ਕੇ ਆਇਆ ਹੈ।ਇਸ ਘਟਨਾ ਸਬੰਧੀ ਹੋਰ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਰਾਜਨੀਤੀ ਤੋਂ ਉਪਰ ਉੱਠ ਕੇ ਇਸ ਘਟਨਾ ਦੀ ਘੋਰ ਨਿੰਦਾ ਕਰਨੀ ਬਣਦੀ ਹੈ।ਚਾਹੇ ਸਟੇਟ ਕੋਈ ਵੀ ਹੋਵੇ, ਪਰ ਸਾਨੂੰ ਇਸ 'ਤੇ ਬਹੁਤ ਹੀ ਗਹਿਰਾਈ ਨਾਲ ਸੋਚਣ ਦੀ ਲੋੜ ਹੈ।ਉਨ੍ਹਾ ਕਿਹਾ ਕਿ ਸੂਬੇ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਸਰਕਾਰ ਪਹਿਲਾਂ ਹੀ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਵਿਚਾਰ ਚਰਚਾ ਕਰ ਰਹੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ 181 ਟੋਲ ਫਰੀ ਨੰਬਰ ਪਹਿਲਾਂ ਹੀ ਜਾਰੀ ਕੀਤਾ ਹੋਇਆ ਹੈ ਤੇ ਇਸ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ।ਸੂਬੇ ਵਿੱਚ ਸਾਰੇ ਹਸਪਤਾਲਾਂ ਅੰਦਰ ਤੇ ਬਾਹਰ ਸੀ.ਸੀ.ਟੀ.ਵੀ. ਕੈਮਰੇ ਲਗਾ ਕੇ ਸੁਰੱਖਿਆ ਦਾ ਪ੍ਰਬੰਧ ਕੀਤਾ ਜਾਵੇਗਾ ਤਾਂ ਜੋ ਅਜਿਹੀਆਂ ਘਟਨਾਵਾਂ ਨੂੰ ਵਾਪਰਨ ਤੋਂ ਪਹਿਲਾਂ ਹੀ ਰੋਕ ਲਿਆ ਜਾਵੇ।ਉਨ੍ਹਾ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਕੇਵਲ ਸੀ.ਸੀ.ਟੀ.ਵੀ. ਕੈਮਰੇ ਹੀ ਨਹੀਂ, ਬਲਕਿ ਅਜਿਹੀਆਂ ਥਾਵਾਂ 'ਤੇ ਸੁਰੱਖਿਆ ਗਾਰਡ ਦਾ 24 ਘੰਟੇ ਪਹਿਰਾ ਵੀ ਯਕੀਨੀ ਬਣਾਇਆ ਜਾਵੇਗਾ।ਸੂਬੇ ਵਿੱਚ ਵੱਖ ਵੱਖ ਥਾਵਾਂ 'ਤੇ ਡਾਕਟਰਾਂ ਵੱਲੋਂ ਇਸ ਘਟਨਾ ਨੂੰ ਲੈ ਕੇ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਬਾਰੇ ਬੋਲਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਸਿਹਤ ਅਮਲੇ ਨੂੰ ਪ੍ਰਦਰਸ਼ਨ ਦਾ ਅਜਿਹਾ ਤਰੀਕਾ ਵਰਤਣਾ ਚਾਹੀਦਾ ਹੈ ਤਾਂ ਜੋ ਮਰੀਜ਼ਾਂ ਨੂੰ ਦਿੱਕਤ ਪੇਸ਼ ਨਾ ਆਵੇ।ਸਰਕਾਰੀ ਸਿਹਤ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਾਲੇ ਨੁਮਾਇੰਦਿਆਂ ਨੂੰ ਮੁਖਾਤਿਬ ਹੁੰਦਿਆਂ ਉਨ੍ਹਾ ਕਿਹਾ ਕਿ ਕਲਕੱਤਾ ਜਿਹੀ ਕੋਈ ਵੀ ਮੰਦਭਾਗੀ ਘਟਨਾ ਸੂਬੇ ਵਿੱਚ ਨਾ ਵਾਪਰੇ, ਇਸ ਲਈ ਸਰਕਾਰੀ ਹਸਪਤਾਲਾਂ ਵਿੱਚ ਰੋਸਟਰ ਬਣਾਉਂਦੇ ਸਮੇਂ ਇਹ ਧਿਆਨ ਰੱਖਿਆ ਜਾਵੇ ਕਿ ਡਿਊਟੀ ਕਿਵੇਂ ਲਗਾਈ ਜਾ ਰਹੀ ਹੈ ਅਤੇ ਜੇਕਰ ਕਿਸੇ ਬੱਚੀ ਦੀ ਡਿਊਟੀ ਹੈ ਤਾਂ ਉਸ ਨਾਲ ਕਿਸ ਕੋ-ਵਰਕਰ ਦੀ ਡਿਊਟੀ ਲਗਾਈ ਗਈ ਹੈ।

# ਕਾਰ ਚੋਰ ਗਰੋਹ ਦੇ 3 ਮੈਂਬਰ ਕਾਬੂ, 5 ਕਾਰਾਂ ਬਰਾਮਦ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਨੇ ਇੱਕ ਕਾਰ ਚੋਰ ਗਰੋਹ ਨੂੰ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਐੱਸ ਐੱਸ ਪੀ ਤੁਸ਼ਾਰ ਗੁਪਤਾ ਨੇ ਦੱਸਿਆ ਕਿ ਕਪਤਾਨ ਪੁਲਸ (ਇੰਨਵੈ.) ਜਸਬੀਰ ਸਿੰਘ ਡੀ.ਐੱਸ.ਪੀ (ਡੀ) ਦੀ ਨਿਗਰਾਨੀ ਹੇਠ, ਐੱਸ ਆਈ ਜਗਸੀਰ ਸਿੰਘ ਇੰਚਾਰਜ ਸੀ.ਆਈ.ਏ. ਮਲੋਟ ਤੇ ਇੰਸਪੈਕਟਰ ਹਰਪ੍ਰੀਤ ਕੌਰ ਨੇ 3 ਵਿਅਕਤੀਆਂ ਨੂੰ ਕਾਬੂ ਕਰ 5 ਚੋਰੀ ਦੀਆਂ ਕਾਰਾਂ ਬ੍ਰਾਮਦ ਕੀਤੀਆਂ ਹਨ।

ਪੁਲਸ ਨੇ ਅਜੈ ਕੁਮਾਰ ਪੁੱਤਰ ਸ਼ੰਕਰ ਦਾਸ ਵਾਸੀ ਬਾਲਮੀਕ ਮਹੱਲਾ ਮਲੋਟ, ਚਿਰਾਗ ਪੁੱਤਰ ਰਾਜੇਸ਼ ਕੁਮਾਰ ਵਾਸੀ ਆਦਰਸ਼ ਨਗਰ ਮਲੋਟ ਤੇ ਵਿਨੋਦ ਪੁੱਤਰ ਸਾਹਿਬ ਰਾਮ ਵਾਸੀ ਗੰਗਾਨਗਰ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁੱਛਗਿੱਛ ਦੌਰਾਨ ਉਨ੍ਹਾਂ ਦੱਸਿਆਂ ਕਿ ਉਨ੍ਹਾਂ ਵੱਲੋਂ ਵੱਖ ਵੱਖ ਜ਼ਿਲ੍ਹਿਆਂ ਵਿੱਚੋਂ 26 ਕਾਰਾਂ ਚੋਰੀ ਕਰਕੇ ਉਨ੍ਹਾਂ ਦੇ ਪਾਰਟਸ ਵੇਚੇ ਗਏ ਹਨ, ਜਿਨ੍ਹਾਂ ਵਿੱਚੋਂ 3 ਕਾਰਾਂ ਸਾਬਿਤ, 2 ਕਾਰਾਂ ਦੇ ਪਾਰਟਸ ਬ੍ਰਾਮਦ ਹੋਏ ਹਨ। ਤਿੰਨੇ ਮੁਲਜ਼ਮ ਜਮਾਨਤ 'ਤੇ ਜੇਲ੍ਹ 'ਚੋਂ ਬਾਹਰ ਆਏ ਹੋਏ ਹਨ ਤੇ ਇਨ੍ਹਾਂ ਸਾਰਿਆਂ 'ਤੇ ਹੀ ਪਹਿਲਾਂ ਪੁਲਸ ਥਾਣਿਆਂ ਵਿੱਚ ਮੁਕੱਦਮੇ ਦਰਜ ਹਨ।

# ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਧਰਨਿਆਂ ਸੰਬੰਧੀ ਪਿੰਡਾਂ 'ਚ ਮੀਟਿੰਗਾਂ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੇ ਪਿੰਡ ਇਕਾਈਆਂ ਵਿੱਚ 27 ਤੋਂ 31 ਅਗਸਤ ਤੱਕ ਜ਼ਿਲ੍ਹਿਆਂ ਦੇ ਹੈੱਡਕੁਆਰਟਰਾਂ 'ਤੇ ਬਹੁ-ਪੱਖੀ ਲੋਕਾਂ ਲਈ ਨਵੀਂ ਖੇਤੀ ਨੀਤੀ ਲਿਆਉਣ, ਪਾਣੀ ਦੀ ਡਿੱਗਦੀ ਸਤਹਿ ਨੂੰ ਠੱਲ੍ਹ ਪਾਉਣਾ, 60 ਸਾਲਾਂ ਤੋਂ ਉੱਪਰ ਦੇ ਕਿਸਾਨਾਂ/ਮਜ਼ਦੂਰ ਔਰਤਾਂ ਦੀ 10,000/- ਰੁਪਏ ਪ੍ਰਤੀ ਮਹੀਨਾ ਪੈਨਸ਼ਨ, ਸਕੂਲਾਂ 'ਚੋਂ ਮੁਫ਼ਤ ਵਿੱਦਿਆ, ਕੁਦਰਤੀ ਆਫ਼ਤਾਂ ਤੇ ਬਿਮਾਰੀਆਂ ਨਾਲ ਹੋਇਆ ਨੁਕਸਾਨ ਅਤੇ ਪਸ਼ੂ ਧਨ ਦੀ ਤੁਰਤ ਫੁਰਤ ਪੂਰਤੀ ਕਰਨ ਦਾ ਵਾਅਦਾ ਹੋਇਆ, ਉੱਚ ਸਿਆਸਤਦਾਨਾਂ, ਸਨਅੱਤਕਾਰਾਂ, ਅਫਸਰਾਂ ਤੇ ਨਸ਼ਾ ਸਮਗਲਰਾਂ ਵੱਲੋਂ ਹੁੰਦੀ ਆ ਰਹੀ ਨਸ਼ਿਆਂ ਦੀ ਥੋਕ ਪੈਦਾਵਾਰ, ਵਪਾਰ ਤੇ ਪਸਾਰ ਨੂੰ ਰੋਕਣ ਦਾ ਆਪ ਸਰਕਾਰ ਦਾ ਵਾਅਦਾ ਮਰ ਗਿਆ ਹੈ ਅਤੇ ਬੇਰੁਜ਼ਗਾਰਾਂ ਨੂੰ ਪੱਕਾ ਰੁਜ਼ਗਾਰ ਤੇ ਔਰਤਾਂ ਨੂੰ 1,000/- ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਵਾਅਦਾ ਆਦਿ ਮੰਗਾਂ ਨੂੰ ਲੈ ਕੇ ਦਿਨ ਰਾਤ ਦੇ ਧਰਨੇ ਦਿੱਤੇ ਜਾ ਰਹੇ ਹਨ, ਜਿਸ ਦੀ ਤਿਆਰੀ ਸੰਬੰਧੀ ਬਲਾਕ ਦਿੜ੍ਹਬਾ ਦੇ ਪਿੰਡ ਪਿੰਡ ਨੁੱਕੜ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹੇ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਭਵਾਨੀਗੜ੍ਹ ਦੇ ਆਗੂਆਂ ਨੇ ਡੱਟ ਕੇ ਸਾਥ ਦਿੱਤਾ ਹੈ।

# 27 ਤੋਂ 31 ਤੱਕ ਲਗਾਏ ਜਾਣਗੇ ਡੀ ਸੀ ਦਫ਼ਤਰਾਂ ਅੱਗੇ ਪੱਕੇ ਮੋਰਚੇ : ਬੀ ਕੇ ਯੂ ਏਕਤਾ ਉਗਰਾਹਾਂ



**ਮਲੋਟ (ਗੁਰਮੀਤ ਸਿੰਘ ਮੱਕੜ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਮੁਕਤਸਰ ਦੀ ਮੀਟਿੰਗ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਪਾਸ਼ ਸਿੰਘ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਵਾਟਰ ਵਰਕਸ ਮਲੋਟ ਸ਼ਹਿਰ ਵਿਖੇ ਹੋਈ, ਜਿਸ ਵਿੱਚ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਖੇਤੀ ਨੀਤੀ ਕਰਜ਼ਾ ਪੱਖੀ ਕਾਨੂੰਨ ਬਣਾਉਣ ਆਦਿ ਮੰਗਾਂ ਲਾਗੂ ਕਰਵਾਉਣ ਲਈ 27 ਤੋਂ 31 ਅਗਸਤ ਤੱਕ ਦਿਨ-ਰਾਤ ਪੰਜ ਰੋਜ਼ਾ ਧਰਨੇ ਡੀ ਸੀ ਦਫ਼ਤਰ ਮੁਕਤਸਰ ਅੱਗੇ ਵੀ ਦਿੱਤੇ ਜਾਣਗੇ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਪਾਸ਼ ਸਿੰਘ ਸਿੰਘੇਵਾਲਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਆਦਿ ਆਗੂਆਂ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਸਮੇਤ ਸਮੂਹ ਕਿਰਤੀ ਪੰਜਾਬੀਆਂ ਨਾਲ ਕੀਤੀ ਵਾਅਦਾ ਖਿਲਾਫੀ ਵਿਰੁੱਧ ਖੇਤੀ ਨੀਤੀ ਕਰਜ਼ਾ ਪੱਖੀ ਕਾਨੂੰਨ ਬਣਾਉਣ ਮੋਰਚੇ ਦੇ ਪਹਿਲੇ ਪੜਾਅ ਵਿੱਚ ਸੂਬਾ ਕਮੇਟੀ ਦੇ ਸੱਦੇ 'ਤੇ ਡੀ ਸੀ ਦਫ਼ਤਰਾਂ ਅੱਗੇ 27 ਤੋਂ 31 ਅਗਸਤ ਤੱਕ ਦਿਨ-ਰਾਤ ਪੰਜ ਰੋਜ਼ਾ ਧਰਨੇ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਤਿਆਰੀ ਮੁਹਿੰਮ ਦੌਰਾਨ ਹਰ ਪਿੰਡ ਇਕਾਈ ਵੱਲੋਂ ਖ਼ੁਦਕੁਸ਼ੀਆਂ ਕਰ ਗਏ ਪੀੜਤ ਪਰਿਵਾਰਾਂ ਦੀਆਂ ਸੂਚੀਆਂ ਬਣਾਈਆਂ ਜਾਣਗੀਆਂ ਤੇ ਪੀੜਤ ਪਰਿਵਾਰਾਂ ਵੱਲੋਂ ਸਹਾਇਤਾ ਰਾਸ਼ੀ ਤੇ ਪੱਕੀ ਸਰਕਾਰੀ ਨੌਕਰੀ ਲਈ ਡੀ ਸੀ ਦਫ਼ਤਰਾਂ 'ਚ ਅਰਜ਼ੀਆਂ ਦਿੱਤੀਆਂ ਜਾਣਗੀਆਂ। ਇਸੇ ਤਰ੍ਹਾਂ ਨਸ਼ਿਆਂ 'ਚ ਮਾਰੇ ਗਏ ਪੀੜਤ ਪਰਿਵਾਰਾਂ ਦੀਆਂ ਪਿੰਡ ਵਾਰ ਸੂਚੀਆਂ ਵੀ ਸੌਂਪੀਆਂ ਜਾਣਗੀਆਂ। ਉਨ੍ਹਾ ਕਿਹਾ ਕਿ ਮੰਗਾਂ ਲਾਗੂ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ ਤੇ ਮੋਰਚੇ ਦੇ ਆਖਰੀ ਦਿਨ ਸੂਬਾ ਕਮੇਟੀ ਵੱਲੋਂ ਅਗਲਾ ਐਲਾਨ ਵੀ ਕੀਤਾ ਜਾਵੇਗਾ। ਮੀਟਿੰਗ ਵਿੱਚ ਸ਼ਾਮਲ ਲੰਬੀ ਬਲਾਕ ਦੇ ਜਨਰਲ ਸਕੱਤਰ ਮਲਕੀਤ ਸਿੰਘ ਗੱਗੜ, ਮਨੋਹਰ ਸਿੰਘ ਸਿੱਖਵਾਲਾ, ਰਾਜਾ ਸਿੰਘ ਮਹਾਂਬੱਧਰ, ਸੁਖਰਾਜ ਸਿੰਘ ਰਹੂੜਿਆਂ, ਜੋਗਿੰਦਰ ਸਿੰਘ ਬੁੱਟਰ ਸਰੀਂਹ, ਕੁਲਦੀਪ ਸਿੰਘ ਕਰਮਗੜ੍ਹ, ਬੋਹੜ ਸਿੰਘ, ਸੁਖਦੇਵ ਸਿੰਘ, ਕੁਲਵੰਤ ਸਿੰਘ ਮਲੋਟ ਆਦਿ ਵੱਡੀ ਗਿਣਤੀ ਕਿਸਾਨ ਹਾਜ਼ਰ ਸਨ।

# ਆਈ ਐੱਸ ਐੱਫ ਕਾਲਜ ਵਿਖੇ ਜੀ ਪੀ ਏ ਟੀ 'ਤੇ ਲੈਕਚਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੂਬੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਆਈ ਐੱਸ ਐੱਫ ਕਾਲਜ ਆਫ ਫਾਰਮੇਸੀ ਵਿਖੇ ਜੀ ਪੀ ਏ ਟੀ ਬਾਰੇ ਲੈਕਚਰ ਕਰਵਾਇਆ ਗਿਆ। ਸੰਸਥਾ ਦੇ ਡਾਇਰੈਕਟਰ ਡਾ. ਜੀ ਡੀ ਗੁਪਤਾ ਨੇ ਦੱਸਿਆ ਕਿ ਹਾਲ ਹੀ ਵਿੱਚ ਆਈ ਐੱਸ ਐੱਫ ਕਾਲਜ ਆਫ਼ ਫਾਰਮੇਸੀ ਦੇ ਵਿਦਿਆਰਥੀ ਸੰਜੀਵਨ ਗੁਪਤਾ ਨੇ ਬੀ ਫਾਰਮ ਦੇ ਵਿਦਿਆਰਥੀਆਂ ਲਈ ਜੀ ਪੀ ਏ ਟੀ ਵਿੱਚ ਪੂਰੇ ਦੇਸ਼ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ ਹੈ, ਜਿਸ ਰਾਹੀਂ ਵਿਦਿਆਰਥੀਆਂ ਨੂੰ ਕਾਉਂਸਲਿੰਗ ਤੇ ਮੋਟੀਵੇਸ਼ਨਲ ਲੈਕਚਰ ਕਰਵਾਏ ਗਏ। ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰੋ ਤੇ ਫਾਰਮੇਸੀ ਗ੍ਰੈਜੂਏਟ ਐਪਟੀਟਿਊਡ ਟੈਸਟ ਵਿੱਚ ਸਫਲਤਾ ਪ੍ਰਾਪਤ ਕਰੋ। ਪ੍ਰੋਗਰਾਮ ਦਾ ਸੰਚਾਲਨ ਜੀ ਪੀ ਏ ਟੀ ਕੋਆਰਡੀਨੇਟਰ ਖੜਗ ਰਾਜ ਨੇ ਕੀਤਾ।

ਸੰਸਥਾ ਦੇ ਡਾਇਰੈਕਟਰ ਡਾ. ਜੀ ਡੀ ਗੁਪਤਾ ਨੇ ਸੰਜੀਵਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਪੂਰੇ ਦੇਸ਼ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਸੰਸਥਾ ਨੇ ਪੰਜਾਬ ਤੇ ਪਰਵਾਰ ਦਾ ਨਾਂਅ ਰੌਸ਼ਨ ਕੀਤਾ ਹੈ। ਸੰਜੀਵਨ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਕਰਨ ਦੇ ਟਿਪਸ ਦਿੱਤੇ ਤਾਂ ਜੋ ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫ਼ਲਤਾ ਹਾਸਲ ਕਰ ਸਕਣ। ਸੰਜੀਵਨ ਗੁਪਤਾ ਨੂੰ ਸੰਸਥਾ ਦੀ ਤਰਫੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ ਜੀ ਐੱਸ ਸ਼ਰਮਾ, ਦਿਲਪ੍ਰੀਤ ਕੌਰ, ਅਯਾਂਸ਼ ਕੌਸ਼ਿਕ, ਅਮਿਤ ਸ਼ਰਮਾ ਆਦਿ ਅਧਿਆਪਕਾਂ ਤੇ 100 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਖੜਗ ਰਾਜ ਨੇ ਇਸ ਮੌਕੇ ਸਾਰਿਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸਕੱਤਰ ਇੰਜੀ ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ ਡੀ ਗੁਪਤਾ, ਆਈ ਐੱਸ ਐੱਫ ਸੀ ਪੀ ਆਰ ਦੇ ਪ੍ਰਿੰਸੀਪਲ ਡਾ ਆਰ ਕੇ ਨਾਰੰਗ ਨੇ ਲੈਕਚਰ ਦੇ ਸਫਲ ਆਯੋਜਨ 'ਤੇ ਵਧਾਈ ਦਿੱਤੀ।

# ਨਗਰ ਪੰਚਾਇਤ ਮਖੂ ਵੱਲੋਂ ਸਪੈਸ਼ਲ ਸਫਾਈ ਅਭਿਆਨ



**ਮਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਸਰਕਾਰ ਵੱਲੋਂ 19 ਤੋਂ 23 ਅਗਸਤ ਤੱਕ ਸ਼ੁਰੂ ਕੀਤੀ ਰਾਜ ਪੱਧਰੀ ਵਿਸ਼ੇਸ਼ ਸਫਾਈ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਨਗਰ ਪੰਚਾਇਤ ਮਖੂ ਦੇ ਕਾਰਜ ਸਾਧਕ ਅਫਸਰ ਸ੍ਰੀਮਤੀ ਪੂਨਮ ਭਟਨਾਗਰ ਤੇ ਸੈਂਟਰੀ ਇੰਚਾਰਜ ਰਾਜ ਕਮਲ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਨਗਰ ਪੰਚਾਇਤ ਮਖੂ ਵੱਲੋਂ ਜੀ ਪੀ ਪੁਆਇੰਟ ਨੂੰ ਪੱਕੇ ਤੌਰ 'ਤੇ ਹਟਾਉਣ ਤੇ ਟਿਕਾਊ ਕੂੜਾ ਪ੍ਰਬੰਧਨ ਨੂੰ ਉਤਸ਼ਾਹਤ ਕਰਨ ਲਈ ਨਗਰ ਪੰਚਾਇਤ ਮਖੂ ਵੱਲੋਂ 19 ਤੋਂ 23 ਅਗਸਤ ਤੱਕ ਵਿਸ਼ੇਸ਼ ਸਫਾਈ ਮਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਨਗਰ ਪੰਚਾਇਤ ਮਖੂ ਵੱਲੋਂ ਕਮਿਊਨਿਟੀ ਹਾਲ ਦੇ ਨੇੜੇ ਜੀ ਪੀ ਪੁਆਇੰਟ ਤੋਂ ਕੂੜੇ ਨੂੰ ਪੱਕੇ ਤੌਰ 'ਤੇ ਹਟਾ ਕੇ ਉਸ ਥਾਂ 'ਤੇ ਪੌਦੇ ਲਗਾ ਕੇ ਇਸ ਜੀ ਵੀ ਪੁਆਇੰਟ ਦੀ ਬਿਊਟੀਫਿਕੇਸ਼ਨ ਕੀਤੀ ਗਈ, ਜਿਸ ਦੀ ਅਗਵਾਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਵੱਲੋਂ ਕੀਤੀ ਗਈ।ਇਸ ਮੌਕੇ ਨਰਿੰਦਰ ਕਟਾਰੀਆ ਨੇ ਸ਼ਹਿਰ ਨਿਵਾਸੀਆਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਤੇ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਨਗਰ ਪੰਚਾਇਤ ਮਖੂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ।ਇਸ ਮੁਹਿੰਮ ਵਿੱਚ ਲਕਸ਼ੇ ਯੂਥ ਕੱਲਬ ਦੇ ਪ੍ਰਧਾਨ ਰਜੀਵ ਕਪੂਰ, ਦਸਮੇਸ਼ ਯੂਥ ਕਲੱਬ ਫ਼ੇਮੀਵਾਲਾ ਦੇ ਪ੍ਰਧਾਨ ਹਰਦਵਿੰਦਰ ਸਿੰਘ ਫੇਮੀ ਵਾਲਾ, ਸੁਭਾਸ਼ ਟੰਡਨ, ਬਲਦੇਵ ਰਾਜ ਕਪੂਰ ਤੇ ਦਫਤਰੀ ਸਟਾਫ ਜਤਿੰਦਰ ਗਰੋਵਰ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਅਰਵਿੰਦਰ ਸਿੰਘ, ਹਰਪ੍ਰੀਤ ਸਿੰਘ, ਸੁਧੀਰ ਕੁਮਾਰ, ਰੋਹਿਤ ਕੁਮਾਰ, ਅਮਰੀਕ ਮਸੀਹ, ਰਾਜੂ ਮੇਟ ਹਾਜ਼ਰ ਸਨ।

# ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ



**ਜਗਰਾਓਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਮਨਾਇਆ ਗਿਆ।ਤਿਉਹਾਰ ਦੀ ਸ਼ੁਰੂਆਤ ਮਾਂ ਸਰਸਵਤੀ ਦੇ ਅਸ਼ੀਰਵਾਦ ਤੇ ਦੀਪ ਪ੍ਰਜਵੱਲਿਤ ਕਰਕੇ ਕੀਤੀ ਗਈ।ਇਸ ਮੌਕੇ ਅਧਿਆਪਕਾ ਪਵਿੱਤਰ ਕੌਰ ਨੇ ਰੱਖੜੀ ਦੇ ਤਿਉਹਾਰ ਨਾਲ ਸੰਬੰਧਤ ਇਤਿਹਾਸਕ ਪਿਛੋਕੜ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਭੈਣਾਂ ਨੇ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ, ਤਿਲਕ ਲਗਾ ਕੇ ਤੇ ਮੂੰਹ ਮਿੱਠਾ ਕਰਵਾਇਆ ਅਤੇ ਨਾਲ ਹੀ ਭੈਣਾਂ ਨੇ ਆਪਣੇ ਭਰਾਵਾਂ ਨੂੰ ਸਮਰਪਤ ਕਰਨ ਵਾਲੇ ਗੀਤ ਗਾ ਕੇ ਭਰਾਵਾਂ ਲਈ ਆਪਣੇ ਮੋਹ ਨੂੰ ਪ੍ਰਗਟ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਨੇ ਸਭ ਨੂੰ ਰੱਖੜੀ ਦੇ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

# ਮਨਰੇਗਾ ਮੇਟ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਮੱਸਿਆਵਾਂ ਬਾਰੇ ਚਰਚਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਮਨਰੇਗਾ ਮੇਟ ਵੈੱਲਫੇਅਰ ਐਸੋਸੀਏਸ਼ਨ ਪੰਜਾਬ (ਬਲਾਕ ਸ੍ਰੀ ਮੁਕਤਸਰ ਸਾਹਿਬ) ਦੀ ਮੀਟਿੰਗ ਹੋਈ, ਜਿਸ ਵਿੱਚ ਮਨਰੇਗਾ ਦੇ ਕੰਮਾਂ ਸੰਬੰਧੀ ਆਉਣ ਵਾਲੀਆਂ ਦਿੱਕਤਾਂ 'ਤੇ ਵਿਚਾਰ-ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਕਾਰ ਦੀ ਮਾੜੀ ਰਣਨੀਤੀ ਕਾਰਨ ਮਨਰੇਗਾ ਵਰਕਰਾਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ। ਕੁੱਝ ਦਿਨ ਪਹਿਲਾਂ ਹੋਈਆਂ ਬਦਲੀਆਂ ਕਾਰਨ ਮੇਟਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕੁੱਝ ਸਮਾਂ ਪਹਿਲਾਂ ਮੇਟਾਂ ਤੋਂ ਹਲਫੀਆਂ ਬਿਆਨ ਮੰਗੇ ਸੀ, ਜੋ ਕਿ ਯੂਨੀਅਨ ਨੇ ਧਰਨਾ ਦੇ ਕੇ ਬੰਦ ਕਰਵਾ ਦਿੱਤੇ ਸੀ।ਹੁਣ ਦਫਤਰ ਵਿੱਚ ਜੋ ਨਵਾਂ ਸਟਾਫ ਬਦਲ ਕੇ ਆਇਆ ਹੈ, ਉਹ ਮੇਟਾਂ ਨੂੰ ਕਾਫੀ ਮੁਸ਼ਕਲਾਂ ਖੜੀਆਂ ਕਰ ਰਿਹਾ ਹੈ ਅਤੇ ਮੁੜ ਤੋਂ ਹਲਫੀਆ ਬਿਆਨ ਮੰਗੇ ਜਾ ਰਹੇ ਹਨ ਅਤੇ ਨਾਲ ਮੇਟਾਂ ਤੋਂ ਕਾਰਵਾਈ 'ਤੇ ਮਤਾ ਪਵਾਉਣ ਲਈ ਕਿਹਾ ਜਾ ਰਿਹਾ ਹੈ, ਜੋ ਕਿ ਗ੍ਰਾਮ ਰੋਜ਼ਗਾਰ ਸੇਵਕ ਨੇ ਪਵਾਉਣਾ ਹੈ।ਦਫਤਰ ਤੇ ਗ੍ਰਾਮ ਸੇਵਕ ਦੀ ਕਥਿਤ ਮਿਲੀਭੁਗਤ ਨਾਲ ਪਿੰਡਾਂ ਦੀਆਂ ਲੇਬਰਾਂ ਦਾ ਬਹੁਤ ਨੁਕਸਾਨ ਹੋ ਰਿਹਾ ਹੈ।ਗ੍ਰਾਮ ਸੇਵਕ ਮਤਾ ਪਾ ਨਹੀਂ ਰਹੇ ਤੇ ਦਫ਼ਤਰ ਵੱਲੋਂ ਮਤੇ ਬਿਨਾਂ ਮਾਸਟਰ ਰੋਲ ਨਹੀਂ ਕੱਢਿਆ ਜਾ ਰਿਹਾ, ਜਿਸ ਨਾਲ ਲੇਬਰ ਦਾ ਬਹੁਤ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਮੇਟਾਂ ਦੀ ਬਣਦੀ 499 ਰੁਪਏ ਦਿਹਾੜੀ ਲਾਗੂ ਕੀਤੀ ਜਾਵੇ, ਜੋ ਕਿ ਪਿਛਲੇ 2 ਸਾਲਾਂ ਤੋਂ ਸਰਕਾਰ ਵੱਲੋਂ ਮਨਜ਼ੂਰੀ ਮਿਲੀ ਹੋਈ ਹੈ, ਬਾਕੀ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੇਟਾਂ ਦੀ ਖੱਜਲ-ਖੁਆਰੀ ਬੰਦ ਕੀਤੀ ਜਾਵੇ ਤੇ ਪਹਿਲਾਂ ਦੀ ਤਰ੍ਹਾਂ ਪਿੰਡਾਂ ਵਿੱਚ ਨਰੇਗਾ ਦਾ ਕੰਮ ਮੁੜ ਜਲਦੀ ਚਾਲੂ ਕੀਤਾ ਜਾਵੇ।ਨਹੀਂ ਤਾਂ ਮਜਬੂਰਨ ਮੇਟਾਂ ਨੂੰ ਲੇਬਰਾਂ ਸਮੇਤ ਸੜਕਾਂ 'ਤੇ ਉੱਤਰਨਾ ਪਵੇਗਾ।ਇਸ ਮੌਕੇ ਬਲਜੀਤ ਸਿੰਘ ਪ੍ਰਧਾਨ ਸੀਰਵਾਲੀ, ਚਮਕੌਰ ਸਿੰਘ ਡੋਹਕ, ਗੁਰਤੇਜ ਸਿੰਘ ਡੋਹਕ, ਆਸਾ ਰਾਮ ਭੰਗੇਵਾਲਾ, ਬਲਕਰਨ ਸਿੰਘ ਚੌਤਰਾ, ਦਲਜੀਤ ਸਿੰਘ ਮਰਾੜ੍ਹ ਕਲਾਂ, ਮਨਜੀਤ ਸਿੰਘ ਸਰਾਏ ਨਾਗਾ, ਸੁਬੀਨਾ ਭੁੱਲਰ, ਗੁਰਚਰਨ ਸਿੰਘ ਚੱਕ ਬਧਾਈ, ਹਰਨੇਕ ਸਿੰਘ ਰੁਪਾਣਾ ਤੇ ਕਈ ਹੋਰ ਸਾਥੀ ਹਾਜ਼ਰ ਸਨ।

# ਵਾਤਾਵਰਨ ਦੀ ਸ਼ੁੱਧਤਾ ਲਈ ਪੌਦੇ ਲਾਏ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਅਨਾਜ ਮੰਡੀ ਵਿੱਚ ਪੌਦੇ ਲਾ ਕੇ ਮਿੰਨੀ ਜੰਗਲ ਲਗਾਉਣ ਦੀ ਸ਼ੁਰੂਆਤ ਕੀਤੀ। ਉਨ੍ਹਾਂ ਇਸ ਮੌਕੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਲਈ ਸਾਨੂੰ ਰੁੱਖ ਲਾਉਣੇ ਚਾਹੀਦੇ ਹਨ। ਉਨ੍ਹਾਂ ਆੜ੍ਹਤੀਏ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ 5, 5 ਬੂਟੇ ਲਾਉਣ ਤਾਂ ਜੁ ਅਨਾਜ ਮੰਡੀਆਂ ਨੂੰ ਹਰਿਆ-ਭਰਿਆ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਜਲਦੀ ਹੀ ਧੂਰੀ ਹਲਕੇ ਦੀਆਂ 44 ਸੜਕਾਂ ਦੀ ਰਿਪੇਅਰ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਅਨਾਜ ਮੰਡੀਆਂ ਦੇ ਵਿਕਾਸ ਦੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਮੰਡੀਕਰਨ ਬੋਰਡ ਨੂੰ ਤੋੜਨ ਦੀਆਂ ਤਿਆਰੀਆਂ ਕਰ ਰਹੀ ਹੈ, ਪ੍ਰੰਤੂ ਪੰਜਾਬ ਸਰਕਾਰ ਇਹ ਕਦੇ ਵੀ ਨਹੀਂ ਹੋਣ ਦੇਵੇਗੀ।

# ਹਰੇਕ ਵਿਧਾਨ ਸਭਾ ਹਲਕੇ 'ਚ ਉਰਦੂ ਦੇ ਸਕੂਲ ਖੋਲ੍ਹੇ ਜਾਣ : ਖੰਗੂੜਾ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਵੱਲੋਂ ਹਰ ਇੱਕ ਵਿਧਾਨ ਸਭਾ ਹਲਕੇ ਵਿੱਚ ਇੱਕ-ਇੱਕ ਪਹਿਲੀ ਤੋਂ ਦਸਵੀਂ ਕਲਾਸ ਤੱਕ ਉਰਦੂ ਪੜ੍ਹਾਉਣ ਦੇ ਸਕੂਲ ਖੋਲ੍ਹੇ ਜਾਣ। ਇਹ ਵਿਚਾਰ ਸਮਾਜ ਕਲਿਆਣ ਜਾਗ੍ਰਿਤੀ ਮੰਚ ਪੰਜਾਬ ਦੇ ਸੂਬਾ ਪ੍ਰਧਾਨ ਰਣਧੀਰ ਸਿੰਘ ਖੰਗੂੜਾ ਨੇ ਪ੍ਰੈੱਸ ਰਾਹੀਂ ਸਾਂਝੇ ਕੀਤੇ।ਖੰਗੂੜਾ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਤੋਂ ਪਹਿਲਾਂ ਪੰਜਾਬ ਤੇ ਰਿਆਸਤਾਂ ਵਿੱਚ ਉਰਦੂ ਭਾਸ਼ਾ ਦਾ ਕਾਫੀ ਬੋਲ ਬਾਲਾ ਸੀ ਤੇ ਸਰਕਾਰੀ ਰਿਕਾਰਡ ਉਰਦੂ ਵਿੱਚ ਲਿਖੇ ਹੋਏ ਮਿਲਦੇ ਹਨ।1947 ਤੋਂ ਬਾਅਦ ਮੁਸਲਿਮ ਭਾਈਚਾਰਾ ਬਹੁ-ਗਿਣਤੀ ਵਿੱਚ ਪਾਕਿਸਤਾਨ ਚਲਾ ਗਿਆ, ਪਰ ਜਿਹੜੇ ਮੁਸਲਿਮ ਭਾਈਚਾਰੇ ਦੇ ਲੋਕ ਪੰਜਾਬ ਦੇ ਹਰ ਪਿੰਡ, ਸ਼ਹਿਰ, ਕਸਬਿਆਂ ਵਿੱਚ ਰਹਿੰਦੇ ਹਨ, ਉਨ੍ਹਾਂ ਲਈ ਆਪਣੇ ਬੱਚਿਆਂ ਨੂੰ ਉਰਦੂ ਪੜ੍ਹਾਉਣ ਵਾਸਤੇ ਕੋਈ ਵਿਸ਼ੇਸ਼ ਸਕੂਲ ਨਹੀਂ ਹਨ।ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੋਰਡ ਦੇ ਪੇਪਰਾਂ ਵਿੱਚ ਵਾਧੂ ਵਿਸ਼ੇ ਦੇ ਪੇਪਰ ਤਾਂ ਲਏ ਜਾਂਦੇ ਹਨ, ਪਰ ਵਾਧੂ ਵਿਸ਼ਿਆਂ ਵਿੱਚ ਖਾਸ ਕਰਕੇ ਉਰਦੂ ਪੜ੍ਹਾਉਣ ਵਾਲੇ ਸਕੂਲ ਨਹੀਂ ਹਨ।ਖੰਗੂੜਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦੇ ਹਨ ਕਿ ਪੰਜਾਬ ਦੇ ਹਰ ਇੱਕ ਵਿਧਾਨ ਸਭਾ ਹਲਕੇ ਵਿੱਚ ਇੱਕ-ਇੱਕ ਸਕੂਲ ਅਜਿਹਾ ਖੋਲ੍ਹਿਆ ਜਾਵੇ, ਜਿਸ ਵਿੱਚ ਪਹਿਲੀ ਕਲਾਸ ਤੋਂ ਦਸਵੀਂ ਕਲਾਸ ਤੱਕ ਬੱਚਿਆਂ ਨੂੰ ਉਰਦੂ ਲਾਜ਼ਮੀ ਪੜ੍ਹਾਇਆ ਜਾਵੇ।ਖੰਗੂੜਾ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਤੋਂ ਬਾਅਦ ਤੇ ਖਾਸ ਕਰਕੇ 1 ਨਵੰਬਰ 1966 ਨੂੰ ਜਦੋਂ ਪੰਜਾਬ ਸੂਬਾ ਹੋਂਦ ਵਿੱਚ ਆਇਆ, ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਵਾਸਤੇ ਪੰਜਾਬ ਦੀ ਹਰ ਇੱਕ ਸਰਕਾਰ ਨੇ ਸਾਰੇ ਵਿਭਾਗਾਂ ਵਿੱਚ ਪੰਜਾਬੀ ਨੂੰ ਲਾਗੂ ਕਰਨ ਦੇ ਦਾਅਵੇ ਹਰ ਇੱਕ ਸਰਕਾਰ ਨੇ ਕੀਤੇ, ਪਰ ਪੰਜਾਬੀ ਪੂਰਨ ਤੌਰ 'ਤੇ ਅੱਜ ਤੱਕ ਲਾਗੂ ਨਹੀਂ ਹੋਈ।ਸਰਕਾਰੀ ਦਫਤਰਾਂ ਵਿੱਚੋਂ ਅੱਜ ਵੀ ਵਧੇਰੇ ਨੋਟੀਫਿਕੇਸ਼ਨ ਅੰਗਰੇਜ਼ੀ ਭਾਸ਼ਾਂ ਵਿੱਚ ਜਾਰੀ ਕੀਤੇ ਜਾਂਦੇ ਹਨ।ਖਾਸ ਕਰਕੇ ਸਾਡੇ ਪੰਜਾਬ ਦਾ ਮਾਲ ਰਿਕਾਰਡ ਵਿਭਾਗ ਵਿੱਚ ਪੁਰਾਣੀਆਂ ਫਰਦਾਂ ਉਰਦੂ ਭਾਸ਼ਾ ਵਿੱਚ ਲਿਖੀਆਂ ਮਿਲਦੀਆਂ ਹਨ, ਜਿਸ ਨੂੰ ਪੜ੍ਹਨ ਵਾਸਤੇ ਅੱਜਕੱਲ੍ਹ ਭਾਰੀ ਮੁਸ਼ੱਕਤਾ ਦਾ ਸਾਹਮਣਾ ਕਰਨਾ ਪੈਂਦਾ ਹੈ।ਮਾਲ ਰਿਕਾਰਡ ਦੀਆਂ ਫਰਦਾਂ ਵਿੱਚ ਅੱਜ ਵੀ ਭਾਵੇਂ ਲਿਖਤੀ ਲਿਪੀ ਪੰਜਾਬੀ ਗੁਰਮੁਖੀ ਦੀ ਲਿਖੀ ਹੋਈ ਹੈ, ਪਰ ਉਸ ਦੀ ਅਵਾਜ਼ ਤੇ ਅਰਥ ਉਰਦੂ ਭਾਸ਼ਾ ਵਿੱਚ ਹਨ।ਇਸ ਲਈ ਜ਼ਰੂਰੀ ਹੈ ਕਿ ਪੰਜਾਬ ਵਿੱਚ ਉਰਦੂ ਪੜ੍ਹਨ ਵਾਲੇ ਲੋਕ ਨਾ ਸਿਰਫ ਮਾਲ ਰਿਕਾਰਡ ਨੂੰ ਪੜ੍ਹ ਸਕਣ, ਬਲਕਿ ਉਰਦੂ ਦੇ ਹੋਰ ਧਾਰਮਿਕ ਗ੍ਰੰਥਾਂ ਨੂੰ ਵੀ ਪੜ੍ਹਨ ਦੇ ਕਾਬਿਲ ਹੋ ਸਕਣ। ਪੰਜਾਬ ਸਰਕਾਰ ਨੂੰ ਇਸ ਦਿਸ਼ਾ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਉਰਦੂ ਪੜ੍ਹਨ ਵਿੱਚ ਕੋਈ ਕਠਿਨਾਈ ਨਾ ਆਵੇ।

# ਹਾਰ ਦੇ ਡਰੋਂ ਭਾਜਪਾ ਨੇ ਚਾਰ ਸੂਬਿਆਂ ਦੀਆਂ ਇਕੱਠਿਆਂ ਚੋਣਾਂ ਕਰਵਾਉਣ ਤੋਂ ਪਾਸਾ ਵੱਟਿਆ : ਧਰਮਵੀਰ ਗਾਂਧੀ, ਅਵਤਾਰ ਨੰਨੜੇ



**ਨਾਭਾ (ਵਰਿੰਦਰ ਵਰਮਾ)**-ਭਾਜਪਾ ਤੇ ਕੇਂਦਰ 'ਚ ਮੋਦੀ ਸਰਕਾਰ ਨੂੰ ਅਪਣੀ ਕਾਰਜਸ਼ੈਲੀ 'ਤੇ ਇਨਾਂ ਵੀ ਭਰੋਸਾ ਨਹੀਂ ਰਿਹਾ ਕਿ ਉਹ ਦੇਸ਼ ਵਿੱਚ ਆ ਰਹੀਆਂ ਚਾਰ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਇੱਕਠਿਆਂ ਕਰਵਾਉਣ ਦੀ ਹਿੰਮਤ ਕਰ ਸਕੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਤੇ ਸਾਬਕਾ ਸੂਬਾ ਸਕੱਤਰ ਪੰਜਾਬ ਕਾਂਗਰਸ ਅਵਤਾਰ ਸਿੰਘ ਨੰਨੜੇ ਨੇ ਕੇਂਦਰ 'ਤੇ ਸਵਾਲ ਖੜੇ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਮਹਾਰਾਸ਼ਟਰ, ਝਾਰਖੰਡ, ਹਰਿਆਣਾ ਤੇ ਜੰਮੂ ਕਸ਼ਮੀਰ ਦੀਆਂ ਵਿਧਾਨ ਸਭਾ ਚੋਣਾਂ ਇੱਕੋ ਸਮੇਂ ਹੋਣੀਆਂ ਸਨ, ਜਿਸ ਨੂੰ ਹਾਰ ਦੇ ਡਰੋਂ ਸਰਕਾਰ ਸਿਰਫ ਦੋ ਸੂਬੇ ਹਰਿਆਣਾ ਤੇ ਜੰਮੂ ਕਸ਼ਮੀਰ ਵਿੱਚ ਚੋਣਾਂ ਕਰਵਾਉਣ ਦੀ ਗੱਲ ਕਰ ਰਹੀ ਹੈ, ਜਦਕਿ ਇੱਕ ਪਾਸੇ ਇੱਕ ਦੇਸ਼ ਇੱਕ ਚੋਣ ਦੀਆਂ ਡੀਂਗਾਂ ਮਾਰਨ ਵਾਲੇ ਚਾਰ ਸੂਬਿਆਂ ਦੀਆਂ ਚੋਣਾਂ ਇੱਕੋ ਸਮੇਂ ਕਰਵਾਉਣ ਤੋਂ ਘਬਰਾ ਰਹੇ ਹਨ, ਕਿਉਂਕਿ ਭਾਜਪਾ ਨੂੰ ਪਤਾ ਹੈ ਕਿ ਦੇਸ਼ ਅੰਦਰ ਉਨ੍ਹਾਂ ਦੇ ਹੱਕ 'ਚ ਹਾਲਾਤ ਨਹੀਂ ਹਨ।ਗਾਂਧੀ ਤੇ ਨੰਨੜੇ ਨੇ ਕਿਹਾ ਕਿ ਮੋਦੀ ਸਰਕਾਰ 'ਚ ਹਰ ਵਰਗ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ ਤੇ ਕੇਂਦਰ ਸਰਕਾਰ ਸਰਕਾਰੀ ਮਹਿਕਮਿਆਂ ਦਾ ਨਿੱਜੀਕਰਨ ਕਰਕੇ ਕੁੱਝ ਧਨਾਢ ਘਰਾਣਿਆਂ ਦੀ ਜਗੀਰ ਬਣਾਉਣ ਦੀ ਤਰਜ਼ 'ਤੇ ਕੰਮ ਕਰ ਰਹੀ ਹੈ, ਜਿਸ ਦਾ ਆਉਣ ਵਾਲੇ ਸਮੇਂ 'ਚ ਦੇਸ਼ ਵਾਸੀਆਂ ਨੂੰ ਖਮਿਆਜ਼ਾ ਭੁਗਤਣਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਰਾਜਨੀਤੀ ਵਿੱਚ ਵੱਡੇ ਆਗੂ ਵਜੋਂ ਉੱਭਰ ਰਹੇ ਰਾਹੁਲ ਗਾਂਧੀ ਦੇ ਕੱਦ ਨੂੰ ਜਿੰਨਾ ਨੀਵਾਂ ਦਿਖਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਉਨਾ ਹੀ ਰਾਹੁਲ ਗਾਂਧੀ ਮਜ਼ਬੂਤੀ ਨਾਲ ਅੱਗੇ ਵਧ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਹਰਬੰਸ ਸਿੰਘ ਮੱਲੇਵਾਲ, ਭਜਨ ਸਿੰਘ ਅਲੋਹਰਾ, ਸਾਬਕਾ ਸਰਪੰਚ ਜਰਨੈਲ ਸਿੰਘ ਦੋਦਾ ਤੇ ਹੋਰ ਆਗੂ ਹਾਜ਼ਰ ਸਨ।

# ਕੇਂਦਰ ਦੀਆਂ ਸਕੀਮਾਂ ਸੰਬੰਧੀ ਸਿਆਸੀ ਪਾਰਟੀਆਂ ਕਿਸਾਨਾਂ ਨੂੰ ਗੁੰਮਰਾਹ ਨਾ ਕਰਨ : ਦੌਲਤਪੁਰਾ, ਘੱਲ ਕਲਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-'ਕਿਸਾਨਾਂ ਲਈ ਕੇਂਦਰ ਸਰਕਾਰ ਵੱਲੋਂ ਚਲਾਈਆਂ ਗਈਆਂ ਸਕੀਮਾਂ ਸਬੰਧੀ ਰਾਜਨੀਤਕ ਪਾਰਟੀਆਂ ਕਿਸਾਨਾਂ ਨੂੰ ਗੁੰਮਰਾਹ ਨਾ ਕਰਨ।' ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਵਿਚਾਰ ਚਰਚਾ ਕਰਦੇ ਹੋਏ ਇਹ ਵਿਚਾਰ ਪ੍ਰਗਟ ਕਰਦਿਆਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ ਨੇ ਆਖਿਆ ਕਿ ਜੋ ਵੀ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਲਈ ਸਕੀਮਾਂ ਸਨਮਾਨਨਿੱਧੀ ਯੋਜਨਾਵਾਂ ਲਾਗੂ ਕੀਤੀਆਂ ਹੋਈਆਂ ਹਨ, ਉਨ੍ਹਾਂ ਸਕੀਮਾਂ ਨੂੰ ਲਾਗੂ ਕਰਾਉਣ ਲਈ ਵੱਖ ਵੱਖ ਪਾਰਟੀਆਂ ਆਪਣੀਆਂ ਰੋਟੀਆਂ ਨਾ ਸੇਕਣ। ਉਨ੍ਹਾਂ ਸਮੂਹ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਜਿਸ ਕਿਸੇ ਵੀ ਕਿਸਾਨ ਵੀਰ ਦੀ ਕੋਈ ਵੀ ਕੇਂਦਰ ਸਰਕਾਰ ਵੱਲੋਂ ਚਲਾਈ ਹੋਈ ਸਕੀਮ ਬੰਦ ਹੋਈ ਪਈ ਹੈ, ਉਹ ਜਾਂ ਤਾਂ ਸਿੱਧੇ ਜਾ ਕੇ ਖੇਤੀਬਾੜੀ ਵਿਭਾਗ ਦੇ ਦਫ਼ਤਰ ਨਾਲ ਗੱਲ ਕਰਨ ਜਾਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫ਼ਤਰ ਦੁੱਨੇਕੇ ਨਹਿਰ ਮੋਗਾ ਕੋਲ ਆ ਕੇ ਦਫਤਰ ਇੰਚਾਰਜ ਨੂੰ ਮਿਲੋ, ਜਿਸ ਵੀ ਕਿਸਾਨ ਵੀਰ ਦੀ ਸਕੀਮ ਬੰਦ ਹੋਈ ਹੋਵੇਗੀ। ਉਹ ਸਕੀਮ ਤੁਰੰਤ ਕਿਸੇ ਪਾਰਟੀਬਾਜ਼ੀ ਜਾਂ ਜਥੇਬੰਦੀ ਤੋਂ ਉੱਪਰ ਉੱਠ ਕੇ ਉਸ ਵੀਰ ਦੇ ਨਾਲ ਜਾਂ ਕੇ ਸਕੀਮ ਚਾਲੂ ਕਰਵਾਈ ਜਾਵੇਗੀ। ਇਸ ਸਮੇਂ ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ ਜ਼ਿਲ੍ਹਾ ਮੀਤ ਪ੍ਰਧਾਨ, ਪਾਲ ਸਿੰਘ ਘੱਲ ਕਲਾਂ, ਬਲਕਰਨ ਸਿੰਘ ਢਿੱਲੋਂ ਨੈਸ਼ਨਲ ਲੈਬ, ਹਰਜੀਵਨ ਸਿੰਘ ਆਦਿ ਹਾਜ਼ਰ ਸਨ।

# ਦਸਮੇਸ਼ ਕਾਨਵੈਂਟ ਸਕੂਲ ਜ਼ੋਨ ਪੱਧਰੀ ਖੇਡਾਂ 'ਚ ਬਣਿਆ ਓਵਰਆਲ ਚੈਂਪੀਅਨ



**ਸਰਦੂਲਗੜ੍ਹ (ਅਵਤਾਰ ਜਟਾਣਾ)**

ਪੰਜਾਬ ਸਰਕਾਰ ਦੁਆਰਾ ਆਯੋਜਤ ਗਰਮ ਰੁੱਤ ਖੇਡਾਂ ਜ਼ੋਨ ਸਰਦੂਲਗੜ੍ਹ ਦੇ ਵੱਖ-ਵੱਖ ਸਕੂਲਾਂ ਵਿੱਚ ਦਿਲਚਸਪ ਤੇ ਫਸਵੇਂ ਮੁਕਾਬਲਿਆਂ ਵਿੱਚ ਦਸਮੇਸ਼ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਸਰਦੂਲਗੜ੍ਹ ਦੇ 500 ਖਿਡਾਰੀਆਂ ਨੇ ਖੇਡਾਂ ਵਿੱਚ ਹਿੱਸਾ ਲਿਆ ਤੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚੋਂ 143 ਸੋਨ, 34 ਚਾਂਦੀ ਦੇ ਤਮਗੇ ਜਿੱਤ ਕੇ ਕੁੱਲ 182 ਤਮਗਿਆਂ ਨਾਲ ਓਵਰਆਲ ਸਰਦੂਲਗੜ੍ਹ ਜ਼ੋਨ ਚੈਂਪੀਅਨ ਬਣਿਆ। ਸਕੂਲ ਨੇ ਹੈਂਡਬਾਲ ਅੰਡਰ-14, 17, 19 ਲੜਕੇ 'ਚ ਪਹਿਲਾ ਸਥਾਨ, ਅੰਡਰ-19 ਲੜਕੀਆਂ 'ਚ ਦੂਸਰਾ ਤੇ ਅੰਡਰ-14 'ਚ ਤੀਸਰਾ ਸਥਾਨ, ਵਾਲੀਬਾਲ ਅੰਡਰ-17 ਲੜਕੀਆਂ ਤੇ ਅੰਡਰ-17, 19 'ਚ ਲੜਕੇ ਪਹਿਲਾ ਸਥਾਨ, ਰਗਬੀ ਅੰਡਰ-17 ਤੇ ਅੰਡਰ-19 ਲੜਕੇ 'ਚ ਪਹਿਲਾ ਸਥਾਨ, ਗੱਤਕਾ ਅੰਡਰ-14, 17, 19 ਲੜਕੇ 'ਚ ਪਹਿਲਾ ਸਥਾਨ, ਯੋਗਾ ਅੰਡਰ-17, 19 ਲੜਕੇ-ਲੜਕੀਆਂ ਨੇ ਪਹਿਲਾ ਸਥਾਨ, ਅੰਡਰ-14 ਦੂਸਰਾ ਸਥਾਨ ਜਿੱਤ ਕੇ ਇਨ੍ਹਾਂ ਖੇਡਾਂ ਵਿੱਚ ਜ਼ੋਨ ਓਵਰਆਲ ਟਰਾਫੀਆਂ ਜਿੱਤੀਆਂ।ਰੱਸਾਕਸੀ ਅੰਡਰ-19 ਲੜਕੇ-ਲੜਕੀਆਂ ਨੇ ਪਹਿਲਾ ਸਥਾਨ, ਅੰਡਰ-14,17 ਲੜਕੇ ਲੜਕੀਆਂ ਨੇ ਦੂਸਰਾ ਸਥਾਨ, ਬਾਸਕਟਬਾਲ ਅੰਡਰ-19 ਲੜਕੀਆਂ ਨੇ ਪਹਿਲਾ ਤੇ ਅੰਡਰ-19 ਲੜਕੇ ਦੂਸਰਾ ਸਥਾਨ, ਬੈਡਮਿੰਟਨ ਅੰਡਰ-17,19 ਲੜਕੀਆਂ ਪਹਿਲਾ, ਅੰਡਰ-17,19 ਲੜਕੇ ਦੂਸਰਾ, ਖੋ-ਖੋ ਅੰਡਰ-19 ਲੜਕੀਆਂ ਪਹਿਲਾ, ਅੰਡਰ-14, ਅੰਡਰ-17 ਲੜਕੀਆਂ ਦੂਸਰਾ, ਨੈੱਟਬਾਲ ਅੰਡਰ-19 ਲੜਕੀਆਂ ਪਹਿਲਾ, ਸਰਕਲ ਕਬੱਡੀ ਅੰਡਰ-19 ਪਹਿਲਾ, ਚੈੱਸ ਅੰਡਰ-14 ਪਹਿਲਾ, ਤੈਰਾਕੀ ਅੰਡਰ-14 ਪਹਿਲਾ ਸਥਾਨ, ਫੁੱਟਬਾਲ ਅੰਡਰ-19 ਲੜਕੀਆਂ ਦੂਸਰਾ, ਸਕੇਟਿਗ ਅੰਡਰ-14 ਲੜਕੀਆਂ ਦੂਸਰਾ, ਤੀਸਰਾ ਸਥਾਨ ਤੇ ਅੰਡਰ-17 ਲੜਕੇ ਦੂਸਰਾ ਸਥਾਨ ਹਾਸਲ ਕੀਤਾ।

ਜੂਡੋ ਦੇ ਵੱਖ-ਵੱਖ ਭਾਰ ਗਰੁੱਪਾਂ ਵਿੱਚੋਂ 46 ਖਿਡਾਰੀਆਂ ਨੇ ਪਹਿਲੇ ਸਥਾਨ ਨਾਲ ਸੋਨ ਤਮਗੇ ਤੇ 4 ਖਿਡਾਰੀਆਂ ਨੇ ਸਿਲਵਰ ਤਮਗੇ ਹਾਸਲ ਕੀਤੇ।ਬੌਕਸਿੰਗ ਖੇਡ ਵਿੱਚੋਂ ਵੱਖ-ਵੱਖ ਭਾਰ ਗਰੁੱਪਾਂ ਵਿੱਚੋਂ 10 ਖਿਡਾਰੀਆਂ ਨੇ ਪਹਿਲੇ ਸਥਾਨ ਨਾਲ ਸੋਨ ਤਮਗੇ, 2 ਖਿਡਾਰੀਆਂ ਨੇ ਦੂਸਰਾ ਤੇ ਕਰਾਟੇ ਖੇਡ ਵਿੱਚੋਂ ਵੱਖ-ਵੱਖ ਭਾਰ ਗਰੁੱਪਾਂ ਵਿੱਚੋਂ 8 ਖਿਡਾਰੀਆਂ ਨੇ ਪਹਿਲਾ, 5 ਖਿਡਾਰੀਆਂ ਨੇ ਦੂਸਰਾ ਅਤੇ ਕਿੱਕ-ਬਾਕਸਿੰਗ ਖੇਡ ਵਿੱਚੋਂ ਵੱਖ-ਵੱਖ ਭਾਰ ਗਰੁੱਪਾਂ ਦੇ 11 ਖਿਡਾਰੀਆਂ ਨੇ ਪਹਿਲਾ ਤੇ 6 ਖਿਡਾਰੀਆਂ ਨੇ ਦੂਸਰਾ ਸਥਾਨ ਹਾਸਲ ਕੀਤਾ, ਤਾਈਕਵਾਂਡੋ ਵੱਖ-ਵੱਖ ਭਾਰ ਗਰੁੱਪਾਂ ਦੇ 25 ਖਿਡਾਰੀਆਂ ਨੇ ਪਹਿਲਾ ਤੇ 2 ਖਿਡਾਰੀਆਂ ਨੇ ਦੂਸਰਾ ਸਥਾਨ ਹਾਸਲ ਕੀਤਾ।ਇੰਨੀ ਵੱਡੀ ਗਿਣਤੀ ਵਿੱਚ ਸਕੂਲ ਵੱਲੋਂ ਤਮਗੇ ਜਿੱਤਣ 'ਤੇ ਸਕੂਲ ਦੇ ਪ੍ਰਿੰ. ਭੁਪਿੰਦਰ ਸਿੰਘ ਸੰਧੂ, ਪ੍ਰਿੰ. ਪਰਮਿੰਦਰ ਕੌਰ ਸੰਧੂ, ਡਾਇਰੈਕਟਰ ਦਿਲਮੋਹਿਤ ਸੰਧੂ ਤੇ ਵਾਈਸ ਪ੍ਰਿੰਸੀਪਲ ਮਨਦੀਪ ਬਾਵਾ ਨੇ ਇਨ੍ਹਾਂ ਖਿਡਾਰੀਆਂ ਤੇ ਅਲੱਗ-ਅਲੱਗ ਖੇਡਾਂ ਦੇ ਕੋਚ ਮਨਦੀਪ ਸਿੰਘ, ਮਨਜੀਤ ਸਿੰਘ ਮੰਨਾ, ਤਰਲੋਚਨ ਸਿੰਘ, ਗੁਰਸੇਵਕ ਸਿੰਘ, ਸੰਦੀਪ ਕੁਮਾਰ, ਗੁਰਵਿੰਦਰ ਸਿੰਘ, ਗੁਰਸੇਵਕ ਸਿੰਘ, ਹਰਜਿੰਦਰ ਕੌਰ, ਮਨਜੀਤ ਕੌਰ, ਇਕਬਾਲ ਕੌਰ, ਕਿਰਨਦੀਪ ਕੌਰ, ਰਮਨਦੀਪ ਕੌਰ, ਕੁਲਦੀਪ ਸਿੰਘ, ਗੁਰਵਿੰਦਰ ਸਿੰਘ ਤੇ ਜਸਵੀਰ ਕੌਰ ਨੂੰ ਵਧਾਈਆਂ ਦਿੰਦਿਆਂ ਜ਼ਿਲ੍ਹੇ ਲਈ ਚੁਣੇ ਗਏ ਵੱਡੀ ਗਿਣਤੀ ਖਿਡਾਰੀਆਂ ਨੂੰ ਹੋਰ ਮਿਹਨਤ ਕਰਵਾਉਣ ਲਈ ਪ੍ਰੇਰਿਆ।

# ਸਰਬੱਤ ਦਾ ਭਲਾ ਟਰੱਸਟ ਨੇ ਵਿਧਵਾਵਾਂ ਤੇ ਅਪਾਹਜਾਂ ਨੂੰ ਚੈੱਕ ਵੰਡੇ



**ਬਰਨਾਲਾ (ਪ ਪ)**-ਸਥਾਨਕ ਗੁਰੂ ਘਰ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਵਿਖੇ ਤਕਰੀਬਨ 190 ਦੇ ਕਰੀਬ ਲੋੜਵੰਦ ਵਿਧਵਾਵਾਂ ਅਤੇ ਅਪਾਹਜਾਂ ਨੂੰ ਸਰਬੱਤ ਦਾ ਭਲਾ ਟਰੱਸਟ ਵੱਲੋਂ ਮਹੀਨਾ ਵਾਰ ਪੈਨਸ਼ਨ ਚੈੱਕ ਵੰਡੇ ਗਏ ਅਤੇ ਤਕਰੀਬਨ 10 ਦੇ ਕਰੀਬ ਨਵੇਂ ਫਾਰਮ ਲੋੜਵੰਦਾਂ ਦੇ ਭਰੇ ਗਏ। ਸੰਸਥਾ ਦੇ ਪ੍ਰਧਾਨ ਇੰਜ. ਗੁਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਕੇ 78ਵੇਂ ਅਜ਼ਾਦੀ ਦਿਹਾੜੇ ਦੀ ਖੁਸ਼ੀ ਵਿੱਚ ਸਮੂਹ ਹਾਜ਼ਰੀਨ ਨੂੰ ਲੱਡੂ ਵੰਡੇ ਗਏ ਅਤੇ ਸਿੱਧੂ ਨੇ ਅਜ਼ਾਦੀ ਦਿਹਾੜੇ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾ ਕਿਹਾ ਕਿ ਆਓ ਇਸ ਪਵਿੱਤਰ ਦਿਹਾੜੇ 'ਤੇ ਪ੍ਰਣ ਕਰੀਏ ਕੇ ਸਮਾਜ ਨੂੰ ਸਿੱਖਿਅਤ ਕਰਨ ਲਈ ਅਤੇ ਸਮਾਜ ਵਿੱਚ ਪਨਪ ਰਹੀਆਂ ਅਲਾਮਤਾਂ ਨੂੰ ਸਾਰੇ ਮਿਲ ਕੇ ਨੱਥ ਪਾਵਾਂਗੇ। ਸਿੱਧੂ ਨੇ ਸਮੂਹ ਹਾਜ਼ਰੀਨ ਨੂੰ ਅਜ਼ਾਦੀ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ, ਅਵਤਾਰ ਸਿੰਘ ਭੁਰੇ, ਕੁਲਵਿੰਦਰ ਸਿੰਘ ਕਾਲਾ, ਗੁਰਜੰਟ ਸਿੰਘ ਸੋਨਾ, ਸੂਬੇਦਾਰ ਗੁਰਜੰਟ ਸਿੰਘ ਨਾਈਵਾਲਾ, ਜੱਥੇਦਾਰ ਗੁਰਮੀਤ ਸਿੰਘ ਧੌਲਾ, ਹੌਲਦਾਰ ਬਸੰਤ ਸਿੰਘ ਉਗੋ, ਗੁਰਦੇਵ ਸਿੰਘ ਮੱਕੜ, ਜੱਥੇਦਾਰ ਗੁਰਦਰਸ਼ਨ ਸਿੰਘ, ਭਾਨ ਸਿੰਘ, ਮਨਜੀਤ ਕੌਰ ਅਤੇ ਸੈਂਕੜੇ ਲਾਭਪਾਤਰੀ ਹਾਜ਼ਰ ਸਨ।

21-Aug-PAGE-11-Majha-24.qxd 8/20/2024 10:55 PM Page 1



# ਖ਼ਾਲਸਾ ਪੰਥ ਦੇ ਹਿੱਤਾਂ ਨਾਲ ਕਦੇ ਸਮਝੌਤਾ ਨਹੀਂ ਕਰਨਾ; ਹਮੇਸ਼ਾ ਪੰਜਾਬ ਦੇ ਵਿਕਾਸ ਲਈ ਕੰਮ ਕਰਾਂਗੇ : ਬਾਦਲ

*** ਮਜੀਠੀਆ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਅੰਮ੍ਰਿਤਸਰੋਂ ਦਿੱਲੀ ਤੱਕ ਮਾਰਚ ਕੱਢਣ ਦਾ ਸੱਦਾ**



**ਬਾਬਾ ਬਕਾਲਾ (ਅੰਮ੍ਰਿਤਸਰ)-(ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਕਿ ਉਹ ਕਦੇ ਵੀ ਖ਼ਾਲਸਾ ਪੰਥ ਦੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕਰਨਗੇ ਅਤੇ ਹਮੇਸ਼ਾ ਪੰਜਾਬ ਦੇ ਵਿਕਾਸ ਵਾਸਤੇ ਕੰਮ ਕਰਨਗੇ।ਇਤਿਹਾਸਕ ਰੱਖੜ ਪੁੰਨਿਆ ਦੇ ਮੌਕੇ 'ਤੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਪੰਥ ਨੂੰ ਅਪੀਲ ਕੀਤੀ ਕਿ ਉਹ ਗੱਦਾਰਾਂ ਦੀ ਹਮੇਸ਼ਾ ਮਨ ਵਿਚ ਪਛਾਣ ਕਰਨ ਅਤੇ ਕਿਹਾ ਕਿ ਇਹ ਉਹੀ ਲੋਕ ਹਨ ਜੋ ਏਜੰਸੀਆਂ ਨਾਲ ਮਿਲ ਕੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ-ਨਾਲ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨਾ ਚਾਹੁੰਦੇ ਹਨ।ਸਰਦਾਰ ਸੁਖਬੀਰ ਸਿੰਘ ਬਾਦਲ ਨੇ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਉਹ ਕੌਮ ਦੇ ਅੰਦਰੋਂ ਤੇ ਬਾਹਰੋਂ ਦੋਵਾਂ ਥਾਵਾਂ ਤੋਂ ਖ਼ਤਰੇ ਨੂੰ ਪਛਾਨਣ ਅਤੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋੜ ਦਿੱਤੀ ਗਈ ਤੇ ਹਰਿਆਣਾ ਵਿਚ ਵੱਖਰੀ ਕਮੇਟੀ ਇਕ ਗਿਣੀ ਮਿਥੀ ਯੋਜਨਾ ਤਹਿਤ ਬਣਾਈ ਗਈ।ਉਨ੍ਹਾਂ ਕਿਹਾ ਕਿ ਹੁਣ ਅਸੀਂ ਵੇਖ ਰਹੇ ਹਾਂ ਕਿ ਕਿਵੇਂ ਆਰ. ਐੱਸ. ਐੱਸ. ਤੇ ਭਾਜਪਾ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਕਮੇਟੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਕਬਜ਼ਾ ਕਰ ਲਿਆ ਹੈ। ਉਹਨਾਂ ਕਿਹਾ ਕਿ ਜੇਕਰ ਅਸੀਂ ਆਪਣੀਆਂ ਸੰਸਥਾਵਾਂ 'ਤੇ ਇਹ ਹਮਲਾ ਨਾ ਰੋਕਿਆ ਤਾਂ ਕੱਲ੍ਹ ਨੂੰ ਦੋਸ਼ ਸਾਡੇ ਸਿਰ ਹੀ ਆਵੇਗਾ।ਉਨ੍ਹਾਂ ਦੱਸਿਆ ਕਿ ਕਿਵੇਂ ਪੰਜਾਬ ਵਿਚ ਆਮ ਆਦਮੀ ਪਾਰਟੀ (ਆਪ) ਦੇ ਰਾਜਕਾਲ ਵਿਚ 17 ਵਾਰ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਬਾਰੇ ਕਦੇ ਕੋਈ ਗੱਲ ਨਹੀਂ ਕੀਤੀ ਤੇ ਉਨ੍ਹਾਂ ਦੀ ਸਰਕਾਰ ਇਨ੍ਹਾਂ ਘਿਨੌਣੇ ਕਾਰਿਆਂ ਦੇ ਦੋਸ਼ੀਆਂ ਨੂੰ ਫੜਨ ਵਿਚ ਨਾਕਾਮ ਰਹੀ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕਿਵੇਂ ਮੁੱਖ ਮੰਤਰੀ ਨੇ ਆਪ ਪੁਲਸ ਨੂੰ ਸੁਲਤਾਨਪੁਰ ਲੋਧੀ ਵਿਚ ਗੁਰਦੁਆਰਾ ਸਾਹਿਬ 'ਤੇ ਕਬਜ਼ਾ ਕਰਨ ਦੇ ਹੁਕਮ ਦੇ ਕੇ ਮਰਿਆਦਾ ਦੀ ਉਲੰਘਣਾ ਕੀਤੀ।ਉਨ੍ਹਾਂ ਦੱਸਿਆ ਕਿ ਕਿਵੇਂ ਪਿਛਲੇ ਸਾਢੇ ਸੱਤ ਸਾਲਾਂ ਦੌਰਾਨ ਕਾਂਗਰਸ ਤੇ ਆਪ ਦੇ ਰਾਜਕਾਲ ਵਿਚ ਪੰਜਾਬ ਹਰ ਖੇਤਰ ਵਿਚ ਪਿਛਾਂਹ ਹੀ ਹੁੰਦਾ ਚਲਾ ਗਿਆ ਹੈ। ਉਹਨਾਂ ਕਿਹਾ ਕਿ ਕਾਂਗਰਸ ਤੇ ਆਪ ਨੇ ਵੱਡੇ-ਵੱਡੇ ਵਾਅਦੇ ਕੀਤੇ ਪਰ ਉਹ ਕਿਸਾਨਾਂ ਨੂੰ ਕਰਜ਼ੇ ਦੇ ਜਾਲ ਵਿਚੋਂ ਮੁਕਤ ਕਰਨ ਵਿਚ ਨਾਕਾਮ ਰਹੀਆਂ ਅਤੇ ਨਾ ਹੀ ਪੰਜਾਬ ਨੂੰ ਨਸ਼ਾ ਮੁਕਤ ਕਰ ਸਕੀਆਂ।ਉਨ੍ਹਾਂ ਕਿਹਾ ਕਿ ਪਿਛਲੇ ਸੱਤ ਤੋਂ ਜ਼ਿਆਦਾ ਸਾਲਾਂ ਤੋਂ ਪੰਜਾਬ ਵਿਚ ਕੋਈ ਵਿਕਾਸ ਨਹੀਂ ਹੋਇਆ।ਇਸ ਮੌਕੇ ਆਪਣੇ ਜ਼ਬਰਦਸਤ ਭਾਸ਼ਣ ਵਿਚ ਬਿਕਰਮ ਸਿੰਘ ਮਜੀਠੀਆ ਨੇ ਦੱਸਿਆ ਕਿ ਕਿਵੇਂ ਬੰਦੀ ਸਿੰਘਾਂ ਨਾਲ ਅਨਿਆਂ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਲਗਾਤਾਰ ਜੇਲ੍ਹ ਵਿਚ ਰੱਖਿਆ ਹੋਇਆ ਹੈ ਜੋ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ।ਸਰਦਾਰ ਮਜੀਠੀਆ ਨੇ ਕੇਂਦਰ ਨੂੰ ਸਵਾਲ ਕੀਤਾ ਕਿ ਉਹ ਬਿਲਕਿਸ ਬਾਨੋ ਨਾਲ ਜ਼ਬਰ ਜਨਾਹ ਕਰਨ ਵਾਲਿਆਂ ਦੀ ਰਿਹਾਈ ਅਤੇ ਖਤਰਨਾਕ ਅਪਰਾਧੀ ਗੁਰਮੀਤ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ ਨੂੰ ਕਿਵੇਂ ਜਾਇਜ਼ ਠਹਿਰਾ ਸਕਦਾ ਹੈ ਜਦੋਂ ਕਿ ਬੰਦੀ ਸਿੰਘਾਂ ਨੂੰ ਨਿਆਂ ਦੇਣ ਤੋਂ ਵਾਰ-ਵਾਰ ਇਨਕਾਰ ਕੀਤਾ ਜਾ ਰਿਹਾ ਹੈ। ਸਰਦਾਰ ਮਜੀਠੀਆ ਨੇ ਕੇਂਦਰ ਨੂੰ ਸਵਾਲ ਕੀਤਾ ਕਿ ਉਹ ਬਿਲਕਿਸ ਬਾਨੋ ਨਾਲ ਜ਼ਬਰ ਜਨਾਹ ਕਰਨ ਵਾਲਿਆਂ ਦੀ ਰਿਹਾਈ ਅਤੇ ਖਤਰਨਾਕ ਅਪਰਾਧੀ ਗੁਰਮੀਤ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ ਨੂੰ ਕਿਵੇਂ ਜਾਇਜ਼ ਠਹਿਰਾ ਸਕਦਾ ਹੈ ਜਦੋਂ ਕਿ ਬੰਦੀ ਸਿੰਘਾਂ ਨੂੰ ਨਿਆਂ ਦੇਣ ਤੋਂ ਵਾਰ-ਵਾਰ ਇਨਕਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦਿਆਂ ਅੰਮ੍ਰਿਤਸਰ ਤੋਂ ਦਿੱਲੀ ਤੱਕ ਮਾਰਚ ਦੀ ਸ਼ੁਰੂਆਤ ਕਰੇ।ਉਨ੍ਹਾਂ ਨੇ ਅਖੌਤੀ ਸੁਧਾਰ ਲਹਿਰ ਅਕਾਲੀ ਧੜੇ ਨੂੰ ਵੀ ਅਪੀਲ ਕੀਤੀ ਕਿ ਉਹ ਮੌਕਾਪ੍ਰਸਤੀ ਦੀ ਸਿਆਸਤ ਨਾ ਕਰਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਇਸ ਕੰਮ ਵਾਸਤੇ ਬਣਾਈ ਗਈ ਕਮੇਟੀ ਦੇ ਮੈਂਬਰ ਬਲਜੀਤ ਸਿੰਘ ਦਾਦੂਵਾਲ ਤੇ ਹਰਮੀਤ ਸਿੰਘ ਕਾਲਕਾ ਨੇ ਇਸ ਕਦਮ ਨੂੰ ਤਹਿਸ ਨਹਿਸ ਕਰ ਦਿੱਤਾ ਹੈ।ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਸਵਾਲ ਕੀਤਾ ਕਿ ਉਹ ਦੱਸਣ ਕਿ ਗੁਰਮੀਤ ਰਾਮ ਰਹੀਮ ਦੇ ਖਿਲਾਫ ਧਾਰਾ 295 ਏ ਤਹਿਤ ਮੁਕੱਦਮਾ ਚਲਾਉਣ ਦੀ ਆਗਿਆ ਦੇਣ ਤੋਂ ਨਾਂਹ ਕਿਉਂ ਕੀਤੀ ਜਾ ਰਹੀ ਹੈ? ਇਸ ਮੌਕੇ ਗੁਲਜ਼ਾਰ ਸਿੰਘ ਰਣੀਕੇ, ਡਾ. ਦਲਜੀਤ ਸਿੰਘ ਚੀਮਾ, ਬਲਜੀਤ ਸਿੰਘ ਜਲਾਲਉਸਮਾ, ਲਖਬੀਰ ਸਿੰਘ ਲੋਧੀਨੰਗਲ, ਵੀਰ ਸਿੰਘ ਲੋਪੋਕੇ, ਗੁਰਬਚਨ ਸਿੰਘ ਬੱਬੇਹਾਲੀ, ਸਰਬਜੀਤ ਸਿੰਘ ਝਿੰਜਰ ਅਤੇ ਰਾਜਨਬੀਰ ਸਿੰਘ ਨੇ ਵੀ ਸੰਬੋਧਨ ਕੀਤਾ।

## ਪਾਵਰ ਮੈਨੇਜਮੈਂਟ ਦੀ ਵਾਅਦਾ-ਖਿਲਾਫ਼ੀ ਵਿਰੁੱਧ ਬਿਜਲੀ ਕਾਮਿਆਂ ਦੀ ਰੋਸ ਰੈਲੀ ਅੱਜ ਤੇ ਭਲਕ

ਤਰਨ ਤਾਰਨ ( ਨਜ਼ਸ)-ਪਾਵਰ ਮੈਨੇਜਮੈਂਟ ਦੀ ਵਾਅਦਾ-ਖਿਲਾਫ਼ੀ ਵਿਰੁੱਧ ਬਿਜਲੀ ਕਾਮੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾ ਪੱਧਰੀ ਸੱਦੇ ਤੇ 21 ਅਤੇ 22 ਅਗਸਤ ਨੂੰ ਡਵੀਜ਼ਨ ਪੱਧਰ ਤੇ ਸਮੁੱਚੇ ਪੰਜਾਬ ਵਿੱਚ ਰੋਸ ਰੈਲੀਆਂ ।ਪਾਵਰ ਮੈਨੇਜਮੈਂਟ ਦੀ ਮੁਲਾਜ਼ਮ ਮੰਗਾਂ ਪ੍ਰਤੀ ਮੁੜ ਮੁੜ ਕੀਤੀ ਜਾ ਰਹੀ ਵਾਅਦਾ ਖਿਲਾਫ਼ੀ ਵਿਰੁੱਧ ਜਬਰਦਸਤ ਰੋਸ ਪ੍ਰਦਰਸ਼ਨ ਕਰਨਗੇ ।ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦੇਦਿਆਂ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾਈ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਸਾਂਝਾ ਫੋਰਮ ਦੇ ਆਗੂ ਰਤਨ ਸਿੰਘ ਮਜਾਰੀ ਨੇ ਦੱਸਿਆ ਕਿ 31 ਜੁਲਾਈ ਨੂੰ ਪਾਵਰ ਮੈਨੇਜਮੈਂਟ ਨਾਲ ਮਾਣਯੋਗ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਸਮੇਂ ਮੰਨੀਆਂ ਮੁਲਾਜ਼ਮ ਮੰਗਾਂ ਨੂੰ 15 ਅਗਸਤ ਤੱਕ ਲਾਗੂ ਕਰਨ ਦਾ ਜਥੇਬੰਦੀਆਂ ਨਾਲ ਵਾਅਦਾ ਕੀਤਾ ਸੀ ਪਰ ਅਫਸੋਸ ਨੀਲ ਕਹਿਣਾ ਪੈ ਰਿਹਾ ਹੈ ਕਿ 15 ਅਗਸਤ ਤੱਕ ਇਕ ਵੀ ਮੰਗ ਨੂੰ ਲਾਗੂ ਨਹੀਂ ਕੀਤਾ ਗਿਆ ।ਇਸ ਵਾਅਦਾ ਖਿਲਾਫ਼ੀ ਵਿਰੁੱਧ ਬਿਜਲੀ ਕਾਮੇ ਅੱਜ ਅਤੇ ਭਲਕ ਰੋਸ ਰੈਲੀਆਂ ਕਰਨ ਉਪਰੰਤ 1 ਸਤੰਬਰ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਸਾਹਮਣੇ ਨਿਊ ਅੰਮ੍ਰਿਤਸਰ ਵਿਖੇ ਸੂਬਾ ਪੱਧਰ ਦਾ ਰੋਸ ਧਰਨਾ ਦੇ ਕੇ ਝੰਡਾ ਮਾਰਚ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਬਿਜਲੀ ਕਾਮੇ ਵਰਕ ਟੂ ਰੂਲ ਤਹਿਤ 21 ਅਗਸਤ ਤੋਂ 31 ਅਗਸਤ ਤੱਕ ਬਣਦੀ ਡਿਊਟੀ ਕਰਨਗੇ।ਜੇਕਰ ਫ਼ਿਰ ਵੀ ਪਾਵਰ ਮੈਨੇਜਮੈਂਟ ਮੰਨੀਆਂ ਮੰਗਾਂ ਲਾਗੂ ਨਹੀਂ ਕਰੇਗੀ ਤਾਂ 1 ਸਤੰਬਰ ਨੂੰ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ।

# ਕਾਮਰੇਡ ਅਮਰੀਕ ਸਿੰਘ ਦਾ ਦਿਹਾਂਤ



ਚੋਹਲਾ ਸਹਿਬ (ਰਮਨ ਚੱਢਾ)-ਕਾਮਰੇਡ ਅਮਰੀਕ ਸਿੰਘ ਦਾ ਸੰਖੇਪ ਬਿਮਾਰੀ ਪਿੱਛੋਂ ਦਿਹਾਂਤ ਹੋ ਗਿਆ। ਉਨ੍ਹਾਂ ਦੀ ਉਮਰ ਲੱਗਪਗ 70 ਸਾਲ ਦੇ ਕਰੀਬ ਸੀ। ਉਹ ਆਪਣੇ ਪਿੱਛੇ ਧਰਮ ਪਤਨੀ ਬੀਬੀ ਸੁਰਜੀਤ ਕੌਰ ਤੇ ਤਿੰਨ ਬੱਚੇ ਛੱਡ ਗਏ। ਕਾਮਰੇਡ ਅਮਰੀਕ ਸਿੰਘ ਲੰਮਾ ਸਮਾਂ ਭਾਰਤੀ ਕਮਿਊਨਿਸਟ ਪਾਰਟੀ ਦੇ ਬਲਾਕ ਕਮੇਟੀ ਨੌਸ਼ਹਿਰਾ ਦੇ ਮੈਂਬਰ ਰਹੇ। ਉਹ ਕੁੱਲ ਹਿੰਦ ਕਿਸਾਨ ਸਭਾ ਦੇ ਸਰਗਰਮ ਆਗੂ ਸਨ। ਉਨ੍ਹਾਂ ਨੇ ਕਿਸਾਨੀ ਸੰਘਰਸ਼ ਦੌਰਾਨ ਬਹੁਤ ਕੰਮ ਕੀਤਾ। ਹਰ ਐਕਸ਼ਨ ਵਿੱਚ ਲਗਾਤਾਰ ਸਰਗਰਮੀ ਨਾਲ ਹਿੱਸਾ ਲੈਂਦੇ ਰਹੇ। ਕਾਮਰੇਡ ਦੇ ਤੁਰ ਜਾਣ ਨਾਲ ਜਿਥੇ ਪਰਿਵਾਰ ਨੂੰ ਘਾਟਾ ਪਿਆ ਉਥੇ ਭਾਰਤੀ ਕਮਿਊਨਿਸਟ ਪਾਰਟੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ। ਕਾਮਰੇਡ ਅਮਰੀਕ ਸਿੰਘ ਦੀ ਮ੍ਰਿਤਕ ਦੇਹ 'ਤੇ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ ਦੀ ਅਗਵਾਈ ਵਿੱਚ ਪਾਰਟੀ ਦਾ ਲਾਲ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੱਤੀ ਗਈ।

ਉਨ੍ਹਾਂ ਦੇ ਨਾਲ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਹਿਬ, ਨਰੇਗਾ ਕਾਮਿਆਂ ਦੇ ਆਗੂ ਜਸਵੰਤ ਸਿੰਘ ਖਡੂਰ ਸਹਿਬ, ਕਾਮਰੇਡ ਪ੍ਰਮਜੀਤ ਸਿੰਘ ਚੋਹਲਾ ਸਹਿਬ, ਬਲਵਿੰਦਰ ਸਿੰਘ ਬੱਲਿਆਂ ਵਾਲਾ, ਸੁਰਜੀਤ ਸਿੰਘ, ਰਛਪਾਲ ਸਿੰਘ, ਹਰਪਾਲ ਸਿੰਘ, ਦਲਬੀਰ ਸਿੰਘ ਸਾਬਕਾ ਸਰਪੰਚ ਚੋਹਲਾ ਸਹਿਬ ਅਤੇ ਜਗਤਾਰ ਸਿੰਘ ਆਦਿ ਆਗੂ ਹਾਜ਼ਰ ਹੋਏ।

## ਭਾਜਪਾ ਹੀ ਪੰਜਾਬ 'ਚ ਖੁਸ਼ਹਾਲੀ ਤੇ ਤਰੱਕੀ ਲਿਆ ਸਕਦੀ: ਚੋਗਾਵਾਂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਭਾਜਪਾ ਹੀ ਇਕ ਐਸੀ ਪਾਰਟੀ ਹੈ, ਜੋ ਕਿ ਹਰੇਕ ਵਰਗ ਨੂੰ ਨਾਲ ਲੈ ਕੇ ਚੱਲਦੀ ਹੈ ਅਤੇ ਕੇਂਦਰ ਵਿਚਲੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵਲੋਂ ਆਪਣੇ 10 ਸਾਲਾਂ ਦੇ ਕਾਰਜਕਾਲ ਦੌਰਾਨ ਦੇਸ਼ ਦੇ ਹਿੱਤ ਵਿਚ ਅਹਿਮ ਫੈਸਲੇ ਲਏ ਗਏ ਸਨ, ਉੱਥੇ ਦੇਸ਼ ਨੂੰ ਤਰੱਕੀ ਦੀਆਂ ਲੀਹਾਂ ਤੇ ਲਿਜਾਇਆ ਗਿਆ, ਜਿਸ ਕਾਰਨ ਦੇਸ਼ ਦੇ ਲੋਕਾਂ ਨੇ ਤੀਸਰੀ ਵਾਰ ਭਾਜਪਾ ਨੂੰ ਸਮਰਥਨ ਦਿੰਦਿਆਂ ਦੇਸ਼ ਵਿਚ ਭਾਜਪਾ ਦੀ ਸਰਕਾਰ ਬਣਾਈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਜਸਮਿੱਤਰ ਸਿੰਘ ਚੋਗਾਵਾਂ ਨੇ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਤੀਸਰੀ ਵਾਰ ਪ੍ਰਧਾਨ ਮੰਤਰੀ ਦੀ ਸਹੁੰ ਚੁੱਕਣ ਉਪਰੰਤ ਹੀ ਕਿਸਾਨਾਂ ਨੂੰ ਜਿਥੇ 14 ਫਸਲਾਂ ਉਪਰ ਐੱਮ. ਐੱਸ. ਪੀ. ਦਿੱਤੀ ਗਈ, ਉਥੇ ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਤਹਿਤ ਕਰੋੜਾਂ ਰੁਪਏ ਦੀ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿਚ ਪਾ ਕੇ ਦੇਸ਼ ਦੀ ਕਿਸਾਨਾਂ ਦੀ ਆਰਥਿਕ ਹਾਲਤ ਵਿਚ ਸੁਧਾਰ ਕਰਨ ਲਈ ਅਹਿਮ ਫੈਸਲੇ ਲਏ ਗਏ।ਉਨ੍ਹਾਂ ਕਿਹਾ ਕਿ ਭਾਜਪਾ ਵਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ ਵਿਚ ਹਰੇਕ ਵਰਗ ਲਈ ਸਹੂਲਤਾਂ ਅਤੇ ਰਾਹਤ ਪ੍ਰਦਾਨ ਕੀਤੀ ਗਈ ਹੈ ਅਤੇ ਭਾਜਪਾ ਵਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ ਤੋਂ ਹਰੇਕ ਵਰਗ ਖੁਸ਼ ਨਜ਼ਰ ਆਇਆ।ਚੋਗਾਵਾਂ ਨੇ ਕਿਹਾ ਕਿ ਪੰਜਾਬ ਵਿਚ ਇਸ ਸਮੇਂ ਜੰਗਲ ਰਾਜ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਖੁਸ਼ਹਾਲੀ ਅਤੇ ਤਰੱਕੀ ਅਤੇ ਸ਼ਾਂਤੀ ਦਾ ਮਾਹੌਲ ਸਿਰਫ ਤਾਂ ਸਿਰਫ਼ ਭਾਜਪਾ ਹੀ ਲਿਆ ਸਕਦੀ ਹੈ।

## ਭਖਦੇ ਲੋਕ ਮੁੱਦਿਆਂ 'ਤੇ ਚਰਚਾ ਲਈ ਆਰ ਐੱਮ ਪੀ ਆਈ ਵੱਲੋਂ ਕਨਵੈਨਸ਼ਨ 25 ਨੂੰ

**ਪਠਾਨਕੋਟ (ਦਵਿੰਦਰ ਸਿੰਘ)**-ਉੱਘੇ ਕਮਿਊਨਿਸਟ ਅਤੇ ਆਪਣੇ ਜੀਵਨ ਦਾ ਪਲ ਪਲ ਕਿਰਤੀ ਲਹਿਰਾਂ ਦੀ ਉਸਾਰੀ ਦੇ ਲੇਖੇ ਲਾਉਣ ਵਾਲੇ ਵਿਛੜੇ ਸੰਗਰਾਮੀ ਯੋਧਿਆਂ ਕਾਮਰੇਡ ਜੋਗਿੰਦਰ ਸਿੰਘ ਯੂਨਾਨੀ, ਕਾਮਰੇਡ ਨਾਗਰ ਸਿੰਘ ਰੇਲਵੇ, ਕਾਮਰੇਡ ਕੇ ਐੱਲ ਪੁਸ਼ਕਰਨਾ, ਕਾਮਰੇਡ ਨੇਕ ਰਾਮ ਬਸਰੂਪ, ਕਾਮਰੇਡ ਮਾਇਆ ਧਾਰੀ ਬਸਰੂਪ, ਕਾਮਰੇਡ ਹਰਦੀਪ ਸਿੰਘ ਪਠਾਨਕੋਟ, ਕਾਮਰੇਡ ਜੋਗਿੰਦਰ ਸਿੰਘ ਰੇਲਵੇ, ਕਾਮਰੇਡ ਬਿਹਾਰੀ ਲਾਲ ਮਾਮੂਨ, ਕਾਮਰੇਡ ਸੇਵਾ ਰਾਮ ਖੁਸ਼ੀਨਗਰ. ਕਾਮਰੇਡ ਧਰਮਪਾਲ ਬਮਿਆਲ ਅਤੇ ਕਾਮਰੇਡ ਜਨਕ ਰਾਜ ਜੁਗਿਆਲ ਦੀ ਯਾਦ ਵਿੱਚ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ. ਐੱਮ. ਪੀ. ਆਈ.) ਤਹਿਸੀਲ ਪਠਾਨਕੋਟ ਵਲੋਂ 25 ਅਗਸਤ ਦਿਨ ਐਤਵਾਰ 11 ਵਜੇ ਕਮਿਊਨਿਟੀ ਹਾਲ ਸੁਜਾਨਪੁਰ ਵਿਖੇ ਵਿਛੜੇ ਆਗੂਆਂ ਦੇ ਵਿਚਾਰਾਂ ਨੂੰ ਸਮਰਪਿਤ ਲੋਕ ਮੁੱਦਿਆਂ ਤੇ ਕੇਂਦਰਤ ਕਨਵੈਨਸ਼ਨ ਕੀਤੀ ਜਾਵੇਗੀ।ਕਨਵੈਨਸ਼ਨ ਦੀ ਤਿਆਰੀ ਸਬੰਧੀ ਜਾਣਕਾਰੀ ਦਿੰਦਿਆਂ ਆਰਐੱਮਪੀਆਈਦੇ ਤਹਿਸੀਲ ਪ੍ਰਧਾਨ ਮਾਸਟਰ ਸੁਭਾਸ਼ ਸ਼ਰਮਾ ਅਤੇ ਸਕੱਤਰ ਕਾਮਰੇਡ ਬਲਵੰਤ ਸਿੰਘ ਘੋਹ ਨੇ ਸਾਂਝੇ ਪ੍ਰੈੱਸ ਬਿਆਨ ਵਿਚ ਦੱਸਿਆ ਕਿ ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਉਚੇਚੇ ਤੌਰ 'ਤੇ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਸੰਬੋਧਨ ਕਰਨ ਲਈ ਪਹੁੰਚ ਰਹੇ ਹਨ।ਮਹਿੰਗਾਈ-ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕੋਈ ਠੋਸ ਉਪਰਾਲਾ ਨਹੀਂ ਕੀਤਾ ਜਾ ਰਿਹਾ, ਸਿਹਤ ਸਹੂਲਤਾਂ ਮੁਹੱਈਆ ਕਰਨ ਅਤੇ ਸਿੱਖਿਆ ਦੇਣ ਤੋਂ ਵੀ ਸਰਕਾਰਾਂ ਲੱਗਭੱਗ ਇਨਕਾਰੀ ਹੋ ਗਈਆਂ ਹਨ। ਪੰਜਾਬ ਸਮੇਤ ਦੇਸ਼ ਭਰ ਵਿੱਚ ਮਾਈਨਿੰਗ ਤੇ ਨਸ਼ਾ ਮਾਫੀਏ ਦਾ ਬੋਲਬਾਲਾ ਹੈ ਅਤੇ ਲਾਅ ਐਂਡ ਆਰਡਰ ਦੀ ਸਥਿਤੀ ਬਹੁਤ ਗੰਭੀਰ ਬਣੀ ਹੋਈ ਹੈ, ਔਰਤਾਂ ਨਾਲ ਵਾਪਰ ਰਹੀਆਂ ਅੱਤ ਨਿਘਾਉਣੀਆਂ ਘੱਟਨਾਵਾਂ ਤੇ ਕਤਲਾਂ ਕਰਕੇ ਡਰ ਦਾ ਮਾਹੌਲ ਪੈਦਾ ਹੋ ਗਿਆ ਹੈ।ਇਨ੍ਹਾਂ ਮੁੱਦਿਆਂ ਅਤੇ ਚੋਣਾਂ ਜਿੱਤਣ ਲਈ ਹਾਕਮ ਪਾਰਟੀਆਂ ਵਲੋਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਲੋਕ ਲਾਮਬੰਦੀ ਤੇ ਸੰਘਰਸ਼ ਨੂੰ ਤਿੱਖਾ ਕਰਨ ਦਾ ਐਲਾਨ ਕੀਤਾ ਜਾਵੇਗਾ ।ਕਨਵੈਨਸ਼ਨ ਨੂੰ ਕਾਮਰੇਡ ਪਾਸਲਾ ਤੋਂ ਇਲਾਵਾ ਪਾਰਟੀ ਦੇ ਸੂਬਾਈ ਅਤੇ ਜਿਲ੍ਹਾ ਆਗੂ ਵੀ ਸੰਬੋਧਨ ਕਰਨਗੇ। ਆਰ. ਐੱਮ. ਪੀ. ਆਈ. ਵਲੋਂ ਅਗਾਂਹਵਧੂ ਸੋਚ ਦੇ ਧਾਰਨੀ ਲੋਕਾਂ ਨੂੰ 25 ਅਗਸਤ ਨੂੰ 11 ਵਜੇ ਸੁਜਾਨਪੁਰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।

# ਡੀਆਈਜੀ ਚਰਨਜੀਤ ਸਿੰਘ ਨੂੰ ਭਾਵ-ਭਿੰਨੀ ਸ਼ਰਧਾਂਜਲੀ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਗੁਰਦੁਆਰਾ ਬਾਬਾ ਬੁਖਾਰੀ ਮਜੀਠਾ ਰੋਡ ਅੰਮ੍ਰਿਤਸਰ ਵਿਖੇ ਡੀਆਈਜੀ ਸਰਦਾਰ ਚਰਨਜੀਤ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ। ਇਸ ਮੌਕੇ ਡੀਜੀਪੀ ਸੰਜੀਵ ਕਾਲੜਾ ਨੇ ਕਿਹਾ ਕਿ ਚਰਨਜੀਤ ਸਿੰਘ ਬਹੁਤ ਨੇਕ ਅਤੇ ਡਿਊਟੀ ਪ੍ਰਸਤ ਅਫਸਰ ਸਨ। ਮੈਂ ਪੰਜਾਬ ਹੋਮਗਾਰਡ ਡਿਪਾਰਟਮੈਂਟ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਾ ਹਾਂ ਅਤੇ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ। ਮੇਰਾ ਡਿਪਾਰਟਮੈਂਟ ਉਨ੍ਹਾਂ ਦੇ ਪਰਿਵਾਰ ਨਾਲ ਨਾ ਮੋਢੇ ਨਾਲ ਮੋਢਾ ਜੋੜ ਕੇ ਖੜਾ ਹੈ।ਇਸ ਮੌਕੇ ਹਰਮਨਜੀਤ ਸਿੰਘ ਆਈ ਜੀ ਪਟਿਆਲਾ. ਜਸਕਰਨ ਸਿੰਘ ਐੱਸਐੱਸਪੀ ਅੰਮ੍ਰਿਤਸਰ ਦਿਹਾਤੀ, ਮਨਪ੍ਰੀਤ ਸਿੰਘ ਰੰਧਾਵਾ ਐੱਸਪੀ ਅੰਮ੍ਰਿਤਸਰ ਅਤੇ ਹੋਰ ਵੀ ਮਹਿਕਮੇ ਦੇ ਉਚ ਅਧਿਕਾਰੀ ਹਾਜ਼ਰ ਸਨ। ਇਸ ਮੌਕੇ ਸ਼੍ਰੀ ਹੇਮਕੁੰਟ ਸਾਹਿਬ ਲੰਗਰ ਸੇਵਾ ਸੋਸਾਇਟੀ ਵੱਲੋਂ ਮੁੱਖ ਸੇਵਾਦਾਰ ਸਰਵਨ ਸਿੰਘ ਨੇਪਾਲ, ਅਮਰਜੀਤ ਸਿੰਘ ਬਾਜਵਾ, ਬਾਬਾ ਮਹਿੰਦਰ ਸਿੰਘ ਸੁਰੇਪੁਰ, ਵਿਜੇ ਕੁਮਾਰ ਅਰੋੜਾ, ਪਰਮਜੀਤ ਸਿੰਘ ਪੰਮਾ, ਜਸਵਿੰਦਰ ਸਿੰਘ ਲਵਲੀ, ਡਾ. ਮਹਿਤਾ ਹਾਜ਼ਰ ਸਨ।

## ਤੀਜੇ ਤੇ ਚੌਥੇ ਪਾਤਸ਼ਾਹ ਦੇ ਸ਼ਤਾਬਦੀ ਦਿਹਾੜੇ ਕੌਮੀ ਜਾਹੋ-ਜਲਾਲ ਨਾਲ ਮਨਾਏ ਜਾਣਗੇ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਦੇ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਦੀ ਅਗਵਾਈ ਹੇਠ ਅਧਿਕਾਰੀਆਂ ਦੀ ਇਕੱਤਰਤਾ ਹੋਈ, ਜਿਸ ਦੌਰਾਨ ਸਮਾਗਮਾਂ ਸਬੰਧੀ ਬਣਾਈਆਂ ਗਈਆਂ ਸਬ-ਕਮੇਟੀਆਂ ਪਾਸੋਂ ਤਿਆਰੀਆਂ ਸਬੰਧੀ ਜਾਣਕਾਰੀ ਲਈ ਗਈ ਅਤੇ ਕੀਤੇ ਜਾਣ ਵਾਲੇ ਹੋਰ ਕਾਰਜਾਂ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਮਾਗਮਾਂ ਨੂੰ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਪੰਥਕ ਪ੍ਰੰਪਰਾਵਾਂ ਅਨੁਸਾਰ 13 ਸਤੰਬਰ ਤੋਂ 18 ਸਤੰਬਰ 2024 ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਹੋਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਬ-ਕਮੇਟੀਆਂ ਨਿਰਧਾਰਤ ਕੀਤੀਆਂ ਗਈਆਂ ਸਨ। ਅੱਜ ਦੀ ਇਕੱਤਰਤਾ ਵਿਚ ਹੋਈਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ ਹੈ ਅਤੇ ਹੋਣ ਵਾਲੇ ਹੋਰ ਕਾਰਜਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਸ਼ਤਾਬਦੀ ਸਮਾਗਮ ਵਿਸ਼ੇਸ਼ ਮਹੱਤਤਾ ਰੱਖਦੇ ਹਨ।ਇਸ ਮੌਕੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਵਾਲੀਆਂ ਸੰਗਤਾਂ ਦੀ ਹਰ ਸਹੂਲਤ ਦਾ ਧਿਆਨ ਰੱਖਣਾ ਸਾਡੀ ਜ਼ੁੰਮੇਵਾਰੀ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਚੌਥੇ ਪਾਤਸ਼ਾਹ ਜੀ ਦੇ ਗੁਰਿਆਈ ਦਿਵਸ ਅਤੇ ਤੀਸਰੇ ਪਾਤਸ਼ਾਹ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਹੋਣ ਵਾਲੇ ਸਮਾਗਮਾਂ ਵਿਚ ਪਰਿਵਾਰ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਬਚਨ ਸਿੰਘ ਕਰਮੂੰਵਾਲਾ, ਓਐੱਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਬਿਜੈ ਸਿੰਘ, ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਗੁਰਦਿਆਲ ਸਿੰਘ, ਜਸਵਿੰਦਰ ਸਿੰਘ ਜੱਸੀ, ਗੁਰਨਾਮ ਸਿੰਘ, ਸ. ਸ਼ਾਹਬਾਜ਼ ਸਿੰਘ, ਬਲਵਿੰਦਰ ਸਿੰਘ ਖੈਰਾਬਾਦ, ਮਨਜੀਤ ਸਿੰਘ, ਹਰਭਜਨ ਸਿੰਘ ਵਕਤਾ, ਸੁਖਬੀਰ ਸਿੰਘ, ਸੁਪ੍ਰਡੰਟ ਨਿਸ਼ਾਨ ਸਿੰਘ, ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਮੇਜਰ ਸਿੰਘ, ਗੁਰਮੀਤ ਸਿੰਘ, ਅਜ਼ਾਦਦੀਪ ਸਿੰਘ, ਪ੍ਰਜਿੰਦਰ ਸਿੰਘ, ਕਾਰਜ ਸਿੰਘ, ਗੁਰਮੇਜ ਸਿੰਘ, ਜੋਗੇਸ਼ਵਰ ਸਿੰਘ, ਕਰਤਾਰ ਸਿੰਘ, ਬਲਦੇਵ ਸਿੰਘ, ਪ੍ਰਿੰਸੀਪਲ ਬੀਬੀ ਮਨਜੀਤ ਕੌਰ, ਵਧੀਕ ਮੈਨੇਜਰ ਗੁਰਪ੍ਰੀਤ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਆਦਿ ਮੌਜੂਦ ਸਨ।

## ਐੱਮ ਏ (ਹਿੰਦੀ) ਦੇ ਨਤੀਜੇ 'ਚ ਐੱਸ ਐੱਸ ਐੱਮ ਕਾਲਜ ਦਾ ਸ਼ਾਨਦਾਰ ਪ੍ਰਦਰਸ਼ਨ



ਦੀਨਾਨਗਰ (ਸੰਜੀਵ)-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਪੋਸਟ ਗ੍ਰੈਜੂਏਟ ਜਮਾਤਾਂ ਦਾ ਨਤੀਜਾ ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਦੇ ਐੱਮ. ਏ. (ਹਿੰਦੀ) ਦੂਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ, ਜਿਸ ਵਿੱਚ ਕਾਲਜ ਦੀ ਵਿਦਿਆਰਥਣ ਕਾਮਿਨੀ 74.5% ਅੰਕ ਲੈ ਕੇ ਯੂਨੀਵਰਸਿਟੀ ਦੇ ਨਤੀਜੇ ਵਿੱਚ ਪਹਿਲੇ ਸਥਾਨ 'ਤੇ ਰਹੀ, ਜਦਕਿ ਸ਼ਬਨਮ ਅਤੇ ਆਰਤੀ 68.5% ਅੰਕ ਪ੍ਰਾਪਤ ਕਰਕੇ ਤੀਜੇ ਸਥਾਨ 'ਤੇ ਰਹੀਆਂ, ਪੂਜਾ ਨੇ 66.5% ਅੰਕ ਲੈ ਕੇ ਚੌਥਾ ਸਥਾਨ, ਸ਼ਾਲੂ ਅਤੇ ਪ੍ਰਿਆ ਨੇ 64.5% ਅੰਕ ਲੈ ਕੇ ਯੂਨੀਵਰਸਿਟੀ 'ਚੋਂ ਪੰਜਵਾਂ ਸਥਾਨ ਹਾਸਲ ਕਰਕੇ ਕਾਲਜ ਦਾ ਨਾਂ ਰੌਸ਼ਨ ਕੀਤਾ ਹੈ।ਪ੍ਰਿੰ-ਡਾ. ਆਰ. ਕੇ. ਤੁਲੀ ਨੇਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਸੂਚਨਾ ਤਕਨਾਲੋਜੀ ਦੇ ਯੁੱਗ ਵਿੱਚ ਹਿੰਦੀ ਭਾਸ਼ਾ ਅਤੇ ਸਾਹਿਤ ਦੇ ਵਿਕਾਸ ਲਈ ਕੰਪਿਊਟਰ ਦਾ ਗਿਆਨ ਹੋਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਵਿਦਿਆਰਥਣਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਹਿੰਦੀ ਵਿਭਾਗ ਦੇ ਮੁਖੀ ਪ੍ਰੋ. ਕੰਵਲਜੀਤ ਕੌਰ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਅਮਨਜੀਤ ਕੌਰ, ਪ੍ਰੋ. ਨਵਿਤਾ ਹਾਜ਼ਰ ਸਨ।

## ਐੱਸ. ਆਈ. ਐੱਸ. ਕੰਪਨੀ ਵੱਲੋਂ ਸਕਿਉਰਟੀ ਗਾਰਡਾਂ ਦੀ ਭਰਤੀ



**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪ੍ਰਸ਼ਾਸ਼ਨ ਪਠਾਨਕੋਟ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਠਾਨਕੋਟ ਵਲੋਂ 07.08.2024 ਤੋਂ ਲੈ ਕੇ 14.8.2024 ਤੱਕ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਬਲਾਕਾਂ ਵਿੱਚ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਗਿਆ ਸੀ। ਤੇਜਵਿੰਦਰ ਸਿੰਘ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਵੱਲੋਂ ਦੱਸਿਆ ਗਿਆ ਕਿ 07.08.2024 ਤੋਂ ਲੈ ਕੇ 14.8.2024 ਤੱਕ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਬਲਾਕਾਂ ਵਿੱਚ ਐੱਸ.ਆਈ.ਐੱਸ. ਸਕਿਉਰਟੀ ਕੰਪਨੀ ਵਲੋਂ ਸਕਿਉਰਟੀ ਗਾਰਡ ਦੀ ਭਰਤੀ ਲਈ ਇੰਟਰਵਿਊ ਕੀਤੀ ਗਈ। ਇੰਟਰਵਿਊ ਦੌਰਾਨ 142 ਪ੍ਰਾਰਥੀਆ ਨੂੰ ਸਕਿਉਰਟੀ ਗਾਰਡ ਦੀ ਭਰਤੀ ਲਈ ਸ਼ਾਰਟ ਲਿਸਟ ਕੀਤਾ ਗਿਆ । ਇੰਟਰਵਿਊ ਉਪਰੰਤ ਚੁਣੇ ਗਏ ਪ੍ਰਾਰਥੀਆ ਨੂੰ 1 ਮਹੀਨੇ ਦੀ ਟ੍ਰੇਨਿੰਗ ਦਿੱਤੀ ਜਾਵੇਗੀ । ਉਹਨਾਂ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਠਾਨਕੋਟ ਵਲੋਂ ਹਰ ਮਹੀਨੇ ਵੱਖ-ਵੱਖ ਕੰਪਨੀਆਂ ਨੂੰ ਬੁਲਾ ਕੇ ਪਲੇਸਮੈਂਟ ਕੈਂਪ ਲਗਾਏ ਜਾਂਦੇ ਹਨ ਅਤੇ ਬੇਰੁਜ਼ਗਾਰ ਪ੍ਰਾਰਥੀਆ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਵੱਖ-ਵੱਖ ਕੰਪਨੀਆ ਵਿੱਚ ਇੰਟਰਵਿਊ ਕਰਵਾ ਕੇ ਪਲੇਸਮੈਂਟ ਸਬੰਧੀ ਸਹਾਇਤਾ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਸਵੈਰੋਜ਼ਗਾਰ ਵਿਭਾਗਾਂ ਨਾਲ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਵੈ-ਰੋਜ਼ਗਾਰ ਦਾ ਕੰਮ ਕਰਨ ਦੇ ਚਾਹਵਾਨ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਸਬੰਧੀ ਚੱਲ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ।

## 'ਵਿੱਤੀ ਸਸ਼ਕਤੀਕਰਨ ਹੀ ਖੁਸ਼ਹਾਲੀ ਦਾ ਆਧਾਰ ਹੈ' 'ਤੇ ਅੰਤਰਰਾਸ਼ਟਰੀ ਸੈਮੀਨਾਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਗੋਪਾਲ ਕਿਰਨ ਸਮਾਜ ਸੇਵੀ ਸੰਸਥਾ ਗਵਾਲੀਅਰ ਦੇ ਹਿੰਦੀ-ਵਿਭਾਗ ਦੇ ਸਾਂਝੇ ਸਹਿਯੋਗ ਨਾਲ ਐਸੋਸੀਏਸ਼ਨ ਆਫ ਮਿਊਚਲ ਫੰਡ ਇਨ ਇੰਡੀਆ ਦੇ ਸਹਿਯੋਗ 'ਵਿੱਤੀ ਸਸ਼ਕਤੀਕਰਨ ਹੀ ਖੁਸ਼ਹਾਲੀ ਦਾ ਆਧਾਰ ਹੈ' ਵਿਸ਼ੇ ਤੇ ਅੰਤਰਰਾਸ਼ਟਰੀ ਸੈਮੀਨਾਰ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ।ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਪਦਮਸ਼੍ਰੀ ਡਾ. ਹਰਮਹਿੰਦਰ ਸਿੰਘ ਬੇਦੀ, ਚਾਂਸਲਰ, ਸੈਂਟਰਲ ਯੂਨੀਵਰਸਿਟੀ ਆਫ ਹਿਮਾਚਲ ਪ੍ਰਦੇਸ਼, ਧਰਮਸ਼ਾਲਾ ਨੇ ਕੀਤੀ।ਮੁੱਖ ਮਹਿਮਾਨ ਡਾ. ਬੀ. ਪੀ. ਅਸ਼ੋਕ, ਆਈ. ਪੀ. ਐੱਸ. (ਸੁਪਰਡੈਂਟ ਆਫ਼ ਪੁਲਸ, ਲਖਨਊ) ਨੇ ਸਿੱਖਿਆ ਦਾ ਆਧੁਨਿਕੀਕਰਨ ਅਤੇ ਰਾਸ਼ਟਰ ਨਿਰਮਾਣ ਵਿਸ਼ੇ 'ਤੇ ਆਪਣਾ ਮਹੱਤਵਪੂਰਨ ਲੈਕਚਰ ਦਿੱਤਾ।ਮੁੱਖ ਬੁਲਾਰੇ ਸੂਰਿਆਕਾਂਤ ਸ਼ਰਮਾ (ਸੀਨੀਅਰ ਸਲਾਹਕਾਰ, ਸਾਬਕਾ ਡੀ. ਜੀ. ਐੱਮ., ਸੇਬੀ, ਭਾਰਤ ਸਰਕਾਰ, ਨਵੀਂ ਦਿੱਲੀ) ਨੇ ਆਪਣੇ ਆਨਲਾਈਨ ਸੰਬੋਧਨ ਵਿਚ ਵਿੱਤੀ ਜਾਗਰੂਕਤਾ ਦੇ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰ ਨਾਲ ਗੱਲ ਕੀਤੀ।ਇਸ ਤੋਂ ਪਹਿਲਾਂ ਆਪਣੇ ਸੁਆਗਤੀ ਭਾਸ਼ਣ ਵਿੱਚ ਡੀਨ ਫੈਕਲਟੀ ਭਾਸ਼ਾਵਾਂ ਅਤੇ ਹਿੰਦੀ ਵਿਭਾਗ ਦੇ ਮੁਖੀ, ਪ੍ਰੋ. ਸੁਨੀਲ ਕੁਮਾਰ ਨੇ ਵਿਸ਼ੇ ਦੀ ਜਾਣ-ਪਛਾਣ ਕਰਵਾਉਂਦਿਆਂ ਸੈਮੀਨਾਰ ਦੇ ਉਦੇਸ਼ ਅਤੇ ਲੋੜ ਬਾਰੇ ਚਾਨਣਾ ਪਾਇਆ।ਉਨ੍ਹਾਂ ਸਿੱਖਿਆ ਅਤੇ ਖੋਜ ਸਮੇਤ ਵੱਖ-ਵੱਖ ਖੇਤਰਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸੈਮੀਨਾਰ ਵਿੱਚ ਹਾਜ਼ਰ ਵਿਦਵਾਨਾਂ ਨਾਲ ਜਾਣ-ਪਛਾਣ ਕਰਵਾਈ।ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ (ਡਾ.) ਜਸਪਾਲ ਸਿੰਘ ਸੰਧੂ ਦੀ ਯੋਗ ਅਗਵਾਈ ਅਤੇ ਪ੍ਰੇਰਨਾ ਸਦਕਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਪ੍ਰੋਗਰਾਮ ਲਗਾਤਾਰ ਕਰਵਾਏ ਜਾ ਰਹੇ ਹਨ।

## ਬਿਰਧ ਆਸ਼ਰਮ ਲੇਹਲ (ਧਾਰੀਵਾਲ) 'ਚ ਵਿਸ਼ਵ ਫੋਟੋਗ੍ਰਾਫ਼ੀ ਦਿਹਾੜਾ ਮਨਾਇਆ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਧਾਰੀਵਾਲ ਦੇ ਸਮੂਹ ਫੋਟੋਗ੍ਰਾਫਰਾਂ ਵਲੋਂ ਬਿਰਧ ਆਸ਼ਰਮ ਮਾਨਵਤਾ ਦੀ ਸੇਵਾ ਸਥਾਨ ਲੇਹਲ (ਧਾਰੀਵਾਲ) ਵਿਖੇ ਵਿਸ਼ਵ ਫੋਟੋਗ੍ਰਾਫਰੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਫੋਟੋਗ੍ਰਾਫਰ ਯੂਨੀਅਨ ਗੁਰਦਾਸਪੁਰ ਦੇ ਪ੍ਰਧਾਨ ਸੈਮ ਦੇ ਨਾਲ ਜੋਤੀ ਅਤੇ ਪ੍ਰੀਤ ਸਿੰਘ ਸਾਥੀਆਂ ਸਮੇਤ ਪਹੁੰਚੇ। ਇਸ ਮੌਕੇ ਸਮੂਹ ਫੋਟੋਗ੍ਰਾਫਰਾਂ ਨੇ ਰਲ ਕੇ ਕੇਕ ਕੱਟਿਆ ਅਤੇ ਆਸ਼ਰਮ ਰਹਿੰਦੇ ਬੇਸਹਾਰਾ ਪਰਿਵਾਰਾਂ ਲਈ ਸੁੱਕਾ ਰਾਸ਼ਨ ਅਤੇ ਫਰੂਟ ਦਿੱਤਾ ਗਿਆ। ਇਸ ਮੌਕੇ ਫੋਟੋਗ੍ਰਾਫਰ ਯੂਨੀਅਨ ਆਗੂਆਂ ਨੇ ਦੱਸਿਆ ਕਿ ਹਰ ਸਾਲ 19 ਅਗਸਤ ਨੂੰ ਵਿਸ਼ਵ ਫੋਟੋਗ੍ਰਾਫੀ ਦਿਨ ਪੂਰੇ ਦੇਸ ਵਿੱਚ ਮਨਾਇਆ ਜਾਂਦਾ ਹੈ, ਜਿਸਦੀ ਸ਼ੁਰੂਆਤ 19 ਅਗਸਤ 1839 ਨੂੰ ਹੋਈ ਸੀ। ਇਸ ਉਨ੍ਹਾਂ ਕਿਹਾ ਕਿ ਸਾਰੇ ਫੋਟੋਗ੍ਰਾਫਰਾਂ ਨੂੰ ਇਹ ਦਿਨ ਕਿਸੇ ਨਾ ਕਿਸੇ ਰੂਪ ਵਿੱਚ ਜ਼ਰੂਰ ਮਨਾਉਣਾ ਚਾਹੀਦਾ ਹੈ। ਇਸ ਮੌਕੇ ਰਾਜ, ਕਪਿਲ ਸ਼ਰਮਾ, ਸ਼ਿਵਾ, ਸੋਨੂੰ, ਮੰਗੂ, ਸਾਹਿਬ, ਮਾਨ, ਨਵਨੀਤ ਸਿੰਘ ਭੁੰਬਲੀ ਆਦਿ ਫੋਟੋਗ੍ਰਾਫਰ ਹਾਜ਼ਰ ਸਨ। ਇਸ ਮੌਕੇ ਆਸ਼ਰਮ ਦੇ ਪ੍ਰਬੰਧਕ ਸੇਵਾਦਾਰ ਪੰਕਜਦੀਪ ਸਿੰਘ ਦੁਆਰਾ ਆਸ਼ਰਮ ਵਿੱਚ ਆਏ ਹੋਏ ਫੋਟੋਗ੍ਰਾਫਰਾਂ ਦਾ ਸਨਮਾਨ ਕੀਤਾ ਗਿਆ।

## ਚਾਰ ਮਹੀਨਿਆਂ ਤੋਂ ਮਜ਼ਦੂਰੀ ਨਾ ਮਿਲਣ ਕਰਕੇ ਮਨਰੇਗਾ ਮਜ਼ਦੂਰਾਂ ਦੇ ਚੁੱਲ੍ਹੇ ਠੰਡੇ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਪਿੰਡ ਪੱਧਰੀ ਕਲਾਂ ਦੇ ਮਜ਼ਦੂਰਾਂ ਦਾ ਇਕ ਵਫਦ ਅੱਜ ਤਰਨ ਤਾਰਨ ਦੇ ਬਲਾਕ ਅਤੇ ਮਨਰੇਗਾ ਅਧਿਕਾਰੀਆ ਨੂੰ ਮਿਲਿਆ ਅਤੇ ਦੱਸਿਆ ਕਿ ਉਨ੍ਹਾਂ ਨੇ ਮਨਰੇਗਾ 'ਚ ਕੰਮ ਕੀਤਾ ਸੀ ਅਤੇ ਪਿਛਲੇ ਚਾਰ ਮਹੀਨਿਆਂ ਤੋਂ ਕੀਤੇ ਕੰਮ ਦੀ ਮਜ਼ਦੂਰੀ ਦਾ ਭੁਗਤਾਨ ਨਹੀਂ ਹੋਇਆ। ਇਸ ਵਫਦ ਦੀ ਅਗਵਾਈ ਕਾਮਰੇਡ ਨਰਭਿੰਦਰ ਅਤੇ ਦਵਿੰਦਰ ਸੋਹਲ, ਸੁੱਖਾ ਸਿੰਘ ਪੱਧਰੀ ਕਲਾਂ ਨੇ ਕੀਤੀ। ਵਫਦ ਪਹਿਲਾਂ ਬੀਡੀਓ ਤਰਨ ਤਾਰਨ ਨੂੰ ਮਿਲਿਆ ਜਿਨ੍ਹਾਂ ਨੇ ਮਨਰੇਗਾ ਸਕੱਤਰ ਨੂੰ ਮਾਸਟਰ ਰੋਲ ਤੇ ਰਿਕਾਰਡ ਜਾਂਚਣ ਦੇ ਆਦੇਸ਼ ਦਿੱਤੇ। ਫਿਰ ਜ਼ਿਲ੍ਹਾ ਮਨਰੇਗਾ ਅਫਸਰ ਨੂੰ ਮਿਲਿਆ। ਰਿਕਾਰਡ ਮੁਤਾਬਕ 6 ਮਾਸਟਰ ਰੋਲ ਦੀ 60 ਹਜ਼ਾਰ ਮਜ਼ਦੂਰੀ ਦੀ ਅਦਾਇਗੀ ਬਕਾਇਆ ਹੈ। ਪੰਜ ਮਾਸਟਰ ਰੋਲ ਜੋ ਪਹਿਲੇ ਮਨਰੇਗਾ ਸਕੱਤਰ ਕੋਲ ਹਨ ਅਜੇ ਤਕਨੀਕੀ ਕਾਰਨਾਂ ਕਰਕੇ ਰਿਕਾਰਡ 'ਚ ਜਮ੍ਹਾ ਨਹੀਂ ਹੋਏ। ਅਧਿਕਾਰੀਆਂ ਨੇ ਵਿਸ਼ਵਾਸ ਦੁਆਇਆ ਕੇ ਇਕ ਹਫਤੇ ਦੇ ਅੰਦਰ ਅੰਦਰ ਜੋ ਰਾਸ਼ੀ ਰਿਕਾਰਡ 'ਚ ਹੈ, ਮਜ਼ਦੂਰਾਂ ਦੇ ਬੈਂਕ ਖਾਤਿਆਂ ਵਿੱਚ ਪੈ ਜਾਵੇਗੀ। ਬਾਕੀ ਮਾਸਟਰ ਰੋਲ ਦਾ ਰਿਕਾਰਡ ਜਲਦੀ ਇਕ ਦੋ ਦਿਨਾਂ ਵਿਚ ਮੁਕੰਮਲ ਕਰਕੇ ਭੇਜ ਦਿੱਤਾ ਜਾਵੇਗਾ ਜਿਸ ਦੀ ਮਜ਼ਦੂਰੀ ਵੀ 60 ਕੁ ਹਜ਼ਾਰ ਬਣੇਗੀ । ਉਹ ਰਾਸ਼ੀ ਵੀ ਜਲਦੀ ਅਦਾ ਹੋ ਜਾਵੇਗੀ।

ਅਧਿਕਾਰੀਆਂ ਨੇ ਤਕਨੀਕੀ ਦੇਰੀ ਤੇ ਅਫਸੋਸ ਪਰਗਟ ਕੀਤਾ। ਇਸ ਵਫਦ ਵਿਚ ਪਿੰਡ ਪੱਧਰੀ ਕਲਾਂ ਤੋਂ ਅਮਰ ਸਿੰਘ, ਮਹਿਲ ਸਿੰਘ, ਬਚਨ ਸਿੰਘ, ਰਾਮ ਸਿੰਘ, ਅਮਰੀਕ ਸਿੰਘ, ਦਿਆਲ ਸਿੰਘ, ਲਖਬੀਰ ਸਿੰਘ, ਤ੍ਰਿਲੋਕ ਸਿੰਘ ਚੌਕੀਦਾਰ, ਪਰਮਜੀਤ ਸਿੰਘ, ਰਾਜਵਿੰਦਰ ਕੌਰ, ਸ਼ਰਨਜੀਤ ਕੌਰ, ਕਾਲਾ ਸਿੰਘ, ਚੰਨਣ ਸਿੰਘ, ਜੋਗਿੰਦਰ ਸਿੰਘ, ਸੋਨਾ ਸਿੰਘ ਤੇ ਭਗਵੰਤ ਸਿੰਘ ਅਦਿ ਸ਼ਾਮਿਲ ਸਨ।

## ਮੁੱਖ ਮੰਤਰੀ ਮਾਨ ਵੱਲੋਂ ਕੀਤੇ ਕੰਮਾਂ ਨੇ ਪੰਜਾਬੀਆਂ ਦਾ ਦਿਲ ਜਿੱਤਿਆ : ਡਾ. ਵੇਰਕਾ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜੋ ਪੰਜਾਬ ਲਈ ਕੰਮ ਕੀਤੇ ਹਨ, ਉਨ੍ਹਾਂ ਕੰਮਾਂ ਦੀ ਬਦੌਲਤ ਉਨ੍ਹਾਂ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤ ਲਿਆ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਅਤੇ ਸੀਨੀਅਰ ਆਪ ਨੇਤਾ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਆਪਣੇ ਵਿਚਾਰਾਂ ਦੌਰਾਨ ਕੀਤਾ।ਡਾਕਟਰ ਵੇਰਕਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਇਕ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਗੁਜ਼ਾਰੀ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ, ਕਿਉਂਕਿ ਜਿਸ ਰਫਤਾਰ ਨਾਲ ਪੰਜਾਬ ਵਿਚ ਆਮ ਆਦਮੀ ਪਾਰਟੀ ਨੇ ਕੰਮ ਕੀਤਾ ਉਸ ਬਾਰੇ ਦੱਸਣ ਦੀ ਲੋੜ ਨਹੀਂ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦਾ ਹਰ ਇਕ ਵਰਗ ਇਨ੍ਹਾਂ ਰਵਾਇਤੀ ਪਾਰਟੀਆਂ ਤੋਂ ਸਤਾਇਆ ਹੋਇਆ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਰਿਹਾ ਹੈ ਕਿਉਂਕਿ ਲੋਕ ਜਾਣ ਚੁੱਕੇ ਹਨ ਕਿ ਜੇ ਕੋਈ ਪੰਜਾਬ ਦਾ ਭਲਾ ਕਰ ਸਕਦਾ ਹੈ ਤਾਂ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਾਰਟੀ ਆਮ ਆਦਮੀ ਪਾਰਟੀ ਹੀ ਕਰ ਸਕਦੀ ਹੈ।

# ਖੇਤੀਬਾੜੀ ਉਤਪਾਦਕ ਕਮੇਟੀ ਦੀ ਮੀਟਿੰਗ 'ਚ ਮਹੀਨੇ ਭਰ ਦੀ ਕਾਰਗੁਜ਼ਾਰੀ ਦਾ ਰੀਵਿਊ



ਪਠਾਨਕੋਟ (ਦਵਿੰਦਰ ਸਿੰਘ)-ਜਿਲ੍ਹਾ ਪਠਾਨਕੋਟ ਵਿਖੇ ਖੇਤੀਬਾੜੀ ਵਿਭਾਗ ਵੱਲੋਂ ਮਹੀਨੇ ਦੌਰਾਨ ਕੀਤੀ ਕਾਰਗੁਜ਼ਾਰੀ ਅਤੇ ਜ਼ਿਲ੍ਹਾ ਖੇਤੀਬਾੜੀ ਉਤਪਾਦਕ ਕਮੇਟੀ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਦੇ ਮੀਟਿੰਗ ਹਾਲ ਵਿਖੇ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਦੀ ਪ੍ਰਧਾਨਗੀ ਵਿੱਚ ਕਰਵਾਈ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਡਾ. ਪ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਡਾ. ਅਰਜੁਨ ਸਿੰਘ ਖੇਤੀ ਵਿਕਾਸ ਅਫਸਰ, ਪ੍ਰਿਆ ਕੁਮਾਰੀ, ਗੁਰਵਿੰਦਰ ਸਿੰਘ ਰੰਧਾਵਾ ਡਿਪਟੀ ਡਾਇਰੈਕਟਰ ਮੱਛੀ ਪਾਲਣ ਪਠਾਨਕੋਟ, ਜਤਿੰਦਰ ਕੁਮਾਰ ਬਾਗਬਾਨੀ ਵਿਕਾਸ ਅਫਸਰ ਪਠਾਨਕੋਟ, ਰੁਵਿੰਦਰ ਕੋਰ ਡੇਅਰੀ ਇੰਸਪੈਕਟਰ ਪਠਾਨਕੋਟ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ ਅਤੇ ਹੋਰ ਸਬੰਧਤ ਵੱਖ ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਮੀਟਿੰਗ ਦੌਰਾਨ ਡਾ. ਪ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ ਪਠਾਨਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਵਿਭਾਗ ਪਠਾਨਕੋਟ ਵੱਲੋਂ ਜੁਲਾਈ ਮਹੀਨੇ ਦੌਰਾਨ ਆਤਮਾ ਸਕੀਮ ਅਧੀਨ ਕਿਸਾਨਾਂ ਨੂੰ ਨਵੀਨਤਮ ਜਾਣਕਾਰੀ ਦੇਣ ਦੇ ਉਦੇਸ਼ ਨਾਲ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਕੁੱਲ 1002 ਕਿਸਾਨਾਂ ਨੇ ਭਾਗ ਲਿਆ। ਇਸ ਤੋਂ ਇਲਾਵਾ ਪਿੰਡ ਪੱਧਰ ਤੇ 32 ਜਾਗਰੂਕਤਾ ਕੈਂਪ ਲਗਾਏ ਗਏ ਹਨ ਜਿਸ ਵਿੱਚ 597 ਕਿਸਾਨਾਂ ਵੱਲੋਂ ਹਿੱਸਾ ਲਿਆ ਗਿਆ। ਇਨ੍ਹਾਂ ਕੈਂਪਾਂ ਦੌਰਾਨ ਸਾਉਣੀ ਦੀਆਂ ਫਸਲਾਂ ਜਿਵੇਂ ਕਿ ਮੱਕੀ ਦੀ ਫਸਲ ਅਤੇ ਝੋਨੇ ਦੀ ਸਿੱਧੀ ਬਿਜਾਈ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਵਿੱਚ ਸਾਲ 2024-25 ਦੌਰਾਨ ਵਿਭਾਗ ਵੱਲੋਂ 2500 ਸੈਂਪਲ ਲੈਣ ਲਈ ਟੀਚਾ ਨਿਰਧਾਰਤ ਕੀਤਾ ਗਿਆ ਹੈ ਜਿਸ ਵਿੱਚੋਂ ਜੁਲਾਈ ਮਹੀਨੇ ਦੌਰਾਨ 986 ਮਿੱਟੀ ਦੇ ਸੈਂਪਲ ਲਏ ਗਏ ਹਨ। ਮੀਟਿੰਗ ਦੌਰਾਨ ਰੀਵਿਊ ਕਰਨ ਮਗਰੋਂ ਡਿਪਟੀ ਕਮਿਸ਼ਨਰ ਪਠਾਨਕੋਟ ਆਦਿੱਤਿਆ ਉੱਪਲ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਮਿੱਟੀ ਦੇ ਸੈਂਪਲ ਲਏ ਜਾਣ ਦੀ ਗਤੀਵਿਧੀ ਤੇਜ਼ ਕੀਤੀ ਜਾਵੇ ਅਤੇ ਜ਼ਿਆਦਾ ਤੋਂ ਜ਼ਿਆਦਾ ਮਿੱਟੀ ਦੇ ਸੈਂਪਲ ਲਏ ਜਾਣ ਤਾਂ ਜੋ ਫਸਲਾਂ ਨੂੰ ਪੂਰਾ ਪੋਸ਼ਣ ਦਿੱਤਾ ਜਾ ਸਕੇ। ਇਸ ਦੇ ਨਾਲ ਜਿੱਥੇ ਉਤਪਾਦਨ ਵਧੇਗਾ ਉੱਥੇ ਹੀ ਕਿਸਾਨਾਂ ਨੂੰ ਵੀ ਆਰਥਿਕ ਤੋਰ ਤੇ ਇਸ ਦਾ ਲਾਭ ਹੋਵੇਗਾ। ਉਨ੍ਹਾਂ ਦੱਸਿਆ ਕਿ ਜੁਲਾਈ ਮਹੀਨੇ ਦੌਰਾਨ 13 ਖਾਦਾਂ ਦੇ ਸੈਂਪਲ, 11 ਕੀਟਨਾਸਕ ਦਵਾਈਆਂ ਦੇ ਸੈਂਪਲ ਅਤੇ 53 ਬੀਜ ਐਕਟ ਅਧੀਨ ਸੈਂਪਲ ਭਰੇ ਗਏ ਹਨ। ਉਨ੍ਹਾਂ ਕ੍ਰਿਸ਼ੀ ਵਿਗਿਆਨ ਕੇਂਦਰ ਪਠਾਨਕੋਟ ਨੂੰ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਅਪਣੇ ਪੱਧਰ ਤੇ ਜ਼ਿਆਦਾ ਤੋਂ ਜ਼ਿਆਦਾ ਕੈਂਪ ਲਗਾਏ ਜਾਣ ਅਤੇ ਫਸਲਾਂ ਦੀ ਪੈਦਾਵਾਰ ਸਬੰਧੀ ਜ਼ਿਆਦਾ ਤੋਂ ਜ਼ਿਆਦਾ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ।ਉਨ੍ਹਾਂ ਵਿਭਾਗੀ ਅਧਿਕਾਰੀਆਂ ਨੂੰ ਆਦੇਸ ਦਿੰਦਿਆਂ ਕਿਹਾ ਕਿ ਜਿਲ੍ਹੇ ਅੰਦਰ ਮੱਕੀ ਦੀ ਪੈਦਾਵਾਰ ਹੋਰ ਵਧਾਉਂਣ ਦੇ ਉਪਰਾਲੇ ਕੀਤੇ ਜਾਣ ਅਤੇ ਮੱਕੀ ਦੀ ਵਿਕਰੀ ਨੂੰ ਲੈ ਕੇ ਪ੍ਰੋਜੈਕਟ ਰਿਪੋਰਟ ਤਿਆਰ ਕੀਤੀ ਜਾਵੈ ਤਾਂ ਜੋ ਆਉਂਣ ਵਾਲੇ ਸਮੇਂ ਦੌਰਾਨ ਜਿਲ੍ਹੇ ਅੰਦਰ ਮੱਕੀ ਦੀ ਵਿਕਰੀ ਲਈ ਵਿਸੇਸ ਤੋਰ ਤੇ ਮੰਡੀਕਰਨ ਕਰਨ ਲਈ ਯੋਜਨਾ ਤਿਆਰ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਵਜੋਂ ਡੇਅਰੀ ਫਾਰਮਿੰਗ ਕਰਨ ਦੇ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ ਹੁਣ ਤੱਕ ਡੇਅਰੀ ਸਿਖਲਾਈ ਕੋਰਸ ਅਧੀਨ 26 ਕਿਸਾਨਾਂ ਨੂੰ ਟ੍ਰੇਨਿੰਗ ਦਿੱਤੀ ਗਈ ਹੈ ਅਤੇ ਜਲਦੀ ਹੀ ਆਉਂਣ ਵਾਲੇ ਦਿਨਾਂ ਅੰਦਰ ਇੱਕ ਹੋਰ ਟ੍ਰੇਨਿੰਗ ਕੈਂਪ ਲਗਾਇਆ ਜਾ ਰਿਹਾ ਹੈ। ਬਾਗਾਂ ਹੇਠ ਰਕਬਾ ਵਧਾਉਣ ਦੇ ਉਦੇਸ਼ ਨਾਲ ਉਨ੍ਹਾਂ ਬਾਗਬਾਨੀ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਬਾਗ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਦੇ ਲਈ ਲੀਚੀ ਇੱਕ ਵਰਦਾਨ ਹੈ ਅਤੇ ਵਧੇਰੇ ਮੁਨਾਫਾ ਕਮਾਉਂਣ ਅਤੇ ਫਸਲੀ ਚੱਕਰ ਤੋਂ ਬਾਹਰ ਨਿਕਲਣ ਦੇ ਲਈ ਕਿਸਾਨਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਬਾਗ ਲਗਾਉਂਣੇ ਚਾਹੀਦੇ ਹਨ।


AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 1 | 1. ਸ੍ਰੀਮਤੀ ਰਣਜੀਤ ਕੌਰ ਪਤਨੀ ਨਰਿੰਦਰ ਸਿੰਘ ਅਤੇ 2. ਸ੍ਰੀ ਨਰਿੰਦਰ ਸਿੰਘ ਪੁੱਤਰ ਅਮਰ ਸਿੰਘ ਦੋਵੇਂ ਵਾਸੀ ਮਕਾਨ ਨੰ. ਬੀ-34/5827, ਗਲੀ ਨੰ. 10, ਰਘਬੀਰ ਪਾਰਕ, ਜੱਸੀਆਂ ਰੋਡ ਹੈਬੋਵਾਲ ਕਲਾਂ, ਲੁਧਿਆਣਾ, ਪੰਜਾਬ-141001 ਕਰਜ਼ਾ ਖਾਤਾ ਨੰ. ਐੱਲ ਪੀ ਆਰ 004205688552 | 23 ਮਈ 2024<br>16 ਅਗਸਤ 2024<br>ਰੁਪਏ 3,958,438/- (ਉਨਤਾਲੀ ਲੱਖ ਅਠਵੰਜਾ ਹਜ਼ਾਰ ਚਾਰ ਸੌ ਅਠੱਤੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮਾ ਨੰ. 12379 ਮਿਤੀ 5-10-2007 ਅਨੁਸਾਰ ਰਣਜੀਤ ਕੌਰ ਦੇ ਨਾਂਅ ਰਜਿਸਟਰਡ ਜਾਇਦਾਦ ਰਿਹਾਇਸ਼ੀ ਮਕਾਨ ਐੱਨ ਸੀ ਐੱਲ ਨੰ. ਬੀ-34-5837 ਰਕਬਾ 213.33 ਵਰਗ ਗਜ਼. ਖਸਰਾ ਨੰ. 50//12, 13, 17, 18, 15/1, 16/1, ਖੇਵਟ/ਖਤੌਨੀ ਨੰ. 333/348-349, ਜਮ੍ਹਾਂਬੰਦੀ ਸਾਲ 2002-2003 ਪਿੰਡ ਜੱਸੀਆਂ, ਹਦਬਸਤ ਨੰ. 101 ਰਘਬੀਰ ਪਾਰਕ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਗੁਆਂਢੀ ਬਾਹੀ 30'0", ਪੱਛਮ : ਗਲੀ 20 ਫੁੱਟ ਚੌੜੀ ਬਾਹੀ 30'0", ਉੱਤਰ : ਗੁਆਂਢੀ ਬਾਹੀ 64'0", ਦੱਖਣ : ਗੁਆਂਢੀ ਬਾਹੀ 64'0"

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 21-08-2024, ਸਥਾਨ : ਲੁਧਿਆਣਾ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਕਾਰਪੋਰੇਟ ਦਫਤਰ : 'ਐਕਸਿਸ ਹਾਊਸ', ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 1 | 1. ਸ੍ਰੀ ਫਾਜਲ ਮਸੀਹ ਪੁੱਤਰ ਜਾਬੂਬ ਮਸੀਹ ਅਤੇ 2. ਸ੍ਰੀਮਤੀ ਅਮਰਜੀਤ ਕੌਰ ਪਤਨੀ ਫਾਜਲ ਮਸੀਹ ਦੋਵੇਂ ਵਾਸੀ ਨਬੀਪੁਰ ਕਾਲੋਨੀ, ਨਬੀਪੁਰ, ਜ਼ਿਲ੍ਹਾ ਗੁਰਦਾਸਪੁਰ-143521, ਨਾਲ ਹੀ : ਰਿਹਾਇਸ਼ੀ ਜਾਇਦਾਦ/ਪਲਾਟ ਨੰ. 222 ਗੋਲਡਨ ਐਵੇਨਿਊ ਕਾਲੋਨੀ, ਪਿੰਡ ਲੇਹਲ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ-143521, ਨਾਲ ਹੀ : ਸ੍ਰੀ ਫਾਜਲ ਮਸੀਹ ਪੁੱਤਰ ਜਾਬੂਬ ਮਸੀਹ-ਗਾਰਡ ਪੰਜਾਬ ਹੋਮਗਾਰਡ ਪੁਰਾਣੀ ਖੇਤੀਬਾੜੀ ਬਿਲਡਿੰਗ, ਦਫਤਰ ਜੀ ਐੱਸ ਪੀ, ਜ਼ਿਲ੍ਹਾ ਗੁਰਦਾਸਪੁਰ-143521 ਕਰਜ਼ਾ ਖਾਤਾ ਨੰ. ਪੀ ਐੱਚ ਆਰ 068505711407 | 28 ਸਤੰਬਰ 2023<br>16 ਅਗਸਤ 2024<br>ਰੁਪਏ 1381884/- (ਤੇਰਾਂ ਲੱਖ ਇਕਾਸੀ ਹਜ਼ਾਰ ਅੱਠ ਸੌ ਚੁਰਾਸੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2020-21/150/1/846 ਮਿਤੀ 7 ਜਨਵਰੀ 2021 ਅਨੁਸਾਰ ਸ੍ਰੀ ਫਾਜਲ ਮਸੀਹ ਪੁੱਤਰ ਜਾਬੂਬ ਮਸੀਹ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 222, ਰਕਬਾ 0-6 ਮਰਲਾ (183.33 ਵਰਗ ਗਜ਼), ਗੋਲਡਨ ਐਵੇਨਿਊ ਕਾਲੋਨੀ ਵਿਖੇ ਸਥਿਤ, ਪਿੰਡ ਲਹਿਲ, ਹੱਦਬਸਤ ਨੰ. 386, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਪਲਾਟ ਨੰ. 231, ਬਾਹੀ 30', ਪੱਛਮ : ਗਲੀ 20' ਬਾਹੀ 30', ਉੱਤਰ : ਪਲਾਟ ਨੰ. 221 ਬਾਹੀ 55', ਦੱਖਣ : ਪਲਾਟ ਨੰ. 223 ਬਾਹੀ 55'

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 2 | 1. ਸ੍ਰੀਮਤੀ ਕਵਿਤਾ ਰਾਣੀ ਪਤਨੀ ਪ੍ਰਦੀਪ ਕੁਮਾਰ ਅਤੇ 2. ਸ੍ਰੀ ਪ੍ਰਦੀਪ ਕੁਮਾਰ ਪੁੱਤਰ ਦੀਵਾਨ ਚੰਦ ਦੋਵੇਂ ਵਾਸੀ ਮਕਾਨ ਨੰ. 504, ਨਹਿਰੂ ਗੇਟ, ਵਾਲਮੀਕਿ ਮੁਹੱਲਾ ਨੇੜੇ ਸਿਟੀ ਪੁਲਸ, ਬਟਾਲਾ, ਗੁਰਦਾਸਪੁਰ-143505, ਨਾਲ ਹੀ : ਜਾਇਦਾਦ/ਪਲਾਟ ਨੰ. 213, ਗੋਲਡਨ ਐਵੇਨਿਊ ਕਾਲੋਨੀ, ਪਿੰਡ ਲੇਹਲ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ-143501 ਕਰਜ਼ਾ ਖਾਤਾ ਨੰ. ਪੀ ਐੱਚ ਆਰ 068506030912 | 19 ਅਪ੍ਰੈਲ 2023<br>16 ਅਗਸਤ 2024<br>ਰੁਪਏ 12,53,537/- (ਬਾਰਾਂ ਲੱਖ ਤਰਵੰਜਾ ਹਜ਼ਾਰ ਪੰਜ ਸੌ ਸੈਂਤੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਦਸਤਾਵੇਜ਼ ਨੰ. 2021/22/150/1/42 ਮਿਤੀ 9 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਕਵਿਤਾ ਰਾਣੀ ਪਤਨੀ ਪ੍ਰਦੀਪ ਕੁਮਾਰ ਦੇ ਨਾਂਅ ਰਜਿਸਟਰਡ ਜਾਇਦਾਦ/ ਪਲਾਟ ਪ੍ਰਾਈਵੇਟ ਨੰ. 213 ਰਕਬਾ 7.33 ਮਰਲਾ 183.33 ਵਰਗ ਗਜ਼, ਪਿੰਡ ਲਹਿਲ ਵਿਖੇ ਸਥਿਤ, ਹੱਦਬਸਤ ਨੰ. 386, ਗੋਲਡਨ ਐਵੇਨਿਊ ਕਾਲੋਨੀ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਦਸਤਾਵੇਜ਼ ਅਨੁਸਾਰ) ਪੂਰਬ : ਸੜਕ, ਪੱਛਮ : ਪਲਾਟ ਨੰ. 210/ਹਰਵਿੰਦਰ ਸਿੰਘ ਦੀ ਮਾਲਕੀ, ਉੱਤਰ : ਪਲਾਟ ਨੰ. 212/ਹਰਵਿੰਦਰ ਸਿੰਘ ਦੀ ਮਾਲਕੀ, ਦੱਖਣ : ਪਲਾਟ ਨੰ. 214/ਰਮਿੰਦਰ ਸਿੰਘ ਦੀ ਮਾਲਕੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 3 | 1. ਸ੍ਰੀਮਤੀ ਪਰਮਜੀਤ ਕੌਰ ਪਤਨੀ ਦਿਲਬਾਗ ਸਿੰਘ ਅਤੇ 2. ਸ੍ਰੀ ਸਿਮਰਜੀਤ ਸਿੰਘ ਪੁੱਤਰ ਦਿਲਬਾਗ ਸਿੰਘ ਦੋਵੇਂ ਵਾਸੀ ਪਿੰਡ ਹਰਸੀਆਂ, ਗੁਰਦਾਸਪੁਰ ਨੇੜੇ ਕਲਗੀਧਰ ਗੁਰਦੁਆਰਾ ਸਾਹਿਬ, ਜ਼ਿਲ੍ਹਾ ਗੁਰਦਾਸਪੁਰ-143518, ਨਾਲ ਹੀ : ਪਲਾਟ ਨੰ. 56, ਅਬਾਦੀ ਗੋਲਡਨ ਐਵੇਨਿਊ ਕਾਲੋਨੀ, ਪਿੰਡ ਲੇਹਲ, ਸਬ-ਤਹਿਸੀਲ ਧਾਰੀਵਾਲ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ-143519 ਨਾਲ ਹੀ : ਸ੍ਰੀਮਤੀ ਪਰਮਜੀਤ ਕੌਰ ਪਤਨੀ ਦਿਲਬਾਗ ਸਿੰਘ ਪ੍ਰੋਪ: ਮੈਸਰਜ਼ ਪਿੰਕੀ ਬੁਟੀਕ, ਪਿੰਡ ਹਰਸੀਆਂ, ਗੁਰਦਾਸਪੁਰ ਨੇੜੇ ਕਲਗੀਧਰ ਗੁਰਦੁਆਰਾ ਸਾਹਿਬ, ਜ਼ਿਲ੍ਹਾ ਗੁਰਦਾਸਪੁਰ-143518 ਕਰਜ਼ਾ ਖਾਤਾ ਨੰ. ਪੀ ਐੱਚ ਆਰ 068505097270 | 14 ਨਵੰਬਰ 2022<br>16 ਅਗਸਤ 2024<br>ਰੁਪਏ 13,20,708/- (ਤੇਰਾਂ ਲੱਖ ਵੀਹ ਹਜ਼ਾਰ ਸੱਤ ਸੌ ਅੱਠ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2019-20/150/1/1193 ਮਿਤੀ 05 ਮਾਰਚ 2020 ਅਨੁਸਾਰ ਸ੍ਰੀਮਤੀ ਪਰਮਜੀਤ ਕੌਰ ਪਤਨੀ ਦਿਲਬਾਗ ਸਿੰਘ ਦੇ ਨਾਂਅ ਰਜਿਸਟਰ ਰਿਹਾਇਸ਼ੀ ਜਾਇਦਾਦ/ਪਲਾਟ ਨੰ. 56'ਤੇ ਨਿਰਮਤ ਮਕਾਨ, ਰਕਬਾ 5.50 ਮਰਲਾ, ਖਸਰਾ ਨੰ. 8 ਆਰ/21 (8-0), 22 (7-4), 9 ਆਰ/25 (8-0), 11 ਆਰ/22/1 (1-8), 22/2 (4-16), 23/3 (1-16), 16 ਆਰ/5 (7-11), 17 ਆਰ/3/1 (0-1), 8 ਆਰ/24/1 (0-4), 11 ਆਰ 21 ਮਿੰਨ (4-0), 3 ਆਰ/5 (4-8), 14 ਆਰ/1 (8-0), 2/1 (3-0), 9/2 (2-18), 20/2 (4-1), 17 ਆਰ/1 ਮਿੰਨ (1-11), 11 ਆਰ/20/2 (6-9), 12 ਆਰ/ 16/2 (1-1), 13 ਆਰ/14 (0-7), 15/1 (1-3), 15/2 (4-13), 16 (2-16), 17 ਆਰ/1 ਮਿੰਨ (6-0), 2/1 ਮਿੰਨ (4-15), 11 ਆਰ/21 ਮਿੰਨ (4-0), 12 ਆਰ/25 (2-16), 13 ਆਰ/6 (4-10), 14 ਆਰ/10 (8-0), 11/1 (0-16), 11/2 (6-7), 8 ਆਰ/23/1 (5-4), ਖੱਤਾ ਨੰ. 1, ਖਤੌਨੀ ਨੰ. 1 ਤੋਂ 5, ਜਮ੍ਹਾਂਬੰਦੀ ਸਾਲ 2013-21 ਪਿੰਡ ਲਹਿਲ ਵਿਖੇ ਸਥਿਤ, ਹੱਦਬਸਤ ਨੰ. 386, ਸਬ-ਤਹਿਸੀਲ ਧਾਰੀਵਾਲ ਅਬਾਦੀ ਗੋਲਡਨ ਐਵੇਨਿਊ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸੰਬੰਧਤ ਸਭ ਕੁਝ।

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 21-08-2024, ਸਥਾਨ : ਪੰਜਾਬ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



ਪੰਜਾਬ ਨੈਸ਼ਨਲ ਬੈਂਕ punjab national bank

**ਬਰਾਂਚ : ਪੁਰਾਣਾ ਰੇਲਵੇ ਰੋਡ (351300), ਜਲੰਧਰ-144001**

**ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ ਪੁਰਾਣੀ ਰੇਲਵੇ ਰੋਡ (351300), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੂੰ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| ਲੜੀ ਨੰ. | ਲਾਕਰ ਨੰ. | ਨਾਂਅ | ਬਰਾਂਚ |
|---|---|---|---|
| 1. | AA65M1 | ਵਰਿੰਦਰ ਸਿੰਘ ਅਤੇ ਗੁਰਮੀਤ ਸਿੰਘ | ਮੌਜੂਦਾ-ਪੁਰਾਣਾ ਰੇਲਵੇ ਰੋਡ, ਪਹਿਲਾਂ-ਭਗਤ ਸਿੰਘ ਚੌਕ |
| 2. | AA86M1 | ਅਨਿਲ ਜਲੋਟਾ | ਮੌਜੂਦਾ-ਪੁਰਾਣਾ ਰੇਲਵੇ ਰੋਡ, ਪਹਿਲਾਂ-ਭਗਤ ਸਿੰਘ ਚੌਕ |
| 3. | AI00046 | ਰਾਕੇਸ਼ ਤਲਵਾੜ ਅਤੇ ਮੀਰਾ | ਪੁਰਾਣਾ ਰੇਲਵੇ ਰੋਡ |
| 4. | AD00065 | ਸੁਰਿੰਦਰ ਕੁਮਾਰ ਅਤੇ ਮਧੂਬਾਲਾ | ਪੁਰਾਣਾ ਰੇਲਵੇ ਰੋਡ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਡੀਡ ਦੀ ਕਲਾਜ਼ ਨੰ. 9 ਤਹਿਤ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 21.08.2024 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

21-Aug-PAGE-12.qxd 8/20/2024 10:46 PM Page 1



# ਆਧਾਰ ਨਿਗਰਾਨੀ ਕਮੇਟੀ ਵੱਲੋਂ ਆਧਾਰ ਦੀ ਪ੍ਰਗਤੀ ਦੀ ਸਮੀਖਿਆ ਮੀਟਿੰਗ



ਮੋਹਾਲੀ, (ਗੁਰਜੀਤ ਬਿੱਲਾ) ਜ਼ਿਲ੍ਹਾ ਪੱਧਰੀ ਆਧਾਰ ਨਿਗਰਾਨ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੁਹਾਲੀ ਵਿਖੇ ਦੀਪਾਂਕਰ ਗਰਗ, ਪੀ ਸੀ ਐਸ, ਐਸ ਡੀ ਐਮ, ਐਸ ਏ ਐਸ ਨਗਰ ਦੀ ਪ੍ਰਧਾਨਗੀ ਹੇਠ ਹੋਈ।ਮਧੁਰ ਬਾਂਸਲ, ਪ੍ਰੋਜੈਕਟ ਮੈਨੇਜਰ ਯੂ ਆਈ ਡੀ ਏ ਆਈ, ਖੇਤਰੀ ਦਫਤਰ, ਚੰਡੀਗੜ੍ਹ ਨੇ ਆਧਾਰ ਨਾਮਾਂਕਨ ਦੀ ਸਥਿਤੀ ਦੀ ਸਮੀਖਿਆ ਕਰਨ ਅਤੇ ਈਕੋਸਿਸਟਮ ਨੂੰ ਹੋਰ ਮਜ਼ਬੂਤ ਕਰਨ ਲਈ ਆਧਾਰ ਪ੍ਰਮਾਣਿਕਤਾ ਅਤੇ ਆਧਾਰ ਆਫਲਾਈਨ ਵੈਰੀਫਿਕੇਸ਼ਨ ਸਮੇਤ ਆਧਾਰ ਵੈਰੀਫਿਕੇਸ਼ਨ ਲਈ ਕਿਊ ਆਰ ਕੋਡ ਦੀ ਵਰਤੋਂ ਬਾਰੇ ਚਰਚਾ ਕੀਤੀ।ਐਸ ਡੀ ਐਮ ਦੀਪਾਂਕਰ ਗਰਗ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਹਸਪਤਾਲਾਂ ਅਤੇ ਟੀਕਾਕਰਨ ਕੇਂਦਰਾਂ ਵਿੱਚ ਨਵਜੰਮੇ ਬੱਚਿਆਂ ਅਤੇ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਦਾਖਲੇ ਲਈ ਆਧਾਰ ਕੈਂਪ ਲਗਾਏ ਜਾਣ।ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਸਹੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਆਧਾਰ ਐਨਰੋਲਮੈਂਟ ਸੈਂਟਰਾਂ ਦੀ ਨਿਯਮਤ ਤੌਰ 'ਤੇ ਜਾਂਚ ਕਰਨ। ਉਨ੍ਹਾਂ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ 5 ਸਾਲ ਅਤੇ 15 ਸਾਲ ਦੀ ਉਮਰ ਪੂਰੀ ਹੋਣ 'ਤੇ ਲਾਜ਼ਮੀ ਬਾਇਓ-ਮੀਟ੍ਰਿਕ ਅਪਡੇਟ (ਐਮ ਬੀ ਯੂ) ਕਰਵਾਉਣ। ਇਹ ਸਹੂਲਤ 5-7 ਸਾਲ ਅਤੇ 15-17 ਸਾਲ ਦੇ ਬੱਚਿਆਂ ਲਈ ਮੁਫ਼ਤ ਹੈ। ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਇਸ ਮੰਤਵ ਲਈ ਸਕੂਲਾਂ ਵਿੱਚ ਕਿੱਟਾਂ ਦੀ ਆਵਾਜਾਈ ਲਈ ਰੋਸਟਰ ਤਿਆਰ ਕੀਤਾ ਜਾਵੇ।ਪ੍ਰੋਜੈਕਟ ਮੈਨੇਜਰ ਯੂ ਆਈ ਡੀ ਏ ਆਈ, ਮਧੁਰ ਬਾਂਸਲ ਨੇ ਅਪੀਲ ਕੀਤੀ ਕਿ ਉਹ ਵੱਖ-ਵੱਖ ਸਰਕਾਰੀ ਸਹੂਲਤਾਂ ਦਾ ਨਿਰਵਿਘਨ ਲਾਭ ਉਠਾਉਣ ਲਈ ਆਪਣੇ ਮੋਬਾਈਲ ਨੰਬਰ ਅਤੇ ਦਸਤਾਵੇਜ਼ਾਂ ਨੂੰ ਆਧਾਰ ਨਾਲ ਅਪਡੇਟ ਕਰਨ। ਉਨ੍ਹਾਂ ਦੱਸਿਆ ਕਿ 14 ਸਤੰਬਰ, 2024 ਤੱਕ ਦਸਤਾਵੇਜ਼ ਅੱਪਡੇਟ ਦੀ ਸਹੂਲਤ ਮੁਫ਼ਤ ਹੈ।

# ਵੋਟਰ ਸੂਚੀ ਦੀ ਸੁਧਾਈ ਤਹਿਤ ਬੀ ਐਲ ਓਜ਼ ਵੱਲੋਂ ਵੋਟਰਾਂ ਦੀ ਵੈਰੀਫਿਕੇਸ਼ਨ ਦਾ ਕੰਮ ਸ਼ੁਰੂ

ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 1-1-2025 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਸੰਬੰਧੀ ਜਾਰੀ ਪ੍ਰੋਗਰਾਮ ਮੁਤਾਬਕ ਵੋਟਰਾਂ ਦੇ ਵੇਰਵਿਆਂ ਦੀ ਵੈਰੀਫਿਕੇਸ਼ਨ ਲਈ ਬੂਥ ਲੈਵਲ ਅਫ਼ਸਰਾਂ ਵੱਲੋਂ ਘਰ-ਘਰ ਜਾ ਕੇ ਸਰਵੇਖਣ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਕਿ 20 ਸਤੰਬਰ 2024 ਤੱਕ ਜਾਰੀ ਰਹੇਗਾ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਸਰਵੇਖਣ ਦੌਰਾਨ ਬੀ.ਐਲ.ਓਜ਼ ਵੱਲੋਂ ਵੋਟਰ ਸੂਚੀ ਵਿੱਚ ਪਹਿਲਾਂ ਤੋਂ ਦਰਜ ਵੋਟਰਾਂ ਅਤੇ ਉਨ੍ਹਾਂ ਦੇ ਵੇਰਵਿਆਂ ਦੀ ਪੜਤਾਲ ਕੀਤੀ ਜਾਵੇਗੀ ਤਾਂ ਜੋ ਵੋਟਰਾਂ ਦੇ ਵੇਰਵਿਆਂ ਵਿੱਚ ਕੋਈ ਤਰੁੱਟੀ ਨਾ ਰਹੇ।ਉਨ੍ਹਾਂ ਦੱਸਿਆ ਕਿ ਬੀ ਐਲ ਓਜ਼ ਅਜਿਹੇ ਨੌਜਵਾਨ ਜਿਨ੍ਹਾਂ ਦੀ ਵੋਟ ਅਜੇ ਨਹੀਂ ਬਣੀ, ਭਵਿੱਖ ਵਿੱਚ ਬਣਨ ਵਾਲੇ ਯੋਗ ਵੋਟਰਾਂ, ਮਰ ਚੁੱਕੇ/ਸ਼ਿਫ਼ਟ ਹੋ ਚੁੱਕੇ/ਮਲਟੀਪਲ ਇੰਦਰਾਜ ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਦਰੁੱਸਤੀ ਸਬੰਧੀ ਵੀ ਡਾਟਾ ਇਕੱਤਰ ਕਰਨਗੇ। ਉਨ੍ਹਾਂ ਦੱਸਿਆ ਕਿ ਬੀ ਐਲ ਓਜ਼ ਵੱਲੋਂ ਇਹ ਵੈਰੀਫਿਕੇਸ਼ਨ ਆਪਣੇ ਮੋਬਾਇਲ 'ਤੇ ਬੀ ਐਲ ਓ ਐਪ ਰਾਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬੀ ਐਲ ਓਜ਼ ਵੱਲੋਂ ਵੈਰੀਫਿਕੇਸ਼ਨ ਦੌਰਾਨ ਘਰ/ਪਰਵਾਰ ਵਿੱਚ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨ, ਜਿਨ੍ਹਾਂ ਦੀ ਅਜੇ ਤੱਕ ਵੋਟ ਨਹੀਂ ਬਣੀ, ਉਹ ਫਾਰਮ ਨੰਬਰ 6 ਭਰ ਕੇ ਨਵੀਂ ਵੋਟ ਬਣਵਾ ਸਕਦੇ ਹਨ।ਇਸੇ ਤਰ੍ਹਾਂ ਜਿਨ੍ਹਾਂ ਵਿਅਕਤੀਆਂ ਦੀ ਮੌਤ ਹੋ ਚੁੱਕੀ ਜਾਂ ਕਿਸੇ ਹੋਰ ਸਥਾਨ 'ਤੇ ਸ਼ਿਫਟ ਹੋ ਚੁੱਕੇ ਹਨ ਜਾਂ ਜਿਨ੍ਹਾਂ ਵਿਅਕਤੀਆਂ ਦੀ 2 ਥਾਵਾਂ 'ਤੇ ਵੋਟ ਬਣੀ ਹੋਈ ਹੈ, ਉਹ ਫਾਰਮ ਨੰਬਰ 7 ਭਰ ਕੇ ਸਬੰਧਤ ਬੀ.ਐਲ.ਓਜ਼. ਰਾਹੀਂ ਵੋਟ ਕਟਵਾ ਸਕਦੇ ਹਨ।ਜ਼ਿਲ੍ਹਾ ਚੋਣ ਅਫ਼ਸਰ ਨੇ ਆਮ ਲੋਕਾਂ/ਵੋਟਰਾਂ ਨੂੰ ਚੋਣ ਕਮਿਸ਼ਨ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਵਿੱਚ ਸਬੰਧਤ ਬੀ ਐਲ ਓਜ਼ ਨੂੰ ਪੂਰਾ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਜ਼ਿਕਰਯੋਗ ਹੈ ਕਿ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦੇ ਜਾਰੀ ਪ੍ਰੋਗਰਾਮ ਅਨੁਸਾਰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 29 ਅਕਤੂਬਰ 2024 ਨੂੰ ਕੀਤੀ ਜਾਣੀ ਹੈ, ਜਿਸ 'ਤੇ ਆਮ ਲੋਕਾਂ/ਵੋਟਰਾਂ ਪਾਸੋਂ 28 ਨਵੰਬਰ 2024 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 24 ਦਸੰਬਰ 2024 ਤੱਕ ਕੀਤਾ ਜਾਵੇਗਾ ਅਤੇ 6 ਜਨਵਰੀ 2025 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਕੈਂਪਾਂ 'ਚ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਕੀਤਾ ਜਾ ਰਿਹਾ ਹੱਲ



ਮੋਹਾਲੀ, (ਗੁਰਜੀਤ ਬਿੱਲਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡ ਭਾਂਖਰਪੁਰ ਤੋਂ ਸ਼ੁਰੂ ਕੀਤੇ ਕੈਂਪ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਤ ਤਹਿਤ ਡੇਰਾਬੱਸੀ ਬਲਾਕ ਦੇ ਪਿੰਡ ਹਮਾਯੂੰਪੁਰ ਤਸਿੰਬਲੀ ਵਿਖੇ ਐਸ.ਡੀ.ਐਮ ਡੇਰਾਬੱਸੀ ਅਤੇ ਹੋਰ ਪ੍ਰਸ਼ਾਸਨਿਕ ਟੀਮ ਦੀ ਅਗਵਾਈ ਵਿੱਚ ਲੋਕ ਸੁਵਿਧਾ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਪਿੰਡ ਹਮਾਯੂੰਪੁਰ ਤਸਿੰਬਲੀ ਅਤੇ ਨੇੜੇ ਦੇ ਪਿੰਡਾਂ ਦੇ ਨਿਵਾਸੀਆਂ ਵੱਲੋਂ ਆਪਣੀਆਂ ਮੁਸ਼ਕਿਲਾਂ/ਸਮੱਸਿਆਵਾਂ ਲੈ ਕੇ ਪਹੁੰਚ ਕੀਤੀ ਗਈ। ਇਨ੍ਹਾਂ ਕੈਂਪਾਂ ਨੂੰ ਪਿੰਡਾਂ, ਸ਼ਹਿਰਾਂ ਅਤੇ ਵਾਰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਕੈਂਪ ਆਮ ਲੋਕਾਂ ਦੀਆਂ ਮੁਸ਼ਕਲਾਂ ਅਤੇ ਕੰਮਾਂ ਦੇ ਨਿਪਟਾਰੇ ਲਈ ਬੇਹਤਰੀਨ ਮੰਚ ਸਾਬਿਤ ਹੋ ਰਹੇ ਹਨ।ਕੈਂਪ ਵਿੱਚ ਲੋਕ ਮੁਸ਼ਕਲਾਂ ਸੁਣਨ ਪੁੱਜੇ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਵੱਖ-ਵੱਖ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਕੈਂਪ ਵਿੱਚ ਹਾਜ਼ਰ ਹੋ ਕੇ ਹਲਕੇ ਦੇ ਲੋਕਾਂ ਦੇ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਬਹੁਤੀਆਂ ਦਾ ਮੌਕੇ ਤੇ ਹੱਲ ਕੀਤਾ ਗਿਆ, ਅਜਿਹਾ ਇਸ ਕਰਕੇ ਸੰਭਵ ਹੋ ਰਿਹਾ ਹੈ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਉਨ੍ਹਾਂ ਦੇ ਸਰਕਾਰੀ ਦਫਤਰਾਂ ਨਾਲ ਸਬੰਧਤ ਰੁਕੇ ਹੋਏ ਕੰਮ ਕਰਾਉਣ ਲਈ ਪਹਿਲਕਦਮੀ ਕਰ ਰਹੇ ਹਨ।ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਇਹ ਕੈਪ ਸਭ ਤੋਂ ਜ਼ਿਆਦਾ ਬਜ਼ੁਰਗਾਂ ਲਈ ਲਾਹੇਵੰਦ ਸਾਬਤ ਹੋ ਰਹੇ ਹਨ, ਕਿਉਂ ਜੋ ਹੁਣ ਉਨ੍ਹਾਂ ਦੇ ਕੰਮ ਸਰਕਾਰੀ ਦਫਤਰਾਂ ਦੀ ਬਜਾਏ ਘਰਾਂ ਵਿੱਚ ਬੈਠੇ ਹੀ ਹੋ ਰਹੇ।

ਹਲਕਾ ਵਿਧਾਇਕ, ਕੁਲਜੀਤ ਸਿੰਘ ਰੰਧਾਵਾ ਨੇ ਦੱਸਿਆਂ ਕਿ ਖੇਤੀਬਾੜੀ ਵਿਭਾਗ ਵੱਲੋਂ ਇਸ ਕੈਂਪ ਵਿੱਚ ਸਾਉਂਣੀ ਦੀਆਂ ਫ਼ਸਲਾਂ ਬਾਰੇ, ਪਰਾਲੀ ਪ੍ਰਬੰਧ ਅਪਨਾਉਣ, ਕੁਦਰਤੀ ਸੋਮੇ ਪਾਣੀ ਦੀ ਸੁਚੱਜੀ ਵਰਤੋਂ ਅਤੇ ਵਾਤਾਵਰਣ ਨੂੰ ਬਚਾਉਣ ਬਾਰੇ ਕਿਸਾਨਾਂ ਨੂੰ ਨਵੀਨਤਮ ਤਕਨੀਕੀ ਜਾਣਕਾਰੀ ਦਿੱਤੀ ਗਈ ਅਤੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੇ ਫਾਇਦੇ ਦੱਸਦੇ ਹੋਏ ਝੋਨੇ ਦੀ ਪਰਾਲੀ ਨਾ ਸਾੜਨ ਸੰਬੰਧੀ ਵੀ ਜਾਗਰੂਕ ਕੀਤਾ ਗਿਆ। ਇਸ ਮੌਕੇ ਕੈਂਪ 'ਚ ਡੇਰਾਬੱਸੀ ਸਬ ਡਵੀਜ਼ਨ ਦੇ ਆਹਲਾ ਅਧਿਕਾਰੀਆਂ 'ਚ ਐਸ.ਡੀ. ਐਮ ਹਿਮਾਂਸ਼ੂ ਗੁਪਤਾ ਅਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਉਨ੍ਹਾਂ ਕਿਹਾ ਕਿ ਇੱਕ ਥਾਂ 'ਤੇ ਹੀ ਲਗਪਗ ਸਾਰੇ ਵਿਭਾਗਾਂ ਦੀ ਮੌਜੂਦਗੀ ਆਮ ਲੋਕਾਂ ਲਈ ਲਾਹੇਵੰਦ ਹੈ।ਜ਼ਿਕਰਯੋਗ ਹੈ ਕਿ ਇਨ੍ਹਾਂ ਕੈਂਪਾਂ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਵਿਭਾਗਾਂ ਨਾਲ ਸਬੰਧਤ 43 ਸੇਵਾਵਾਂ ਹੈਲਪ ਲਾਈਨ ਨੰਬਰ 1076 'ਤੇ ਸੰਪਰਕ ਕਰਕੇ ਵੀ ਹਾਸਲ ਕੀਤੀਆਂ ਜਾ ਸਕਦੀਆਂ ਹਨ।

# ਸਿੱਖਿਆ ਦੇ ਖੇਤਰ 'ਚ ਵਧੀਆ ਸੇਵਾਵਾਂ ਲਈ ਹਰਜਿੰਦਰ ਸਿੰਘ ਦਾ ਸਨਮਾਨ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਗ੍ਰੀਨ ਵੈਲੀ ਵੈਲਫੇਅਰ ਸੁਸਾਇਟੀ ਵਲੋਂ ਹਰਜਿੰਦਰ ਸਿੰਘ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੜਿਆਲਾ ਸੈਣੀਆਂ ਬਤੌਰ ਪ੍ਰਿੰਸੀਪਲ ਸੇਵਾ ਨਿਭਾਉਣ ਤੋਂ ਬਾਅਦ ਜ਼ਿਲ੍ਹਾ ਸਿੱਖਿਆ ਅਧਿਕਾਰੀ ਲੁਧਿਆਣਾ ਅਤੇ ਹੁਣ ਜ਼ਿਲ੍ਹਾ ਸਿੱਖਿਆ ਅਧਿਕਾਰੀ ਹੁਸ਼ਿਆਰਪੁਰ ਜੁਆਇਨ ਕਰਨ 'ਤੇ ਉਨ੍ਹਾਂ ਨੂੰ ਸੁਸਾਇਟੀ ਵਲੋਂ ਪ੍ਰਮੁੱਖ ਸਮਾਜ ਸੇਵੀ ਅਤੇ ਪ੍ਰਧਾਨ ਰੋਟਰੀ ਆਈ ਬੈਂਕ ਦੀ ਅਗਵਾਈ ਵਿੱਚ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਜੀਵ ਅਰੋੜਾ ਨੇ ਕਿਹਾ ਕਿ ਹਰਜਿੰਦਰ ਸਿੰਘ ਜਿਨ੍ਹਾਂ ਨੇ ਪ੍ਰਿੰਸੀਪਲ ਰਹਿ ਕੇ ਸਕੂਲ ਅਤੇ ਬੱਚਿਆਂ ਦੀ ਪ੍ਰਗਤੀ ਦੇ ਲਈ ਜੀਅ ਜਾਨ ਨਾਲ ਮਿਹਨਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਜੋ ਕਿ ਕਾਬੀਲੇ ਤਾਰੀਫ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਹਰਜਿੰਦਰ ਸਿੰਘ ਨੇ ਸੋਸਾਇਟੀ ਅਹੁਦੇਦਾਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਇੱਕ ਅਧਿਆਪਕ, ਸਕੂਲ ਮੁੱਖੀ ਹੁੰਦੇ ਹੋਏ ਆਪਣੇ ਕੰਮ ਬਹੁਤ ਹੀ ਇਮਾਨਦਾਰੀ ਅਤੇ ਮਿਹਨਤ ਨਾਲ ਕਰਨੇ ਦੀ ਕੋਸ਼ਿਸ਼ ਕੀਤੀ ਅਤੇ ਹੁਣ ਉਨ੍ਹਾਂ ਦੀ ਜ਼ਿੰਮੇਦਾਰੀ ਹੋਰ ਵੀ ਜਿਆਦਾ ਵੱਧ ਗਈ ਹੈ ਜਿਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਯਤਨ ਕਰਨਗੇ ਤਾਂ ਕਿ ਜ਼ਿਲ੍ਹੇ ਦੇ ਸਕੂਲਾਂ ਅਤੇ ਬੱਚਿਆਂ ਦੇ ਭਵਿੱਖ ਦੇ ਲਈ ਹੋਰ ਵੀ ਬੇਹਤਰੀ ਨਾਲ ਕੰਮ ਕਰ ਸੱਕਣ।ਇਸ ਮੌਕੇ ਮਾਸਟਰ ਜਸਵੀਰ ਸਿੰਘ, ਮਾਸਟਰ ਸੁਖਦੇਵ ਸਿੰਘ, ਵਿਵੇਕ ਕਪੂਰ, ਦਿਲਬਾਗ ਸਿੰਘ, ਮਾਸਟਰ ਰਾਮ ਸਿੰਘ, ਬਿੰਦਰ ਕੁਮਾਰ ਅਤੇ ਹੋਰ ਵੀ ਹਾਜ਼ਰ ਸਨ।

# ਬ੍ਰਮ ਸ਼ੰਕਰ ਜਿੰਪਾ ਨੇ ਸਲੇਰਨ 'ਚ ਤੀਆਂ ਤੇ ਰੱਖੜੀ ਸਮਾਗਮ 'ਚ ਕੀਤੀ ਸ਼ਿਰਕਤ



ਹੁਸ਼ਿਆਰਪੁਰ, : (ਓਮ ਪ੍ਰਕਾਸ਼ ਰਾਣਾ ) ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਸਲੇਰਨ 'ਚ ਗ੍ਰਾਮ ਪੰਚਾਇਤ ਵੱਲੋਂ ਤੀਆਂ ਅਤੇ ਰੱਖੜੀ ਤਿਉਹਾਰ 'ਤੇ ਆਯੋਜਿਤ ਸਮਾਗਮ ਵਿਚ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਪਿੰਡ ਦੀਆਂ ਬੱਚੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ। ਪਿੰਡ ਦੀਆਂ ਬੱਚੀਆਂ ਨੇ ਇਸ ਦੌਰਾਨ ਕੈਬਨਿਟ ਮੰਤਰੀ ਨੂੰ ਰੱਖੜੀ ਵੀ ਬੰਨ੍ਹੀ।ਪ੍ਰੋਗਰਾਮ ਦੀ ਸ਼ੁਰੂਆਤ ਰਸਮੀ ਤੌਰ 'ਤੇ ਸ਼ਮ੍ਹਾ ਰੋਸ਼ਨ ਕਰਕੇ ਹੋਈ, ਜਿਸ ਵਿਚ ਪਿੰਡ ਦੀਆਂ ਬੱਚੀਆਂ ਨੇ ਤੀਆਂ ਅਤੇ ਰੱਖੜੀ ਦੇ ਮਹੱਤਵ ਨੂੰ ਦਰਸਾਉਂਦੇ ਗੀਤ, ਡਾਂਸ ਅਤੇ ਸੱਭਿਆਚਾਰਕ ਵੰਨਗੀਆਂ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਸੰਭਾਲਣਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦੀ ਜ਼ਿੰਮੇਵਾਰੀ ਹੈ। ਇਹ ਦੇਖ ਕੇ ਬਹੁਤ ਖੁਸ਼ੀ ਹੁੰਦੀ ਹੈ ਕਿ ਪਿੰਡ ਦੀਆਂ ਬੱਚੀਆਂ ਇਸ ਵਿਰਾਸਤ ਨੂੰ ਅੱਗੇ ਵਧਾ ਰਹੀਆਂ ਹਨ।ਉਨ੍ਹਾਂ ਵੱਲੋਂ ਪੇਸ਼ ਪ੍ਰੋਗਰਾਮਾਂ ਵਿਚ ਜੋ ਸਮਰਪਣ ਅਤੇ ਉਤਸ਼ਾਹ ਦਿਸਿਆ, ਉਹ ਸ਼ਲਾਘਾਯੋਗ ਹੈ।

ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਦੀਆਂ ਮਹਿਲਾਵਾਂ ਅਤੇ ਬੱਚੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ।ਉਨ੍ਹਾਂ ਤੀਆਂ ਅਤੇ ਰੱਖੜੀ ਦੇ ਮਹੱਤਵ 'ਤੇ ਰੋਸ਼ਨੀ ਪਾਉਂਦੇ ਹੋਏ ਕਿਹਾ ਕਿ ਇਹ ਤਿਉਹਾਰ ਨਾਰੀ ਸਸ਼ਕਤੀਕਰਨ ਅਤੇ ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ ਹੈ।ਉਨ੍ਹਾਂ ਤੀਆਂ ਅਤੇ ਰੱਖੜੀ ਦੇ ਇਸ ਪ੍ਰੋਗਰਾਮ ਦੀ ਸਫਲਤਾ ਲਈ ਗ੍ਰਾਮ ਪੰਚਾਇਤ ਸਲੇਰਨ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਦੇ ਆਯੋਜਨ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਹਾਜ਼ਰ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਅਤੇ ਸੱਭਿਆਚਾਰਕ ਵਿਰਸੇ ਨੂੰ ਸੰਭਾਲਣ ਲਈ ਹਰ ਸੰਭਵ ਯਤਨ ਕਰੇਗੀ।

ਇਸ ਮੌਕੇ ਸਰਪੰਚ ਨਵਜਿੰਦਰ ਸਿੰਘ ਬੇਦੀ, ਪੰਚ ਸ਼ਿਵ ਦਿਆਲ, ਪੰਚ ਕੁਲਦੀਪ, ਪੰਚ ਕਸ਼ਮੀਰ, ਪੰਚ ਰੇਸ਼ਮ, ਸਾਬਕਾ ਸਰਪੰਚ ਰਾਮਧਨ, ਸਰਪੰਚ ਚੌਹਾਲ ਜਸਵੰਤ, ਨੰਬਰਦਾਰ ਸਤਪਾਲ ਤੋਂ ਇਲਾਵਾ ਮਨਦੀਪ, ਸੰਦੀਪ, ਵਰਸ਼ਾ, ਜਾਹਨਵੀ, ਗੁਰਨੂਰ, ਈਸ਼ਿਕਾ, ਅਨੰਨਿਆ, ਸਿਮਰਨ, ਮੋਨਮ, ਦਿਆ, ਅਮਨ, ਪ੍ਰਿਆ, ਹਰਮਨ, ਈਸ਼ੂ, ਸੁਖਲੀਨ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ ਕੈਂਪ ਲਗਾ ਕੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



ਬੰਗਾ (ਅਵਤਾਰ ਕਲੇਰ) ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਸਰਕਾਰ ਆਪ ਦੇ ਦੁਆਰ ਤਹਿਤ ਬੰਗਾ ਦੇ ਵਾਰਡ 11 ਅਤੇ 12 ਦਾ ਦੌਰਾ ਕੀਤਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ।ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਕੈਂਪ ਦੌਰਾਨ ਵੱਖ-ਵੱਖ ਤਰ੍ਹਾਂ ਦੀਆਂ ਸਮੱਸਿਆਵਾਂ ਉਹਨਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ।ਇਹਨਾਂ ਦੇ ਪੱਕੇ ਹੱਲ ਦੇ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਸਮੇਂ ਸਿਰ ਇਹਨਾਂ ਸਮੱਸਿਆਵਾਂ ਦਾ ਹੱਲ ਹੋ ਸਕੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।ਉਨ੍ਹਾਂ ਦੱਸਿਆ ਕਿ ਅਜਿਹੇ ਕੈਂਪਾਂ ਦੇ ਪਿੰਡ ਪੱਧਰ 'ਤੇ ਆਯੋਜਨ ਹੋਣ ਨਾਲ ਲੋਕਾਂ ਨੂੰ ਆਪਣੇ ਕੰਮਾਂ ਲਈ ਹੁਣ ਦੂਰ ਸ਼ਹਿਰ ਵਿੱਚ ਨਹੀਂ ਜਾਣਾ ਪੈਂਦਾ ਤੇ ਉਨ੍ਹਾਂ ਦੇ ਜ਼ਰੂਰੀ ਪ੍ਰਸ਼ਾਸਨਿਕ ਕੰਮ ਪਿੰਡ ਵਿੱਚ ਹੀ ਅਜਿਹੇ ਕੈਂਪਾਂ ਜਰੀਏ ਹੋ ਜਾਂਦੇ ਹਨ।ਸਥਾਨਕ ਵਸਨੀਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ 'ਆਪ ਦੀ ਸਰਕਾਰ ਆਪ ਦੇ ਦੁਆਰ' ਦੇ ਕੈਂਪਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਐਸ. ਡੀ. ਐਮ. ਬੰਗਾ ਵਿਕਰਮਜੀਤ ਸਿੰਘ ਪਾਂਥੇ, ਹਲਕਾ ਇੰਚਾਰਜ ਬੰਗਾ ਕੁਲਜੀਤ ਸਰਹਾਲ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਸਨ।

# ਏਕਮ ਪਬਲਿਕ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ




ਮਹਿਤਪੁਰ (ਰਾਜਾ) ਏਕਮ ਪਬਲਿਕ ਸਕੂਲ ਮਹਿਤਪੁਰ ਵਿੱਚ ਸਕੂਲ ਡਾਇਰੈਕਟਰ ਨਿਰਮਲ ਸਿੰਘ ਥਿੰਦ ਅਤੇ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਦੀ ਵਿਸ਼ੇਸ਼ ਦੇਖ ਰੇਖ ਹੇਠ ਤੀਜ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਸ਼੍ਰੀਮਤੀ ਅਮਰਜੀਤ ਕੌਰ ਥਿੰਦ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਬੱਚਿਆਂ ਵਲੋਂ ਵੱਖ ਵੱਖ ਪੰਜਾਬੀ ਗਾਣਿਆਂ ਤੇ ਡਾਂਸ ਪੇਸ਼ ਕੀਤਾ ਗਿਆ ਅਤੇ ਲੋਕ ਗੀਤ ਗਾਏ ਗਏ। ਨਿੱਕੀਆਂ ਬੱਚੀਆਂ ਵਲੋਂ ਪੇਸ਼ ਕੀਤੇ ਗਏ ਗਿੱਧੇ ਨੇ ਸਭ ਦਾ ਮਨ ਮੋਹ ਲਿਆ।ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਪੁਰਾਤਨ ਚੀਜ਼ਾਂ ਨਾਲ ਸਜਿਆ ਹੋਇਆ ਸਕੂਲ ਔਡੀਟੋਰੀਅਮ ਸਭ ਦੀ ਖਿੱਚ ਦਾ ਕੇਂਦਰ ਰਿਹਾ। ਸੱਤਵੀਂ ਅਤੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਵਲੋਂ ਗੈਸਟ ਆਈਟਮ ਪੇਸ਼ ਕੀਤੀ ਗਈ ਜਿਸ ਨੇ ਸਭ ਦਾ ਮਨ ਮੋਹ ਲਿਆ। ਸਟੇਜ ਸੰਚਾਲਨ ਮੈਡਮ ਅਨੰਨਿਆ ਅਤੇ ਰਮਨਦੀਪ ਕੌਰ ਵਲੋਂ ਬੜੇ ਹੀ ਸ਼ਲਾਘਾਯੋਗ ਤਰੀਕੇ ਨਾਲ ਕੀਤਾ ਗਿਆ।ਇਸ ਮੌਕੇ ਬਲਾਕ ਸੁਪਰਵਾਈਜ਼ਰ ਮੈਡਮ ਦਵਿੰਦਰ ਨਾਹਰ ਵਲੋਂ ਸਾਉਣ ਮਹੀਨੇ ਨਾਲ ਸੰਬੰਧਿਤ ਆਪਣੀ ਸਵੈ ਰਚਿਤ ਕਵਿਤਾ ਪੇਸ਼ ਕੀਤੀ ਗਈ।ਇਸ ਦੇ ਨਾਲ ਹੀ ਸਕੂਲ ਅਧਿਆਪਕਾ ਸ਼੍ਰੀਮਤੀ ਦਵਿੰਦਰਜੀਤ ਕੌਰ ਵਲੋਂ ਲੋਕ ਗੀਤ ਗਾਇਆ ਗਿਆ। ਪੰਜਾਬੀ ਅਧਿਆਪਕਾ ਸ਼੍ਰੀਮਤੀ ਮਲਕੀਤ ਕੌਰ ਵਲੋਂ ਬੋਲੀਆਂ ਪਾਈਆਂ ਗਈਆਂ ਜਿਹਨਾਂ ਦਾ ਸਭ ਨੇ ਭਰਭੂਰ ਅਨੰਦ ਮਾਣਿਆ।ਬੱਚਿਆਂ ਵਲੋਂ ਕੀਤੀ ਗਈ ਪੇਸ਼ਕਾਰੀ ਵਿੱਚ ਸਕੂਲ ਦੇ ਡਾਂਸ ਅਤੇ ਮਿਊਜ਼ਕ ਅਧਿਆਪਕਾਂ, ਜਿਹਨਾਂ ਵਿੱਚ ਮਾਈਕਲ, ਪਰਮਿੰਦਰ ਕੌਰ, ਨਵਪ੍ਰੀਤ ਅਤੇ ਗੁਰਬਿੰਦਰ ਸਿੰਘ ਸੰਧੂ ਦਾ ਵਿਸ਼ੇਸ਼ ਯੋਗਦਾਨ ਰਿਹਾ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਵਲੋਂ ਇਸ ਪ੍ਰੋਗਰਾਮ ਦੀ ਤਾਰੀਫ਼ ਕਰਦਿਆਂ ਵਧੀਆ ਟੀਮ ਵਰਕ ਲਈ ਅਧਿਆਪਕਾਂ ਨੂੰ ਸਲਾਇਆ ਗਿਆ।ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਸਰਦਾਰ ਦਲਜੀਤ ਸਿੰਘ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਦਲਜੀਤ ਕੌਰ ਅਤੇ ਸਮੀਕਸ਼ਾ ਸ਼ਰਮਾ, ਮੈਡਮ ਅੰਕਿਤਾ ਮਿਥਰਾ, ਸਵਪਨਦੀਪ ਕੌਰ, ਸ਼੍ਰੀਮਤੀ ਦਲਵੀਰ ਕੌਰ ਅਤੇ ਸਮੂਹ ਸਟਾਫ਼ ਹਾਜ਼ਰ ਸੀ।

# ਸੰਤ ਬਾਬਾ ਜੀਤ ਸਿੰਘ ਦਾ ਬਰਸੀ ਸਮਾਗਮ ਕਰਵਾਇਆ





ਜਲੰਧਰ (ਇਕਬਾਲ ਸਿੰਘ ਉੱਭੀ)— ਰਾਮਾ ਮੰਡੀ-ਹੁਸ਼ਿਆਰਪੁਰ ਮਾਰਗ 'ਤੇ ਸਥਿਤ ਗੁਰਦੁਆਰਾ ਸੰਤ ਬਾਬਾ ਗੋਪਾਲ ਸਿੰਘ ਜੌਹਲਾਂ ਵਿਖੇ ਸੰਤ ਬਾਬਾ ਜੀਤ ਸਿੰਘ ਦੇ 34ਵੇਂ ਸਾਲਾਨਾ ਬਰਸੀ ਸਮਾਗਮ ਕਰਵਾਏ ਗਏ।ਮੁੱਖ ਗ੍ਰੰਥੀ ਸਿੰਘ ਭਾਈ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਗੁਰਦੁਆਰਾ ਸਾਹਿਬ ਦੇ ਮੌਜੂਦਾ ਮੁੱਖ ਪ੍ਰਬੰਧਕ ਸੰਤ ਬਾਬਾ ਜੀਤ ਸਿੰਘ ਨਿਰਮਲ ਕੁਟੀਆ ਜੌਹਲਾਂ ਵਾਲਿਆਂ ਦੀ ਅਗਵਾਈ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਮਨਾਏ ਗਏ।ਸੰਤ ਜਤਿੰਦਰ ਸਿੰਘ ਨਿਰਮਲ ਕੁਟੀਆ ਜੌਹਲਾਂ ਵਾਲਿਆ ਤੋਂ ਇਲਾਵਾ ਹੋਰ ਰਾਗੀ ਸਿੰਘਾਂ ਅਤੇ ਢਾਡੀ ਜਥਿਆਂ ਵੱਲੋਂ ਵੀ ਇਲਾਹੀ ਬਾਣੀ ਦਾ ਕੀਰਤਨ ਕਰਦੇ ਹੋਏ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸੰਤ ਸੁਰਿੰਦਰ ਸਿੰਘ ਵਲੋਂ ਕਥਾ ਕਰਦੇ ਹੋਏ ਗੁਰਸਿੱਖ ਦੇ ਜੀਵਨ, ਸਾਧੂ, ਸੰਤ ਅਤੇ ਭਗਤਾਂ ਬਾਰੇ ਗੁਰੂ ਸਾਹਿਬਾਨ ਵਲੋਂ ਉਚਾਰਨ ਕੀਤੀ ਗਈ ਗੁਰਬਾਣੀ ਦੀਆਂ ਵਿਚਾਰਾਂ ਸਾਂਝੀਆਂ ਕਰਦੇ ਹੋਏ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਗਿਆ। ਉਨ੍ਹਾਂ ਵਲੋਂ ਸੰਤ ਬਾਬਾ ਜੀਤ ਸਿੰਘ ਦੇ ਸੇਵਾ ਭਾਵਨਾ ਵਾਲੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਹਾਜ਼ਰ ਸੰਗਤਾਂ ਅਤੇ ਨੌਜਵਾਨ ਪੀੜ੍ਹੀ ਨੂੰ ਬਾਬਾ ਜੀ ਵਲੋਂ ਦਰਸਾਏ ਗਏ ਮਾਰਗ ਤੇ ਚੱਲਦੇ ਹੋਏ ਅੰਮ੍ਰਿਤ ਛਕ ਕੇ ਸੇਵਾ ਭਾਵਨਾ ਵਾਲਾ ਜੀਵਨ ਬਤੀਤ ਕਰਨ ਲਈ ਪ੍ਰੇਰਿਆ ਗਿਆ।ਸਟੇਜ ਸਕੱਤਰ ਦੀ ਭੂਮਿਕਾ ਗਿਆਨੀ ਅਵਤਾਰ ਸਿੰਘ ਨੇ ਨਿਭਾਈ। ਸਮਾਗਮ ਦੇ ਅੰਤ ਵਿਚ ਚਾਹ ਪਕੌੜਿਆਂ ਸਮੇਤ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ।

# ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ




ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ) ਡਾ. ਮਹਿਤਾਬ ਸਿੰਘ, ਆਈ ਪੀ ਐਸ ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਸ ਵੱਲੋਂ ਪੰਜਾਬ ਸਰਕਾਰ, ਡਾਇਰੈਕਟਰ ਜਨਰਲ ਪੁਲਸ, ਪੰਜਾਬ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਸ, ਲੁਧਿਆਣਾ ਰੇਂਜ, ਲੁਧਿਆਣਾ ਦੇ ਦਿਸ਼ਾ ਨਿਰਦੇਸ਼ ਤਹਿਤ ਨਸ਼ਿਆ ਨੂੰ ਜੜ੍ਹ ਤੋਂ ਖਤਮ ਕਰਨ ਅਤੇ ਆਮ ਲੋਕਾ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸ ਜਾਗਰੂਕਤਾ ਮੁਹਿੰਮ ਦੇ 05 ਪੜਾਅ ਦੀ ਸ਼ੁਰੂਆਤ ਕਰਦੇ ਹੋਏ ਜਿਲ੍ਹਾਂ ਸ਼ਹੀਦ ਭਗਤ ਸਿੰਘ ਨਗਰ ਪੁਲਸ ਵੱਲੋਂ 'ਮੈਰਾਥਨ' ਦਾ ਆਯੋਜਨ ਕੀਤਾ ਗਿਆ। ਇਸ ਮੈਰਾਥਨ ਵਿੱਚ ਕਰੀਬ 700 ਲੜਕੇ/ਲੜਕੀਆ ਨੇ ਭਾਗ ਲਿਆ ਅਤੇ ਉਹਨਾ ਵਲੋਂ ਨਸ਼ਿਆ ਤੋਂ ਦੂਰ ਰਹਿਣ ਅਤੇ ਖੇਡਾ ਰਾਹੀ ਤੰਦਰੁਸਤ ਰਹਿਣ ਦਾ ਪ੍ਰਣ ਲਿਆ ਗਿਆ। ਇਸ ਮੈਰਾਥਨ ਵਿੱਚ ਭਾਗ ਲੈਣ ਵਾਲੇ ਹਰ ਭਾਗੀਦਾਰ ਨੂੰ ਡਾ. ਮਹਿਤਾਬ ਸਿੰਘ, ਆਈ ਪੀ ਐਸ. ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਜੀ ਵਲੋਂ ਨਸ਼ਿਆ ਤੋਂ ਦੂਰ ਰਹਿਣ ਅਤੇ ਖੇਡਾ ਅਤੇ ਪੜ੍ਹਾਈ ਪ੍ਰਤੀ ਉਤਸ਼ਾਹਿਤ ਕੀਤਾ ਗਿਆ।ਮੈਰਾਥਨ 'ਚ ਪਹਿਲੇ, ਦੂਸਰੇ ਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਲੜਕੇ ਅਤੇ ਲੜਕੀਆਂ ਨੂੰ ਨਗਦ ਇਨਾਮ ਅਤੇ ਟਰਾਫੀਆ ਦਿੱਤੀਆ ਗਈਆ। ਡਾ. ਮਹਿਤਾਬ ਸਿੰਘ, ਆਈ ਪੀ ਐਸ, ਸੀਨੀਅਰ ਕਪਤਾਨ ਪੁਲਸ, ਸ਼ਹੀਦ ਭਗਤ ਸਿੰਘ ਨਗਰ ਨੇ ਅੱਗੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਸ ਵੱਲੋਂ ਨੌਜਵਾਨਾ ਨੂੰ ਨਸ਼ਿਆ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕਰਨ, ਨਸ਼ਿਆ ਦੀ ਦਲ-ਦਲ ਵਿੱਚ ਧੱਸ ਰਹੇ ਨੌਜਵਾਨਾਂ ਦੀ ਜ਼ਿੰਦਗੀ ਨੂੰ ਸਹੀ ਮਾਰਗ 'ਤੇ ਲਿਆਉਣ, ਸਿਹਤਮੰਦ ਜਿੰਦਗੀ ਬਤੀਤ ਕਰਨ ਲਈ ਪ੍ਰੇਰਿਤ ਕਰਨ ਅਤੇ ਨੌਜਵਾਨ/ਬੱਚਿਆਂ ਦਾ ਧਿਆਨ ਖੇਡਾਂ ਅਤੇ ਪੜ੍ਹਾਈ ਵੱਲ ਵਧਾਉਣਾ ਲਈ ਅੱਗੇ ਵੀ ਇਸ ਤਰ੍ਹਾ ਦੇ ਉਪਰਾਲੇ ਕੀਤੇ ਜਾਣਗੇ।

# ਤੀਆਂ ਦਾ ਤਿਉਹਾਰ ਮਨਾਇਆ



ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਸੰਸਥਾ ਸ਼ਿਵਾਲਿਕ ਨਿਊਜ਼ ਵੱਲੋਂ ਦੂਜਾ ਤੀਆਂ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਂਗਰਸੀ ਮਹਿਲਾ ਆਗੂ ਸਰਿਤਾ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਧੀਆਂ ਅਤੇ ਮਹਿਲਾਵਾਂ ਨੂੰ ਤੀਆਂ ਦੇ ਤਿਓਹਾਰ ਦੀਆਂ ਵਧਾਈਆਂ ਦਿੱਤੀਆਂ।ਮੈਡਮ ਸਰਿਤਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ, ਸਾਡੀਆਂ ਧੀਆਂ ਦਾ ਤਿਉਹਾਰ ਹੈ ਅਤੇ ਧੀਆਂ ਦਾ ਮਾਨ ਸਤਿਕਾਰ ਕਰਨਾ ਪੰਜਾਬੀ ਵਿਰਸੇ ਦੀ ਅਸਲੀ ਪਹਿਚਾਣ ਹੁੰਦੀ ਹੈ।

ਇਸ ਮੌਕੇ ਪੰਜਾਬੀ ਲੋਕ ਨਾਚ ਗਿੱਧਾ, ਕਿੱਕਲੀ, ਬੋਲੀਆਂ ਆਦਿ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ।ਉਹਨਾਂ ਕਿਹਾ ਕਿ ਕਾਲਜ ਵੱਲੋਂ ਤੀਆਂ ਦਾ ਤਿਉਹਾਰ ਮਨਾਉਣ ਦਾ ਇੱਕੋ ਹੀ ਮਕਸਦ ਹੈ ਕਿ ਅੱਜ ਦੀਆਂ ਧੀਆਂ ਨੂੰ ਪੰਜਾਬ ਦੇ ਪੁਰਾਤਨ ਸੱਭਿਆਚਾਰ ਪਤਾ ਲੱਗ ਸਕੇ, ਕਿਉਂਕਿ ਮਾਡਰਨ ਜ਼ਮਾਨੇ ਦੇ ਵਿੱਚ ਅਸੀਂ ਪੰਜਾਬੀ ਸੱਭਿਆਚਾਰ ਨੂੰ ਭੁੱਲਦੇ ਜਾ ਰਹੇ ਹਾਂ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

# ਰਿਆਤ ਬਾਹਰਾ ਮੈਨੇਜਮੈਂਟ ਕਾਲਜ 'ਚ 'ਉੱਦਮਤਾ' ਵਿਸ਼ੇ 'ਤੇ ਸੈਮੀਨਾਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਰਿਆਤ ਬਾਹਰਾ ਮੈਨੇਜਮੈਂਟ ਕਾਲਜ ਵਿੱਚ ਹਾਲ ਹੀ ਵਿੱਚ ਉੱਦਮਤਾ ਬਾਰੇ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਐਮ ਬੀ ਏ ਅਤੇ ਬੀ ਬੀ ਏ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਦਮਤਾ ਦੇ ਮੌਕਿਆਂ, ਰਣਨੀਤੀਆਂ ਅਤੇ ਵਪਾਰਕ ਸਫਲਤਾ ਦੇ ਮਹੱਤਵਪੂਰਨ ਪਹਿਲੂਆਂ ਬਾਰੇ ਮਾਰਗਦਰਸ਼ਨ ਪ੍ਰਦਾਨ ਕਰਨਾ ਸੀ।ਮੁੱਖ ਬੁਲਾਰੇ, ਉੱਦਮੀ ਸ਼ਿਵਮ, ਜੋ ਕਿ ਇੱਕ ਪ੍ਰਾਈਵੇਟ ਕੰਪਨੀ ਦੇ ਸਹਿ-ਸੰਸਥਾਪਕ ਹਨ, ਨੇ ਵਿਦਿਆਰਥੀਆਂ ਨੂੰ ਸਥਾਪਤ ਕਰਨ, ਚਲਾਉਣ ਅਤੇ ਲਾਭ ਕਮਾਉਣ ਦੇ ਪ੍ਰਭਾਵਸ਼ਾਲੀ ਤਰੀਕਿਆਂ ਬਾਰੇ ਡੂੰਘਾਈ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ ਉੱਦਮਤਾ ਦੇ ਵੱਖ-ਵੱਖ ਪਹਿਲੂਆਂ 'ਤੇ ਮਹੱਤਵਪੂਰਨ ਸੁਝਾਅ ਅਤੇ ਸਲਾਹਾਂ ਸਾਂਝੀਆਂ ਕੀਤੀਆਂ, ਜਿਸ ਨਾਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਕਾਰੋਬਾਰੀ ਕਰੀਅਰ ਨੂੰ ਆਕਾਰ ਦੇਣ ਵਿੱਚ ਮਦਦ ਮਿਲੀ। ਸ਼ਿਵਮ ਨੇ ਕਿਹਾ ਕਿ ਉੱਦਮੀ ਬਣਨ ਲਈ ਧੀਰਜ, ਲਗਨ ਅਤੇ ਲਗਾਤਾਰ ਕੋਸ਼ਿਸ਼ਾਂ ਦੀ ਲੋੜ ਹੁੰਦੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਲਗਾਤਾਰ ਮਿਹਨਤ ਕਰਨ ਅਤੇ ਆਪਣੇ ਟੀਚਿਆਂ ਪ੍ਰਤੀ ਦ੍ਰਿੜ ਰਹਿਣ ਲਈ ਪ੍ਰੇਰਿਤ ਕੀਤਾ।ਸੈਮੀਨਾਰ 'ਚ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਖੰਨਾ ਵੀ ਹਾਜ਼ਰ ਸਨ।ਉਨ੍ਹਾਂ ਨੇ ਉੱਦਮਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।



# ਦਰਸ਼ਨ ਦੁਸਾਂਝ ਦੀ ਯਾਦ 'ਚ ਸਿਆਸੀ ਕਾਨਫਰੰਸ ਭਲਕੇ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ) ਭਾਰਤੀ ਕਮਿਊਨਿਸਟ ਪਾਰਟੀ ( ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਜਿਲ੍ਹਾ ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਨਕਸਲਬਾੜੀ ਲਹਿਰ ਦੇ ਆਗੂ ਦਰਸ਼ਨ ਦੁਸਾਂਝ ਦੀ ਯਾਦ ਵਿੱਚ 22 ਅਗਸਤ ਦਿਨ ਵੀਰਵਾਰ ਨੂੰ ਪਿੰਡ ਦੁਸਾਂਝ ਕਲਾਂ ਦੀ ਧਰਮਸ਼ਾਲਾ ਵਿਖੇ ਸਿਆਸੀ ਕਾਨਫਰੰਸ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਪਾਰਟੀ ਦੀ ਸੂਬਾ ਕਮੇਟੀ ਦੇ ਸੀਨੀਅਰ ਆਗੂ ਅਜਮੇਰ ਸਿੰਘ ਸਮਰਾ ਅਤੇ ਕੁਲਵਿੰਦਰ ਸਿੰਘ ਵੜੈਚ ਨੇ ਦੱਸਿਆ ਕਿ ਦਰਸ਼ਨ ਦੁਸਾਂਝ ਨੂੰ 'ਜਿੰਦਾ ਸ਼ਹੀਦ' ਅਤੇ 'ਲੋਹ ਪੁਰਸ਼' ਨਾਮਾਂ ਨਾਲ ਵੀ ਜਾਣਿਆਂ ਜਾਂਦਾ ਹੈ।ਕਾਮਰੇਡ ਦੁਸਾਂਝ ਨੇ ਪੰਜਾਬ ਦੇ ਦੋਆਬਾ ਖੇਤਰ ਵਿਚ ਨਕਸਲਬਾੜੀ ਲਹਿਰ ਲਈ ਸਰਗਰਮ ਭੂਮਿਕਾਵਾਂ ਨਿਭਾਈਆਂ ਜਿਸ ਕਾਰਨ ਉਹਨਾਂ 'ਤੇ ਪੁਲਸ ਨੇ ਕਈ ਵਾਰ ਅੰਨ੍ਹਾ ਜਬਰ ਢਾਹਿਆ।ਇਸ ਜਬਰ ਕਾਰਨ ਉਹਨਾਂ ਦੀ ਇਕ ਲੱਤ ਜਾਂਦੀ ਲੱਗੀ ਪਰ ਉਹ ਅਡੋਲ ਇਨਕਲਾਬੀ ਕਾਰਜਾਂ ਵਿੱਚ ਸਰਗਰਮ ਰਹੇ। 22 ਅਗਸਤ ਨੂੰ ਉਹਨਾਂ ਦੀ ਯਾਦ ਵਿਚ ਕੀਤੀ ਜਾ ਰਹੀ ਸਿਆਸੀ ਕਾਨਫਰੰਸ ਤੋਂ ਪਹਿਲਾਂ ਪਿੰਡ ਦੁਸਾਂਝ ਕਲਾਂ ਵਿਚ ਬਣੀ ਉਹਨਾਂ ਦੀ ਯਾਦਗਾਰ ਉੱਤੇ ਸਿਜਦਾ ਕੀਤਾ ਜਾਵੇਗਾ।ਇਸ ਕਾਨਫਰੰਸ ਨੂੰ ਪਾਰਟੀ ਦੇ ਆਗੂ ਸੰਬੋਧਨ ਕਰਨਗੇ।ਉਹਨਾਂ ਲੋਕਾਂ ਨੂੰ ਇਸ ਕਾਨਫਰੰਸ ਵਿਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੈ।ਇਸ ਮੌਕੇ ਦਲਜੀਤ ਸਿੰਘ ਐਡਵੋਕੇਟ, ਅਵਤਾਰ ਸਿੰਘ ਤਾਰੀ, ਹਰੀ ਰਾਮ ਰਸੂਲਪੁਰੀ ਅਤੇ ਕਮਲਜੀਤ ਸਨਾਵਾ ਪਾਰਟੀ ਆਗੂ ਵੀ ਮੌਜੂਦ ਸਨ।

# ਡਾਕਟਰ ਭੀਮ ਰਾਓ ਅੰਬੇਡਕਰ ਭਵਨ ਸ਼ਾਹਪੁਰ ਵਿਖੇ ਵੱਖ-ਵੱਖ ਕਿਸਮ ਦੇ ਬੂਟੇ ਲਗਾਏ



ਮਾਹਿਲਪੁਰ (ਸ਼ਫ਼ਰੀ)- ਡਾਕਟਰ ਭੀਮ ਰਾਓ ਅੰਬੇਡਕਰ ਭਵਨ ਸ਼ਾਹਪੁਰ ਵਿਖੇ ਟਰੱਸਟ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਅਤੇ ਸਮਾਜ ਸੇਵੀ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਟਰੱਸਟ ਦੇ ਮੈਂਬਰਾਂ ਵੱਲੋਂ ਵੱਖ-ਵੱਖ ਕਿਸਮ ਦੇ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ।ਇਸ ਮੌਕੇ ਟਰੱਸਟ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਅਤੇ ਦਰਸ਼ਨ ਸਿੰਘ ਮੱਟੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡਾਕਟਰ ਭੀਮ ਰਾਓ ਅੰਬੇਡਕਰ ਟਰੱਸਟ ਵਲੋਂ ਪਿਛਲੇ ਲੰਬੇ ਸਮੇਂ ਤੋਂ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ।ਜਿਸ ਦੇ ਤਹਿਤ ਅੰਬੇਡਕਰ ਭਵਨ ਦੇ ਆਲੇ ਦੁਆਲੇ ਵੱਖ-ਵੱਖ ਕਿਸਮ ਦੇ 150 ਬੂਟੇ ਲਗਾਏ ਗਏ ਅਤੇ ਇਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਦਾ ਵੀ ਟਰੱਸਟ ਵੱਲੋਂ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਬੂਟੇ ਲਗਾਉਣ ਦਾ ਮੁੱਖ ਮਕਸਦ ਵਾਤਾਵਰਣ ਨੂੰ ਹਰਾ ਭਰਾ ਬਨਾਉਣ ਦੇ ਵਿੱਚ ਯੋਗਦਾਨ ਪਾਉਣਾ ਹੈ। ਉਨ੍ਹਾਂ ਕਿਹਾ ਕਿ ਅੱਜ ਵਾਤਾਵਰਣ ਨੂੰ ਹਰਾ ਭਰਾ ਅਤੇ ਦੂਸ਼ਿਤ ਹੋਣ ਤੇ ਬਚਾਉਣ ਲਈ ਹਰ ਇੱਕ ਵਿਅਕਤੀ ਨੂੰ ਬੂਟੇ ਲਗਾਉਣੇ ਚਾਹੀਦੇ ਹਨ ਤਾਕਿ ਆਪਣੀ ਆਣ ਵਾਲੀ ਪੀੜੀ ਨੂੰ ਚੰਗਾ ਵਾਤਾਵਰਨ ਉਪਲੱਬਧ ਕਰਵਾਇਆ ਜਾ ਸਕੇ। ਇਸ ਮੌਕੇ ਉਪਰੋਕਤ ਤੋਂ ਇਲਾਵਾ ਬੀਬੀ ਸੁਭਾਸ਼ ਮੱਟੂ, ਡਾ. ਰਜਿੰਦਰ ਕੁਮਾਰ, ਮਾਸਟਰ ਪ੍ਰਦੀਪ ਕੁਮਾਰ, ਦੀਵਾਨ ਚੰਦ, ਰਜਿੰਦਰ ਸਿੰਘ ਅਤੇ ਕੁੰਦਨ ਲਾਲ ਆਦਿ ਹਾਜ਼ਰ ਸਨ।



ਫਿਲੌਰ ਭਗਵਾਨ ਮਈਆ ਜੀ ਦੇ ਦਰਬਾਰ ਸਾਹਮਣੇ ਪੁਲ ਹੇਠਾਂ ਲੰਘਦੀ ਸੜਕ ਦਾ ਏਨਾ ਮੰਦਾ ਹਾਲ ਹੈ ਕਿ ਇਸ ਸੜਕ 'ਤੇ ਵੱਡੇ ਵੱਡੇ ਟੋਏ, ਗੰਦਾ ਪਾਣੀ ਬਦਬੂ ਮਾਰ ਰਿਹਾ ਹੈ। ਮਈਆ ਦਰਬਾਰ 'ਤੇ ਸ਼ਰਧਾਲੂ ਦੂਰ-ਦੂਰ ਤੋਂ ਆਉਂਦੇ ਹਨ, ਪਰ ਪ੍ਰਸ਼ਾਸਨ ਦਾ ਇਸ ਸੜਕ 'ਤੇ ਧਿਆਨ ਨਹੀਂ ਜਾ ਰਿਹਾ ਕਿ ਉਚ ਅਧਿਕਾਰੀ ਇਸ ਸੜਕ ਵੱਲ ਧਿਆਨ ਦੇਣਗੇ। (ਫੋਟੋ ਤੇ ਵੇਰਵਾ : ਬੀ ਐੱਸ ਕੈਨੇਡੀ, ਫਿਲੌਰ)



ਡਾ: ਬਰਜਿੰਦਰ ਸਿੰਘ ਹਮਦਰਦ ਦੇ ਜਨਮ ਦਿਨ 'ਤੇ ਪਿੰਡ ਪੱਲੀ ਝਿੱਕੀ ਵਿਖੇ ਸਾਧੂ ਸਿੰਘ ਹਮਦਰਦ ਲਾਇਬ੍ਰੇਰੀ ਪੰਚਾਇਤ ਘਰ ਵਿਖੇ ਤ੍ਰਿਵੈਣੀ ਦਾ ਬੂਟਾ ਲਗਾਉਂਦੇ ਹੋਏ ਸਤਬੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਬਲਕਾਰ ਸਿੰਘ ਸਰਪੰਚ, ਕੁਲਦੀਪ ਸਿੰਘ ਪਾਬਲਾ, ਬਾਬਾ ਦਰਸ਼ਨ ਸਿੰਘ, ਕਰਨੈਲ ਸਿੰਘ ਕਨੇਡਾ, ਮੋਹਣ ਸਿੰਘ ਪਾਬਲਾ, ਅਮਨ ਬਡਵਾਲ, ਰਾਮ ਸ਼ਿੰਦਾ ਅਤੇ ਪਤਵੰਤੇ ਸੱਜਣ ਆਦਿ ਹਾਜ਼ਰ ਸਨ।(ਫੋਟੋ ਤੇ ਵੇਰਵਾ : ਬੰਗਾ, ਅਵਤਾਰ ਕਲੇਰ)

## ਰਜਿਸਟ੍ਰੇਸ਼ਨ ਦੇ ਕੰਮਾਂ ਤੋਂ ਸਰਕਾਰ ਨੂੰ 1 ਅਰਬ 90 ਕਰੋੜ ਤੋਂ ਵੱਧ ਦੀ ਆਮਦਨ

ਮੁਹਾਲੀ (ਗੁਰਜੀਤ ਬਿੱਲਾ)-ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਤਹਿਸੀਲ ਮੋਹਾਲੀ 'ਚ ਰੋਜਾਨਾ ਮਾਲ ਵਿਭਾਗ ਨਾਲ ਸੰਬਧਤ ਵੱਖ-ਵੱਖ ਰਜਿਸਟ੍ਰੇਸਨ ਦੇ ਕੰਮਾਂ ਤੋਂ ਇਸ ਵਿੱਤੀ ਵਰ੍ਹੇ ਦੇ ਬੀਤੇ ਚਾਰ ਮਹੀਨਿਆਂ 'ਚ ਸਰਕਾਰ ਨੂੰ ਕਰੀਬ 01 ਅਰਬ 90 ਕਰੋੜ 98 ਲੱਖ 58 ਹਜਾਰ 315 ਰੁਪਏ ਦੀ ਆਮਦਨ ਹੋਈ ਹੈ। ਇਹ ਜਾਣਕਾਰੀ ਦਿੰਦਿਆਂ ਤਹਿਸੀਲਦਾਰ (ਸਬ ਰਜਿਸਟਰਾਰ), ਮੋਹਾਲੀ, ਸ. ਅਰਜੁਨ ਸਿੰਘ ਗਰੇਵਾਲ ਨੇ ਦੱਸਿਆ ਕਿ ਅਪ੍ਰੈਲ 'ਚ ਰਜਿਸਟ੍ਰੇਸਨ ਦੇ ਕੰਮਾਂ ਤੋਂ 42 ਕਰੋੜ 29 ਲੱਖ 64 ਹਜਾਰ 852 ਰੁਪਏ, ਮਈ 'ਚ 45 ਕਰੋੜ 54 ਲੱਖ 03 ਹਜਾਰ 196 ਰੁਪਏ, ਜੂਨ 'ਚ 48 ਕਰੋੜ 95 ਲੱਖ 71 ਹਜਾਰ 322 ਰੁਪਏ, ਜੁਲਾਈ 'ਚ 54 ਕਰੋੜ 19 ਲੱਖ 18 ਹਜਾਰ 945 ਰੁਪਏ ਦਾ ਮਾਲੀਆ ਸਰਕਾਰ ਨੂੰ ਆਇਆ ਹੈ। ਤਹਿਸੀਲਦਾਰ ਗਰੇਵਾਲ ਨੇ ਦੱਸਿਆ ਕਿ ਇਸ ਚਾਲੂ ਵਿੱਤੀ ਸਾਲ ਦੇ ਚਾਰ ਮਹੀਨਿਆਂ 'ਚ 6121 ਵਸੀਕੇ ਰਜਿਸਟਰ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਨੂੰ ਹੋ ਰਹੀ ਆਮਦਨ 'ਚ ਅਸਟਾਮ ਡਿਊਟੀ, ਸੋਸਲ ਇਨਫਰਾਸਟ੍ਰਕਚਰ ਸੈੱਸ, ਡਿਵੈਲਪਮੈਂਟ ਫੀਸ, ਰਜਿਸਟ੍ਰੇਸਨ ਫੀਸ, ਸਪੈਸਲ ਇਨਫਰਾਸਟ੍ਰਕਚਰ ਡਿਵੈਲਪਮੈਂਟ ਫੀਸ ਆਦਿ ਸਾਮਲ ਹਨ।

# ਸੰਤ ਮਾਹਨ ਦਾਸ ਦਾ ਸਾਲਾਨਾ ਜੋੜ ਮੇਲਾ 31 ਨੂੰ



ਹੁਸ਼ਿਅਰਪਪੁਰ ( ਓਮ ਪ੍ਰਕਾਸ਼ ਰਾਣਾ ) ਬ੍ਰਹਮਲੀਨ ਸ੍ਰੀਮਾਨ ਸੰਤ ਮਾਹਨ ਦਾਸ ਜੀ ਮਹਾਰਾਜ ਦਾ ਸਾਲਾਨਾ ਜੋੜ ਮੇਲਾ 31 ਅਗਸਤ ਦਿਨ ਸ਼ਨੀਵਾਰ ਨੂੰ ਤਪ ਅਸਥਾਨ ਡੇਰਾ ਸੰਤ ਮਹਾਨ ਪੁਰੀ ਸਾਹਰੀ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ।ਜੋੜ ਮੇਲੇ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੌਜੂਦਾ ਗੱਦੀ ਨਸ਼ੀਨ ਸੰਤ ਬਲਬੀਰ ਦਾਸ ਨੇ ਦੱਸਿਆ ਕਿ ਬ੍ਰਹਮਲੀਨ ਸ੍ਰੀਮਾਨ ਸੰਤ ਮਾਹਨ ਦਾਸ ਮਹਾਰਾਜ, ਸੰਤ ਗੁਰਦਾਸ ਦਾਸ, ਸੰਤ ਸੰਤੋਖ ਦਾਸ, ਸੰਤ ਸੇਵਾ ਦਾਸ ਦੀਆਂ ਯਾਦਾਂ ਵਿੱਚ ਸਰਬੱਤ ਦੇ ਭਲੇ ਲਈ ਸਮਰਪਿਤ ਮਹਾਨ ਸਮਾਗਮ ਲਈ 29 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 31 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ, ਢਾਡੀ, ਕਥਾਵਾਚਕ ਅਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਮਹਾਂਪੁਰਸ਼ਾਂ ਦੇ ਜੀਵਨ ਸਬੰਧੀ ਗੁਰਮਤਿ ਵਿਚਾਰਾਂ ਸੰਗਤਾਂ ਨੂੰ ਸਰਵਣ ਕਰਾਉਣਗੇ।ਉਨ੍ਹਾਂ ਦੱਸਿਆ ਕਿ ਸਮਾਗਮਾਂ ਦੀਆਂ ਤਿਆਰੀਆਂ ਸ਼ਰਧਾਲੂ ਸੰਗਤਾਂ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਬਾਹਰੋਂ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਕਾਰ, ਸਕੂਟਰ ਪਾਰਕਿੰਗ, ਜੋੜਾ ਘਰ ਬਣਾਏ ਗਏ ਹਨ ਅਤੇ ਪੀਣ ਵਾਲੇ ਪਾਣੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।ਸੰਗਤਾਂ ਲਈ ਚਾਹ ਪਕੌੜਿਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।ਸੰਤ ਬਲਬੀਰ ਦਾਸ ਨੇ ਸੰਗਤਾਂ ਨੂੰ ਹੁੰਮ ਹੁਮਾ ਕੇ ਸਮਾਗਮਾਂ ਵਿਚ ਹਾਜ਼ਰੀ ਭਰਨ ਦੀ ਅਪੀਲ ਕੀਤੀ।

# ਸਿੱਖਿਆ ਕ੍ਰਾਂਤੀ ਬਦਲ ਰਹੀ ਸਰਕਾਰੀ ਸਕੂਲਾਂ ਦੀ ਨੁਹਾਰ : ਹਰਜੋਤ ਬੈਂਸ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਪੰਜਾਬ ਦੀ ਸਿੱਖਿਆ ਕ੍ਰਾਂਤੀ ਦੀ ਮੂੰਹ ਬੋਲਦੀ ਤਸਵੀਰ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਜ਼ਰ ਆ ਰਹੀ ਹੈ। ਸੂਬੇ ਦੇ 18 ਹਜ਼ਾਰ ਸਕੂਲਾਂ ਵਿਚ ਵਾਈ ਫਾਈ ਸਹੂਲਤ, 8 ਹਜ਼ਾਰ ਸਕੂਲਾਂ ਦੀ ਚਾਰਦੀਵਾਰੀ, 500 ਸਕੂਲਾਂ ਵਿਚ ਸੁਰੱਖਿਆ ਕਰਮਚਾਰੀ ਅਤੇ 135 ਸਕੂਲਾਂ ਨੂੰ ਟ੍ਰਾਂਸਪੋਰਟ ਦੀ ਸਹੂਲਤ ਦਿੱਤੀ ਗਈ ਹੈ। ਸਕੂਲਾਂ ਨੂੰ ਸਫਾਈ ਲਈ ਵਿਸੇਸ਼ ਫੰਡ ਦਿੱਤਾ ਜਾ ਰਿਹਾ ਹੈ। ਸਕੂਲ ਆਂਫ ਐਮੀਨੈਂਸ, ਸਕੂਲ ਆਫ ਬ੍ਰਿਲੀਐਂਸ, ਸਕੂਲ ਆਫ ਹੈਪੀਨੈਂਸ ਸਿੱਖਿਆ ਕ੍ਰਾਂਤੀ ਦੀ ਦਿਸ਼ਾ ਵਿੱਚ ਮੀਲ ਪੱਥਰ ਸਾਬਿਤ ਹੋ ਰਹੇ ਹਨ।ਸਰਕਾਰੀ ਸਕੂਲਾਂ ਵਿਚ ਸੂਟਿੰਗ ਰੇਂਜ, ਸ਼ਾਨਦਾਰ ਸਵੀਮਿੰਗ ਪੂਲ, ਐਸਟ੍ਰੋਟਰਫ ਹਾਕੀ ਅਤੇ ਫੁੱਟਬਾਲ ਗਰਾਉਡ ਵਿਦਿਆਰਥੀਆਂ ਲਈ ਭਵਿੱਖ ਦੇ ਸੁਪਨੇ ਸੰਵਾਰਨ ਦਾ ਅਵਸਰ ਬਣ ਰਹੇ ਹਨ।ਇਹ ਪ੍ਰਗਟਾਵਾ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਵਿਰਾਸਤ ਏ ਖਾਲਸਾ ਵਿੱਚ ਪੱਤਰਕਾਰਾ ਨਾਲ ਵਿਸੇਸ ਗੱਲਬਾਤ ਦੌਰਾਨ ਕੀਤਾ। ਉਹ ਸੂਬੇ ਵਿਚ ਆਈ ਸਿੱਖਿਆ ਕ੍ਰਾਂਤੀ ਬਾਰੇ ਗੱਲਬਾਤ ਕਰ ਰਹੇ ਸਨ। ਸਿੱਖਿਆ ਮੰਤਰੀ ਨੇ ਕਿਹਾ ਕਿ ਲਖੇੜ ਦਾ ਪ੍ਰਾਇਮਰੀ ਸਕੂਲ ਦੇਸ਼ ਦਾ ਇੱਕ ਅਜਿਹਾ ਨਮੂਨੇ ਦਾ ਸਕੂਲ ਬਣੇਗਾ, ਜੋ ਸਾਰੇ ਪ੍ਰਾਇਮਰੀ ਤੇ ਕਾਨਵੈਂਟ ਸਕੂਲਾਂ ਨੂੰ ਮਾਤ ਪਾਵੇਗਾ।ਉਨ੍ਹਾਂ ਨੇ ਕਿਹਾ ਕਿ ਸਿੱਖਿਆ ਅਜਿਹਾ ਰੋਸ਼ਨੀ ਦਾ ਦੀਵਾ ਹੈ, ਜਿਸ ਨੂੰ ਜਗਾਉਣ ਦੇ ਨਾਲ ਹਨੇਰਾ ਬਿਲਕੁਲ ਖਤਮ ਹੋ ਜਾਦਾ ਹੈ ਤੇ ਅਸੀ ਇਸ ਦੀਵੇ ਦੀ ਲੋਅ ਨੂੰ ਹੋਰ ਪ੍ਰਕਾਸ਼ ਭਰਪੂਰ ਬਣਾਉਣਾ ਹੈ ਤਾਂ ਜੋਂ ਅੱਜ ਮੁਕਾਬਲੇਬਾਜੀ ਦੇ ਦੌਰ ਵਿੱਚ ਸਾਡੇ ਵਿਦਿਆਰਥੀ ਸਮੇਂ ਦੇ ਹਾਣੀ ਬਣ ਜਾਣ।

ਸਿੱਖਿਆ ਮੰਤਰੀ ਨੇ ਸੂਬੇ ਵਿਚ ਹੋਏ ਸਿੱਖਿਆ ਸੁਧਾਰਾਂ ਦਾ ਜਿਕਰ ਕਰਦੇ ਹੋਏ ਕਿਹਾ ਕਿ ਬੱਚਿਆਂ ਦੀ ਮਨੋਵਿਗਿਆਨਿਕ ਸਥਿਤੀ ਨੂੰ ਧਿਆਨ ਵਿਚ ਰੱਖ ਕੇ ਵਿੱਦਿਆ ਦਾ ਪੱਧਰ ਤਹਿ ਕੀਤਾ ਜਾ ਰਿਹਾ ਹੈ, ਸਕੂਲ ਆਂਫ ਹੈਪੀਨੈਂਸ ਵਿਚ ਬੱਚੇ ਖੁਸ਼ੀ ਖੁਸ਼ੀ ਆਉਣ ਤੇ ਭਵਿੱਖ ਦੇ ਸੁਪਨੇ ਪੂਰੇ ਕਰਨਗੇ, ਲਖੇੜ ਵਿੱਚ ਬਣਨ ਵਾਲੇ ਇਸ ਸਕੂਲ ਦੇ ਅਧਿਆਪਕਾ ਨੂੰ ਸਿਖਲਾਈ ਲਈ ਫਿਨਲੈਂਡ ਵਿਚ ਭੇਜਿਆ ਜਾਵੇਗਾ ਅਤੇ ਸਕੂਲ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਰਨਗੇ। ਉਨ੍ਹਾਂ ਨੇ ਕਿਹਾ ਕਿ ਹਲਕੇ ਵਿਚ 9 ਆਮ ਆਦਮੀ ਕਲੀਨਿਕ ਚੱਲ ਰਹੇ ਹਨ, ਜਿਨ੍ਹਾਂ ਵਿੱਚ ਮਰੀਜ਼ ਤੰਦਰੁਸਤ ਹੋ ਕੇ ਘਰਾਂ ਨੂੰ ਪਰਤ ਰਹੇ ਹਨ, ਇੱਥੇ ਦਵਾਈਆਂ, ਟੈਸਟ, ਇਲਾਜ ਮੁਫਤ ਹੋ ਰਹੇ ਹਨ। ਲਗਭਗ 125 ਮਰੀਜ਼ ਰੋਜ਼ਾਨਾ ਕਲੀਨਿਕ ਵਿਚ ਆ ਰਹੇ ਹਨ ਤੇ ਕੁੱਲ 9 ਕਲੀਨਿਕਾਂ ਵਿਚ ਰੋਜਾਨਾ 1000 ਤੋ ਵੱਧ ਮਰੀਜ਼ ਇਲਾਜ ਕਰਵਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਸਰਵਪੱਖੀ ਵਿਕਾਸ ਲਈ ਅਸੀ ਪੂਰੀ ਤਰਾਂ ਵਚਨਬੱਧ ਹਾਂ।